ਸੋਮਵਾਰ, 12 ਅਗਸਤ, 2024
28 ਸਾਉਣ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 72

# ਨਵਾਂ ਜ਼ਮਾਨਾ

DAILY NAWAN ZAMANA • MONDAY, 12 AUGUST, 2024 ਜਲੰਧਰ

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

# ਹਿੰਡਨਬਰਗ ਬੋਤਲ 'ਚੋਂ ਫਿਰ ਬਾਹਰ

## ਆਪੋਜ਼ੀਸ਼ਨ ਨੇ ਮੋਦੀ 'ਤੇ ਅਡਾਨੀ ਨੂੰ ਬਚਾਉਣ ਦਾ ਮੁੜ ਦੋਸ਼ ਲਾਇਆ, ਸੇਬੀ ਮੁਖੀ ਬਾਰੇ ਖੁਲਾਸਿਆਂ ਦੀ ਜੇ ਪੀ ਸੀ ਜਾਂਚ ਦੀ ਮੰਗ

**ਨਵੀਂ ਦਿੱਲੀ** : ਕੈਪੀਟਲ ਮਾਰਕੀਟ ਰੈਗੂਲੇਟਰ 'ਸੇਬੀ' ਦੀ ਚੇਅਰਪਰਸਨ ਮਾਧਵੀ ਪੁਰੀ ਬੁੱਚ ਤੇ ਉਸ ਦੇ ਪਤੀ ਧਵਲ ਬੁੱਚ ਨੇ ਸ਼ਾਰਟ ਸੈੱਲਰ ਹਿੰਡਨਬਰਗ ਵੱਲੋਂ ਲਾਏ ਦੋਸ਼ਾਂ ਨੂੰ ਬੇਬੁਨਿਆਦ ਦੱਸ ਕੇ ਖਾਰਜ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਵਿੱਤੀ ਅਸਾਸੇ ਖੁੱਲ੍ਹੀ ਕਿਤਾਬ ਵਾਂਗ ਹਨ, ਜਿਸ ਵਿਚ ਕੁਝ ਵੀ ਲੁਕਾਉਣ ਵਾਲਾ ਨਹੀਂ। ਬੁੱਚ ਜੋੜੇ ਨੇ ਇਕ ਬਿਆਨ ਵਿਚ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਹਿੰਡਨਬਰਗ, ਜਿਸ ਖਿਲਾਫ ਸੇਬੀ ਨੇ ਕਾਰਵਾਈ ਕੀਤੀ ਤੇ ਕਾਰਨ ਦੱਸੋ ਨੋਟਿਸ ਜਾਰੀ ਕੀਤਾ, ਵੱਲੋਂ ਬਦਲੇ ਵਿਚ ਉਨ੍ਹਾਂ ਦੀ ਕਿਰਦਾਰਕੁਸ਼ੀ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਬਿਆਨ ਵਿਚ ਜੋੜੇ ਨੇ ਇਹ ਮੰਨਿਆ ਹੈ ਕਿ ਅਡਾਨੀ ਸਮੂਹ ਵਿਚ ਉਨ੍ਹਾਂ ਨਿਵੇਸ਼ ਮਾਧਵੀ ਦੇ ਸੇਬੀ ਵਿਚ ਆਉਣ ਤੋਂ ਦੋ ਸਾਲ ਪਹਿਲਾਂ 2015 ਵਿਚ ਕੀਤਾ ਸੀ। ਉਦੋਂ ਉਹ ਸਿੰਘਾਪੁਰ ਵਿਚ ਰਹਿੰਦੇ ਸਨ।

ਕਾਬਿਲੇਗੌਰ ਹੈ ਕਿ ਅਮਰੀਕਾ ਦੇ ਸ਼ਾਰਟ ਸੈੱਲਰ ਹਿੰਡਨਬਰਗ ਰਿਸਰਚ ਨੇ ਦਾਅਵਾ ਕੀਤਾ ਸੀ ਕਿ ਸੇਬੀ ਮੁਖੀ (ਮਾਧਵੀ ਪੁਰੀ ਬੁੱਚ) ਤੇ ਉਨ੍ਹਾ ਦੇ ਪਤੀ ਦੀ ਅਡਾਨੀ ਔਫਸ਼ੋਰ ਐਂਟਿਟੀਜ਼ ਵਿਚ ਕਥਿਤ 8.7 ਲੱਖ ਡਾਲਰ ਦੀ ਹਿੱਸੇਦਾਰੀ ਸੀ, ਜਿਸ ਕਰਕੇ ਮਾਰਕੀਟ ਰੈਗੂਲੇਟਰ ਵੱਲੋਂ 18 ਮਹੀਨਿਆਂ ਬਾਅਦ ਵੀ ਅਡਾਨੀ ਸਮੂਹ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ। ਮਾਧਵੀ 2017 ਵਿਚ ਸਕਿਓਰਿਟੀਜ਼ ਐਂਡ ਐਕਸਚੇਂਜ ਬੋਰਡ (ਸੇਬੀ) ਦੀ ਕੁਲਵਕਤੀ ਮੈਂਬਰ ਤੇ ਮਾਰਚ 2022 ਵਿਚ ਚੇਅਰਪਰਸਨ ਬਣੀ ਸੀ।


ਸੇਬੀ ਮੁਖੀ ਮਾਧਵੀ ਪੁਰੀ ਬੁੱਚ।

ਇਸੇ ਦੌਰਾਨ ਅਡਾਨੀ ਸਮੂਹ ਨੇ ਹਿੰਡਨਬਰਗ ਦੇ ਦਾਅਵਿਆਂ ਨੂੰ ਸ਼ਰਾਰਤਭਰੇ ਦੱਸਿਆ ਹੈ। ਉਸ ਨੇ ਕਿਹਾ ਕਿ ਉਸ ਦੇ ਪਹਿਲੇ ਦੋਸ਼ਾਂ ਨੂੰ ਸੁਪਰੀਮ ਕੋਰਟ ਨੇ ਜਨਵਰੀ 2024 ਵਿਚ ਰੱਦ ਕਰ ਦਿੱਤਾ ਸੀ। ਸਮੂਹ ਨੇ ਸੇਬੀ ਮੁਖੀ ਨਾਲ ਵਪਾਰਕ ਰਿਸ਼ਤਿਆਂ ਦਾ ਖੰਡਨ ਕੀਤਾ ਹੈ।

ਮਾਹਰਾਂ ਦਾ ਕਹਿਣਾ ਹੈ ਕਿ ਨਵੇਂ ਦੋਸ਼ਾਂ ਕਾਰਨ ਸੋਮਵਾਰ ਸ਼ੇਅਰ ਬਾਜ਼ਾਰ ਵਿਚ ਤਰਥੱਲੀ ਮਚ ਸਕਦੀ ਹੈ।

ਕਾਂਗਰਸ ਨੇ ਕਿਹਾ ਹੈ ਕਿ ਹਿੰਡਨਬਰਗ ਰਿਸਰਚ ਦੇ ਉਪਰੋਕਤ ਦਾਅਵੇ ਮਗਰੋਂ ਪਾਰਟੀ ਵੱਲੋਂ 'ਅਡਾਨੀ ਮੈਗਾ ਸਕੈਮ' ਦੀ ਸਾਂਝੀ ਸੰਸਦੀ ਕਮੇਟੀ (ਜੇ ਪੀ ਸੀ) ਤੋਂ ਜਾਂਚ ਕਰਵਾਉਣ ਦੀ ਮੰਗ ਨੂੰ ਹੋਰ ਬਲ ਮਿਲਿਆ ਹੈ। ਇਸ ਦੌਰਾਨ ਤ੍ਰਿਣਮੂਲ ਕਾਂਗਰਸ ਨੇ ਸੇਬੀ ਚੇਅਰਮੈਨ ਨੂੰ ਹਟਾਉਣ ਦੀ ਮੰਗ ਕੀਤੀ ਹੈ।

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਹੈ ਕਿ ਹਿੰਡਨਬਰਗ ਦੀ ਪਹਿਲੀ ਰਿਪੋਰਟ ਉਜਾਗਰ ਹੋਣ ਵੇਲੇ ਮਾਮਲਾ ਸੁਪਰੀਮ ਕੋਰਟ ਵਿਚ ਪੁੱਜਣ ਤੋਂ ਪਹਿਲਾਂ ਸੇਬੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਆੜੀ ਅਡਾਨੀ ਨੂੰ ਕਲੀਨ ਚਿੱਟ ਦੇ ਦਿੱਤੀ ਸੀ। ਨਵੇਂ ਦੋਸ਼ਾਂ ਵਿਚ ਸੇਬੀ ਦੀ ਮੁਖੀ ਦੀ ਅਡਾਨੀ ਨਾਲ ਆਪਸੀ ਲੈਣ-ਦੇਣ ਦਾ ਇੰਕਸ਼ਾਫ ਹੋਇਆ ਹੈ। ਛੋਟੇ ਤੇ ਦਰਮਿਆਨੇ ਨਿਵੇਸ਼ਕ ਦਰਮਿਆਨੇ ਤਬਕੇ ਦੇ ਹੁੰਦੇ ਹਨ, ਜਿਹੜੇ ਸੇਬੀ 'ਤੇ ਭਰੋਸਾ ਕਰਕੇ ਮਿਹਨਤ ਨਾਲ ਕਮਾਈ ਸ਼ੇਅਰ ਮਾਰਕਿਟ ਵਿਚ ਲਾਉਂਦੇ ਹਨ। ਇਸ ਕਰਕੇ ਇਸ ਜ਼ਬਰਦਸਤ ਸਕੈਂਡਲ ਦੀ ਜੇ ਪੀ ਸੀ ਤੋਂ ਜਾਂਚ ਲਾਜ਼ਮੀ ਹੋ ਗਈ ਹੈ। ਜਾਂਚ ਨਾ ਹੋਈ ਤਾਂ ਇਹ ਸ਼ੱਕ ਬਣਿਆ ਰਹੇਗਾ ਕਿ ਮੋਦੀ ਸੱਤ ਦਹਾਕਿਆਂ ਵਿਚ ਬੜੀ ਜੱਦੋਜਹਿਦ ਨਾਲ ਬਣਾਏ ਸੰਵਿਧਾਨਕ ਅਦਾਰਿਆਂ ਨਾਲ ਖਿਲਵਾੜ ਕਰਕੇ ਆਪਣੇ ਆੜੀ ਨੂੰ ਬਚਾਅ ਰਹੇ ਹਨ।

ਭਾਜਪਾ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਰਾਜੀਵ ਚੰਦਰਸ਼ੇਖਰ ਨੇ ਕਿਹਾ ਹੈ ਕਿ ਵਿਦੇਸ਼ੀ ਬੈਂਕ ਹਿੰਡਨਬਰਗ ਨੇ ਸੇਬੀ 'ਤੇ ਹਮਲਾ ਕਾਂਗਰਸ ਨਾਲ ਮਿਲ ਕੇ ਕੀਤਾ ਹੈ।

ਇਸੇ ਦਰਮਿਆਨ ਭਾਜਪਾ ਦੇ ਤਾਮਿਲਨਾਡੂ ਦੇ ਪ੍ਰਧਾਨ ਕੇ ਅੰਨਮਲਾਈ ਨੇ ਕਿਹਾ ਹੈ ਕਿ ਹਾਲਾਂਕਿ ਹਿੰਡਨਬਰਗ ਦੀਆਂ ਪਿਛਲੀਆਂ ਰਿਪੋਰਟਾਂ ਬੇਬੁਨਿਆਦ ਸਾਬਤ ਹੋਈਆਂ ਸਨ, ਸਰਕਾਰ ਨੂੰ ਨਿਵੇਸ਼ਕਾਂ ਦਾ ਭਰੋਸਾ ਬਣਾਈ ਰੱਖਣ ਲਈ ਤਾਜ਼ਾ ਦੋਸ਼ਾਂ ਦੀ ਜਾਂਚ ਕਰਾਈ ਜਾਣੀ ਚਾਹੀਦੀ ਹੈ। ਪਿਛਲੀ ਵਾਰ ਸ਼ੇਅਰ ਬੁਰੀ ਤਰ੍ਹਾਂ ਡਿੱਗੇ ਸਨ, ਇਸ ਕਰਕੇ ਸਰਕਾਰ ਨੂੰ ਪੂਰੀ ਜਾਂਚ ਕਰਾਉਣੀ ਚਾਹੀਦੀ ਹੈ।

# ਜੇਜੋਂ ਨੇੜੇ ਚੋਅ 'ਚ ਹਿਮਾਚਲ ਦੇ 9 ਜਣੇ ਰੁੜ੍ਹ ਗਏ



**ਗੜ੍ਹਸ਼ੰਕਰ/ਮਾਹਿਲਪੁਰ (ਫੂਲਾ ਸਿੰਘ ਬੀਰਮਪੁਰ/ ਸੁਖਵਿੰਦਰ ਸਿੰਘ ਸਫਰੀ)**

ਗੜ੍ਹਸ਼ੰਕਰ ਇਲਾਕੇ ਦੇ ਪਹਾੜ ਨਾਲ ਲੱਗਦੇ ਪਿੰਡ ਜੇਜੋਂ ਦੇ ਚੋਅ 'ਚ ਐਤਵਾਰ ਸਵੇਰੇ ਆਏ ਹੜ੍ਹ ਕਾਰਨ ਹਿਮਾਚਲ ਦੇ ਦੇਹਰਾ ਪਿੰਡ ਤੋਂ ਆ ਰਹੀ ਇਨੋਵਾ ਰੁੜ੍ਹਨ ਕਾਰਨ 9 ਵਿਅਕਤੀਆਂ ਦੀ ਮੌਤ ਹੋ ਗਈ, ਜਦੋਂਕਿ ਇੱਕ ਵਿਅਕਤੀ ਨੂੰ ਉੱਥੇ ਖੜ੍ਹੇ ਨੌਜਵਾਨਾਂ ਵੱਲੋਂ ਬਚਾਅ ਲਿਆ ਗਿਆ।

ਪਿੰਡ ਜੇਜੋਂ ਦੇ ਮਨੋਜ ਕੁਮਾਰ, ਰੋਹਿਤ ਜੈਨ, ਸਚਿਨ ਕੁਮਾਰ, ਸ਼ਿਵਮ ਪ੍ਰਜਾਤਿਆ, ਦੀਪਕ ਸ਼ਰਮਾ ਤੇ ਪਰਮਜੀਤ ਉਰਫ ਪੰਮੀ ਨੇ ਦੱਸਿਆ ਕਿ ਕਰੀਬ ਸਾਢੇ ਦਸ ਵਜੇ ਉਹ ਖੱਡ ਵਿੱਚ ਆਏ ਪਾਣੀ ਨੂੰ ਦੇਖ ਰਹੇ ਸਨ ਤਾਂ ਗੱਡੀ ਪਾਣੀ ਵਿੱਚ ਰੁੜ੍ਹ ਗਈ। ਉਨ੍ਹਾਂ ਹਿੰਮਤ ਕਰਕੇ ਗੱਡੀ ਵਿੱਚ ਫਸੇ ਇੱਕ ਵਿਅਕਤੀ ਨੂੰ ਬਾਹਰ ਕੱਢਿਆ, ਜਦੋਂਕਿ ਬਾਕੀ ਰੁੜ੍ਹ ਗਏ।

ਪਾਣੀ ਜ਼ਿਆਦਾ ਹੋਣ ਕਰਕੇ ਲੋਕਾਂ ਨੇ ਡਰਾਈਵਰ ਨੂੰ ਰੋਕਿਆ ਵੀ ਸੀ, ਪਰ ਉਸ ਨੇ ਗੱਡੀ ਚੋਅ ਵਿਚ ਠੇਲ੍ਹ ਦਿੱਤੀ।

ਬਚਾਏ ਗਏ ਦੀਪਕ ਭਾਟੀਆ ਵਾਸੀ ਦੇਹਰਾ, ਨੇੜੇ ਮਹਿਤਪੁਰ, ਜ਼ਿਲ੍ਹਾ ਊਨਾ ਨੇ ਦੱਸਿਆ ਕਿ ਉਹ ਕਿਰਾਏ ਦੀ ਗੱਡੀ ਕਰਕੇ ਨਵਾਂਸ਼ਹਿਰ ਦੇ ਪਿੰਡ ਮਹਿਰੋਵਾਲ ਵਿਆਹ ਵਿੱਚ ਸ਼ਾਮਲ ਹੋਣ ਜਾ ਰਹੇ ਸਨ। ਗੱਡੀ ਵਿੱਚ ਉਸ ਦਾ ਪਿਤਾ ਸੁਰਜੀਤ ਸਿੰਘ ਭਾਟੀਆ, ਮਾਂ ਪਰਮਜੀਤ ਕੌਰ, ਚਾਚਾ ਸਰੂਪ ਚੰਦ, ਚਾਚੀ ਬਿੰਦਰ, ਮਾਸੀ ਸ਼ਨੂੰ, ਭਾਵਨਾ (19), ਅੰਕੂ (20), ਹਰਸ਼ਿਤ (12) ਅਤੇ ਡਰਾਈਵਰ ਸਨ।

# ਹਿਮਾਚਲ 'ਚ 280 ਤੋਂ ਵੱਧ ਸੜਕਾਂ ਬੰਦ

**ਸ਼ਿਮਲਾ** : ਭਾਰੀ ਮੀਂਹ ਕਰਕੇ ਹਿਮਾਚਲ ਵਿਚ 280 ਤੋਂ ਵੱਧ ਸੜਕਾਂ ਬੰਦ ਹੋ ਗਈਆਂ ਹਨ। ਊਨਾ ਵਿਚ ਨਦੀਆਂ, ਨਾਲਿਆਂ ਦਾ ਪਾਣੀ ਲੋਕਾਂ ਦੇ ਘਰਾਂ ਵਿਚ ਦਾਖਲ ਹੋ ਗਿਆ, ਜਦੋਂਕਿ ਲਾਹੌਲ ਤੇ ਸਪਿਤੀ ਪੁਲਸ ਨੇ ਸਥਾਨਕ ਲੋਕਾਂ ਤੇ ਯਾਤਰੀਆਂ ਨੂੰ ਵਧੇਰੇ ਚੌਕਸੀ ਵਰਤਣ ਦੀ ਸਲਾਹ ਦਿੱਤੀ ਹੈ।

ਪ੍ਰਸ਼ਾਸਨ ਨੇ ਲੋਕਾਂ ਨੂੰ ਜਾਹਲਮਾਨ ਨਾਲਾ ਪਾਰ ਨਾ ਕਰਨ ਲਈ ਕਿਹਾ ਹੈ, ਕਿਉਂਕਿ ਇਸ ਵਿਚ ਪਾਣੀ ਦਾ ਪੱਧਰ ਲਗਾਤਾਰ ਵਧ ਰਿਹਾ ਹੈ। ਉਧਰ ਕੁੱਲੂ, ਮੰਡੀ ਤੇ ਸ਼ਿਮਲਾ ਵਿਚ 31 ਜੁਲਾਈ ਮਗਰੋਂ ਆਏ ਹੜ੍ਹਾਂ ਵਿਚ ਲਾਪਤਾ 30 ਦੇ ਕਰੀਬ ਲੋਕਾਂ ਨੂੰ ਲੱਭਣ ਦਾ ਕੰਮ ਜਾਰੀ ਹੈ, ਪਰ ਅਜੇ ਤੱਕ ਕੋਈ ਵੱਡੀ ਸਫਲਤਾ ਨਹੀਂ ਮਿਲੀ। ਅਧਿਕਾਰੀਆਂ ਨੇ ਕਿਹਾ ਕਿ ਮੀਂਹ ਨਾਲ ਸੰਬੰਧਤ ਘਟਨਾਵਾਂ ਵਿਚ ਹੁਣ ਤੱਕ 100 ਤੋਂ ਵੱਧ ਲੋਕਾਂ ਦੀਆਂ ਮੌਤਾਂ ਹੋਈਆਂ ਹਨ ਅਤੇ 27 ਜੂਨ ਤੋਂ 9 ਅਗਸਤ ਦਰਮਿਆਨ ਸੂਬੇ ਨੂੰ 842 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਅਧਿਕਾਰੀਆਂ ਨੇ ਕਿਹਾ ਕਿ 288 ਸੜਕਾਂ ਵਿੱਚੋਂ 138 ਸ਼ੁੱਕਰਵਾਰ ਤੇ 150 ਸਨਿੱਚਰਵਾਰ ਨੂੰ ਬੰਦ ਹੋ ਗਈਆਂ ਸਨ। ਪੂਹ ਅਤੇ ਕੌਰਿਕ ਵਿਚਕਾਰ ਅਚਾਨਕ ਹੜ੍ਹ ਅਤੇ ਨੇਗੁਲਸਾਰੀਨ ਨੇੜੇ ਰਾਸ਼ਟਰੀ ਰਾਜਮਾਰਗ 5 'ਤੇ ਜ਼ਮੀਨ ਖਿਸਕਣ ਕਾਰਨ ਕਨੌਰ ਜ਼ਿਲ੍ਹਾ ਰਾਜਧਾਨੀ ਸ਼ਿਮਲਾ ਨਾਲੋਂ ਕੱਟਿਆ ਗਿਆ ਹੈ। ਰਾਜ 'ਚ 458 ਬਿਜਲੀ ਅਤੇ 48 ਜਲ ਸਪਲਾਈ ਸਕੀਮਾਂ ਵੀ ਅਸਰਅੰਦਾਜ਼ ਹੋਈਆਂ ਹਨ।

# ਹਾਕੀ ਸਿਤਾਰਿਆਂ 'ਤੇ ਜਲੰਧਰ 'ਚ ਫੁੱਲਾਂ ਦੀ ਵਰਖਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**

ਪੈਰਿਸ ਉਲੰਪਿਕ 'ਚ ਕਾਂਸੀ ਦਾ ਤਮਗਾ ਜਿੱਤਣ ਵਾਲੀ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਦਾ ਐਤਵਾਰ ਜਲੰਧਰ ਪਹੁੰਚਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਹਾਕੀ ਪੰਜਾਬ ਦੇ ਅਹੁਦੇਦਾਰਾਂ, ਪਿੰਡ ਵਾਸੀਆਂ ਤੇ ਹਾਕੀ ਪ੍ਰੇਮੀਆਂ ਨੇ ਭਾਰਤੀ ਟੀਮ ਦੇ ਉਪ ਕਪਤਾਨ ਹਾਰਦਿਕ ਸਿੰਘ ਖੁਸਰੋਪੁਰ, ਮਨਪ੍ਰੀਤ ਸਿੰਘ, ਮਨਦੀਪ ਸਿੰਘ ਮਿੱਠਾਪੁਰ ਤੇ ਸੁਖਜੀਤ ਸਿੰਘ ਧੰਨੋਵਾਲੀ ਦਾ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ। ਇਸ ਮੌਕੇ ਹਾਰਦਿਕ ਸਿੰਘ ਦੇ ਪਿਤਾ ਵਰਿੰਦਰਪ੍ਰੀਤ ਸਿੰਘ ਲਵਲੀ, ਮਾਤਾ ਕਮਲਜੀਤ ਕੌਰ ਰਾਏ, ਮਨਪ੍ਰੀਤ ਦੇ ਭਰਾ, ਮਨਦੀਪ ਸਿੰਘ ਦੇ ਪਿਤਾ ਰਵਿੰਦਰ ਸਿੰਘ ਅਤੇ ਸੁਖਜੀਤ ਸਿੰਘ ਦੇ ਮਾਤਾ-ਪਿਤਾ ਮੌਜੂਦ ਸਨ। ਹਾਕੀ ਪੰਜਾਬ ਤੇ



ਸੁਰਜੀਤ ਹਾਕੀ ਸੁਸਾਇਟੀ ਵੱਲੋਂ ਸਵਾਗਤ ਕਰਨ ਵਾਲਿਆਂ ਵਿਚ ਅਮਰੀਕ ਸਿੰਘ ਪੁਆਰ, ਉਲੰਪੀਅਨ ਸੰਜੀਵ ਕੁਮਾਰ, ਕੌਮਾਂਤਰੀ ਅੰਪਾਇਰ ਗੁਰਿੰਦਰ ਸਿੰਘ ਸੰਘਾ, ਦਲਜੀਤ ਸਿੰਘ ਕਸਟਮਜ਼, ਰਿਪੁਦਮਨ ਸਿੰਘ ਕੁਮਾਰ, ਕੁਲਬੀਰ ਸੈਣੀ, ਰਣਬੀਰ ਸਿੰਘ ਰਾਣਾ ਟੁੱਟ, ਨਿਤਿਨ ਕੋਹਲੀ, ਅਲਫਾ ਹਾਕੀ ਦੇ ਮਾਲਕ ਜਤਿਨ ਮਹਾਜਨ, ਮਹਾਂਬੀਰ ਸਿੰਘ, ਗੁਨਦੀਪ ਸਿੰਘ ਅਤੇ ਹੋਰ ਸ਼ਾਮਲ ਹਨ। ਇਸ ਉਪਰੰਤ ਖਿਡਾਰੀਆਂ ਨੂੰ ਉਨ੍ਹਾਂ ਦੇ ਘਰ ਕਾਫਲੇ ਦੇ ਰੂਪ 'ਚ ਲਿਜਾਇਆ ਗਿਆ। ਸੜਕਾਂ ਕੰਢੇ ਖੜ੍ਹੇ ਸ਼ਹਿਰ ਵਾਸੀਆਂ ਨੇ ਫੁੱਲਾਂ ਦੀ ਵਰਖਾ ਨਾਲ ਖਿਡਾਰੀਆਂ ਦਾ ਸਵਾਗਤ ਕੀਤਾ। ਖਿਡਾਰੀਆਂ ਨੇ ਇਸ ਤੋਂ ਪਹਿਲਾਂ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ ਅਤੇ ਜਿੱਤ ਲਈ ਗੁਰੂ ਘਰ ਦਾ ਸ਼ੁਕਰਾਨਾ ਕੀਤਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਾਕੀ ਖਿਡਾਰੀਆਂ ਨੂੰ ਸਨਮਾਨਤ ਕੀਤਾ। ਸ੍ਰੀ ਗੁਰੂ ਰਾਮਦਾਸ ਹਵਾਈ ਅੱਡੇ ਉੱਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਤੇ ਹਰਭਜਨ ਸਿੰਘ ਈ ਟੀ ਓ ਨੇ ਪੰਜਾਬ ਸਰਕਾਰ ਵੱਲੋਂ ਜੀ ਆਇਆਂ ਕਿਹਾ। ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਸਾਨੂੰ ਆਪਣੇ ਹਾਕੀ ਖਿਡਾਰੀਆਂ ਉੱਤੇ ਸਦਾ ਮਾਣ ਰਹੇਗਾ।

## ਨਟਵਰ ਸਿੰਘ ਦਾ ਦੇਹਾਂਤ



**ਨਵੀਂ ਦਿੱਲੀ** : ਭਾਰਤ ਦੇ ਸਾਬਕਾ ਵਿਦੇਸ਼ ਮੰਤਰੀ ਤੇ ਕੈਪਟਨ ਅਮਰਿੰਦਰ ਸਿੰਘ ਦੇ ਜੀਜਾ ਕੇ. ਨਟਵਰ ਸਿੰਘ (93) ਦਾ ਸਨਿੱਚਰਵਾਰ ਦੇਰ ਰਾਤ ਦੇਹਾਂਤ ਹੋ ਗਿਆ। ਉਨ੍ਹਾ ਦੀ ਸਿਹਤ ਲੰਮੇ ਸਮੇਂ ਤੋਂ ਨਾਸਾਜ਼ ਸੀ। ਉਨ੍ਹਾ ਗੁਰੂਗ੍ਰਾਮ ਦੇ ਮੇਦਾਂਤਾ ਹਸਪਤਾਲ ਵਿਚ ਆਖਰੀ ਸਾਹ ਲਏ। ਉਨ੍ਹਾ ਦਾ ਜਨਮ 1931 ਵਿਚ ਰਾਜਸਥਾਨ ਦੇ ਭਰਤਪੁਰ ਵਿਚ ਹੋਇਆ ਸੀ। ਉਨ੍ਹਾ ਨੂੰ 1984 ਵਿਚ ਪਦਮ ਭੂਸ਼ਣ ਨਾਲ ਸਨਮਾਨਤ ਕੀਤਾ ਗਿਆ ਸੀ। ਆਖਰੀ ਸਾਹ ਲੈਣ ਮੌਕੇ ਉਨ੍ਹਾ ਦਾ ਪੁੱਤਰ ਜਗਤ ਸਿੰਘ ਤੇ ਹੋਰ ਪਰਿਵਾਰਕ ਮੈਂਬਰ ਮੌਜੂਦ ਸਨ। ਉਹ 2004-05 ਵਿਚ ਤੱਤਕਾਲੀ ਮਨਮੋਹਨ ਸਿੰਘ ਸਰਕਾਰ ਵਿਚ ਵਿਦੇਸ਼ ਮੰਤਰੀ ਰਹੇ। ਉਹ ਪਾਕਿਸਤਾਨ ਵਿਚ ਭਾਰਤ ਦੇ ਰਾਜਦੂਤ ਵੀ ਰਹੇ ਅਤੇ 1966 ਤੋਂ 1971 ਤੱਕ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਦਫਤਰ ਨਾਲ ਜੁੜੇ ਰਹੇ। ਉਨ੍ਹਾ ਆਪਣੀ ਆਤਮ ਕਥਾ 'ਵਨ ਲਾਈਫ ਇਜ਼ ਨੌਟ ਇਨਫ' ਸਣੇ 'ਦਿ ਲੈਗੇਸੀ ਆਫ ਨਹਿਰੂ : ਏ ਮੈਮੋਰੀਅਲ ਟ੍ਰਿਬਿਊਟ' ਤੇ 'ਮਾਈ ਚਾਈਨਾ ਡਾਇਰੀ 1956-88' ਵੀ ਲਿਖੀਆਂ। ਕੈਪਟਨ ਅਮਰਿੰਦਰ ਸਿੰਘ ਦੀ ਵੱਡੀ ਭੈਣ ਹੇਮਿੰਦਰ ਕੌਰ ਨਟਵਰ ਸਿੰਘ ਨਾਲ ਵਿਆਹੀ ਹੋਈ ਸੀ।

## ਕਿਸ਼ਤਵਾੜ 'ਚ ਵੀ ਮੁਕਾਬਲਾ

**ਸ੍ਰੀਨਗਰ** : ਕਿਸ਼ਤਵਾੜ ਜ਼ਿਲ੍ਹੇ ਦੇ ਜੰਗਲਾਂ ਵਿਚ ਐਤਵਾਰ ਵੱਡੇ ਤੜਕੇ ਤੋਂ ਦਹਿਸ਼ਤਗਰਦਾਂ ਨਾਲ ਮੁਕਾਬਲਾ ਹੋਣ ਦੀਆਂ ਰਿਪੋਰਟਾਂ ਹਨ। ਫੌਜ ਤੇ ਨੀਮ ਫੌਜੀ ਬਲਾਂ ਨੇ ਦਹਿਸ਼ਤਗਰਦਾਂ ਦੀ ਮੂਵਮੈਂਟ ਬਾਰੇ ਜਾਣਕਾਰੀ ਮਿਲਣ 'ਤੇ ਪੁਲਸ ਦੀ ਮਦਦ ਨਾਲ ਨੌਨਾਟਾ, ਨਾਗੇਨੀ ਪਿਆਸ ਤੇ ਨਾਲ ਲੱਗਦੇ ਇਲਾਕਿਆਂ ਵਿਚ ਤਲਾਸ਼ੀ ਮੁਹਿੰਮ ਵਿੱਢੀ ਸੀ। ਇਸ ਦੌਰਾਨ ਸੁਰੱਖਿਆ ਬਲਾਂ ਤੇ ਦਹਿਸਤਗਰਦਾਂ ਵਿਚਾਲੇ ਮੁਕਾਬਲਾ ਹੋ ਗਿਆ। ਦਹਿਸ਼ਤਗਰਦਾਂ ਦੀ ਪੈੜ ਨੱਪਣ ਲਈ ਮੌਕੇ 'ਤੇ ਹੋਰ ਸੁਰੱਖਿਆ ਬਲ ਭੇਜੇ ਗਏ ਹਨ। ਉਧਰ, ਅਨੰਤਨਾਗ ਜ਼ਿਲ੍ਹੇ ਵਿਚ ਦਹਿਸ਼ਤਗਰਦਾਂ ਖਿਲਾਫ ਸ਼ਨੀਵਾਰ ਤੋਂ ਜਾਰੀ ਅਪਰੇਸ਼ਨ ਵਿਚ ਮਰਨ ਵਾਲਿਆਂ ਦੀ ਗਿਣਤੀ ਤਿੰਨ ਹੋ ਗਈ ਹੈ। ਦੋ ਫੌਜੀ ਜਵਾਨ ਸ਼ਹੀਦ ਅਤੇ ਚਾਰ ਜਵਾਨਾਂ ਦੇ ਨਾਲ ਦੋ ਆਮ ਨਾਗਰਿਕ ਜਖਮੀ ਹੋ ਗਏ ਸਨ। ਇਨ੍ਹਾਂ ਵਿੱਚੋਂ ਇਕ ਸਿਵਲੀਅਨ ਅਬਦੁਲ ਰਾਸ਼ਿਦ ਡਾਰ ਨੇ ਐਤਵਾਰ ਵੱਡੇ ਤੜਕੇ ਹਸਪਤਾਲ ਵਿਚ ਦਮ ਤੋੜ ਦਿੱਤਾ। ਸ਼ਹੀਦ ਫੌਜੀਆਂ ਦੀ ਪਛਾਣ ਹਵਲਦਾਰ ਦੀਪਕ ਕੁਮਾਰ ਯਾਦਵ ਤੇ ਲਾਂਸ ਨਾਇਕ ਪ੍ਰਵੀਨ ਸ਼ਰਮਾ ਵਜੋਂ ਹੋਈ ਹੈ।



ਜਲੰਧਰ 'ਚ ਐਤਵਾਰ ਸਵੇਰੇ ਸਾਉਣ ਮਹੀਨੇ ਦਾ ਪਹਿਲਾ ਭਰਵਾਂ ਮੀਂਹ ਪਿਆ। ਨੀਵੇਂ ਇਲਾਕਿਆਂ ਦੇ ਘਰਾਂ 'ਚ ਪਾਣੀ ਵੜ ਗਿਆ।

## ਹਾਵੜਾ ਜਾ ਰਹੀ ਪੰਜਾਬ ਮੇਲ 'ਚ ਅੱਗ ਦੀ ਅਫਵਾਹ 'ਤੇ ਯਾਤਰੀਆਂ ਨੇ ਛਾਲਾਂ ਮਾਰ ਦਿੱਤੀਆਂ

**ਲਖਨਊ** : ਯੂ ਪੀ ਦੇ ਸਾਹਜਹਾਂਪੁਰ ਕੋਲ ਪੰਜਾਬ ਮੇਲ ਐਕਸਪ੍ਰੈਸ 'ਚ ਐਤਵਾਰ ਸਵੇਰੇ ਅਚਾਨਕ ਭਗਦੜ ਮੱਚਣ ਨਾਲ 20 ਤੋਂ ਵੱਧ ਯਾਤਰੀ ਜ਼ਖਮੀ ਹੋ ਗਏ। 7 ਲੋਕਾਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਇਹ ਘਟਨਾ ਬਰੇਲੀ ਅਤੇ ਕਟੜਾ ਸਟੇਸ਼ਨ ਦੇ ਵਿਚਕਾਰ ਵਾਪਰੀ। ਟਰੇਨ 'ਚ ਅੱਗ ਲੱਗਣ ਦੀ ਅਫਵਾਹ ਫੈਲ ਗਈ, ਜਿਸ ਕਾਰਨ ਕਈ ਯਾਤਰੀਆਂ ਨੇ ਛਾਲਾਂ ਮਾਰ ਦਿੱਤੀਆਂ।

ਟਰੇਨ ਨੰਬਰ 13006 ਪੰਜਾਬ ਮੇਲ ਐਕਸਪ੍ਰੈਸ ਅੰਮ੍ਰਿਤਸਰ ਤੋਂ ਹਾਵੜਾ ਜਾ ਰਹੀ ਸੀ। ਉਹ ਸਵੇਰੇ ਸਾਢੇ ਅੱਠ ਵਜੇ ਬਿਲਪੁਰ ਕਟੜਾ ਸਟੇਸ਼ਨ ਪਹੁੰਚੀ। ਜਨਰਲ ਕੋਚ 'ਚ ਧੂੰਆਂ ਭਰਦਾ ਦੇਖ ਕੇ ਲੋਕਾਂ ਨੇ ਸਮਝਿਆ ਕਿ ਬੋਗੀ 'ਚ ਅੱਗ ਲੱਗ ਗਈ ਹੈ। ਸਾਰੇ ਯਾਤਰੀ ਟਰੇਨ ਤੋਂ ਛਾਲ ਮਾਰਨ ਲੱਗੇ। ਇਕ ਯਾਤਰੀ ਨੇ ਦੱਸਿਆ ਕਿ ਸੀਜ਼ਫਾਇਰ ਸਿਲੰਡਰ ਲੀਕ ਹੋਣ ਕਾਰਨ ਧੂੰਆਂ ਨਿਕਲਿਆ ਸੀ ਪਰ ਲੋਕਾਂ ਨੇ ਸਮਝਿਆ ਕਿ ਅੱਗ ਦਾ ਧੂੰਆਂ ਹੈ। ਘਟਨਾ ਨੇ ਜੀ ਆਰ ਪੀ ਸਮੇਤ ਰੇਲਵੇ ਪ੍ਰਸ਼ਾਸਨ 'ਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ। ਜਦੋਂ ਟਰੇਨ ਨੂੰ ਰੋਕ ਕੇ ਬੋਗੀਆਂ ਖਾਲੀ ਹੋਣ ਤੋਂ ਬਾਅਦ ਚੈੱਕ ਕੀਤਾ ਗਿਆ ਤਾਂ ਸਭ ਕੁਝ ਠੀਕ-ਠਾਕ ਪਾਇਆ ਗਿਆ। ਇਸ ਤੋਂ ਬਾਅਦ ਜ਼ਖਮੀਆਂ ਨੂੰ ਮਹਿਲਾ ਅਤੇ ਗਾਰਡ ਦੀ ਬੋਗੀ 'ਚ ਸ਼ਾਹਜਹਾਂਪੁਰ ਲਿਜਾਇਆ ਗਿਆ ਅਤੇ ਹਸਪਤਾਲ ਭੇਜਿਆ ਗਿਆ।

## ਬਸਪਾ ਯੂ ਪੀ ਦੀਆਂ ਜ਼ਿਮਨੀ ਚੋਣਾਂ ਲੜੇਗੀ



**ਲਖਨਊ** : ਬਸਪਾ ਸੁਪਰੀਮੋ ਮਾਇਆਵਤੀ ਨੇ ਐਤਵਾਰ ਐਲਾਨ ਕੀਤਾ ਕਿ ਉਨ੍ਹਾ ਦੀ ਪਾਰਟੀ ਜ਼ਿਮਨੀ ਚੋਣਾਂ ਦੌਰਾਨ ਯੂ ਪੀ ਦੀਆਂ ਸਾਰੀਆਂ 10 ਅਸੈਂਬਲੀ ਸੀਟਾਂ 'ਤੇ ਆਪਣੇ ਉਮੀਦਵਾਰ ਖੜ੍ਹੇ ਕਰੇਗੀ। ਚੋਣ ਕਮਿਸ਼ਨ ਨੇ ਹਾਲਾਂਕਿ ਅਜੇ ਤੱਕ ਕਰਹਾਲ, ਮਿਲਕੀਪੁਰ, ਕਟੇਹਾਰੀ, ਕੁਨਦਾਰਕੀ, ਗਾਜ਼ੀਆਬਾਦ, ਖੈਰ, ਮੀਰਾਪੁਰ, ਫੂਲਪੁਰ, ਮਝਾਵਨ ਤੇ ਸੀਸਾਮਾਓ ਅਸੈਂਬਲੀ ਹਲਕਿਆਂ ਲਈ ਜ਼ਿਮਨੀ ਚੋਣਾਂ ਬਾਰੇ ਪ੍ਰੋਗਰਾਮ ਨਹੀਂ ਐਲਾਨਿਆ। ਮਾਇਆਵਤੀ ਨੇ ਪਾਰਟੀ ਦੇ ਅਹੁਦੇਦਾਰਾਂ, ਜ਼ਿਲ੍ਹਾ ਮੁਖੀਆਂ ਤੇ ਹੋਰ ਕਾਰਕੁਨਾਂ ਦੀ ਬੈਠਕ ਦੌਰਾਨ ਜ਼ਿਮਨੀ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਆਮ ਤੌਰ 'ਤੇ ਬਸਪਾ ਜ਼ਿਮਨੀ ਚੋਣਾਂ ਲੜਦੀ ਨਹੀਂ ਹੈ।

# ਇੱਕ ਹੋਰ ਬੀਬੀ ਬਾਬੇ ਦੀ ਸ਼ਿਕਾਰ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਸਾਧ ਕੋਲੋਂ ਮੁੰਡਾ ਲੈਣ ਗਈ ਇੱਕ ਬੇਔਲਾਦ ਬੀਬੀ ਦੀ ਸੋਸ਼ਲ ਮੀਡੀਆ ਉਪਰ ਵਾਇਰਲ ਹੋ ਰਹੀ ਵੀਡੀਓ ਨੇ ਨਾ ਸਿਰਫ ਸਾਡੇ ਪੂਰੇ ਸੱਭਿਆ ਸਮਾਜ ਨੂੰ ਉਂਗਲਾਂ ਟੁਕਣ ਲਾ ਦਿੱਤਾ ਹੈ, ਸਗੋਂ ਸਰਕਾਰ ਨੂੰ ਵੀ ਵੱਡੇ ਸਵਾਲਾਂ ਦੇ ਘੇਰੇ ਵਿੱਚ ਲਿਆ ਖੜ੍ਹਾ ਕਰ ਦਿੱਤਾ ਹੈ।

ਸੋਸ਼ਲ ਮੀਡੀਆ ਉੱਪਰ ਚੱਲ ਰਹੀ ਚਰਚਾ ਅਨੁਸਾਰ ਪੰਜਾਬ ਦੇ ਇੱਕ ਪਿੰਡ ਦੀ ਉਕਤ ਬੀਬੀ ਪਿਛਲੇ ਦਿਨੀ ਪੁੱਤਰ ਦੀ ਭੁੱਖ ਦੇ ਚਲਦਿਆਂ ਸਿਆਣੇ ਸਮਝੇ ਜਾਂਦੇ ਇੱਕ ਸਾਧ ਦੇ ਡੇਰੇ ਉੱਪਰ ਗਈ ਸੀ। ਉਹ ਉਸ ਵੇਲੇ ਉਕਤ ਬੂਬਨੇ ਦੀ ਹਵਸ ਦਾ ਸ਼ਿਕਾਰ ਹੋ ਗਈ, ਜਦੋਂ ਚਲਾਕ ਕਿਸਮ ਦਾ ਉਹ ਸਾਧ ਉਸ ਨੂੰ ਘਰ ਤੋਂ ਦੂਰ ਇਸ਼ਨਾਨ ਕਰਵਾਉਣ ਦਾ ਅਧਿਆਤਮੀ ਟਰਪੱਲ ਮਾਰ ਕੇ ਖੇਤਾਂ ਵਿਚਲੀ ਇੱਕ ਮੋਟਰ ਉੱਪਰ ਲੈ ਗਿਆ।

ਅਸੀਂ ਉਕਤ ਵੀਡੀਓ ਦੀ ਅਸਲੀਅਤ ਦੀ ਖੁਦ ਪੁਸ਼ਟੀ ਨਹੀਂ ਕਰਦੇ, ਫਿਰ ਵੀ ਇਹ ਇੱਕ ਵੱਡੀ ਜਾਂਚ ਦਾ ਵਿਸ਼ਾ ਹੈ ਕਿ ਇੱਕ ਅਬਲਾ ਔਰਤ ਦੀ ਇੱਜ਼ਤ ਨੂੰ ਕਥਿਤ ਦੁਆਨੀ ਦੇ ਇੱਕ ਔਲੀਏ ਨੇ ਇਹ ਕਹਿੰਦਿਆਂ ਤਾਰ-ਤਾਰ ਕਰਕੇ ਰੱਖ ਦਿੱਤਾ ਕਿ ਉਹ ਰਿਧੀਆਂ-ਸਿਧੀਆਂ ਦਾ ਮਾਲਕ ਹੋਣ ਦੇ ਚਲਦਿਆਂ ਬੱਚਿਆਂ ਵਰਗੀਆਂ ਮਿੱਠੀਆਂ ਮੁਰਾਦਾਂ ਦੇਣ ਦੇ ਸਮਰੱਥ ਹੈ।

ਲੰਮੇ ਸਮੇਂ ਤੋਂ ਤਰਕਸ਼ੀਲ ਸੁਸਾਇਟੀ ਪੰਜਾਬ ਅਤੇ ਉਸ ਵਰਗੀਆਂ ਕਈ ਹੋਰ ਜਨਤਕ ਜਥੇਬੰਦੀਆਂ ਅੰਧ-ਵਿਸ਼ਵਾਸਾਂ ਦੀ ਆੜ ਵਿੱਚ ਕੁਕਰਮ ਕਮਾ ਰਹੇ ਲੋਕਾਂ ਵਿਰੁੱਧ ਕੋਈ ਅਸਰਦਾਰ ਕਾਨੂੰਨ ਬਣਵਾਉਣ ਲਈ ਸਰਕਾਰਾਂ ਦਾ ਪਿੱਟ-ਸਿਆਪਾ ਕਰਦੀਆਂ ਆ ਰਹੀਆਂ ਹਨ, ਪਰ ਕਿਸੇ ਦੇ ਕੰਨ 'ਤੇ ਜੂੰ ਸਰਕੀ ਨਜ਼ਰੀਂ ਨਹੀਂ ਪੈ ਰਹੀ।

ਹੋਰ ਤਾਂ ਹੋਰ ਸਰਕਾਰੀ ਪੱਖ ਤੇ ਵਿਰੋਧੀ ਖੇਮੇ ਵਿੱਚ ਵਿਚਰਦੀਆਂ ਪੰਜਾਬ ਦੀਆਂ ਤਮਾਮ ਤ੍ਰੀਮਤਾਂ ਵਿੱਚੋਂ ਵੀ ਅੰਧ-ਵਿਸ਼ਵਾਸਾਂ ਵਿਰੁੱਧ ਆਵਾਜ਼ ਉਠਾਉਣ ਜਾਂ ਅਸੰਬਲੀ ਵਿੱਚ ਕਾਨੂੰਨ ਬਣਵਾ ਕੇ ਔਰਤਾਂ ਦੇ ਹਿੱਤਾਂ ਦੀ ਰਾਖੀ ਕਰਦੀ ਕੋਈ ਔਰਤ ਹਾਲੇ ਤੱਕ ਨਜ਼ਰੀਂ ਨਹੀਂ ਪੈ ਰਹੀ।

# ਖੇਤੀ ਤੇ ਬਾਗਬਾਨੀ ਫਸਲਾਂ ਦੀਆਂ 109 ਕਿਸਮਾਂ ਦੇ ਬੀਜ ਜਾਰੀ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਖੇਤੀਬਾੜੀ ਅਤੇ ਬਾਗਬਾਨੀ ਫਸਲਾਂ ਦੀਆਂ 109 ਕਿਸਮਾਂ ਦੇ ਉੱਚ ਝਾੜ ਵਾਲੇ, ਵਾਤਾਵਰਨ ਅਨੁਕੂਲ ਅਤੇ ਬਾਇਓ-ਫੋਰਟੀਫਾਈਡ ਬੀਜ ਜਾਰੀ ਕੀਤੇ। ਇਸ ਪਹਿਲਕਦਮੀ ਦਾ ਮੰਤਵ ਖੇਤੀ ਉਤਪਾਦਕਤਾ ਅਤੇ ਕਿਸਾਨਾਂ ਦੀ ਆਮਦਨ ਵਧਾਉਣਾ ਹੈ। ਇਹ ਕਿਸਮਾਂ ਭਾਰਤੀ ਖੇਤੀ ਖੋਜ ਪ੍ਰੀਸ਼ਦ ਵੱਲੋਂ ਵਿਕਸਤ ਕੀਤੀਆਂ ਗਈਆਂ ਹਨ ਅਤੇ 61 ਫਸਲਾਂ ਨਾਲ ਸੰਬੰਧਤ ਹਨ। ਇਨ੍ਹਾਂ ਵਿੱਚੋਂ 34 ਖੇਤੀ ਫਸਲਾਂ ਅਤੇ 27 ਬਾਗਬਾਨੀ ਫਸਲਾਂ ਹਨ। ਮੋਦੀ ਨੇ ਦਿੱਲੀ ਦੇ ਪੂਸਾ ਕੈਂਪਸ 'ਚ ਤਿੰਨ ਪ੍ਰਯੋਗਾਤਮਕ ਖੇਤੀ ਪਲਾਟਾਂ 'ਚ ਬੀਜ ਪੇਸ਼ ਕੀਤੇ। ਇਸ ਮੌਕੇ ਪ੍ਰਧਾਨ ਮੰਤਰੀ ਨੇ ਕਿਸਾਨਾਂ ਅਤੇ ਵਿਗਿਆਨੀਆਂ ਨਾਲ ਵੀ ਗੱਲਬਾਤ ਕੀਤੀ। ਖੇਤੀ ਫਸਲਾਂ 'ਚ ਅਨਾਜ, ਬਾਜਰਾ, ਚਾਰਾ, ਤੇਲ ਬੀਜ, ਦਾਲਾਂ, ਗੰਨਾ, ਕਪਾਹ ਅਤੇ ਰੇਸ਼ੇਦਾਰ ਫਸਲਾਂ ਸ਼ਾਮਲ ਹਨ। ਬਾਗਬਾਨੀ ਫਸਲਾਂ 'ਚ ਫਲ, ਸਬਜ਼ੀਆਂ, ਮਸਾਲੇ, ਫੁੱਲ ਅਤੇ ਚਕਿਤਸਕ ਪੌਦਿਆਂ ਦੀਆਂ ਨਵੀਂਆਂ ਕਿਸਮਾਂ ਸ਼ਾਮਲ ਹਨ।



## ਅੱਜ-ਨਾਮਾ

ਬਾਹਲਾ ਤੇਜ਼ ਟਰੰਪ ਰਿਹਾ ਚੜ੍ਹੀ ਆਉਂਦਾ,
ਹੋ ਗਈ ਢਿੱਲੀ ਅਚਾਨਕ ਰਫਤਾਰ ਮੀਆਂ।
ਬਾਇਡਨ ਬੁੱਢਾ ਸੀ ਟੱਕਰ ਨਾ ਲੈਣ ਜੋਗਾ,
ਟੱਕਰ ਛੱਡ ਗਿਆ ਅੱਧ ਵਿਚਕਾਰ ਮੀਆਂ।
ਕਮਲਾ ਹੈਰਿਸ ਨੇ ਚੁੱਕੀ ਫਿਰ ਆਣ ਝੰਡੀ,
ਆਉਂਦੇ ਚੁੱਕ ਲਿਆ ਉਸ ਨੇ ਭਾਰ ਮੀਆਂ।
ਹਵਾ ਬਦਲੀ ਸਰਵੇਖਣ ਕੁਝ ਕਹਿਣ ਲੱਗੇ,
ਦਿੱਸਦੀ ਆ ਵਧੀ ਪ੍ਰਚਾਰ ਦੀ ਮਾਰ ਮੀਆਂ।
ਵਧਦਾ ਕਮਲਾ ਦਾ ਜਿੱਦਾਂ ਇਹ ਜ਼ੋਰ ਜਾਂਦਾ,
ਦੂਸਰੇ ਪਾਸੇ ਵੱਲ ਲੱਗੀ ਜਾਏ ਠੱਲ੍ਹ ਮੀਆਂ।
ਏਦਾਂ ਵਧਦਾ ਜੇ ਵਧ ਗਿਆ ਜ਼ੋਰ ਉਸ ਦਾ,
ਨਹੀਉਂ ਫਿਰ ਹੋਣਾ ਟਰੰਪ ਤੋਂ ਝੱਲ ਮੀਆਂ।

-ਤੀਸ ਮਾਰ ਖਾਂ

# ਸਾਬਕਾ ਫੌਜੀ 'ਤੇ ਹਮਲੇ 'ਚ 10 ਗ੍ਰਿਫਤਾਰ

**ਜਲੰਧਰ/ਲੋਹੀਆਂ ਖਾਸ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ/ ਯੋਗੇਸ਼ਵਰ, ਰੀਨਾ ਸ਼ਰਮਾ)**

ਪਿੱਪਲੀ ਪਿੰਡ ਹਮਲੇ ਦੇ ਮਾਮਲੇ ਵਿੱਚ ਜਲੰਧਰ ਦਿਹਾਤੀ ਪੁਲਸ ਨੇ 10 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ। ਐੱਸ ਐੱਸ ਪੀ ਹਰਕਮਲਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਇਹ ਗ੍ਰਿਫਤਾਰੀਆਂ ਬੀਤੀ 3 ਅਗਸਤ ਨੂੰ ਲੋਹੀਆਂ ਦੇ ਪਿੰਡ ਪਿੱਪਲੀ ਵਿੱਚ ਸਾਬਕਾ ਫ਼ੌਜੀ ਬਲਵਿੰਦਰ ਸਿੰਘ ਦੇ ਪਰਵਾਰ 'ਤੇ ਹੋਏ ਹਮਲੇ ਦੀ ਚੱਲ ਰਹੀ ਜਾਂਚ ਦੇ ਹਿੱਸੇ ਵਜੋਂ ਕੀਤੀਆਂ ਗਈਆਂ ਹਨ। ਐੱਸ ਐੱਚ ਓ ਲੋਹੀਆਂ ਬਖਸ਼ੀਸ਼ ਸਿੰਘ ਅਤੇ ਇੰਸਪੈਕਟਰ ਸੀ ਆਈ ਏ ਸਟਾਫ਼ ਜਲੰਧਰ ਦਿਹਾਤੀ ਦੀ ਅਗਵਾਈ ਵਿੱਚ ਪੁਲਸ ਟੀਮਾਂ ਨੇ 10 ਸ਼ੱਕੀ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ।

ਫੜੇ ਗਏ ਮੁਲਜ਼ਮਾਂ ਦੀ ਪਛਾਣ ਸੁਖਜੀਵਨ ਸਿੰਘ ਉਰਫ ਗੱਗੂ, ਅਮਨਦੀਪ ਸਿੰਘ ਉਰਫ ਅਮਨਾ, ਪੁਪਿੰਦਰ ਸਿੰਘ ਉਰਫ ਬਿੰਦੂ, ਜਗਦੀਪ ਸਿੰਘ ਉਰਫ ਜੱਗੀ, ਗੁਰਜੀਤ ਸਿੰਘ, ਹਰਪ੍ਰੀਤ ਸਿੰਘ ਉਰਫ ਹੈਪੀ, ਗੁਰਪ੍ਰੀਤ ਸਿੰਘ ਉਰਫ ਬਾਬਾ, ਸ਼ਮਸ਼ੇਰ ਸਿੰਘ ਉਰਫ ਸਾਬੀ, ਜਤਿੰਦਰ ਕੁਮਾਰ ਉਰਫ ਬੌਬੀ ਅਤੇ ਯੋਗੇਸ਼ ਕੁਮਾਰ ਉਰਫ ਜੈਰੀ ਵਜੋਂ ਹੋਈ ਹੈ।

ਪੁਲਸ ਨੇ ਇੱਕ .32 ਬੋਰ ਦਾ ਪਿਸਤੌਲ 4 ਜ਼ਿੰਦਾ ਰੌਂਦ ਸਮੇਤ ਇੱਕ ਦੇਸੀ ਪਿਸਤੌਲ (.315 ਬੋਰ) 4 ਜ਼ਿੰਦਾ ਰੌਂਦ ਸਮੇਤ ਬਰਾਮਦ ਕੀਤਾ ਹੈ। ਇਸ ਤੋਂ ਇਲਾਵਾ ਕਿਰਪਾਨਾਂ, ਦਾਤਰ, ਲਾਠੀਆਂ ਅਤੇ ਕਹੀਆਂ ਵੀ ਬਰਾਮਦ ਕੀਤੇ ਗਏ ਹਨ। ਜ਼ਬਤ ਕੀਤੇ ਗਏ ਵਾਹਨਾਂ ਵਿੱਚ ਇੱਕ ਹੌਂਡਾ ਸਿਟੀ ਕਾਰ (ਪੀ ਬੀ-12-ਐੱਫ-6896), ਇੱਕ ਆਲਟੋ ਕਾਰ (ਪੀ ਬੀ-12-ਏ ਜੀ-9956), ਇੱਕ ਚੋਰੀ ਦਾ ਸੋਨਾਲੀਕਾ ਟਰੈਕਟਰ ਅਤੇ ਪੰਜ ਮੋਟਰਸਾਈਕਲ ਸ਼ਾਮਲ ਹਨ। ਇਨ੍ਹਾਂ ਮੋਟਰਸਾਈਕਲਾਂ ਵਿੱਚ ਇੱਕ ਸਪਲੈਂਡਰ (ਪੀ ਬੀ-33-1-8579), ਇੱਕ ਲਾਲ ਬਾਕਸਰ (ਪੀ ਬੀ-08-ਏ.ਈ.-8753), ਇੱਕ ਕਾਲਾ ਅਤੇ ਸਿਲਵਰ ਹੌਂਡਾ (ਪੀ ਬੀ-08-ਈ ਐੱਲ-4370), ਇੱਕ ਕਾਲਾ ਅਤੇ ਨੀਲਾ ਬਜਾਜ ਪਲੈਟੀਨਾ (ਪੀ 2-08-58-5620) ਅਤੇ ਇੱਕ ਬਲੈਕ ਹੀਰੋ ਸਪਲੈਂਡਰ (ਪੀ 2-08-65-4066) ਸ਼ਾਮਲ ਹਨ।

ਐੱਸ ਐੱਸ ਪੀ ਖੱਖ ਨੇ ਕਿਹਾ ਕਿ ਹਮਲਾ ਕਥਿਤ ਤੌਰ 'ਤੇ ਦੋ ਐੱਨ ਆਰ ਆਈ ਭਰਾਵਾਂ ਦਾਰਾ ਸਿੰਘ ਅਤੇ ਦਰਬਾਰਾ ਸਿੰਘ, ਜੋ ਇਸ ਸਮੇਂ ਇੰਗਲੈਂਡ ਵਿੱਚ ਰਹਿ ਰਹੇ ਹਨ, ਦੁਆਰਾ ਕਰਵਾਇਆ ਗਿਆ। ਉਹਨਾਂ ਬਾਰੇ ਲੁਕਆਊਟ ਨੋਟਿਸ ਜਾਰੀ ਕਰਨ ਲਈ ਅੱਗੇ ਵਧ ਰਹੇ ਹਾਂ।

### ਡਿਊਟੀ 'ਚ ਅਣਗਹਿਲੀ ਵਰਤਣ 'ਤੇ ਏ ਐੱਸ ਆਈ ਮੁਅੱਤਲ



ਇਸ ਮਾਮਲੇ ਦੇ ਸੰਬੰਧ ਵਿੱਚ ਅਸਿਸਟੈਂਟ ਸਬ-ਇੰਸਪੈਕਟਰ ਅਵਤਾਰ ਸਿੰਘ ਨੂੰ ਡਿਊਟੀ ਵਿੱਚ ਅਣਗਹਿਲੀ ਵਰਤਣ ਦੇ ਦੋਸ਼ ਵਿੱਚ ਮੁਅੱਤਲ ਕਰ ਦਿੱਤਾ ਗਿਆ ਹੈ। ਡੀ ਐੱਸ ਪੀ (ਸਬ-ਡਵੀਜ਼ਨ ਸ਼ਾਹਕੋਟ) ਦੀ ਰਿਪੋਰਟ ਅਨੁਸਾਰ ਅਵਤਾਰ ਸਿੰਘ ਜ਼ਮੀਨੀ ਝਗੜੇ ਨਾਲ ਸੰਬੰਧਤ ਇੱਕ ਪੁਰਾਣੀ ਸ਼ਿਕਾਇਤ 'ਤੇ ਬਣਦੀ ਕਾਰਵਾਈ ਕਰਨ ਵਿੱਚ ਅਸਫਲ ਰਿਹਾ, ਜੋ ਇਸ ਹਿੰਸਕ ਘਟਨਾ ਨੂੰ ਰੋਕ ਸਕਦਾ ਸੀ। ਉਸ ਖ਼ਿਲਾਫ਼ ਵਿਭਾਗੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਐੱਸ ਐੱਸ ਪੀ ਨੇ ਦੱਸਿਆ ਕਿ ਇਹ ਘਟਨਾ ਪਿੱਪਲੀ ਪਿੰਡ ਵਿੱਚ 10.5 ਏਕੜ ਜ਼ਮੀਨ ਦੇ ਝਗੜੇ ਨਾਲ ਸੰਬੰਧਤ ਸੀ। ਇਸ ਹਮਲੇ ਵਿੱਚ ਕਥਿਤ ਤੌਰ 'ਤੇ ਲਗਭਗ 100 ਵਿਅਕਤੀ ਸ਼ਾਮਲ ਸਨ, ਜੋ ਬਲਵਿੰਦਰ ਸਿੰਘ ਦੇ ਘਰ ਵਿੱਚ ਦਾਖਲ ਹੋਏ, ਪਰਵਾਰਕ ਮੈਂਬਰਾਂ 'ਤੇ ਹਮਲਾ ਕੀਤਾ, ਜਾਇਦਾਦ ਦੀ ਭੰਨਤੋੜ ਕੀਤੀ ਅਤੇ ਕੀਮਤੀ ਸਮਾਨ ਚੋਰੀ ਕੀਤਾ।

## ਰਾਓ ਤੁਲਾਰਾਮ ਦਾ ਬੁੱਤ ਲੱਗੇਗਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਮੈਰਾਥਨ ਤੇ ਰਾਹਗਿਰੀ ਪ੍ਰੋਗਰਾਮ ਸਮਾਜਿਕ ਭਾਈਚਾਰੇ ਦੇ ਨਾਲ ਹੀ ਸਿਹਤ ਸੁਧਾਰ ਵਿਚ ਪ੍ਰੇਰਨਾਦਾਇਕ ਹੁੰਦੇ ਹਨ। ਸੂਬਾ ਸਰਕਾਰ ਵੱਲੋਂ ਹਰਿਆਣਾ ਉਦੈ ਆਊਟਰੀਚ ਪ੍ਰੋਗਰਾਮ ਦੇ ਤਹਿਤ ਇਸ ਤਰ੍ਹਾਂ ਦੇ ਪ੍ਰਬੰਧ ਲਗਾਤਾਰ ਕੀਤੇ ਜਾ ਰਹੇ ਹਨ। ਐਤਵਾਰ 'ਇਕ ਦੌੜ, ਦੇਸ਼ ਦੇ ਨਾਂਅ' ਥੀਮ ਦੇ ਨਾਲ ਰਿਵਾੜੀ ਵਿਚ ਹਾਫ ਮੈਰਾਥਨ ਮਹਾਨ ਸੁਤੰਤਰਤਾ ਸੈਨਾਨੀ ਰਾਓ ਤੁਲਾਰਾਮ ਵਰਗੇ ਵੀਰ ਸ਼ਹੀਦਾਂ ਦੀ ਗੌਰਵਸ਼ਾਲੀ ਸਖਸ਼ੀਅਤ ਨੂੰ ਸਮਰਪਿਤ ਹੈ। ਮੁੱਖ ਮੰਤਰੀ ਨੇ ਹਾਫ ਮੈਰਾਥਨ ਨੂੰ ਹਰੀ ਝੰਡੀ ਦਿਖਾਉਣ ਵੇਲੇ ਵੀਰ ਸਪੂਤ ਰਾਓ ਤੁਲਾਰਾਮ ਦਾ ਬੁੱਤ ਲਗਵਾਉਣ ਦਾ ਐਲਾਨ ਕੀਤਾ। ਨਾਲ ਹੀ ਸਟੇਡੀਅਮ ਵਿਚ ਸਿੰਥੈਟਿਕ ਟਰੈਕ ਵਿਛਾਉਣ ਦਾ ਕੰਮ ਛੇਤੀ ਨਿਬੇੜਨ ਲਈ ਕਿਹਾ।



## ਹੋਲੀ ਹਾਰਟ 'ਚ 1000 ਬੂਟੇ ਲਾਏ




**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਲਾਈਨਜ਼ ਮੋਗਾ ਵਿਸ਼ਾਲ ਵੱਲੋਂ 1000 ਬੂਟੇ ਲਾਏ ਗਏ।ਇਸ ਮੌਕੇ ਲਾਈਨਜ਼ ਇੰਦਰਜੀਤ ਸਿੰਘ ਪ੍ਰਧਾਨ, ਲਾਈਨਜ਼ ਪੰਕਜ ਗੁਪਤਾ ਕੈਸ਼ੀਅਰ, ਲਾਈਨਜ਼ ਡਾ. ਇਕਬਾਲ ਸਿੰਘ (ਸਕੱਤਰ), ਕੈਂਬਰਿਜ ਇੰਟਰਨੈਸ਼ਨਲ ਸਕੂਲ ਚੇਅਰਮੈਨ ਲਾਈਨਜ਼ ਦਵਿੰਦਰ ਪਾਲ ਸਿੰਘ ਰਿੱਪੀ, ਹੋਲੀ ਹਾਰਟ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਮੋਗਾ ਲਾਈਨਜ ਵਿਨੋਦ ਬਾਂਸਲ, ਲਾਈਨਜ਼ ਦਰਸ਼ਨ ਲਾਲ ਗਰਗ, ਲਾਈਨਜ਼ ਰਾਕੇਸ਼ ਜਿੰਦਲ, ਲਾਈਨਜ਼ ਦੀਪਕ ਜਿੰਦਲ, ਲਾਈਨਜ਼ ਦੀਪਕ ਤਾਇਲ, ਲਾਈਨਜ਼ ਰੋਹਨ ਸੂਦ, ਲਾਈਨਜ਼ ਡਾ:ਰਾਜ ਆਹੂਜਾ, ਲਾਈਨਜ਼ ਡਾ: ਸੰਜੀਵ ਸਿੰਗਲਾ, ਲਾਈਨਜ਼ ਸੋਨੂੰ ਦੁਆ, ਲਾਈਨਜ਼ ਜਸਪਾਲ ਸੇਠੀ, ਲਾਈਨਜ਼ ਕੁਲਦੀਪ ਸਿੰਘ, ਲਾਈਨਜ਼ ਰਵਿੰਦਰ ਗੋਇਲ ਆਦਿ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਪਹੁੰਚੇ।ਇਸ ਮੌਕੇ ਚੇਅਰਮੈਨ ਵਿਨੋਦ ਬਾਂਸਲ ਨੇ ਪੌਦਿਆਂ ਦੇ ਲਾਭ ਬਾਰੇ ਦੱਸਿਆ। ਉਨ੍ਹਾਂ ਦੱਸਿਆ ਕਿ ਪੌਦਿਆਂ ਦਾ ਸਾਡੀ ਜ਼ਿੰਦਗੀ ਦੇ ਵਿੱਚ ਅਹਿਮ ਰੋਲ ਹੈ। ਛਾਂਦਾਰ ਪੌਦੇ ਛਾਂ ਦਿੰਦੇ ਹਨ।ਫ਼ਲਦਾਰ ਪੌਦੇ ਸਾਨੂੰ ਫ਼ਲ ਦਿੰਦੇ ਹਨ, ਜਿਵੇਂ ਕਿ ਸਾਨੂੰ ਸਭ ਨੂੰ ਪਤਾ ਕਿ ਰੁੱਖਾਂ ਦੇ ਅਨੇਕਾਂ ਹੀ ਲਾਭ ਹਨ।ਸਾਡੀ ਜ਼ਿੰਦਗੀ ਵਿੱਚ ਇਨ੍ਹਾਂ ਦਾ ਅਹਿਮ ਰੋਲ ਹੁੰਦਾ ਹੈ।ਇਸ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ।ਸਾਡੇ ਜਿਉਂਦੇ ਰਹਿਣ ਲਈ ਸ਼ੁੱਧ ਹਵਾ ਆਕਸੀਜਨ ਦੀ ਲੋੜ ਹੁੰਦੀ ਹੈ, ਜੋ ਸਾਨੂੰ ਇਨ੍ਹਾਂ ਪੌਦਿਆਂ ਦੁਆਰਾ ਪ੍ਰਾਪਤ ਹੁੰਦੀ ਹੈ।

## ਕੈਨੇਡਾ ਦਾ ਵਿਜ਼ਟਰ ਵੀਜ਼ਾ ਲਵਾਇਆ




**ਬਾਘਾਪੁਰਾਣਾ (ਮਨੀ ਸਿੰਗਲਾ)**-ਜੇ.ਐੱਮ.ਐੱਸ. ਇਮੀਗ੍ਰੇਸ਼ਨ ਜੋ ਕਿ ਰਫਿਊਜ ਕੇਸਾਂ ਨੂੰ ਹੱਲ ਕਰਨ ਵਿੱਚ ਮਾਹਿਰ ਦੇ ਨਾਂਅ ਨਾਲ ਜਾਣੀ ਜਾਂਦੀ ਹੈ।ਇਸਦੇ ਨਾਲ-ਨਾਲ ਹੁਣ ਸੰਸਥਾ ਵੱਲੋਂ ਬਹੁਤ ਹੀ ਘੱਟ ਉਮਰ ਵਾਲਿਆਂ ਬੱਚਿਆਂ ਦਾ ਵਿਦੇਸ਼ਾਂ ਵਿੱਚ ਜਾਣ ਦਾ ਸੁਪਨਾ ਵੀ ਬੜੀ ਜਲਦੀ ਪੂਰਾ ਕੀਤਾ ਜਾ ਰਿਹਾ ਹੈ।ਕਾਮਯਾਬੀ ਦੀ ਇਸ ਲੜੀ ਨੂੰ ਜਾਰੀ ਰੱਖਦਿਆਂ ਸੰਸਥਾਂ ਵੱਲੋਂ ਵਿਕਰਮਜੀਤ ਸਿੰਘ ਸਪੁੱਤਰ ਸੁਰਿੰਦਰ ਸਿੰਘ ਵਾਸੀ ਮੋਗਾ ਦਾ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਵਾ ਕੇ ਦਿੱਤਾ ਗਿਆ ਹੈ।ਵਿਕਰਮਜੀਤ ਸਿੰਘ ਨੇ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਉਸ ਨੂੰ ਬਹੁਤ ਜਲਦ ਜੇ.ਐਮ.ਐੱਸ. ਸੰਸਥਾ ਵੱਲੋਂ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਪ੍ਰਾਪਤ ਹੋਇਆ ਹੈ।ਦੱਸਣਯੋਗ ਹੈ ਕਿ ਮਾਹਿਰਾਂ ਦੀ ਦੇਖ-ਰੇਖ ਹੇਠ ਪਹਿਲਾਂ ਵੀਜ਼ੇ ਲਈ ਸਾਰੇ ਦਸਤਾਵੇਜ ਤਸੱਲੀਬਖਸ਼ ਪੂਰੇ ਕੀਤੇ ਜਾਂਦੇ ਹਨ ਅਤੇ ਵਿਦੇਸ਼ਾਂ ਵਿੱਚ ਜਾਣ ਦੇ ਚਾਹਵਾਨਾਂ ਨੂੰ ਪਹਿਲੀ ਵਾਰ ਵਿੱਚ ਹੀ ਸੰਸਥਾ ਵੱਲੋਂ ਵੀਜ਼ਾ ਪ੍ਰਾਪਤ ਹੋ ਜਾਂਦਾ ਹੈ।

## ਇੰਡੀਆ ਯੂਥ ਕਾਂਗਰਸ ਦੇ ਸਥਾਪਨਾ ਦਿਵਸ 'ਤੇ ਬੂਟੇ ਲਾਏ




**ਦੋਦਾ (ਵਕੀਲ ਬਰਾੜ)**-ਇੰਡੀਆ ਯੂਥ ਕਾਂਗਰਸ 64ਵੇਂ ਸਥਾਪਨਾ ਦਿਵਸ ਤੇ ਪੰਜਾਬ ਯੂਥ ਕਾਂਗਰਸ ਪ੍ਰਧਾਨ ਮੋਹਿਤ ਮਹਿੰਦਰਾ ਤੇ ਪੰਜਾਬ ਇੰਚਾਰਜ ਰਾਸ਼ਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਤੇ ਜ਼ਿਲ੍ਹਾ ਪ੍ਰਧਾਨ ਯੂਥ ਕਾਂਗਰਸ ਸ਼੍ਰੀ ਮੁਕਤਸਰ ਸਾਹਿਬ ਤੇ ਯੂਥ ਕਾਂਗਰਸ ਹਲਕਾ ਗਿੱਦੜਬਾਹਾ ਦੇ ਪ੍ਰਧਾਨ ਸਤਵਿੰਦਰ ਸਿੰਘ ਹੈਪੀ ਕਟਾਰੀਆ ਦੀ ਅਗਵਾਈ ਵਿੱਚ ਪਿੰਡ ਦੋਦਾ ਵਿਖੇ ਬੂਟੇ ਲਾਏ ਤੇ ਵੰਡੇ ਗਏ। ਇਸ ਮੌਕੇ ਚੇਅਰਮੈਨ ਜਗਦੀਸ਼ ਕਟਾਰੀਆ, ਮਲਕੀਤ ਬਰਾੜ, ਗੁਰਬਾਜ ਸਿੰਘ, ਅਮਰਜੀਤ ਮੈਂਬਰ ਪੰਚਾਇਤ, ਵਿੱਕਾ ਅਰੋੜਾ, ਪੰਮਾ ਸ਼ਰਮਾ, ਨੀਰਜ, ਦਰਸ਼ਨ ਸਿੰਘ ਤੇ ਯੂਥ ਕਾਂਗਰਸ ਦੇ ਸਾਥੀ ਵੀ ਮੌਜੂਦ ਸਨ।

## ਪੰਜਾਬ ਪਬਲਿਕ ਸਕੂਲ ਵੱਲੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਦੀ ਸ਼ੁਰੂਆਤ



**ਨਾਭਾ (ਵਰਿੰਦਰ ਵਰਮਾ)**-ਐਨ ਸੀ ਸੀ ਗਰੁੱਪ ਹੈੱਡਕੁਆਰਟਰ, ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 3 ਪੰਜਾਬ ਏਅਰ ਸਕੁਐਡਰਨ ਐਨਸੀਸੀ ਪਟਿਆਲਾ ਅਧੀਨ ਪੰਜਾਬ ਪਬਲਿਕ ਸਕੂਲ ਦੇ ਐਨਸੀਸੀ ਏਅਰ ਵਿੰਗ ਦੇ ਕੈਡਿਟਾਂ ਨੇ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਸੰਦੇਸ਼ ਦਿੱਤਾ।ਕੈਡਿਟਾਂ ਨੇ ਵੱਖ-ਵੱਖ ਪੋਸਟਰਾਂ ਰਾਹੀਂ ਲੋਕਾਂ ਨੂੰ ਜਾਗਰੂਕ ਕੀਤਾ ਤੇ ਧੀਆਂ ਨੂੰ ਸਿੱਖਿਅਤ ਕਰਨ 'ਤੇ ਜ਼ੋਰ ਦਿੱਤਾ।ਜੇਕਰ ਅੱਜ ਧੀ-ਪੜ੍ਹੀ ਲਿਖੀ ਹੋਵੇਗੀ ਤਾਂ ਹੀ ਆਉਣ ਵਾਲੀ ਪੀੜ੍ਹੀ ਸੁਰੱਖਿਅਤ ਰਹੇਗੀ।ਇਸ ਤੋਂ ਬਾਅਦ ਕੈਡਿਟਾਂ ਨੇ ਵੱਖ-ਵੱਖ ਪੇਂਟਿੰਗਾਂ ਰਾਹੀਂ ਆਪਣੇ ਵਿਚਾਰਾਂ ਨੂੰ ਪੇਸ਼ ਕੀਤਾ।ਸਕੂਲ ਹੈਡਮਾਸਟਰ ਡਾ.ਡੀ.ਸੀ.ਸ਼ਰਮਾ ਨੇ ਕੈਡਿਟਾਂ ਦੇ ਇਸ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਬਣਨ 'ਤੇ ਜ਼ੋਰ ਦਿੱਤਾ।ਇਹ ਸਮੁੱਚਾ ਪ੍ਰੋਗਰਾਮ ਪੰਜਾਬ ਪਬਲਿਕ ਸਕੂਲ ਨਾਭਾ ਦੇ ਐਨ.ਸੀ.ਸੀ ਏਅਰ ਵਿੰਗ ਇੰਚਾਰਜ ਚੀਫ ਅਫਸਰ ਸ਼ਾਹਿਦ ਅਹਿਮਦ ਦੀ ਦੇਖ-ਰੇਖ ਹੇਠ ਕਰਾਇਆ ਗਿਆ।

## ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਅਹੁਦੇਦਾਰਾਂ ਦੀ ਚੋਣ



**ਮੂਣਕ (ਰਾਜਪਾਲ ਸਿੰਗਲਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੀ ਪਿੰਡ ਇਕਾਈ ਮਹਾਂ ਸਿੰਘ ਵਾਲਾ (ਮੂਨਕ) ਦੀ ਕਮੇਟੀ ਵਿੱਚ ਵਾਧਾ ਕਰਕੇ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ।ਯੂਨੀਅਨ ਦੇ ਆਗੂ ਸੁਖਦੇਵ ਸ਼ਰਮਾ ਤੇ ਰਾਜ ਸਿੰਘ ਥੇੜੀ ਨੇ ਕਿਹਾ ਕਿ ਸਰਕਾਰਾਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਲੋਕਾਂ 'ਤੇ ਸ਼ਿਕੰਜਾ ਕੱਸਣ ਲਈ ਨਵੇਂ ਲੋਕ-ਮਾਰੂ ਕਾਨੂੰਨ ਬਣਾ ਰਹੀ ਹੈ, ਜੋ ਹੱਕ ਮੰਗਦੇ ਲੋਕਾਂ ਦੀ ਅਵਾਜ਼ ਨੂੰ ਬੰਦ ਕਰਨ ਦਾ ਕੰਮ ਕਰਦੇ ਹਨ।ਆਗੂਆਂ ਨੇ ਕਿਹਾ ਕਿ ਇਹ ਲੋਕ-ਮਾਰੂ ਕਾਨੂੰਨਾਂ ਦੇ ਅਨੁਸਾਰ ਪੁਲਸ ਪ੍ਰਸ਼ਾਸਨ ਨੂੰ ਵਾਧੂ ਸ਼ਕਤੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਦਾ ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਵਿਰੋਧ ਕਰਦੀ ਹੈ ਤੇ ਇਸ ਦੇ ਵਿਰੋਧ ਵਜੋਂ ਸੰਘਰਸ਼ ਕਰ ਰਹੀਆਂ ਦੋਵੇਂ ਫੋਰਮਾਂ ਵੱਲੋਂ 15 ਅਗਸਤ ਨੂੰ ਵੱਡੇ ਟਰੈਕਟਰ ਮਾਰਚ ਕਰਕੇ ਕਾਨੂੰਨਾਂ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ ਤੇ ਆਉਣ ਵਾਲੇ ਦਿਨਾਂ ਵਿੱਚ ਮੋਰਚੇ ਦੇ 200 ਦਿਨ ਪੂਰੇ ਹੋਣ 'ਤੇ ਬਾਰਡਰਾਂ 'ਤੇ ਵੱਡੇ ਇਕੱਠ ਕਰਕੇ ਆਪਣੇ ਹੱਕਾਂ ਦੀ ਲੜਾਈ ਤੇਜ਼ ਕੀਤੀ ਜਾਵੇਗੀ।ਕਿਸਾਨ ਆਗੂਆਂ ਨੇ ਮਜ਼ਦੂਰ ਅਤੇ ਕਿਸਾਨ ਭਰਾਵਾਂ ਨੂੰ ਬੇਨਤੀ ਕੀਤੀ ਕਿ ਇਹਨਾਂ ਚੱਲ ਰਹੇ ਸੰਘਰਸ਼ਾਂ ਵਿੱਚ ਬਾਰਡਰਾਂ 'ਤੇ ਪਹੁੰਚ ਕੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰੋ ਤਾਂ ਜੁ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਵਾਸਤੇ ਸੰਘਰਸ਼ ਤੇਜ ਕੀਤੇ ਜਾ ਸਕਨ, ਕਿਉਂਕਿ ਸਰਕਾਰਾਂ ਕਿਰਤੀ ਲੋਕਾਂ ਦੇ ਹੱਕ ਖੋਹ ਕੇ ਉਨ੍ਹਾਂ ਕਾਰਪੋਰੇਟ ਘਰਾਣਿਆਂ ਦੇ ਹੱਕਾਂ ਵਿੱਚ ਕਾਨੂੰਨ ਬਣਾਉਣਾ ਚਾਹੁੰਦੀ ਹੈ।ਸੋ ਇਨ੍ਹਾਂ ਬਣ ਰਹੇ ਕਾਨੂੰਨਾਂ ਦਾ ਵੱਡੇ ਇਕੱਠ ਕਰਕੇ ਵਿਰੋਧ ਕਰੋ।

## ਕੈਨੇਡਾ ਦਾ ਸਟੱਡੀ ਵੀਜ਼ਾ ਲਵਾਇਆ




**ਬਾਘਾਪੁਰਾਣਾ (ਮਨੀ ਸਿੰਗਲਾ)**-ਵੀਜ਼ਨ ਐਜੂਕੇਸ਼ਨ ਐਂਡ ਇਮੀਗ੍ਰੇਸ਼ਨ ਨੇ ਹਰਮਨਪ੍ਰੀਤ ਕੌਰ ਪੁੱਤਰੀ ਸੁਖਮੰਦਰ ਸਿੰਘ ਵਾਸੀ ਤਲਵੰਡੀ ਸਾਬੋ (ਬਠਿੰਡਾ) ਦਾ ਕੈਨੇਡਾ ਦਾ ਸਟੂਡੈਂਟ ਵੀਜ਼ਾ ਬਹੁਤ ਹੀ ਘੱਟ ਸਮੇ ਵਿੱਚ ਲਵਾ ਕਿ ਵਿਦੇਸ਼ ਪੜ੍ਹਾਈ ਕਰਨ ਦਾ ਸੁਪਨਾ ਸਾਕਾਰ ਕੀਤਾ।ਇਸ ਮੌਕੇ ਡਾਇਰੈਕਟਰ ਯਾਦਵਿੰਦਰ ਸਿੰਘ ਬਰਾੜ ਅਤੇ ਇਕਬਾਲ ਸਿੰਘ ਢਿੱਲੋਂ ਨੇ ਹਰਮਨਪ੍ਰੀਤ ਕੌਰ ਅਤੇ ਉਨ੍ਹਾਂ ਦੇ ਪਰਵਾਰ ਨੂੰ ਵਧਾਈ ਦਿੱਤੀ।

# ਹਨੀ ਟਰੈਪ ਗਰੋਹ ਦਾ ਪੁਲਸ ਵੱਲੋਂ ਪਰਦਾਫਾਸ਼, 9 ਖਿਲਾਫ਼ ਪਰਚਾ ਦਰਜ

## ਪੁਲਸ ਨੇ 8 ਨਾਮਜ਼ਦ ਲੋਕਾਂ ਨੂੰ ਕੀਤਾ ਕਾਬੂ





**ਜਲਾਲਾਬਾਦ (ਜੀਤ ਕੁਮਾਰ)**

ਪੰਜਾਬ ਦੇ ਡੀ.ਜੀ.ਪੀ ਗੌਰਵ ਯਾਦਵ ਤੇ ਜ਼ਿਲ੍ਹਾ ਫ਼ਾਜ਼ਿਲਕਾ ਦੇ ਐਸ.ਐਸ.ਪੀ. ਵਰਿੰਦਰ ਸਿੰਘ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਮਾੜੇ ਅਨਸਰਾਂ ਦੀ ਰੋਕਥਾਮ ਤੇ ਭੋਲੇ ਭਾਲੇ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾ ਕੇ ਉਨ੍ਹਾਂ ਕੋਲੋਂ ਪੈਸੇ ਵਸੂਲਣ ਤੇ ਬਲੈਕਮੇਲ ਕਰਨ ਵਾਲਿਆਂ ਦੇ ਖਿਲਾਫ਼ ਕਾਰਵਾਈ ਕਰਦੇ ਹੋਏ ਥਾਣਾ ਸਿਟੀ ਦੇ ਐਸ.ਐਚ.ਓ. ਇੰਸਪੈਕਟਰ ਅੰਗਰੇਜ਼ ਕੁਮਾਰ ਦੀ ਨਿਗਰਾਨੀ ਹੇਠ ਇਕ ਵਿਅਕਤੀ ਨੂੰ ਬਲੈਕਮੇਲ ਕਰਨ ਦੇ ਦੋਸ਼ ਵਿਚ ਹਨੀ ਟਰੈਪ ਗਿਰੋਹ ਦੇ 9 ਜਣਿਆਂ ਦੇ ਖਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ। ਡੀ.ਐਸ.ਪੀ. ਅੱਛਰੂ ਰਾਮ ਸ਼ਰਮਾ ਨੇ ਆਪਣੇ ਦਫ਼ਤਰ ਵਿਚ ਬੁਲਾਈ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਮੁਦੱਈ ਬਿਆਨ ਸੁਰਿੰਦਰ ਕੁਮਾਰ ਪੁੱਤਰ ਹਰੀ ਸਿੰਘ ਵਾਸੀ ਪਿੰਡ ਬੱਘੇ ਕੇ ਉਤਾੜ ਦੇ ਬਿਆਨਾਂ ਦੇ ਅਧਾਰ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 117, ਮਿਤੀ 09-08-2024 ਨੂੰ ਧਾਰਾ 351(2), 308 (2), 61(2) ਅਧੀਨ ਬਰਖਿਲਾਫ ਜੋਤਮ ਕੌਰ ਪਤਨੀ ਮਨਜੀਤ ਸਿੰਘ, ਜਸਵਿੰਦਰ ਕੌਰ ਪਤਨੀ ਮਲਕੀਤ ਸਿੰਘ ਵਾਸੀਆਨ ਗੰਗ ਕਨਾਲ, ਸੁਨੀਤਾ ਕੌਰ ਪਤਨੀ ਸ਼ਮਸੇਰ ਸਿੰਘ ਵਾਸੀ ਟਿੱਡੀ ਅਰਾਈਆ, ਕ੍ਰਿਸ਼ਨਾ ਰਾਣੀ ਪਤਨੀ ਮੱਖਣ ਸਿੰਘ, ਛਿੰਦੋ ਬਾਈ ਪਤਨੀ ਅੰਗਰੇਜ ਸਿੰਘ ਵਾਸੀਆਨ ਚੱਕ ਮੋਚਨ ਵਾਲਾ (ਹੀਰੇ ਵਾਲਾ), ਅਮਨ ਪੁੱਤਰ ਨਾਮਲੂਮ, ਅੰਗਰੇਜ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਚੱਕ ਮੋਚਨ ਹੀਰੇਵਾਲਾ, ਸੁਖਚੈਨ ਸਿੰਘ ਪੁੱਤਰ ਕਰਨੈਲ ਸਿੰਘ ਤੇ ਗੋਬਿੰਦ ਸਿੰਘ ਪੁੱਤਰ ਹਰਮੰਦਰ ਸਿੰਘ ਵਾਸੀਆਨ ਕਰਨੀਵਾਲਾ ਦੇ ਦਰਜ ਰਜਿਸਟਰ ਕੀਤਾ ਗਿਆ। ਇਸਦੇ ਬਾਅਦ ਥਾਣਾ ਸਿਟੀ ਦੇ ਐਸ.ਐਚ.ਓ. ਅੰਗਰੇਜ਼ ਕੁਮਾਰ ਦੀ ਦੇਖ-ਰੇਖ ਹੇਠ ਪੁਲਸ ਟੀਮਾਂ ਬਣਾ ਕੇ ਇਸ ਗਿਰੋਹ ਨੂੰ ਕਾਬੂ ਕਰਨ ਦਾ ਪ੍ਰੋਸੈਸ ਸ਼ੁਰੂ ਕੀਤਾ ਗਿਆ ਹੈ। ਡੀ.ਐਸ.ਪੀ. ਨੇ ਅੱਗੇ ਦੱਸਿਆ ਕਿ ਇਸ ਗਿਰੋਹ ਦੇ 8 ਮੈਂਬਰਾਂ ਨੂੰ ਕਾਬੂ ਕੀਤਾ ਗਿਆ ਹੈ ਤੇ ਇਨ੍ਹਾਂ ਦੋਸ਼ੀਆਨ ਨੇ ਮਿਲ ਕੇ ਮੁਦੱਈ ਸੁਰਿੰਦਰ ਕੁਮਾਰ ਪਾਸੋਂ ਵਸੂਲੀ ਗਈ ਰਕਮ, ਜੋ ਇੱਕ ਮੋਬਾਇਲ ਫੋਨ ਰਾਹੀਂ 1,30,000 (35000+50000+45000)/-ਲੱਖ ਰੁਪਏ ਨਕਦ, 1,10,000/- ਰੁਪਏ ਗੂਗਲ ਪੇਅ, 5 ਲੱਖ ਰੁਪਏ ਨਕਦ, 2 ਚੈਕ ਇੱਕ 10 ਲੱਖ ਰੁਪਏ ਤੇ ਦੂਜਾ ਚੈੱਕ 5 ਲੱਖ ਰੁਪਏ ਬਾਰਮਦ ਕੀਤੇ ਗਏ ਹਨ। ਇਨ੍ਹਾਂ ਨਾਮਜ਼ਦ ਵਿਅਕਤੀਆਂ ਨੂੰ ਮਾਨਯੋਗ ਅਦਾਲਤ ਵਿਖੇ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਹੋਰ ਤਫ਼ਤੀਸ਼ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕ੍ਰਾਈਮ ਪੇਸ਼ਾ ਵਿਅਕਤੀਆ ਦੇ ਖਿਲਾਫ਼ ਲਗਾਤਾਰ ਲੋਕਲ ਪੁਲਸ ਹਮੇਸ਼ਾ ਸਰਗਰਮ ਰਹੇਗੀ ਤੇ ਅਜਿਹੇ ਵਿਅਕਤੀਆਂ ਦੀ ਗ੍ਰਿਫ਼ਤਾਰੀ ਸਬੰਧੀ ਖੁਫੀਆ ਸੋਰਸਾਂ ਰਾਹੀਂ ਪਤਾ ਲਾ ਕੇ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕੀਤਾ ਜਾਵੇਗਾ। ਲੋਕਲ ਪੁਲਸ ਆਮ ਜਨਤਾ ਦੀ ਸੁਰੱਖਿਆ ਅਤੇ ਜਾਨ ਮਾਲ ਦੀ ਰਾਖੀ ਲਈ ਹਮੇਸ਼ ਵਚਨਬੱਧ ਰਹੇਗੀ। ਡੀ.ਐਸ.ਪੀ. ਨੇ ਦੱਸਿਆ ਕਿ ਗਿਰੋਹ ਵਿਚ ਇਕ ਪੁਲਸ ਮੁਲਾਜ਼ਮ ਵੀ ਸ਼ਾਮਲ ਹੈ, ਜਿਸ ਬਾਰੇ ਵੀ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ ਤੇ ਉਸਦੇ ਖਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।

# 70 ਗ੍ਰਾਮ ਹੈਰੋਇਨ ਸਮੇਤ ਇੱਕ ਵਿਅਕਤੀ ਕਾਬੂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਪੁਲਸ ਵੱਲੋਂ ਨਸ਼ਿਆਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਦੇ ਚੱਲਦਿਆਂ ਪਾਤੜਾਂ ਪੁਲਸ ਨੇ ਇੱਕ ਵਿਅਕਤੀ ਨੂੰ 70 ਗ੍ਰਾਮ ਹੈਰੋਇਨ ਨਾਲ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।ਫੜੇ ਗਏ ਵਿਅਕਤੀ ਖਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਮੁਖੀ ਪਾਤੜਾਂ ਯਸ਼ਪਾਲ ਸ਼ਰਮਾ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਅਨਾਜ ਮੰਡੀ ਦੇ ਪੰਜ ਕਿੱਲਿਆਂ ਵਾਲੇ ਫੜ ਉੱਤੇ ਕੀਤੀ ਜਾ ਰਹੀ ਗਸ਼ਤ ਦੌਰਾਨ ਇੱਕ ਵਿਅਕਤੀ ਉੱਤੇ ਸ਼ੱਕ ਹੋਣ ਤੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾ ਉਸਨੇ ਹੱਥ ਵਿੱਚ ਫੜਿਆ ਲਿਫਾਫਾ ਸੁੱਟ ਕੇ ਟਲਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਪੁਲਿਸ ਨੇ ਉਸ ਨੂੰ ਫੜ ਕੇ ਜਦੋਂ ਉਸ ਦੀ ਪੁੱਛਗਿੱਛ ਕੀਤੀ ਤੇ ਉਸ ਵੱਲੋਂ ਸੁੱਟਿਆ ਲਿਫ਼ਾਫ਼ਾ ਚੈੱਕ ਕੀਤਾ ਤਾਂ ਉਸ ਵਿੱਚੋਂ 70 ਗ੍ਰਾਮ ਹੀਰੋਇਨ ਬਰਾਮਦ ਹੋਈ।ਉਨ੍ਹਾਂ ਦੱਸਿਆ ਕਿ ਫੜੇ ਗਏ ਵਿਅਕਤੀ ਦੀ ਪਛਾਣ ਪ੍ਰਭਜੋਤ ਸਿੰਘ ਉਰਫ ਪ੍ਰਭੂ ਵਾਸੀ ਵਾਰਡ ਨੰਬਰ ਪੰਜ ਰਵਿਦਾਸ ਮੰਦਰ ਵਾਲੀ ਗਲੀ ਪਾਤੜਾਂ ਵਜੋਂ ਹੋਈ ਹੈ ਤੇ ਉਸ ਵਿਰੁੱਧ ਕੇਸ ਦਰਜ ਕਰਕੇ ਮਾਮਲੇ ਦੀ ਪੜਤਾਲ ਕੀਤੀ ਜਾ ਰਹੀ ਹੈ।ਕਥਿਤ ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

# ਸਰਕਾਰ ਦਿਵਿਆਂਗਾਂ ਨੂੰ ਸਹੂਲਤਾਂ ਮੁਹੱਈਆ ਕਰਾਉਣ ਲਈ ਵਚਨਬੱਧ : ਡਾ. ਬਲਜੀਤ ਕੌਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**

ਦਿਵਿਆਂਗ ਵਿਅਕਤੀਆਂ ਨੂੰ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਕਲਿਆਣ ਤੇ ਪੁਨਰਵਾਸ ਲਈ ਵੱਡੀ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਅਲਿਮਕੋ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਹਲਕਾ ਮਲੋਟ ਦੇ ਐਡਵਰਡ ਗੰਜ ਹਾਲ ਵਿਖੇ ਐਡਿਪ ਯੋਜਨਾ ਦੇ ਅਧੀਨ ਦਿਵਿਆਂਗਜਨਾਂ ਨੂੰ ਫਰੀ ਸਹਾਇਕ ਉਪਕਰਨਾਂ ਲਈ ਮੁਫ਼ਤ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ ਤੇ ਇਸ ਸਮਾਗਮ ਵਿੱਚ ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ।

ਸਮਾਗਮ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ ਦਿਨਾਂ ਵਿੱਚ ਦਿਵਿਆਂਗ ਵਿਅਕਤੀਆਂ ਲਈ ਸ਼ਨਾਖਤੀ ਕੈਂਪ ਲਾਏ ਗਏ ਸਨ ਅਤੇ ਇਨ੍ਹਾਂ ਕੈਂਪਾਂ ਦੌਰਾਨ ਸ਼ਨਾਖਤ ਕੀਤੇ ਗਏ ਦਿਵਿਆਂਗਜਨਾਂ ਨੂੰ ਮੁਫ਼ਤ ਉਪਕਰਣ ਵੰਡੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋੜਵੰਦ ਦਿਵਿਆਂਗ ਵਿਅਕਤੀਆਂ ਨੂੰ ਸਾਰੀਆਂ ਮੁਫਤ ਸਹੂਲਤਾਂ ਮੁਹੱਈਆ ਕਰਾ ਕੇ ਚੰਗੀ ਜੀਵਨ ਸ਼ੈਲੀ ਦੇਣ ਲਈ ਵਚਨਬੱਧ ਹੈ, ਜਿਸ ਤਹਿਤ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਅਲਿਮਕੋ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਲਈ ਲੋੜਵੰਦ ਦਿਵਿਆਂਗ ਵਿਅਕਤੀਆਂ ਨੂੰ ਲਗਭਗ 98 ਲੱਖ ਰੁਪਏ ਦੇ ਉਪਕਰਨ ਮੁਹੱਈਆ ਕਰਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਵਿੱਚ 86 ਲੋੜਵੰਦ ਦਿਵਿਆਂਗ ਵਿਅਕਤੀਆਂ ਨੂੰ 18 ਲੱਖ ਰੁਪਏ ਦੀ ਲਾਗਤ ਨਾਲ ਬਨਾਵਟੀ ਅੰਗ ਤੇ ਉਪਕਰਨ ਜਿਵੇਂ ਕਿ ਮੋਟਰਾਈਜਡ ਟਰਾਈਸਾਈਕਲ, ਟਰਾਈਸਾਈਕਲ, ਵੀਲ੍ਹ ਚੇਅਰ, ਵਿਸਾਖੀਆਂ, ਛੜੀਆਂ, ਕੰਨਾਂ ਦੀਆਂ ਮਸ਼ੀਨਾਂ, ਨੇਤਰਹੀਨ ਵਿਅਕਤੀਆਂ ਲਈ ਸਮਾਰਟ ਫੋਨ, ਸੀਪੀ ਚੇਅਰ ਆਦਿ ਦੀ ਵੰਡ ਕੀਤੀ ਗਈ ਹੈ।

ਉਹਨਾਂ ਦਿਵਿਆਂਗ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਲਾਏ ਜਾ ਰਹੇ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

# ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਨੇ ਲੰਮਾ ਸਮਾਂ ਮਾਨਵਤਾ ਦੀ ਨਿਸ਼ਕਾਮ ਸੇਵਾ ਕੀਤੀ : ਜੌੜੇਮਾਜਰਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਡੇਰਾ ਹੰਸਾਲੀ ਸਾਹਿਬ ਵਿਖੇ ਅੱਜ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਜਨਮ ਦਿਵਸ ਮੌਕੇ ਇੱਕ ਧਾਰਮਿਕ ਸਮਾਗਮ ਕਰਾਇਆ ਗਿਆ, ਜਿਸ ਵਿੱਚ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਕੈਬਨਿਟ ਮੰਤਰੀ ਨੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੀ ਜੀਵਨੀ ਦਾ ਤੀਜਾ ਭਾਗ ਵੀ ਜਾਰੀ ਕੀਤਾ।

ਜੌੜੇਮਾਜਰਾ ਨੇ ਕਿਹਾ ਕਿ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਨੇ ਲੰਮਾ ਸਮਾਂ ਨਿਸ਼ਕਾਮ ਭਾਵਨਾ ਨਾਲ ਮਾਨਵਤਾ ਦੀ ਭਲਾਈ ਲਈ ਕੰਮ ਕੀਤਾ ਹੈ ਤੇ ਅਜਿਹੇ ਮਹਾਂ-ਪੁਰਸ਼ ਹਮੇਸ਼ਾਂ ਲੋਕਾਂ ਨੂੰ ਗੁਰੂ ਦੇ ਲੜ ਲਾਉਣ ਤੇ ਬੁਰਾਈਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੰਦੇ ਹਨ।ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਬਹੁਤ ਸੁਭਾਗਾ ਹੈ, ਕਿਉਂਕਿ ਅੱਜ ਦੇ ਦਿਨ ਹੀ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਨੇ ਜਨਮ ਲਿਆ ਸੀ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਜਨਮ ਦਿਵਸ ਦੀ ਮੁਬਾਰਕਬਾਦ ਦਿੱਤੀ।ਜੌੜੇਮਾਜਰਾ ਨੇ ਕਿਹਾ ਕਿ ਅੱਜ ਦਾ ਦਿਨ ਵਿਸ਼ੇਸ਼ ਰੂਪ ਵਿੱਚ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਲੋਕਾਂ ਲਈ ਮਾਣ ਵਾਲੀ ਗੱਲ ਹੈ ਕਿਉਂਕਿ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਨੇ ਲੰਮਾਂ ਸਮਾਂ ਹਲਕਾ ਵਾਸੀਆਂ ਦੀ ਭਲਾਈ ਲਈ ਦਿਨ ਰਾਤ ਕੰਮ ਕੀਤਾ ਹੈ।ਉਨ੍ਹਾਂ ਮੌਜੂਦਾ ਡੇਰਾ ਮੁਖੀ ਬਾਬਾ ਪਰਮਜੀਤ ਸਿੰਘ ਤੋਂ ਆਸ਼ੀਰਵਾਦ ਵੀ ਲਿਆ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਬਾਬਾ ਅਜੀਤ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਮਾਨਵਤਾ ਦੀ ਭਲਾਈ ਲਈ ਅੱਗੇ ਆ ਕੇ ਕੰਮ ਕਰਨਾ ਚਾਹੀਦਾ ਹੈ, ਜੋ ਸਹੀ ਅਰਥਾਂ ਵਿੱਚ ਬਾਬਾ ਜੀ ਨੂੰ ਸ਼ਰਧਾਂਜਲੀ ਹੋਵੇਗੀ।ਇਸ ਮੌਕੇ ਡੇਰਾ ਹੰਸਾਲੀ ਸਾਹਿਬ ਦੇ ਸੇਵਾਦਾਰ, ਆਮ ਸੰਗਤ ਵੀ ਮੌਜੂਦ ਸਨ।

# ਰੱਤੋਕੇ ਦੇ ਮੁੰਡੇ ਤੇ ਕੁੜੀਆਂ ਨੇ ਖੋ-ਖੋ 'ਚ ਜਿੱਤਿਆ ਜ਼ੋਨ ਮੁਕਾਬਲਾ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**

ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਵੱਲ ਪ੍ਰੇਰਤ ਕਰਨ ਲਈ ਵੱਖ-ਵੱਖ ਖੇਡਾਂ ਦੇ ਜ਼ੋਨ ਪੱਧਰੀ ਮੁਕਾਬਲੇ ਕਰਾਏ ਜਾ ਰਹੇ ਹਨ। ਇਸੇ ਕੜੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਲ੍ਹਾ ਭਰੀਆਂ ਵਿਖੇ ਖੋ-ਖੋ ਦੇ ਲੌਂਗੋਵਾਲ ਜ਼ੋਨ ਦੇ ਮੁਕਾਬਲੇ ਕਰਾਏ ਗਏ, ਜਿਸ ਵਿੱਚ ਜ਼ੋਨ ਦੇ ਬਹੁਤ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਨੇ ਭਾਗ ਲਿਆ।

ਸਰਕਾਰੀ ਐਲੀਮੈਂਟਰੀ ਸਕੂਲ ਰੱਤੋ ਕੇ ਦੇ ਖਿਡਾਰੀਆਂ ਨੇ ਬੜੇ ਹੀ ਉਤਸ਼ਾਹ ਅਤੇ ਖੁਸ਼ੀ ਨਾਲ ਇਨ੍ਹਾਂ ਖੇਡਾਂ ਵਿੱਚ ਸ਼ਿਰਕਤ ਕੀਤੀ।ਰੱਤੋਕੇ ਸਕੂਲ ਦੀ ਲੜਕੀਆਂ ਤੇ ਲੜਕਿਆਂ ਦੀਆਂ ਟੀਮਾਂ ਨੇ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਅੰਡਰ 14 ਵਰਗ ਵਿੱਚ ਗੋਲਡ ਮੈਡਲ ਜਿੱਤੇ।ਹੁਣ ਇਹ ਟੀਮਾਂ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਵਿੱਚ ਭਾਗ ਲੈਣਗੀਆਂ। ਸਕੂਲ ਪਹੁੰਚਣ 'ਤੇ ਦੋਵੇਂ ਟੀਮਾਂ, ਟੀਮ ਕੋਚ ਅੰਮ੍ਰਿਤਪਾਲ ਸਿੰਘ ਤੇ ਟੀਮ ਇੰਚਾਰਜ ਸੁਖਪਾਲ ਸਿੰਘ ਦਾ ਭਰਵਾਂ ਸਵਾਗਤ ਕੀਤਾ ਗਿਆ।ਟੀਮ ਕੋਚ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਸਾਡੀਆਂ ਦੋਵੇਂ ਟੀਮਾਂ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕਰ ਰਹੀਆਂ ਹਨ ਤੇ ਸਕੂਲ ਵਿੱਚ ਜ਼ਿਲ੍ਹਾ ਪੱਧਰੀ ਖੇਡਾਂ ਲਈ ਕੈਂਪ ਲਾਇਆ ਜਾਵੇਗਾ, ਜਿਸ ਵਿੱਚ ਇਨ੍ਹਾਂ ਖਿਡਾਰੀਆਂ ਦੀ ਖੇਡ ਵਿੱਚ ਹੋਰ ਵੀ ਨਿਖਾਰ ਆਵੇਗਾ।ਇਸ ਮੌਕੇ ਬੋਲਦਿਆਂ ਸਕੂਲ ਵੈਲਫੇਅਰ ਕਮੇਟੀ ਦੇ ਚੇਅਰਮੈਨ ਗਿਆਨ ਸਿੰਘ ਭੁੱਲਰ ਨੇ ਟੀਮ ਕੋਚ ਅੰਮ੍ਰਿਤ ਪਾਲ ਸਿੰਘ, ਟੀਮ ਇੰਚਾਰਜ ਸੁਖਪਾਲ ਸਿੰਘ ਤੇ ਖਿਡਾਰੀਆਂ ਦੀ ਰੱਜ ਕੇ ਪ੍ਰਸੰਸਾ ਕੀਤੀ। ਸਰਪੰਚ ਕੁਲਦੀਪ ਕੌਰ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਬਲਜੀਤ ਸਿੰਘ ਬੱਲੀ ਨੇ ਖੇਡਾਂ ਲਈ ਸਕੂਲ ਨੂੰ ਹਰ ਬਣਦਾ ਸਹਿਯੋਗ ਦੇਣ ਦਾ ਵਾਅਦਾ ਕੀਤਾ।

ਇਸ ਮੌਕੇ ਪਾਲੀ ਧਨੌਲਾ, ਸਾਹਿਬ ਸਿੰਘ, ਹਰਮਿੰਦਰ ਰੂਮੀ, ਧਰਮ ਸਿੰਘ, ਜਗਪਾਲ ਸਾਹੋਕੇ, ਕੁਲਦੀਪ ਕਾਲੀ ਸਕੂਲ ਸਟਾਫ ਵਿੱਚੋਂ ਮੈਡਮ ਕਰਮਜੀਤ ਕੌਰ, ਚਰਨਜੀਤ ਕੌਰ, ਰੇਨੂ ਸਿੰਗਲਾ, ਪ੍ਰਵੀਨ ਕੌਰ, ਸਤਪਾਲ ਕੌਰ, ਰਣਜੀਤ ਕੌਰ ਅਤੇ ਪ੍ਰਦੀਪ ਸਿੰਘ ਹਾਜ਼ਰ ਸਨ।ਇਸ ਮੌਕੇ ਜੂਨੀਅਰ ਟੀਮ ਕੋਚ ਸਾਹਿਲਪ੍ਰੀਤ ਸਿੰਘ ਨੂੰ ਵੀ ਸਨਮਾਨਤ ਕੀਤਾ ਗਿਆ।

# ਕਿੰਡਰ ਗਾਰਟਨ 'ਚ ਤੀਆਂ ਦਾ ਤਿਉਹਾਰ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਿੰਡਰ ਗਾਰਟਨ ਸੀਨੀ. ਸੈਕੰ. ਸਕੂਲ ਨੇ ਸਕੂਲ ਕੈਂਪਸ ਵਿੱਚ ਤੀਆਂ ਦਾ ਤਿਉਹਾਰ ਪੂਰੇ ਸੱਭਿਆਚਾਰਕ ਤਰੀਕੇ ਨਾਲ ਮਨਾਇਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਡਾਇਰੈਕਟਰ ਮੈਡਮ ਸ਼੍ਰੀਮਤੀ ਸਰਬਜੀਤ ਕੌਰ ਨੇ ਕੀਤੀ ਅਤੇ ਤੀਆਂ ਦੇ ਇਸ ਤਿਉਹਾਰ ਦੇ ਪਿਛੋਕੜ ਬਾਰੇ ਕਿਹਾ ਕਿ ਪੰਜਾਬੀ ਤਿਉਹਾਰਾਂ ਵਿੱਚ ਤੀਆਂ ਦਾ ਤਿਉਹਾਰ ਹਰ ਕੁੜੀ ਦੇ ਜੀਵਨ ਵਿੱਚ ਇੱਕ ਖਾਸ ਮਹੱਤਵ ਰੱਖਦਾ ਹੈ, ਕਿਉਂਕਿ ਸਾਉਣ ਦਾ ਮਹੀਨਾ ਉਸਦੇ ਚਾਵਾਂ ਤੇ ਸੱਧਰਾਂ ਪੂਰੀਆਂ ਕਰਦਾ ਹੈ, ਇਸੇ ਲਈ ਹਰ ਧੀ ਨੂੰ ਇਨਾਂ ਦਿਨਾ ਦਾ ਬੇਸਬਰੀ ਨਾਲ ਇੰਤਜ਼ਾਰ ਰਹਿੰਦਾ ਹੈ, ਖਾਸ ਕਰ ਨਵਵਿਆਹੀ ਕੁੜੀ ਲਈ।ਤੀਆਂ ਦੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਛੇਵੀਂ ਤੋਂ ਬਾਰ੍ਹਵੀਂ ਜਮਾਤ ਵਿਦਿਆਰਥਣਾਂ ਨੇ ਪੰਜਾਬੀ ਗਿੱਧਾ ਤੇ ਭੰਗੜਾ ਪੇਸ਼ ਕੀਤਾ।ਇਸ ਤੋਂ ਇਲਾਵਾ ਵਿਦਿਆਰਥਣਾਂ ਨੇ ਪੀਘਾਂ ਝੂਟੀਆਂ ਤੇ ਖੀਰ ਪੂੜੇ ਖਾ ਕੇ ਖੂਬ ਅਨੰਦ ਮਾਣਿਆ।ਵਿਦਿਆਰਥਣਾਂ ਦੇ ਰਵਾਇਤੀ ਪੰਜਾਬੀ ਪਹਿਰਾਵੇ ਪਾਏ ਜਾਣ ਕਾਰਨ ਉਹ ਸਭ ਦੀ ਖਿੱਚ ਦਾ ਕੇਂਦਰ ਬਣੀਆ ਹੋਈਆਂ ਸਨ।

ਛੇਵੀਂ ਤੋਂ ਅੱਠਵੀਂ ਮਿਸ ਤੀਜ ਕੰਨਵੀ ਤੇ ਹਰਸ਼ਪ੍ਰੀਤ ਕੌਰ ਨੂੰ ਚੁਣਿਆ ਗਿਆ ਤੇ ਸਭ ਤੋਂ ਵਧੀਆ ਡਾਂਸ ਵਿਚ ਜਸਮੀਨ ਨੂੰ ਚੁਣਿਆ ਗਿਆ।ਨੌਂਵੀਂ ਤੋਂ ਬਾਰ੍ਹਵੀਂ ਮਿਸ ਤੀਜ ਸੁਖਮਨੀ ਨੂੰ ਤੇ ਸਭ ਤੋਂ ਵਧੀਆ ਡਾਂਸ ਵਿਚ ਗੁਰਮੀਨ ਕੌਰ, ਸਿਮਰਨਪ੍ਰੀਤ ਕੌਰ ਨੂੰ ਚੁਣਿਆ ਗਿਆ।ਅੰਤ ਵਿੱਚ ਸਕੂਲ ਦੇ ਚੇਅਰਮੈਨ ਦਲਜੀਤ ਸਿੰਘ, ਡਾਇਰੈਕਟਰ ਮੈਡਮ ਸ਼੍ਰੀਮਤੀ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਸ਼੍ਰੀਮਤੀ ਰਣਜੋਤ ਕੌਰ ਨੇ ਸਾਰੀਆਂ ਵਿਦਿਆਰਥਣਾਂ ਤੇ ਅਧਿਆਪਕਾਂ ਨੂੰ ਤੀਆਂ ਦੇ ਇਸ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

## ਪੈਟਰੋਲ ਪੰਪ ਦੇ ਸੇਲਜ਼ਮੈਨ ਨੇ ਸਾਥੀ ਨਾਲ ਮਿਲ ਕੇ ਕੀਤੇ 3 ਲੱਖ 20 ਹਜ਼ਾਰ ਚੋਰੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂਹਰਸਾਏ ਵਿਖੇ ਇਕ ਫੀਲਿੰਗ ਸਟੇਸ਼ਨ ਦੇ ਦਫ਼ਤਰ ਵਿਚੋਂ ਬੀਤੇ ਦਿਨ 2 ਵਿਅਕਤੀਆਂ ਵੱਲੋਂ 3 ਲੱਖ 20 ਹਜ਼ਾਰ ਰੁਪਏ ਚੋਰੀ ਕਰ ਲਏ ਸਨ, ਜਿਸ ਦੇ ਸਬੰਧ ਵਿਚ ਥਾਣਾ ਗੁਰੂਹਰਸਹਾਏ ਪੁਲਸ ਨੇ 2 ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕੀਤਾ ਸੀ। ਥਾਣਾ ਗੁਰੂਹਰਸਹਾਏ ਪੁਲਸ ਵੱਲੋਂ ਪੈਟਰੋਲ ਪੰਪ ਤੋਂ ਚੋਰੀ ਦੇ 3 ਲੱਖ 20 ਹਜ਼ਾਰ ਰੁਪਏ 'ਚੋਂ 50 ਹਜ਼ਾਰ ਰੁਪਏ ਬਰਾਮਦ ਕਰਕੇ ਪੁਲਿਸ ਨੇ ਪੈਟਰੋਲ ਪੰਪ 'ਤੇ ਲੱਗੇ ਇਕ ਸੈਲਜਮੈਨ ਅਤੇ ਉਸ ਦੇ ਇਕ ਸਾਥੀ ਖਿਲਾਫ 306, 331 (4) ਬੀਐੱਨਐੱਸ ਤਹਿਤ ਮਾਮਲਾ ਦਰਜ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੋਹਨ ਲਾਲ ਪੁੱਤਰ ਲਛਮਣ ਦਾਸ ਵਾਸੀ ਜੀਵਾ ਅਰਾਈਂ ਨੇ ਦੱਸਿਆ ਕਿ ਉਸ ਨੇ ਦਿਨੇਸ਼ ਕੁਮਾਰ ਪੁੱਤਰ ਦੇਵੀ ਸਰਨ ਵਾਸੀ ਪੂਰੇ ਬਲਾ ਰਾਏ ਗੜ ਤਹਿ. ਕੁੰਡਾ ਜ਼ਿਲ੍ਹਾ ਪ੍ਰਤਾਪਗੜ੍ਹ ਥਾਣਾ ਮਹੇਸ਼ਗੰਜ ਯੂਪੀ ਨੂੰ ਬਤੌਰ ਸੈਲਜਮੈਨ ਰੱਖਿਆ ਹੋਇਆ ਸੀ, ਜਿਸ ਨੇ ਆਪਣੇ ਸਾਥੀ ਗੁਰਮੀਤ ਸਿੰਘ ਉਰਫ ਸੋਨੂੰ ਪੁੱਤਰ ਕਰਤਾਰ ਸਿੰਘ ਵਾਸੀ ਕੁਤਬਗੜ੍ਹ ਭਾਟਾ ਨਾਲ ਮਿਲ ਕੇ ਪੈਟਰੋਲ ਪੰਪ 'ਤੇ ਹੁੰਦੀ ਤੇਲ ਦੀ ਸੇਲ ਕੈਸ਼ 3 ਲੱਖ 20 ਹਜ਼ਾਰ ਰੁਪਏ ਚੋਰੀ ਕਰ ਲਏ।

ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਤਰਲੋਕ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰਕੇ 50 ਹਜ਼ਾਰ ਰੁਪਏ ਬਰਾਮਦ ਕਰ ਲਏ ਗਏ ਹਨ।

# ਸਰਬ ਭਾਰਤ ਨੌਜਵਾਨ ਸਭਾ ਨੇ ਛਾਂਦਾਰ ਤੇ ਫ਼ਲਦਾਰ ਦਰੱਖਤ ਲਾਏ



**ਨਿਹਾਲ ਸਿੰਘ ਵਾਲਾ (ਪੱਤਰ ਪ੍ਰੇਰਕ)**

ਸਰਬ ਭਾਰਤ ਨੌਜਵਾਨ ਸਭਾ ਨੇ ਮੰਡੀ ਨਿਵਾਸੀਆਂ ਦੇ ਸਹਿਯੋਗ ਨਾਲ 200 ਰੁੱਖਾਂ ਦਾ ਜੰਗਲ ਲਾ ਕੇ ਵਾਤਾਵਰਣ ਨੂੰ ਬਚਾਉਣ ਲਈ ਅਹਿਮ ਯੋਗਦਾਨ ਪਾਇਆ। ਇਨ੍ਹਾਂ ਸਾਰੇ ਰੁੱਖਾਂ ਨੂੰ ਉਨ੍ਹਾਂ ਪਾਲਣ ਦਾ ਅਹਿਦ ਵੀ ਕੀਤਾ। ਰੁੱਖ ਲਾਉਣ ਦੀ ਸ਼ੁਰੂਆਤ ਡਾਕਟਰ ਸੁਲੱਕਸ਼ਣਾ ਗਰਗ ਤੇ ਦਰਸ਼ਨਾਂ ਦੇਵੀ ਮਿੱਤਲ ਨੇ ਕੀਤੀ ਅਤੇ ਉਨ੍ਹਾਂ ਨੇ ਸਭਾ ਨੂੰ ਹਰ ਤਰ੍ਹਾਂ ਦਾ ਯੋਗਦਾਨ ਦੇਣ ਦਾ ਵਾਅਦਾ ਵੀ ਕੀਤਾ। ਮੁਹਿੰਮ ਦੀ ਅਗਵਾਈ ਸਭਾ ਦੇ ਸਾਬਕਾ ਜ਼ਿਲ੍ਹਾ ਸਕੱਤਰ ਮੰਗਤ ਰਾਏ ਤੇ ਚਿਰੰਜੀ ਲਾਲ ਨੇ ਕੀਤੀ ਆਉਂਦੇ ਦਿਨਾਂ ਵਿੱਚ ਹੋਰ ਵਧੇਰੇ ਰੁੱਖ ਲਾਉਣ ਦੀ ਤਿਆਰੀ ਚੱਲ ਰਹੀ ਹੈ। ਇਹ ਰੁੱਖ ਸ੍ਰੀ ਗੁਰੂ ਗੋਬਿੰਦ ਸਿੰਘ ਸਟੇਡੀਅਮ ਨਿਹਾਲ ਸਿੰਘ ਵਾਲਾ ਵਿਖੇ ਲਾਏ ਜਾ ਰਹੇ ਹਨ। ਡਾਕਟਰ ਸੁਲੱਖਸ਼ਣਾ ਗਰਗ ਨੇ ਕਿਹਾ ਕਿ ਪੂਰੇ ਭਾਰਤ ਵਿੱਚ ਸੜਕਾਂ ਚੌੜੀਆਂ ਕਰਨ ਦੇ ਨਾਂਅ 'ਤੇ ਕਰੋੜਾਂ ਦੀ ਤਦਾਦ ਵਿੱਚ ਸੈਂਕੜੇ ਸਾਲ ਪੁਰਾਣੇ ਦਰੱਖਤ ਕੱਟੇ ਗਏ, ਪਰ ਉਨ੍ਹਾਂ ਦੀ ਥਾਂ 'ਤੇ ਨਵੇਂ ਦਰੱਖਤ ਲਾਏ ਜਾਣ। ਇਸ ਗੱਲ ਦੀ ਸਰਕਾਰ ਕੋਲ ਕੋਈ ਵਿਉਂਤਬੰਦੀ ਨਹੀਂ।ਸ੍ਰੀਮਤੀ ਦਰਸ਼ਨਾਂ ਦੇਵੀ ਮਿੱਤਲ ਨੇ ਕਿਹਾ ਕਿ ਲੋਕ ਆਪਣੇ ਤੌਰ 'ਤੇ ਜੋ ਦਰੱਖਤ ਲਾਉਣਗੇ, ਉਹ ਆਟੇ ਵਿੱਚ ਲੂਣ ਬਰਾਬਰ ਹਨ। ਦਰੱਖਤਾਂ ਦੀ ਘਾਟ ਤਾਂ ਸਰਕਾਰ ਦੇ ਲਾਇਆ ਹੀ ਪੂਰੀ ਹੋਣੀ ਹੈ ਕਿਉਂਕਿ ਸਰਕਾਰ ਦਾ ਆਪਣਾ ਵਣ ਵਿਭਾਗ ਹੈ, ਜਿੱਥੇ ਉਹਨਾਂ ਕੋਲ ਆਪਣੀਆਂ ਨਰਸਰੀਆਂ ਹਨ, ਤਜਰਬੇਕਾਰ ਸਟਾਫ ਹੈ, ਰਾਖੀ ਲਈ ਵਣ ਗਾਰਡ ਹਨ, ਜਿੱਥੇ ਕਿਤੇ ਪੋਸਟਾਂ ਖਾਲੀ ਹ, ਸਰਕਾਰ ਉਹਨਾਂ ਨੂੰ ਪੱਕੀ ਭਰਤੀ ਰਾਹੀਂ ਭਰੇ ਤਾਂ ਕਿਤੇ ਜਾ ਕੇ ਦਰੱਖਤਾਂ ਦੀ ਕਮੀ ਪੂਰੀ ਹੋਣੀ ਹੈ।

ਸਭਾ ਦੇ ਸਾਬਕਾ ਜ਼ਿਲ੍ਹਾ ਸਕੱਤਰ ਮੰਗਤ ਰਾਏ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ ਸਾਇੰਸ ਨੇ ਏਨੀ ਤਰੱਕੀ ਕਰ ਲਈ ਹੈ ਕਿ ਪੁਰਾਣੇ ਤੋਂ ਪੁਰਾਣੇ ਦਰੱਖਤਾਂ ਨੂੰ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ ਟਰਾਂਸਪਲਾਂਟ ਕਰ ਸਕਦੇ ਹਾਂ, ਪਰ ਸਾਡੀਆਂ ਸਰਕਾਰਾਂ ਦਾ ਇਸ ਵੱਲ ਕੋਈ ਵੀ ਧਿਆਨ ਨਹੀਂ।

## ਲੁਟੇਰੇ 20 ਹਜ਼ਾਰ ਰੁਪਏ ਤੇ ਮੋਟਰਸਾਈਕਲ ਖੋਹ ਕੇ ਫਰਾਰ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਭੂਰੇ ਕਲਾਂ ਵਿਖੇ ਲੁਟੇਰਿਆਂ ਵੱਲੋਂ ਇਕ ਨੌਜਵਾਨ 'ਤੇ ਕਾਪੇ ਦਾ ਵਾਰ ਕਰਕੇ 20 ਹਜ਼ਾਰ ਰੁਪਏ ਤੇ ਮੋਟਰਸਾਈਕਲ ਖੋਹ ਕੇ ਫਰਾਰ ਹੋ ਗਏ। ਇਸ ਸਬੰਧ ਵਿੱਚ ਥਾਣਾ ਮਮਦੋਟ ਪੁਲਸ ਨੇ 6 ਅਣਪਛਾਤੇ ਵਿਅਕਤੀਆਂ ਖਿਲਾਫ਼ 310 (2), 309 (6) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਰਵਿੰਦਰ ਸਿੰਘ ਪੁੱਤਰ ਹਰਜੀਤ ਸਿੰਘ ਵਾਸੀ ਸਿਕਰੀ ਬਾਜ਼ਾਰ ਬਗਦਾਦੀ ਗੇਟ ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਆਪਣੀ ਦੁਕਾਨ 'ਤੇ ਕੰਮ ਕਰਨ ਵਾਲੇ ਮੁੰਡੇ ਦੇ ਪਿੰਡ ਕਰੀ ਕਲਾਂ ਸੀਸੀਟੀਵੀ ਕੈਮਰੇ ਲਾਉਣ ਤੋਂ ਬਾਅਦ ਆਪਣੇ ਘਰ ਜਾ ਰਿਹਾ ਸੀ, ਜਦ ਉਹ ਪਿੰਡ ਭੂਰੇ ਕਲਾਂ ਪਾਸ ਪੁੱਜਾ ਤਾਂ ਪਿਛੋਂ 2 ਮੋਟਰਸਾਈਕਲਾਂ 'ਤੇ 6 ਅਣਪਛਾਤੇ ਵਿਅਕਤੀ ਆਏ, ਜਿਨ੍ਹਾਂ ਵਿਚੋਂ ਇਕ ਨੇ ਕਾਪੇ ਦਾ ਵਾਰ ਕੀਤਾ, ਜਿਸ ਕਰਕੇ ਉਹ ਮੋਟਰਸਾਈਕਲ ਤੋਂ ਡਿੱਗ ਪਿਆ ਤਾਂ ਦੋਸ਼ੀਅਨ 20 ਹਜ਼ਾਰ ਰੁਪਏ ਤੇ ਉਸ ਦਾ ਮੋਟਰਸਾਈਕਲ ਡੀਲੈਕਸ, ਜ਼ਰੂਰੀ ਕਾਗ਼ਜ਼ਾਤ ਤੇ ਹੋਰ ਕੀਮਤੀ ਸਮਾਨ ਖੋਹ ਕੇ ਲੈ ਗਏ। ਰਵਿੰਦਰ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਇਕ ਨਿੱਜੀ ਹਸਪਤਾਲ ਵਿਚ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਅਮਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਨੇ 6 ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਨਿਊ ਲਾਈਫ਼ ਡਾਇਟ ਸੈਂਟਰ ਨੇ ਮਨਾਇਆ ਤੀਆਂ ਦਾ ਤਿਉਹਾਰ

**ਸਮਰਾਲਾ (ਸੁਰਜੀਤ ਸਿੰਘ)**-ਨਿਊ ਲਾਈਫ ਡਾਇਟ ਸੈਂਟਰ ਵੱਲੋਂ ਸਥਾਨਕ ਸੰਘੂ ਬੈਂਕਟ ਹਾਲ ਖੰਨਾ ਰੋਡ ਵਿੱਚ ਤੀਆਂ ਦਾ ਤਿਉਹਾਰ ਮਨਾਇਆ ਗਿਆ, ਜਿੱਥੇ ਪੰਜਾਬ ਦੇ ਸੱਭਿਆਚਾਰ ਦੀਆਂ ਵੰਨ-ਸੁਵੰਨੀਆਂ ਵੰਨਗੀਆਂ ਦੇਖਣ ਨੂੰ ਮਿਲੀਆਂ।ਸਜ ਧਜ ਕੇ ਆਈਆਂ ਮੁਟਿਆਰਾਂ ਨੇ ਮੇਲੇ ਨੂੰ ਚਾਰ ਚੰਨ ਲਾ ਦਿੱਤੇ।ਮੁਟਿਆਰਾਂ ਵੱਲੋਂ ਪੇਸ਼ ਕੀਤੇ ਵੱਖ-ਵੱਖ ਪ੍ਰੋਗਰਾਮ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਰਹੇ।ਇਸ ਪ੍ਰੋਗਰਾਮ ਦੀ ਪ੍ਰਬੰਧਕ ਨਿਊ ਲਾਈਫ ਡਾਇਟ ਸੈਂਟਰ ਅਮਨਦੀਪ ਕੌਰ, ਜੋ ਔਰਤਾਂ ਨੂੰ ਯੋਗਾ ਦੀ ਸਿਖਲਾਈ ਵੀ ਦਿੰਦੇ ਹਨ, ਨੇ ਕਿਹਾ ਕਿ ਸਾਨੂੰ ਇਹੋ ਜਿਹੇ ਤਿਉਹਾਰ ਰਲ-ਮਿਲ ਕੇ ਮਨਾਉਣੇ ਚਾਹੀਦੇ ਹਨ।ਅਜਿਹੇ ਤਿਉਹਾਰ ਸਮਾਜ ਵਿਚ ਮਜ਼ਬੂਤ ਭਾਈਚਾਰਕ ਸਾਂਝ ਦਾ ਸੰਦੇਸ਼ ਦਿੰਦੇ ਹਨ।ਤੀਜ ਮੇਲੇ ਵਿੱਚ ਇਕੱਤਰ ਹੋਈਆਂ ਮੁਟਿਆਰਾਂ ਵਲੋਂ ਲੋਕ ਗੀਤ, ਗਿੱਧਾ ਤੇ ਲੋਕ ਬੋਲੀਆਂ ਪੇਸ਼ ਕੀਤੀਆਂ ਗਈਆਂ।

ਪ੍ਰਤੀਯੋਗੀਆਂ ਵਲੋਂ ਲੁੱਡੋ, ਤੰਬੋਲਾ ਅਤੇ ਪਾਸਿੰਗ ਪਿੱਲੋ ਵਰਗਿਆਂ ਗੇਮਾਂ ਵੀ ਖੇਡੀਆਂ ਗਈਆਂ।ਇਸ ਦੌਰਾਨ ਰਿਚਾ ਦੁਆ ਨੇ ਸਾਰਿਆਂ ਨੂੰ ਤੀਜ ਦੇ ਤਿਉਹਾਰ ਦੀ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਤੀਆਂ ਦਾ ਤਿਉਹਾਰ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਵਾਲਾ ਮੌਕਾ ਹੈ, ਜੋ ਸਾਨੂੰ ਅਮੀਰ ਪੰਜਾਬੀ ਵਿਰਸੇ ਨਾਲ ਜੋੜਦਾ ਹੈ।ਇਸ ਮੌਕੇ ਵੱਖ-ਵੱਖ ਮੁਕਾਬਲੇ ਕਰਾਏ ਗਏ, ਜਿਸ ਵਿੱਚ ਮਿਸ ਤੀਜ ਦਾ ਖਿਤਾਬ ਮਨਦੀਪ ਕੌਰ ਅਤੇ ਮਿਸ ਪੰਜਾਬਣ ਅਮਨਪ੍ਰੀਤ ਕੌਰ ਨੂੰ ਦਿੱਤਾ ਗਿਆ।ਇਸ ਮੌਕੇ ਹਾਜ਼ਰ ਅਮਨਦੀਪ ਕੌਰ ਡਾਇਟ ਪਲਾਨਰ ਤੇ ਐਕਸਰਸਾਈਜ਼ ਟਰੇਨਰ, ਰਿਚਾ ਦੂਆ, ਰੇਣੂ ਗੰਭੀਰ, ਰਾਖੀ ਗਰੋਵਰ, ਕਮਲ ਸਿੱਧੂ, ਕਮਲਜੀਤ ਕੌਰ, ਸੁਖਬੀਰ ਕੌਰ, ਜਸ ਤੂਰ, ਕੀਰਤੀ ਸ਼ੁਕਲਾ, ਸ਼ਿਵਾਨੀ ਅਗਰਵਾਲ, ਗੀਟਾ, ਗਗਨ ਸਿੱਧੂ, ਹਰਮੀਤ ਕੌਰ, ਵਰਿੰਦਰ ਕੌਰ, ਡਿੰਪਲ ਭੰਗੂ, ਜਸਪ੍ਰੀਤ ਕੌਰ, ਮਨਦੀਪ ਕੌਰ, ਪੂਨਮ ਸ਼ੇਡਾ, ਮਾਨਸੀ ਮਰਵਾਹਾ,ਪਰਮਿੰਦਰ, ਸਤਵੀਰ ਕੌਰ, ਸਰਿਤਾ ਵਰਮਾ, ਮਿਸ ਮਨਦੀਪ ਕੌਰ ਮਿਸ ਪੰਜਾਬਣ ਅਮਨਪ੍ਰੀਤ ਕੌਰ ਹਾਜ਼ਰ ਸਨ।

# ਆਰਮੀ ਦੇ ਜਵਾਨ ਦਾ ਝਪਟ ਮਾਰ ਕੇ ਮੋਬਾਇਲ ਖੋਹਿਆ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੋਰਟ ਕੰਪਲੈਕਸ ਝੋਕ ਰੋਡ ਵਿਖੇ ਇਕ ਆਰਮੀ ਨੌਜਵਾਨ ਦਾ ਝਪਟਮਾਰਾਂ ਵੱਲੋਂ ਝਪਟ ਮਾਰ ਕੇ ਮੋਬਾਇਲ ਫੋਨ ਖੋਹਣ ਦੀ ਸੂਚਨਾ ਮਿਲੀ ਹੈ। ਇਸ ਸਬੰਧ ਵਿੱਚ ਥਾਣਾ ਕੈਂਟ ਫਿਰੋਜ਼ਪੁਰ ਪੁਲਿਸ ਨੇ 3 ਅਣਪਛਾਤੇ ਵਿਅਕਤੀਆਂ ਖਿਲਾਫ 304 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਨਾਇਕ ਅਸ਼ੀਸ਼ ਕੁਮਾਰ ਵਰਮਾ ਆਰਮੀ ਨੰਬਰ 15440137/ਪੀ ਪੁੱਤਰ ਰਾਮ ਅਵਤਾਰ ਵਰਮਾ ਹਾਲ ਵਾਸੀ ਅਬਦੁਲ ਹਮੀਦ ਇਨਕਲੇਵ ਆਰਮੀ ਕੁਆਰਟਰ ਨੰਬਰ 39/1 ਕੈਂਟ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ 159 ਜਨਰਲ ਹਸਪਤਾਲ (ਆਰਮੀ ਹਸਪਤਾਲ) ਡਿਊਟੀ 'ਤੇ ਜਾ ਰਿਹਾ ਸੀ ਤਾਂ ਉਸ ਨੂੰ ਫੋਨ ਆਉਣ ਤੇ ਆਪਣਾ ਸਾਈਕਲ ਰੋਕ ਕੇ ਫੋਨ ਸੁਨਣ ਲੱਗਾ ਤਾਂ 3 ਮੋਨੇ ਅਣਪਛਾਤੇ ਨੌਜਵਾਨ ਆਏ, ਜਿਨ੍ਹਾਂ ਨੇ ਝਪਟਮਾਰ ਕੇ ਉਸ ਦਾ ਮੋਬਾਇਲ ਫੋਨ ਮਟਰੋਲਾ ਟੱਚ ਸਕਰੀਨ ਖੋਹ ਕੇ ਫਰਾਰ ਹੋ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਭਗੌੜੀ ਔਰਤ ਨੂੰ ਪੀ ਓ ਸਟਾਫ਼ ਨੇ ਕੀਤਾ ਕਾਬੂ



**ਜਲਾਲਾਬਾਦ (ਜੀਤ ਕੁਮਾਰ)**-ਜ਼ਿਲ੍ਹਾ ਫ਼ਾਜ਼ਿਲਕਾ ਦੇ ਐਸ.ਐਸ.ਪੀ. ਵਰਿੰਦਰ ਸਿੰਘ ਬਰਾੜ, ਐਸ.ਪੀ. (ਡੀ) ਪ੍ਰਦੀਪ ਸਿੰਘ ਸੰਧੂ ਤੇ ਡੀ.ਐਸ.ਪੀ. (ਡੀ) ਰਛਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀ.ਓ.ਸਟਾਫ਼ ਦੀ ਪੁਲਸ ਵੱਲੋਂ ਐਨ.ਡੀ.ਪੀ.ਐਸ. ਐਕਟ ਤਹਿਤ ਨਾਮਜਦ ਇਕ ਭਗੌੜੀ ਔਰਤ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੀ.ਓ. ਸਟਾਫ ਦੇ ਇੰਚਾਰਜ਼ ਏ.ਐਸ.ਆਈ. ਰਤਨ ਲਾਲ ਨੇ ਦੱਸਿਆ ਕਿ ਥਾਣਾ ਅਰਨੀਵਾਲਾ ਵਿਖੇ ਮੁਕੱਦਮਾ ਨੰਬਰ 19 ਮਿਤੀ 13-3-2020 ਨੂੰ ਧਾਰਾ 22,29/61/85 ਐਨ.ਡੀ.ਪੀ.ਐਸ. ਐਕਟ ਤਹਿਤ ਜੋਤੀ ਪਤਨੀ ਵਕੀਲ ਸਿੰਘ ਉਰਫ ਬੱਗੀ ਨਿਵਾਸੀ ਧੀਪਾਨ ਵਾਲੀ ਦੇ ਖਿਲਾਫ ਦਰਜ ਹੋਇਆ ਸੀ। ਇਸ ਨਾਮਜ਼ਦ ਔਰਤ ਨੂੰ ਮਾਨਯੋਗ ਅਦਾਲਤ ਵੱਲੋਂ ਪੀ.ਓ. 299ਸੀ.ਆਰ.ਪੀ.ਸੀ. ਤਹਿਤ ਮਿਤੀ 19-07-2024 ਨੂੰ ਭਗੌੜਾ ਘੋਸ਼ਿਤ ਕੀਤਾ ਗਿਆ ਸੀ, ਜਿਸ ਨੂੰ ਪੀ.ਓ. ਸਟਾਫ਼ ਫ਼ਾਜ਼ਿਲਕਾ ਵੱਲੋਂ ਕਾਬੂ ਕਰਨ ਉਪਰੰਤ ਅਗਲੀ ਕਾਰਵਾਈ ਲਈ ਥਾਣਾ ਅਰਨੀਵਾਲਾ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ। ਇਸ ਮੌਕੇ ਏ.ਐਸ.ਆਈ. ਰਤਨ ਲਾਲ, ਏ.ਐਸ.ਆਈ. ਸਵਰਨ ਸਿੰਘ, ਏ.ਐਸ.ਆਈ. ਰਮੇਸ਼ ਕੁਮਾਰ, ਐਚ.ਸੀ. ਜਰਨੈਲ ਸਿੰਘ, ਐਚਸੀ ਪ੍ਰੇਮ ਸਿੰਘ ਤੇ ਸੁਨੀਤਾ ਰਾਣੀ ਹਾਜ਼ਰ ਸਨ।

# ਦਰਜਾ ਚਾਰ ਮੁਲਾਜ਼ਮਾਂ ਵੱਲੋਂ ਮੰਗਾਂ ਦੀ ਪ੍ਰਾਪਤੀ ਲਈ ਭੁੱਖ ਹੜਤਾਲ ਦਾ ਐਲਾਨ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ ਯੂਨੀਅਨ ਜ਼ਿਲ੍ਹਾ ਫ਼ਰੀਦਕੋਟ ਦੀ ਮੀਟਿੰਗ ਜ਼ਿਲ੍ਹਾ ਚੇਅਰਮੈਨ ਨਛੱਤਰ ਸਿੰਘ ਭਾਣਾ ਤੇ ਜ਼ਿਲ੍ਹਾ ਪ੍ਰਧਾਨ ਇਕਬਾਲ ਸਿੰਘ ਢੁੱਡੀ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਪਾਰਕ ਵਿੱਚ ਕੀਤੀ ਗਈ।ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ ਤੇ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਮੀਟਿੰਗ ਵਿਚ ਪੰਜਾਬ ਦੀ ਸੂਬਾ ਕਮੇਟੀ ਦੇ ਫ਼ੈਸਲੇ ਨੂੰ ਲਾਗੂ ਕਰਦੇ ਹੋਏ 14 ਤੇ 15 ਅਗਸਤ ਨੂੰ ਡਿਪਟੀ ਕਮਿਸ਼ਨਰ ਦੇ ਦਫਤਰ ਮਿੰਨੀ ਸਕੱਤਰੇਤ ਦੇ ਸਾਹਮਣੇ ਨੇੜੇ ਤਹਿਸੀਲਦਾਰ ਦਫ਼ਤਰ ਵਿਖੇ 24 ਘੰਟੇ ਦੀ ਭੁੱਖ ਹੜਤਾਲ ਕਰਨ ਦਾ ਫੈਸਲਾ ਲਿਆ ਗਿਆ।ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਦਰਜਾ ਚਾਰ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਨੂੰ ਪ੍ਰਵਾਨ ਕਰਕੇ ਲਾਗੂ ਕਰਨ ਦੀ ਬਜਾਏ ਟਾਲਮਟੋਲ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਆਊਟਸੋਰਸ ਮੁਲਾਜ਼ਮਾਂ ਦੀਆਂ ਦਰਾਂ ਸਬੰਧੀ ਪਿਛਲੇ ਦਿਨੀਂ ਜੋ ਡੀ ਸੀ ਰੇਟ ਵਿੱਚ ਵਾਧਾ ਕੀਤਾ ਗਿਆ ਹੈ, ਇਹ ਨਿਗੂਣਾ ਹੈ।ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਡੀ ਸੀ ਰੇਟ ਵਿੱਚ ਯੋਗ ਵਾਧਾ ਕੀਤਾ ਜਾਵੇ। ਮੀਟਿੰਗ ਦੌਰਾਨ ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ ਵਿੱਚ ਕੰਮ ਕਰਦੇ ਚਾਰ ਕੱਚੇ ਦਰਜਾ ਚਾਰ ਕ੍ਰਮਚਾਰੀਆਂ ਨੂੰ ਕੁੱਝ ਕਾਰਨਾਂ ਕਰਕੇ ਫਾਰਗ ਕਰ ਦੇਣ ਦੇ ਮਸਲੇ ਦਾ ਗੱਲਬਾਤ ਰਾਹੀਂ ਨਿਪਟਾਰਾ ਕਰਵਾ ਦਿੱਤਾ ਗਿਆ ਅਤੇ ਮੁੜ ਉਨ੍ਹਾਂ ਚਾਰ ਕੱਚੇ ਕਲਾਸ ਫ਼ੋਰ ਕ੍ਰਮਚਾਰੀਆਂ ਨੂੰ ਡਿਊਟੀ ਤੇ ਲੈਣ ਲਈ ਪ੍ਰਿੰਸੀਪਲ ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ ਦੇ ਪ੍ਰਿੰਸੀਪਲ ਮਨਜੀਤ ਸਿੰਘ ਮੱਕੜ ਵੱਲੋਂ ਅਪਣਾਏ ਗਏ ਹਾਂ ਪੱਖੀ ਰਵਈਏ ਕਰਕੇ ਧੰਨਵਾਦ ਕੀਤਾ ਗਿਆ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਰੇਸ਼ਮ ਸਿੰਘ ਬਲਾਕ ਪ੍ਰਧਾਨ, ਕੁਲਬੀਰ ਸਿੰਘ ਸਰਾਵਾਂ ਪਸ਼ੂ ਪਾਲਣ ਵਿਭਾਗ, ਸ਼ਿਵ ਨਾਥ ਦਰਦੀ ਮੈਡੀਕਲ ਕਾਲਜ ਤੇ ਰਣਜੀਤ ਸਿੰਘ ਸਿਹਤ ਵਿਭਾਗ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

12-AUG-PAGE-3.qxd 8/11/2024 8:44 PM Page 1





ਨਵਾਂ ਜ਼ਮਾਨਾ
ਸੋਮਵਾਰ, 12 ਅਗਸਤ 2024

# ਬੰਗਲਾਦੇਸ਼ ਤੋਂ ਸਿੱਖਣ ਦੀ ਲੋੜ

*17 ਮਹੀਨੇ ਜੇਲ੍ਹ ਦੀ ਚਾਰਦੀਵਾਰੀ ਵਿੱਚ ਬੰਦ ਰਹਿਣ ਤੋਂ ਬਾਅਦ ਆਖਰ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਖੁੱਲ੍ਹੀ ਹਵਾ ਵਿੱਚ ਸਾਹ ਲੈ ਸਕਣਗੇ। ਮਨੀਸ਼ ਸਿਸੋਦੀਆ ਨੂੰ ਜ਼ਮਾਨਤ ਦੇਣ ਸਮੇਂ ਸੁਪਰੀਮ ਕੋਰਟ ਨੇ ਇਹ ਵੀ ਸੁਨੇਹਾ ਦਿੱਤਾ ਹੈ ਕਿ ਕਿਸੇ ਨੂੰ ਲੰਮੇ ਸਮੇਂ ਤੱਕ ਜੇਲ੍ਹ ਵਿੱਚ ਨਹੀਂ ਰੱਖਿਆ ਜਾ ਸਕਦਾ। ਉਸ ਨੇ ਈ ਡੀ ਦੀ ਲੱਚਰ ਕਾਰਵਾਈ ਉੱਤੇ ਉਸ ਨੂੰ ਫਟਕਾਰਾਂ ਪਾਈਆਂ। ਅਦਾਲਤ ਨੇ ਹੇਠਲੀਆਂ ਅਦਾਲਤਾਂ ਉੱਤੇ ਵੀ ਨਰਾਜ਼ਗੀ ਜ਼ਾਹਰ ਕੀਤੀ, ਜਿਨ੍ਹਾਂ ਸਿਸੋਦੀਆ ਨੂੰ ਅਦਾਲਤੀ ਚੱਕਰ ਵਿੱਚ ਪਾਈ ਰੱਖਿਆ।*

*ਸਵਾਲ ਇਹ ਹੈ ਕਿ ਸਿਖਰਲੀ ਅਦਾਲਤ ਦੀਆਂ ਟਿੱਪਣੀਆਂ, ਫਟਕਾਰਾਂ ਤੇ ਨਰਾਜ਼ਗੀਆਂ ਤੋਂ ਬਾਅਦ ਕੀ ਹਾਲਤ ਵਿੱਚ ਕੋਈ ਸੁਧਾਰ ਹੋ ਜਾਵੇਗਾ। ਕੀ ਈ ਡੀ ਤੇ ਸੀ ਬੀ ਆਈ ਦੇ ਅਧਿਕਾਰੀ ਸੰਵਿਧਾਨ ਦੀ ਸਹੁੰ ਚੁੱਕ ਕੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾ ਸਕਣਗੇ। ਕੀ ਹੇਠਲੀਆਂ ਅਦਾਲਤਾਂ ਬਿਨਾਂ ਸਿਆਸੀ ਦਬਾਅ ਦੇ ਫ਼ੈਸਲੇ ਸੁਣਾ ਸਕਣਗੀਆਂ। ਇਸ ਦਾ ਜਵਾਬ ਹੈ ਬਿਲਕੁਲ ਨਹੀਂ। ਈ ਡੀ, ਸੀ ਬੀ ਆਈ ਦੇ ਅਧਿਕਾਰੀ ਸੱਤਾ ਦੇ ਵਿਰੋਧੀਆਂ ਨੂੰ ਲੰਮੇ ਸਮੇਂ ਤੱਕ ਜੇਲ੍ਹ ਵਿੱਚ ਬੰਦ ਰੱਖਣ ਲਈ ਨਵੀਂਆਂ ਤਰਕੀਬਾਂ ਲੱਭਦੇ ਰਹਿਣਗੇ ਤੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਭੇਜਦੇ ਰਹਿਣਗੇ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਮਾਮਲੇ ਵਿੱਚ ਇਹ ਸਾਹਮਣੇ ਆ ਚੁੱਕਾ ਹੈ। ਈ ਡੀ ਵੱਲੋਂ ਦਰਜ ਕੇਸ ਵਿੱਚ ਸੁਪਰੀਮ ਕੋਰਟ ਜਦੋਂ ਕੇਜਰੀਵਾਲ ਦੀ ਜ਼ਮਾਨਤ ਦਾ ਫੈਸਲਾ ਸੁਣਾਉਣ ਵਾਲੀ ਸੀ ਤੇ ਪੱਕਾ ਲੱਗ ਰਿਹਾ ਸੀ ਕਿ ਉਨ੍ਹਾ ਨੂੰ ਜ਼ਮਾਨਤ ਮਿਲ ਜਾਵੇਗੀ, ਐਨ ਉਸੇ ਸਮੇਂ ਕੇਜਰੀਵਾਲ ਵਿਰੁੱਧ ਸੀ ਬੀ ਆਈ ਨੇ ਕੇਸ ਦਰਜ ਕਰ ਲਿਆ। ਅਰਵਿੰਦ ਕੇਜਰੀਵਾਲ ਨੂੰ ਸੁਪਰੀਮ ਕੋਰਟ ਨੇ ਈ ਡੀ ਕੇਸ ਵਿੱਚ ਜ਼ਮਾਨਤ ਦੇ ਦਿੱਤੀ ਸੀ, ਪਰ ਸੀ ਬੀ ਆਈ ਦੇ ਕੇਸ ਵਿੱਚ ਉਹ ਜੇਲ੍ਹਬੰਦ ਹਨ।*

*ਹੇਠਲੀਆਂ ਅਦਾਲਤਾਂ ਕਿੱਦਾਂ ਫੈਸਲੇ ਕਰਦੀਆਂ ਹਨ, ਇਸ ਦੀ ਵੰਨਗੀ ਅਸੀਂ ਰਾਹੁਲ ਗਾਂਧੀ ਵਿਰੁੱਧ ਮਾਣਹਾਨੀ ਕੇਸ ਵਿੱਚ ਗੁਜਰਾਤ ਦੀ ਇੱਕ ਅਦਾਲਤ ਵੱਲੋਂ ਝਟਾਪੱਟ ਦੋ ਸਾਲ ਦੀ ਸਜ਼ਾ ਸੁਣਾਏ ਜਾਣ ਦੇ ਫੈਸਲੇ ਤੋਂ ਦੇਖ ਸਕਦੇ ਹਾਂ। ਇਸ ਸਜ਼ਾ ਕਾਰਨ ਰਾਹੁਲ ਗਾਂਧੀ ਦੀ ਸਾਂਸਦੀ ਖ਼ਤਮ ਹੋ ਗਈ ਸੀ। ਗੁਜਰਾਤ ਹਾਈ ਕੋਰਟ ਨੇ ਵੀ ਇਹ ਫੈਸਲਾ ਬਰਕਰਾਰ ਰੱਖਿਆ, ਪਰ ਸੁਪਰੀਮ ਕੋਰਟ ਨੇ ਇਸ ਉੱਤੇ ਸਟੇਅ ਦੇ ਦਿੱਤਾ ਸੀ।*

*ਅਸਲ ਵਿੱਚ ਮੋਦੀ ਰਾਜ ਦੇ 10 ਸਾਲਾ ਰਾਜ ਦੌਰਾਨ ਦੇਸ਼ ਅੰਦਰ ਅਜਿਹਾ ਕਾਰਜਕਾਰੀ ਢਾਂਚਾ ਵਿਕਸਤ ਹੋ ਚੁੱਕਾ ਹੈ, ਜਿਸ ਨੂੰ ਨਾ ਸੰਵਿਧਾਨ ਦੀ ਕੋਈ ਪਰਵਾਹ ਹੈ ਤੇ ਨਾ ਕਾਨੂੰਨ ਦੀ। ਇਨ੍ਹਾਂ ਦਸ ਸਾਲਾਂ ਵਿੱਚ ਪੂਰਾ ਤੰਤਰ ਲੋਕਤੰਤਰ ਵਿਰੋਧੀ ਹੋ ਚੁੱਕਾ ਹੈ। ਇਹ ਤੰਤਰ ਸਰਕਾਰ ਦੀ ਜ਼ਿੰਮੇਵਾਰੀ ਤੈਅ ਕਰਨ ਦੀ ਥਾਂ ਨਾਗਰਿਕ ਦੀ ਜ਼ਿੰਮੇਵਾਰੀ ਤੈਅ ਕਰ ਰਿਹਾ ਹੈ। ਸੱਤਾ ਨੂੰ ਨਕੇਲ ਪਾਉਣ ਦੀ ਥਾਂ ਨਾਗਰਿਕਾਂ ਨੂੰ ਨਕੇਲ ਪਾ ਰਿਹਾ ਹੈ। ਸੱਤਾ ਦਾ ਤਾਂ ਸੁਭਾਅ ਹੀ ਇਹ ਹੈ ਕਿ ਉਹ ਮਨੁੱਖੀ ਅਧਿਕਾਰਾਂ ਨੂੰ ਕੁਚਲਣਾ ਆਪਣਾ ਹੱਕ ਸਮਝਦੀ ਹੈ ਪਰ ਤਾਨਾਸ਼ਾਹੀ ਦੌਰ ਵਿੱਚ ਸੱਤਾ ਦੀ ਕਰੂਰਤਾ ਸਭ ਹੱਦਾਂ-ਬੰਨੇ ਟੱਪ ਜਾਂਦੀ ਹੈ। ਇਸ ਲਈ ਹਾਲਤ ਵਿੱਚ ਕੋਈ ਸਿਫ਼ਤੀ ਤਬਦੀਲੀ ਆ ਜਾਵੇਗੀ, ਇਸ ਦੀ ਆਸ ਰੱਖਣੀ ਨਿਰਾਰਥਕ ਹੈ।*

*ਇਸ ਪੂਰੇ ਤੰਤਰ ਵਿੱਚ ਬੁਨਿਆਦੀ ਤਬਦੀਲੀਆਂ ਕਰਕੇ ਇਸ ਨੂੰ ਮੁੜ ਜਥੇਬੰਦ ਕਰਨਾ ਪਵੇਗਾ। ਤਦ ਹੀ ਸੁਧਾਰ ਹੋ ਸਕਦਾ ਹੈ, ਨਹੀਂ ਤਾਂ ਸਭ ਕੁਝ ਇਸੇ ਤਰ੍ਹਾਂ ਹੀ ਚਲਦਾ ਰਹੇਗਾ। ਕਦੇ-ਕਦੇ ਸੁਪਰੀਮ ਕੋਰਟ ਕੋਈ ਟਿੱਪਣੀ ਕਰਕੇ ਆਪਣੀ ਜ਼ਿੰਮੇਵਾਰੀ ਨਿਭਾਅ ਦਿਆ ਕਰੇਗੀ।*

*ਸਾਡੀ ਕਾਰਜਪਾਲਿਕਾ, ਨਿਆਂਪਾਲਿਕਾ ਤੇ ਸੰਵਿਧਾਨਕ ਸੰਸਥਾਵਾਂ ਦੇ ਅਧਿਕਾਰੀਆਂ ਨੂੰ ਬੰਗਲਾਦੇਸ਼ ਦੀਆਂ ਘਟਨਾਵਾਂ ਤੋਂ ਸਬਕ ਸਿੱਖਣਾ ਚਾਹੀਦਾ ਹੈ। ਉਸ ਦੇਸ਼ ਦੇ ਜਿਨ੍ਹਾਂ ਅਧਿਕਾਰੀਆਂ ਤੇ ਮੁਲਾਜ਼ਮਾਂ ਨੇ ਲੋਕਾਂ ਨਾਲ ਜ਼ੁਲਮ ਕੀਤਾ ਸੀ, ਅੱਜ ਉਹ ਜਾਨ ਲੁਕੋਂਦੇ ਫਿਰਦੇ ਹਨ। ਸਾਰੇ ਦੇਸ਼ ਵਿੱਚ ਪੁਲਸ ਮਹਿਕਮੇ ਦੇ ਮੁਲਾਜ਼ਮ ਗਾਇਬ ਹੋ ਚੁੱਕੇ ਹਨ। ਇੱਥੋਂ ਤੱਕ ਕਿ ਟ੍ਰੈਫਿਕ ਨੂੰ ਵੀ ਵਿਦਿਆਰਥੀ ਕੰਟਰੋਲ ਕਰ ਰਹੇ ਹਨ। ਲੋਕਾਂ ਦੀ ਘੇਰਾਬੰਦੀ ਤੋਂ ਬਾਅਦ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਸਮੇਤ 6 ਜੱਜਾਂ ਨੂੰ ਅਸਤੀਫ਼ਾ ਦੇਣਾ ਪਿਆ ਹੈ, ਕਿਉਂਕਿ ਪਿਛਲੇ 10 ਦਸ ਸਾਲਾਂ ਦੌਰਾਨ ਉਹ ਸੱਤਾਧਾਰੀਆਂ ਦੀ ਹਾਂ ਵਿੱਚ ਹਾਂ ਮਿਲਾਉਂਦੇ ਰਹੇ ਸਨ।*

**-ਚੰਦ ਫਤਿਹਪੁਰੀ**

# ਜਾਤੀ ਜਨਗਣਨਾ ਕਰਵਾਉਣੀ ਜ਼ਰੂਰੀ

ਅੱਜਕੱਲ੍ਹ ਅਖਬਾਰਾਂ ਵਿੱਚ ਚਰਚਾ ਚੱਲ ਰਹੀ ਹੈ ਕਿ ਜਾਤੀ ਜਣਗਣਨਾ ਦੇਸ਼ ਵਿੱਚ ਹੋਣੀ ਚਾਹੀਦੀ ਹੈ ਜਾਂ ਨਹੀ। ਬਹੁਤੀਆਂ ਸਿਆਸੀ ਪਾਰਟੀਆਂ ਜਾਤੀ ਜਣਗਣਨਾ ਦੇ ਹੱਕ ਵਿੱਚ ਜਾਪਦੀਆਂ ਹਨ। ਆਮ ਵਿਚਾਰ ਹੈ ਕਿ ਜਦੋਂ ਅਨੁਸੂਚਿਤ ਜਾਤੀ, ਜਨਜਾਤੀ ਅਤੇ ਪੱਛੜੇ ਵਰਗ ਦਾ ਦਰਜਾ ਪਾਉਣ ਲਈ ਜਾਤੀ ਦਾ ਦੱਸਣਾ ਜਰੂਰੀ ਹੁੰਦਾ ਹੈ ਤਾਂ ਫਿਰ ਜਾਤੀ ਤੌਰ ’ਤੇ ਜਣਗਣਨਾ ਦਾ ਵਿਰੋਧ ਕਿਉਂ ਕੀਤਾ ਜਾ ਰਿਹਾ ਹੈ। ਮਾਣਯੋਗ ਸੁਪਰੀਮ ਕੋਰਟ ਦੇ 7 ਜੱਜਾਂ ਦੇ ਬੈਂਚ ਨੇ ਵੀ ਇਕ ਤਾਜ਼ਾ ਸਵਾਗਤਯੋਗ ਬਿਆਨ ਵਿੱਚ ਭਾਰਤ ਵਿੱਚ ਜਾਤੀ ਜਣਗਣਨਾ ਕਰਵਾ ਕੇ ਪੱਛੜੇ ਵਰਗਾਂ ਲਈ ਵੱਖਰਾ ਕੋਟਾ ਦੇਣ ਦੀ ਇਜਾਜ਼ਤ ਦੇ ਦਿੱਤੀ ਗਈ ਹੈ। ਭਾਰਤੀ ਕਮਿਊਨਿਸਟ ਪਾਰਟੀ ਦੇ ਰਾਜਸੀ ਸਕੱਤਰੇਤ ਨੇ ਵੀ 1 ਅਗਸਤ 2024 ਦੀ ਮੀਟਿੰਗ ਵਿੱਚ ਉਪਰੋਕਤ ਫੈਸਲੇ ਦਾ ਸਵਾਗਤ ਕੀਤਾ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਵੱਖ-ਵੱਖ ਸਮਾਜਿਕ ਸਮੂਹਾਂ ਦੀ ਸਾਰੀ ਸਹੀ ਸਥਿਤੀ ਅਤੇ ਨਿਆਂ ਪਾਲਕਾਂ ਸਮੇਤ ਵੱਖ-ਵੱਖ ਪੱਧਰਾਂ ’ਤੇ ਉਨ੍ਹਾਂ ਦੀ ਨੁਮਾਇੰਦਗੀ ਨੂੰ ਸਮਝਣ ਲਈ ਇਕ ਪੂਰੀ ਜਾਤੀ ਜਣਗਣਨਾ ਕਰਵਾਈ ਜਾਵੇ। ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸਿਜ਼ ਨੇ ਤਾਂ ਪੰਜਾਬ ਵਿੱਚ ਇਸ ਵਰਗ ਲਈ ਰਾਖਵਾਂਕਰਨ ਵਿੱਚ ਹੋਰ ਵਾਧਾ ਕਰਨ ਦੀ ਸਿਫਾਰਿਸ਼ ਕੀਤੀ ਹੈ। ਸਮਾਜਿਕ ਅਤੇ ਪੜ੍ਹਾਈ ਪੱਖੋਂ ਪੱਛੜੇ ਹੋਏ ਲੋਕਾਂ ਦਾ ਜੀਵਨ ਪੱਧਰ ਉਚਾ ਚੁੱਕਣਾ ਸਰਕਾਰਾਂ ਦੀ ਮੁੱਢਲੀ ਜ਼ਿੰਮੇਵਾਰੀ ਬਣਦੀ ਹੈ। ਰਾਖਵਾਂਕਰਨ ਦੀ ਨੀਤੀ ਸਹੀ ਢੰਗ ਨਾਲ ਲਾਗੂ ਨਾ ਹੋਣ ਦਾ ਨਤੀਜਾ ਹੈ ਕਿ ਅੱਜ ਉਚ ਅਹੁਦਿਆਂ ’ਤੇ ਇਸ ਵਰਗ ਦੇ ਲੋਕਾਂ ਦੀ ਗਿਣਤੀ ਨਾਮਾਤਰ ਹੀ ਹੈ। ਗਿਆਨੀ ਗੁਰਦੀਪ ਸਿੰਘ ‘ਕੰਬੋਜ’ ਪ੍ਰਧਾਨ ਨਾਮਦੇਵ ਨਾਮ ਲੇਵਾ ‘ਟਾਂਕ-ਕਸ਼ੱਤਰੀ’ ਭਾਈਚਾਰਾ ਵੈਲਫੇਅਰ ਐਸੋਸੀਏਸ਼ਨ (ਰਜਿ:) ਅੰਮ੍ਰਿਤਸਰ ਅਤੇ ਜੋਨਲ ਵਾਈਸ ਪ੍ਰੈਜੀਡੈਂਟ ਨਾਮਦੇਵ ਫੈਡਰੇਸ਼ਨ ਪੰਜਾਬ (ਰਜਿ:) ਜਲੰਧਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਵਿੱਚ ‘ਮੰਡਲ ਕਮਿਸ਼ਨ’ ਦੇ ਫੈਸਲੇ ਮੁਤਾਬਿਕ ਪੱਛੜੇ ਵਰਗ ਨੂੰ 27 ਫੀਸਦੀ ਰਿਜਰਵੇਸ਼ਨ ਦਿੱਤਾ ਜਾਵੇ। ਪੰਜਾਬ ਸਰਕਾਰ ਇਸ ਨੂੰ ਗੰਭੀਰਤਾ ਨਾਲ ਲਵੇ। ਲੋਕਲ ਬਾਡੀ ਮਹਿਕਮੇ ਨੂੰ ਚਾਹੀਦਾ ਹੈ ਕਿ ਆਉਣ ਵਾਲੀਆਂ ਚੋਣਾਂ ਵਿੱਚ ਪੰਚਾਇਤਾਂ, ਨਗਰ ਕੌਂਸਲਾਂ, ਨਗਰ ਨਿਗਮਾਂ ਤੋਂ ਲੈ ਕੇ ਐਮ.ਐਲ.ਏ ਅਤੇ ਐਮ.ਪੀ ਤੱਕ ਰਾਜਨੀਤਕ ਸ਼ਕਤੀ ਲਈ ਮੰਡਲ ਕਮਿਸ਼ਨ ਦੇ ਫੈਸਲੇ ਮੁਤਾਬਕ 27 ਫੀਸਦੀ ਰਾਖਵਾਂਕਰਨ ਨੂੰ ਯਕੀਨੀ ਬਣਾਉਣ ਲਈ ਨਵੀਂ ਵਾਰਡਬੰਦੀ ਕਰਵਾਈ ਜਾਵੇ, ਤਾਂ ਕਿ ਰਾਜਸੀ ਤੌਰ ਤੇ ਉਨ੍ਹਾਂ ਨੂੰ ਬਣਦੀ ਨੁਮਾਇੰਦਗੀ ਦਿੱਤੀ ਜਾ ਸਕੇ।

***-ਗਿਆਨੀ ਗੁਰਦੀਪ ਸਿੰਘ ਕੰਬੋਜ, 98558-44033***

# ਲੋਕਤੰਤਰ ਤੇ ਰਾਜਸੀ ਪਾਰਟੀਆਂ ਦੇ ਸੰਕਟ



ਰਮੇਸ਼ ਰਤਨ

ਸਮਾਜ ਵਿੱਚ ਅਨੇਕਾਂ ਹੀ ਅਜਿਹੇ ਵਰਤਾਰੇ ਹਨ, ਜੋ ਤੰਦਰੁਸਤੀ ਬਖਸ਼ਣ ਵਾਲੇ ਭੋਜਨ ਵਾਂਗ ਜਲਦੀ ਹੀ ਖਰਾਬ ਹੋਣ ਜਾਂ ਵਿਗੜਨ ਲੱਗ ਪੈਂਦੇ ਹਨ।ਰਾਜਨੀਤਕ ਪਾਰਟੀਆਂ ਵੀ ਅਜਿਹਾ ਹੀ ਇੱਕ ਸਮਾਜਿਕ ਵਰਤਾਰਾ ਹੈ।

19ਵੀ ਸਦੀ ਦੇ ਮੁੱਢ ਤੋਂ ਹੁਣ ਤੱਕ ਰਾਜਨੀਤਕ ਪਾਰਟੀਆਂ ਦੇ ਵਿਗਾੜਾਂ ਦੀਆਂ ਅਨੇਕਾਂ ਮਿਸਾਲਾਂ ਇਤਿਹਾਸ ਦੇ ਪੰਨਿਆਂ ਉੱਤੇ ਦਰਜ ਹਨ।

ਭਾਰਤ ਵਿੱਚ ਵੀ ਰਾਜ ਕਰ ਰਹੀਆਂ ਜਾਂ ਸੱਤਾ ਦਾ ਸੁੱਖ ਭੋਗ ਚੁੱਕੀਆਂ ਪਾਰਟੀਆਂ, ਸਮੇਤ ਖੱਬੀਆਂ ਪਾਰਟੀਆਂ ਦੇ ਇਸ ਸਮੇਂ ਜਥੇਬੰਦਕ ਅਤੇ ਲੋਕ ਸਮਰਥਨ ਦੀ ਘਾਟ ਦੇ ਸੰਕਟ ਦਾ ਸ਼ਿਕਾਰ ਹਨ।

ਭਾਵੇਂ ਲੋਕਤੰਤਰ ਦੇ ‘ਮੋਢੀ ਸਮਾਜ’ ਦੇ ਪਹਿਲੇ ਅਮਰੀਕੀ ਰਾਸ਼ਟਰਪਤੀ ਜਾਰਜ ਵਾਸ਼ਿੰਗਟਨ ਨੇ ਪਾਰਟੀਆਂ ਬਣਾਉਣ ਦਾ ਵਿਰੋਧ ਕਰਦੇ ਚੇਤਾਵਨੀ ਦਿੱਤੀ ਸੀ ਕਿ ਪਾਰਟੀਆਂ ਦੇ ਸਹਾਰੇ ਚਲਾਕ, ਲਾਲਸਾ-ਗ੍ਰਸਤ ਅਤੇ ਗੈਰ-ਅਸੂਲੇ ਵਿਅਕਤੀ ਸੱਤਾ ’ਤੇ ਆ ਬੈਠਣਗੇ ਅਤੇ ਫਿਰ ਆਪਣੇ ਗੈਰ-ਇਨਸਾਫੀ ਢੰਗਾਂ ਰਾਹੀਂ ਉਹ ਪਾਰਟੀ ਨੂੰ ਹੀ ਲੋਕਤੰਤਰ ਦਾ ਗਲਾ ਘੁੱਟਣ ਦਾ ਹਥਿਆਰ ਬਣਾ ਲੈਣਗੇ।

ਨਵੇਂ ਦੌਰ ਵਿਚ ‘ਲੁਕਾਸ’ ਵਰਗੇ ਰਾਜਸੀ ਵਿਗਿਆਨੀਆਂ ਦਾ ਮੰਨਣਾ ਹੈ ਕਿ ਅਜੋਕੀ ਲੋਕਤੰਤਰੀ ਵਿਵਸਥਾ ਦੇ ਅਮਲ ਵਿੱਚ ਰਾਜਨੀਤਕ ਪਾਰਟੀਆਂ ਲੋਕਾਂ ਅਤੇ ਰਾਜ-ਸੱਤਾ ਵਿਚਕਾਰ ਇੱਕ ਪੁਲ ਵਾਂਗ ਕੰਮ ਕਰਦੀਆਂ ਹਨ। ਇਹ ਲੋਕਤੰਤਰ ਦਾ ਬਹੁਤ ਮਹੱਤਵਪੂਰਨ ਅੰਗ ਬਣ ਗਈਆਂ ਹਨ।

ਰਾਜਨੀਤਕ ਪਾਰਟੀਆਂ ਵਾਰੇ ਅਧਿਐਨ ਕਰਨ ਵਾਲੇ ਪ੍ਰੋਫੈਸਰ -ਅਮੀਰਾਤ ਮਾਉਰੀਸ ਦੁਵੇਰਜਰ ( ਇਟਾਲੀਅਨ ਕਮਿਊਨਿਸਟ ਪਾਰਟੀ ਦੇ ਰਹਿ ਚੁੱਕੇ ਮੈਂਬਰ) ਦੀ ਖੋਜ ਆਖਦੀ ਹੈ ਕਿ ਅਜੋਕੀਆਂ ਰਾਜਨੀਤਕ ਪਾਰਟੀਆਂ ਦਾ ਜਨਮ 19ਵੀਂ ਸਦੀ ਦੇ ਅੱਧ ਤੋ ਬਾਅਦ ਹੋਇਆ।

ਪਾਰਟੀਆ ਦਾ ਮੁੱਢ ਦੋ ਢੰਗਾਂ ਨਾਲ ਬੱਝਾ। ਇਕ ਤਾਂ ਲੋਕ ਲਹਿਰਾਂ ਵਿੱਚ ਜਦੋਂ ਰਾਜਨੀਤਕ ਚੇਤਨਾ ਵਧ ਗਈ ਤਾਂ ਉਹ ਰਾਜਸੀ ਪਾਰਟੀਆਂ ਵਿਚ ਤਬਦੀਲ ਹੋ ਗਈਆਂ। (ਜਿਵੇ ਭਾਰਤ ਵਿੱਚ ਗਦਰ ਲਹਿਰ ਤੋਂ ਗਦਰ ਪਾਰਟੀ, ਪੰਜਾਬ ਵਿਚ ਗੁਰਦੁਆਰਾ ਲਹਿਰ ਤੋਂ ਅਕਾਲੀ ਪਾਰਟੀ, ਮਜ਼ਦੂਰ ਲਹਿਰ ਤੋਂ ਕਮਿਊਨਿਸਟ ਪਾਰਟੀਆਂ ਆਦਿ) ਅਤੇ ਦੂਜੇ ਹਕੂਮਤ ਦੀ ਲੋੜ ਅਤੇ ਸਹਿਯੋਗ ਨਾਲ ( ਜਿਵੇ ਭਾਰਤ ਅੰਦਰ ਕਾਂਗਰਸ, ਹਿੰਦੂ ਮਹਾਂ ਸਭਾ, ਮੁਸਲਿਮ ਲੀਗ ਅਤੇ ਆਜ਼ਾਦ ਭਾਰਤ ਵਿਚ ਅਨੇਕ ਇਲਾਕਾਈ ਪਾਰਟੀਆ ਆਦਿ)।

ਪਾਰਟੀਆਂ ਦੀ ਪੜਤਾਲ ਕਰਦੇ ਇਨ੍ਹਾਂ ਦੇ ਕਾਮਯਾਬ ਹੋਣ ਜਾਂ ਫੇਲ੍ਹ ਹੋਣ ਦਾ ਕੋਈ ਸਿਧਾਂਤ ਹਾਲੇ ਤੱਕ ਸਾਡੇ ਸਾਹਮਣੇ ਨਹੀਂ ਆਇਆ, ਪ੍ਰੰਤੂ ਇਹ ਨਿਸਚਤ ਤੌਰ ’ਤੇ ਕਿਹਾ ਜਾ ਸਕਦਾ ਹੈ ਕਿ ਪਾਰਟੀਆਂ ਵਿਚ ਲਗਾਤਾਰ ਪਰਿਵਰਤਨ ਹੁੰਦੇ ਰਹਿੰਦੇ ਹਨ।

ਰਾਜਨੀਤਕ ਪਾਰਟੀਆਂ ਦੇ ਕੰਮਾਂ ਨੂੰ ਦੋ ਮੁੱਖ ਸ਼੍ਰੇਣੀਆਂ ਵਿਚ ਵੰਡਿਆ ਜਾ ਸਕਦਾ ਹੈ।

**ਪਾਰਲੀਮੈਂਟਰੀ ਢੰਗ** : ਪਾਰਟੀਆਂ ਚੋਣ ਪ੍ਰਕ੍ਰਿਆ ਵਿੱਚ ਭਾਗ ਲੈ ਕੇ ਹਕੂਮਤੀ ਅਦਾਰਿਆਂ ਰਾਹੀਂ ਰਾਜ ਕਰਨ ਜਾਂ ਵਿਰੋਧੀ ਧਿਰ ਵੱਜੋਂ ਰਾਜ ਦੀ ਨੀਤੀ ਉੱਪਰ ਆਪਣਾ ਪ੍ਰਭਾਵ ਪਾਉਂਦੀਆਂ ਹਨ।

**ਲੋਕ ਲਹਿਰ** : ਦੂਸਰਾ ਪਾਰਲੀਮੈਂਟ ਤੋਂ ਬਾਹਰ ਲੋਕ ਲਹਿਰਾਂ ਜੱਥੇਬੰਦ ਕਰਕੇ ਜਾਂ ਨਿਆਂ ਪ੍ਰਣਾਲੀ ਤੇ ਕਾਰਜ ਪਾਲਿਕਾ ਰਾਹੀਂ ਲੋਕਾਂ ਦੇ ਮਸਲੇ ਹੱਲ ਕਰਵਾਉਣ ਦੀਆ ਕੋਸ਼ਿਸ਼ ਕਰਦੀਆਂ ਹਨ।

ਇਸ ਤੋਂ ਇਲਾਵਾ ਪਾਰਟੀਆਂ ਮੀਡੀਆ ਰਾਹੀਂ ਅਤੇ ਅਨੇਕ ਪ੍ਰਕਾਰ ਦੇ ਸਮਾਜਿਕ ਸੰਗਠਨਾਂ ਨਾਲ ਮਿਲ ਕੇ ਅਪਣਾ ਪ੍ਰਭਾਵ ਪਾਉਂਦੀਆਂ ਹਨ। ਆਪਣੇ ਮਨੋਰਥਾਂ ਦੀ ਸਿੱਧੀ ਲਈ ਪਾਰਟੀਆ ਸਾਂਝੇ ਮੋਰਚੇ ਬਣਾ ਕੇ ਵੀ ਯਤਨਸ਼ੀਲ ਹੁੰਦੀਆ ਹਨ।

ਪ੍ਰੋਫੈਸਰ ਕਾਟਜ਼ ਅਤੇ ਮਾਇਰ Katz and Mair ਨੇ ਵੱਖ-ਵੱਖ ਦੇਸ਼ਾਂ ਦੀਆਂ ਸਰਕਾਰਾਂ ਅਤੇ ਪਾਰਟੀਆਂ ਦੀ ਪੁਣਛਾਣ ਕਰਦੇ ਹੋਏ ਇਹ ਪੁਸ਼ਟੀ ਕਰ ਹੀ ਦਿੱਤੀ ਕਿ ਸੱਤਾ ਦਾ ਸੁੱਖ ਭੋਗ ਰਹੀਆਂ ਪਾਰਟੀਆਂ ਆਪਣੇ ਉਦੇਸ਼ਾਂ ਦੀ ਪੂਰਤੀ ਲਈ, ਆਪਣੇ ਅਤੇ ਆਪਣੇ ਚਹੇਤਿਆਂ ਦੇ ਹਿੱਤਾਂ ਦੀ ਰਾਖੀ ਲਈ ਅਤੇ ਸੱਤਾ ਦੇ ਸੁੱਖ ਨੂੰ ਚਿਰਸਥਾਈ ਬਣਾਈ ਰੱਖਣ ਹਿੱਤ ਵਿਰੋਧੀ ਪਾਰਟੀਆਂ ਨੂੰ ਸੱਤਾ ਤੋਂ ਦੂਰ ਰੱਖਣ ਲਈ ਹਰ ਹੀਲਾ ਵਰਤਦੀਆਂ ਹਨ।

ਭਾਰਤ ਵਿਚ ਮੌਜੂਦਾ ਭਾਜਪਾ ਸਰਕਾਰ ਦੇਸ਼ ਵਿੱਚਲੇ ਲੋਕਤੰਤਰੀ ਢਾਂਚੇ ਨੂੰ ਲਗਾਤਾਰ ਖੋਰਾ ਲਗਾ ਰਹੀ ਹੈ।

ਭਾਵੇਂ ਕੱਟੜ ਕੌਮਵਾਦ ਅਤੇ ਫਿਰਕੂ ਧਰੁਵੀਕਰਨ ਦਾ ਸਹਾਰਾ ਲੈ ਕੇ ਭਾਜਪਾ ਮੁੜ ਸੱਤਾ ਵਿੱਚ ਆ ਗਈ ਹੈ, ਪ੍ਰੰਤੂ ਉਸ ਦੀਆਂ ਨੀਤੀਆਂ ਕਾਰਪੋਰੇਟ ਘਰਾਣਿਆਂ ਅਤੇ ਬਹੁਤ ਹੀ ਸੀਮਤ ਲੋਕਾਂ ਵਾਸਤੇ ਹੀ ਲਾਹੇਵੰਦ ਸਿੱਧ ਹੋ ਰਹੀਆਂ ਹਨ।

ਲੋਕਤੰਤਰ ਦਾ ਚੌਥਾ ਥੰਮ੍ਹ, ਮੀਡੀਏ ਦਾ ਵੱਡਾ ਹਿੱਸਾ, ਲਗਭਗ ਸਮੁੱਚਾ ਇਲੈਕਟ੍ਰਾਨਿਕ ਮੀਡੀਆ ਦਿਨ-ਰਾਤ ਮੋਦੀ ਦਾ ਹੀ ਪ੍ਰਚਾਰ ਕਰਦਾ ਰਿਹਾ ਹੈ। ਇਹ ਅੰਧ-ਵਿਸ਼ਵਾਸ ਅਤੇ ਫਿਰਕਾਪ੍ਰਸਤੀ ਫੈਲਾਉਣ ਵਿਚ ਭੂਮਿਕਾ ਅਦਾ ਕਰਦਾ ਹੈ।

ਅਮਰੀਕਨ ਲੇਖਕ ਅਨੀਸ਼ ਨਿਮ ਇਸ ਰੁਝਾਨ ਦੇ ਵਧਣ ’ਤੇ ਚਿੰਤਾ ਪ੍ਰਗਟ ਕਰਦੇ ਹੋਏ ਆਖਦੀ ਹੈ ਕਿ ਸੰਸਥਾਵਾਂ ਭਾਵੇਂ ਰਾਜਨੀਤਕ ਹੋਣ ਜਾਂ ਧਾਰਮਕ, ਇਨ੍ਹਾਂ ਵਿਚ ਅੰਧ ਭਗਤਾਂ ਦੇ ਆ ਜਾਣ ਕਾਰਨ ਉਨ੍ਹਾਂ ਦਾ ਆਪਣਾ ਵਿਕਾਸ ਤਾਂ ਰੁਕ ਹੀ ਜਾਂਦਾ ਹੈ, ਪਰ ਇਹ ਲੋਕ ਸਮਾਜ ਦੇ ਵਿਕਾਸ ਵਿੱਚ ਵੀ ਰੋੜਾ ਬਣ ਜਾਂਦੇ ਹਨ। ਇਨ੍ਹਾਂ ਸਮਿਆਂ ਵਿਚ ਡੈਮੋਕ੍ਰੇਟਿਕ ਅਤੇ ਖੱਬੀਆਂ ਪਾਰਟੀਆਂ ਦੇ ਕਮਜ਼ੋਰ ਹੋਣ ਨਾਲ ਖ਼ਤਰੇ ਹੋਰ ਵੀ ਵਧ ਗਏ ਹਨ।

ਦੁਵੇਰਜਰ ਵੱਲੋਂ ਕੀਤਾ ਗਿਆ ਪ੍ਰੈਕਟੀਕਲ ਅਧਿਐਨ ਦੱਸਦਾ ਹੈ ਕਿ ਸਮਾਜਵਾਦੀ ਤੇ ਲੋਕਤੰਤਰੀ ਪਾਰਟੀਆਂ ਦੇ ਕਮਜ਼ੋਰ ਹੋਣ ਸਮੇਂ ‘ਅੱਤ ਦੇ ਸੱਜੇ-ਪੱਖੀ’ ਜਾਂ ‘ਅੱਤ ਦੇ ਖੱਬੇ-ਪੱਖੀ’ ਸੱਤਾ ’ਤੇ ਭਾਰੂ ਹੋ ਜਾਂਦੇ ਹਨ।

ਪੰਜਾਬ ਦੇ ਸੰਦਰਭ ਵਿੱਚ ਰਾਜਸੀ ਸਥਿਤੀ ਦੀ ਸਮੀਖਿਆ ਤੋਂ ਸਪੱਸ਼ਟ ਨਜ਼ਰ ਆਉਂਦਾ ਹੈ ਕਿ ਪਿਛਲੇ ਦਹਾਕੇ ਦੌਰਾਨ ਹੋਈਆਂ ਚੋਣਾਂ ਵਿਚ ਆਮ ਲੋਕਾਂ ਤੇ ਖਾਸਕਰ ਨੌਜੁਆਨਾਂ ਵਿੱਚ ਰਾਜਨੀਤਕ ਬੈਚੇਨੀ ਬਹੁਤ ਤੇਜ਼ ਰਫਤਾਰ ਨਾਲ ਵਧੀ ਹੈ।

ਚਿੰਤਾਜਨਕ ਪੱਖ ਇਹ ਹੈ ਕਿ ਸਾਡੇ ਮਨਾਂ ਵਿਚਲੇ ਧਾਰਮਿਕ, ਜਾਤ ਪਾਤ, ਲਿੰਗ ਭੇਦ ਅਤੇ ਆਰਥਿਕ ਪਾੜੇ ਘਟਣ ਦੀ ਬਜਾਏ ਵਧ ਰਹੇ ਹਨ। ਰਾਜਸੀ ਬਹੁਰੂਪੀਏ ਇਹਨਾਂ ਪਾੜਿਆਂ ਨੂੰ ਅਧਾਰ ਬਣਾ ਕੇ ਆਪਣੀਆ ਰਾਜਨੀਤਕ ਖਾਹਿਸ਼ਾਂ ਦੀ ਪੂਰਤੀ ਹਿੱਤ ਸਮਾਜਿਕ ਵੰਡ ਨੂੰ ਹੋਰ ਵੀ ਵਧਾਉਣ ਲੱਗੇ ਹੋਏ ਹਨ।

ਹਕੂਮਤ ਦੀਆਂ ਏਜੰਸੀਆਂ ਅਜਿਹੇ ਤੱਤਾਂ ਦਾ ਸਾਥ ਦੇ ਕੇ ਲੋਕ ਅੰਦੋਲਨ ਨੂੰ ਨੁਕਸਾਨ ਪਹੁੰਚਾਉਣ ਦੀਆਂ ਚਾਲਾਂ ਚਲਦੀਆਂ ਹਨ। ਇਸ ਦੀਆਂ ਅਨੇਕਾਂ ਮਿਸਾਲਾਂ ਮਿਲਦਿਆਂ ਹਨ।

ਦੋ ਮਿਸਾਲਾਂ ਹੀ ਸਥਿਤੀ ਸਪੱਸ਼ਟ ਕਰ ਦੇਣ ਲਈ ਕਾਫੀ ਹਨ।

ਕਿਸਾਨ ਅੰਦੋਲਨ ਸਮੇਂ 26 ਜਨਵਰੀ ਦੀ ਕਿਸਾਨ ਪਰੇਡ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਅਗਵਾਈ ਵਿਚ ਪਾਲਕੀ ਦੇ ਪਿੱਛੇ ਚਲਾਉਣ ਲਈ ਪ੍ਰੋਗਰਾਮ ਉਲੀਕਿਆ ਗਿਆ।ਜੋ ਨੌਜਵਾਨ ਗੁਰੂ ਜੀ ਨੂੰ ਵੀ ਪਿੱਛੇ ਹੀ ਛੱਡ ਭੱਜ ਤੁਰੇ, ਉਨ੍ਹਾਂ ਲੱਖਾਂ ਲੋਕਾਂ ਵੱਲੋਂ ਕੀਤੀ ਇਸ ਸਾਰੀ ਤਿਆਰੀ ਦੀ ਜਖਣਾ ਵੱਡ ਦਿੱਤੀ। ਸਰਕਾਰੀ ਏਜੰਸੀਆਂ ਦੀ ਸ਼ਹਿ ਅਤੇ ਮੀਡੀਆ ਵੱਲੋਂ ਉਨ੍ਹਾਂ ਨੂੰ ਹੀ ਸਾਡੇ ਸਿਰਾਂ ’ਤੇ ਭਾਰੂ ਕਰਨ ਲਈ ਪਬਾਂ, ਭਾਰ ਹੋਣਾ ਲੁਕਿਆ ਨਹੀਂ ਹੈ।

ਪੰਜਾਬ ਅੰਦਰ ਸਮਾਜਿਕ ਤਬਦੀਲੀ ਦੀਆਂ ਵਿਸ਼ੇਸ਼ ਸਥਿਤੀਆਂ ਹਨ।

ਲੋਕਾਂ ਦੇ ਰਹਿਣ-ਸਹਿਣ ਦੇ ਫਰਕ, ਵਿਦੇਸ਼ ਜਾਣ ਦੀ ਹੋੜ, ਔਰਤਾਂ ਦੀ ਵਿਦਿਆ ਅਤੇ ਕੰਮਕਾਰ ਵਿਚ ਭਾਗੇਦਾਰੀ ਦਾ ਵਾਧਾ, ਕਮਿਊਨੀਕੇਸ਼ਨ ਅਤੇ ਇੰਟਰਨੈੱਟ ਦੀ ਵਿਆਪਕ ਪਹੁੰਚ, ਘਰੇਲੂ ਸਹੂਲਤਾਂ ਅਤੇ ਆਵਾਜਾਈ ਦੇ ਸਾਧਨਾਂ ਦੀ ਬਹੁਤਾਤ ਪਿਛਲੇ ਕੁਝ ਦਹਾਕਿਆਂ ਵਿੱਚ ਵਾਪਰੀਆਂ ਮੁੱਖ ਤਬਦੀਲੀਆਂ ਹਨ।ਇਸ ਦੇ ਪ੍ਰਭਾਵ ਹੇਠ ਸੱਭਿਆਚਾਰਕ ਪ੍ਰੀਵਰਤਨਾਂ ਦੇ ਨਾਲ-ਨਾਲ ਨਵੇਂ ਮਸਲੇ ਵੀ ਉਭਰੇ ਹਨ, ਜਿਵੇ ਕਿ ਜ਼ਮੀਨ ਦੀ ਘਟ ਰਹੀ ਉਪਜਾਊ ਸ਼ਕਤੀ, ਨੀਵੇਂ ਹੋ ਰਹੇ ਪਾਣੀ, ਵਧ ਰਹੀਆ ਕੈਂਸਰ ਵਰਗੀਆਂ ਅਲਾਮਤਾਂ, ਦੂਜੇ ਬੰਨੇ ਵਧ ਰਿਹਾ ਸ਼ਹਿਰੀਕਰਨ, ਸ਼ਹਿਰਾਂ ਦੇ ਵਿਸ਼ੇਸ਼ ਮਾਮਲੇ , ਹਰ ਪਾਸੇ ਫੇਲ ਰਹੀ ਮੰਡੀ ਅਰਥ-ਵਿਵਸਥਾ ਦੇ ਮਾਮਲੇ ਵੀ ਰਾਜਨੀਤਕ ਮਸਲਿਆਂ ਵਿੱਚ ਸ਼ਾਮਲ ਹੋ ਗਏ ਹਨ।

ਰਾਜਸੀ ਤੌਰ ’ਤੇ ਪੂਰੇ ਭਾਰਤ ਅੰਦਰ ਕਾਂਗਰਸ ਪਾਰਟੀ, ਇਲਾਕਾਈ ਪਾਰਟੀਆਂ ਅਤੇ ਖੱਬੀਆਂ ਪਾਰਟੀਆਂ ਨੂੰ ਹਕੂਮਤ ਵੱਲੋਂ ਖੜ੍ਹੀਆਂ ਕੀਤੀਆਂ ਅਨੇਕਾਂ ਪ੍ਰਕਾਰ ਦੀਆਂ ਉਲਝਣਾਂ ਤੇ ਖ਼ਤਰਿਆਂ ਦਾ ਸਾਹਮਣਾ ਕਰਨਾ ਹੀ ਪੈਣਾ ਹੈ।ਬੇਸ਼ੱਕ ਪੰਜਾਬ ਅੰਦਰ ਭਾਜਪਾ ਵਿਰੁੱਧ ਪਾਰਟੀਆਂ ਲਈ ਕਿਸਾਨ ਅੰਦੋਲਨ ਦੀ ਭੂਮਿਕਾ ਸਹਾਈ ਸਿੱਧ ਹੋਈ।

ਜ਼ਰੂਰਤ ਹੈ ਕਿ ਖੱਬੀਆਂ ਪਾਰਟੀਆਂ ਸਮਾਜ ਵਿੱਚ ਆ ਰਹੀਆਂ ਤਬਦੀਲੀਆਂ ਨੂੰ ਸਮਝਦੇ ਹੋਏ ਆਪਣੀਆਂ ਨੀਤੀਆਂ ਅਤੇ ਕੰਮ ਢੰਗ ਉਸ ਅਨੁਸਾਰ ਢਾਲਣ। ਇਸ ਸਮਝ ਨਾਲ ਹੀ ਉਹ ਸੱਤਾ ਵੱਲ ਜਾਂਦੇ ਰਾਹ ਦੀਆਂ ਮੁਸ਼ਕਲਾਂ ਦਾ ਸਫਲਤਾਪੂਰਵਕ ਸਾਹਮਣਾ ਕਰ ਸਕਦੇ ਹਨ।

ਅਜੋਕੇ ਲੀਡਰਾਂ ਵਿੱਚੋ ਕੁਰਬਾਨੀ ਦੀ ਭਾਵਨਾ ਤਾਂ ਕਿਧਰੇ ਨਜ਼ਰ ਨਹੀਂ ਆਉਂਦੀ, ਬਹੁਤੇ ਨਾ ਹੀ ਰਚਨਾਤਮਕ ਹਨ। ਕਿਸੇ ਦੂਸਰੇ ਮੈਂਬਰ ਦੀ ਰਾਏ ਦਾ ਸਤਿਕਾਰ ਜਾਂ ਧਿਆਨ ਰੱਖਣ ਵਿਚ ਹੇਠੀ ਸਮਝਦੇ ਹਨ। ਆਮ ਤੌਰ ’ਤੇ ਲੀਡਰਾਂ ਸਾਹਮਣੇ ਕਿਸੇ ਵਰਕਰ ਵੱਲੋਂ ਰੱਖੇ ਗਏ ਕਿਸੇ ਵੀ ਸੁਝਾਅ ਉਪਰ ਧਿਆਨ ਦੇਣ ਦੀ ਬਜਾਏ ਉਲਟਾ ਉਹ ਆਪਣੀਆਂ ਦਲੀਲਾਂ ਪੇਸ਼ ਕਰਨ ਲੱਗ ਜਾਂਦੇ ਹਨ। ਇਸ ਕਾਰਨ ਸੱਤਾ ਤੋਂ ਪਰੇ ਦੀਆ ਪਾਰਟੀਆਂ ਦੀ ਸਥਿਤੀ ਗਰਕਣ ਵੱਲ ਵਧ ਰਹੀ ਹੈ।

ਅਨੇਕ ਬੁੱਧੀਜੀਵੀ ਮੰਨਦੇ ਹਨ ਕਿ ਅਜੋਕੀ ਸਥਿਤੀ ਬਦਲਣ ਲਈ ਕਮਿਊਨਿਸਟ ਵਿਸ਼ੇਸ਼ ਭੂਮਿਕਾ ਨਿਭਾ ਸਕਦੇ ਹਨ।ਭਾਰਤ ਦੇ ਆਜ਼ਾਦੀ ਸੰਗਰਾਮ ਸਮੇਂ ਮੁੱਠੀ ਭਰ ਕਮਿਊਨਿਸਟਾਂ ਵੱਲੋਂ ਆਜ਼ਾਦੀ ਦੇ ਸੰਕਲਪ ਦਾ ਸਪੱਸ਼ਟ ਖਾਕਾ ਪੇਸ਼ ਕੀਤੇ ਜਾਣ ਕਾਰਨ ਕਾਂਗਰਸ ਤੇ ਅਕਾਲੀ ਪਾਰਟੀਆਂ ਦੇ ਉੱਘੇ ਆਗੂਆ ਦੀ ਵਡੀ ਗਿਣਤੀ ਕਮਿਊਨਿਸਟ ਪਾਰਟੀ ਵੱਲ ਖਿੱਚੀ ਗਈ ਸੀ।

ਨੋਬਲ ਪ੍ਰਾਈਜ਼ ਨਾਲ ਸਨਮਾਨਤ ਅਰਥ ਸ਼ਾਸਤਰੀ ਡੇਨੀਅਲ ਕਾਹਨਮੈਨ ਨੇ ਕਈ ਵਾਰ ਲਿਖਿਆ ਹੈ ਕਿ ਸਥਿਤੀ ਬਦਲਣ ਲਈ ਵਿਸ਼ੇਸ਼ ਬੌਧਿਕ ਅਤੇ ਮਾਨਸਿਕ ਸ਼ਕਤੀ ਦੀ ਲੋੜ ਹੁੰਦੀ ਹੈ।

ਅਸਲ ਵਿੱਚ ਉਸ ਨੇ ਆਪਣੀ ਮੇਟਾ- ਥਿੰਕਗ ਦੀ ਖੋਜ ਦਾ ਆਧਾਰ ਦਵੰਦਵਾਦੀ ਪਦਾਰਥਵਾਦ ਨੂੰ ਹੀ ਬਣਾਇਆ ਹੈ।ਇਹ ਵਿਚਾਰ ਪ੍ਰਣਾਲੀ ਸਮਾਜ ਵਿੱਚ ਆ ਰਹੀਆਂ ਤਬਦੀਲੀਆਂ ਦੀ ਸਮੁੱਚੀ ਅਤੇ ਨਿਰਲੇਪ ਪੁਣਛਾਣ ਉੱਪਰ ਆਧਾਰਤ ਹੈ।

ਜਦੋ ਮਹਾਨ ਆਗੂ ਲੈਨਿਨ ਨੇ ‘ਇਕ ਕਦਮ ਅੱਗੇ ਦੋ ਕਦਮ ਪਿੱਛੇ’ ਲਿਖ ਕੇ ਇਨਕਲਾਬ ਕਰਨ ਵਾਸਤੇ ਆਪਣਾ ਸਿਧਾਂਤ ਪੇਸ਼ ਕੀਤਾ ਤਾਂ ਉਸ ਸਮੇਂ ਵੀ ਟਰਾਟਸਕੀ ਅਤੇ ਰੋਜ਼ਾ ਲਗਜ਼ਮਬਰਗ ਸਮੇਤ ਕੇਂਦਰੀ-ਕਮੇਟੀ ਦੇ ਬਹੁਤੇ ਮੈਂਬਰ ਉਸ ਨਾਲ ਸਹਿਮਤ ਨਹੀ ਸਨ, ਪਰ ਲੈਨਿਨ ਵੱਲੋਂ ਸਥਿਤੀ ਦਾ ਸਮੁਚਤਾ ਵਿੱਚ ਅਧਿਐਨ ਕੀਤਾ ਗਿਆ ਸੀ। ਨਤੀਜੇ ਤੋਂ ਉਤਪੰਨ ਵਿਚਾਰ ਦੀ ਵਿਆਖਿਆ ਕਰਦਿਆਂ ਉਨ੍ਹਾਂ ਬਹੁਗਿਣਤੀ ਦੀ ਸਹਿਮਤੀ ਪ੍ਰਾਪਤ ਕਰ ਲਈ ਅਤੇ ਸਹੀ ਸਾਬਿਤ ਹੋਏ।

ਅੱਜ ਵੀ ਪੰਜਾਬ ਵਿਚ ਖੱਬੀਆਂ ਪਾਰਟੀਆ ਇਹ ਢੰਗ ਅਪਨਾ ਕੇ ਆਪਣੀਆਂ ਨੀਤੀਆਂ ਅਤੇ ਕੰਮ ਢੰਗ ਵਿੱਚ ਤਬਦੀਲੀ ਕਰ ਲੈਣ ਤਾਂ ਉਹ ਸਮਾਜ ਭਲਾਈ ਲਈ, ਸੰਵਿਧਾਨ ਅਤੇ ਜਮਹੂਰੀਅਤ ਦੀ ਰਾਖੀ ਵਾਸਤੇ ਵਿਸ਼ਾਲ ਸਾਂਝੇ ਮੋਰਚੇ ਉਸਾਰਨ ਵਿਚ ਮੁੱਖ ਭੂਮਿਕਾ ਨਿਭਾ ਸਕਦੇ ਹਨ ਅਤੇ ਸੱਤਾ ਪਰਿਵਰਤਨ ਤੇ ਪ੍ਰਾਪਤੀ ਦੇ ਰਾਹ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਦਾ ਸਫਲਤਾਪੂਰਵਕ ਸਾਹਮਣਾ ਕਰਦੇ ਅਪਣਾ ਇਤਿਹਾਸਕ ਫ਼ਰਜ਼ ਨਿਭਾ ਸਕਦੇ ਹਨ।

**# ਸੰਪਰਕ : 98142-73870**

# ਪ੍ਰਕਿਰਤੀ ਨਾਲ ਖਿਲਵਾੜ ਘਾਤਕ

ਪ੍ਰਿੰਸੀਪਲ ਰੰਧਾਵਾ ਸਿੰਘ

ਹਰ ਵਿਕਸਤ ਅਤੇ ਵਿਕਾਸਸ਼ੀਲ ਦੇਸ਼ਾਂ ਕੋਲ ਉਸ ਦੇਸ਼ ਦੇ ਮਨੁੱਖੀ ਅਤੇ ਗੈਰ-ਮਨੁੱਖੀ ਸਾਧਨਾਂ ਦਾ ਬਹੁਤ ਵੱਡਾ ਖਜ਼ਾਨਾ ਹੁੰਦਾ ਹੈ। ਇਹਨਾਂ ਸਾਧਨਾਂ ਵਿੱਚੋਂ ਮਨੁੱਖੀ ਸਾਧਨ ਵਧੇਰੇ ਅਹਿਮ ਹੈ, ਕਿਉਂ ਜੋ ਇਸ ਰਾਹੀਂ ਸਭ ਸਾਧਨਾਂ ਨੂੰ ਕੰਟਰੋਲ ਅਤੇ ਵਿਕਸਤ ਕੀਤਾ ਜਾਂਦਾ ਹੈ। ਇਹ ਦੇਖਣ ਵਿੱਚ ਆਇਆ ਹੈ ਕਿ ਧਰਤੀ ਦਾ ਅਨਿੱਖੜਵਾਂ ਅੰਗ ਸਾਡੀ ਕੁਦਰਤ ਆਪਣਾ ਰੋਲ ਬਹੁਤ ਵਧੀਆ ਢੰਗ ਨਾਲ ਅਦਾ ਕਰ ਰਹੀ ਹੈ, ਪਰੰਤੂ ਹਰ ਮਨੁੱਖ ਕੁਦਰਤੀ ਸਾਧਨਾਂ, ਜਿਵੇਂ ਪੇੜ-ਪੌਦੇ, ਨਦੀਆਂ, ਪਹਾੜਾਂ, ਜ਼ਮੀਨ ਆਦਿ ਨੂੰ ਆਪਣੀਆਂ ਜ਼ਰੂਰੀ ਅਤੇ ਗੈਰ-ਜ਼ਰੂਰੀ ਲੋੜਾਂ ਦੀ ਪੂਰਤੀ ਲਈ ਲਗਾਤਾਰ ਵਰਤਦਿਆਂ ਕੁਦਰਤ ਨਾਲ ਖਿਲਵਾੜ ਕਰ ਰਿਹਾ ਹੈ। ਇਹਨਾਂ ਕਾਰਨਾਂ ਕਰਕੇ ਕੁਦਰਤ ਵਿੱਚ ਪਸਰ ਰਹੇ ਇਸ ਅਸੰਤੁਲਨ ਕਰਕੇ ਹੀ ਸੋਕਾ, ਹੜ੍ਹ, ਵੱਧ ਗਰਮੀ- ਸਰਦੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਕਿਸੇ ਵੀ ਸਾਧਨ ਦੇ ਵੱਧ ਉਪਯੋਗ ਦੇ ਸਿੱਟੇ ਵਜੋਂ ਧਰਤੀ ਨੂੰ ਕਈ ਭਿਆਨਕ ਸਥਿਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਵੇਂ-ਜਿਵੇਂ ਸੜਕਾਂ, ਪੁਲਾਂ ਤੇ ਰੇਲਾਂ ਦੇ ਟਰੈਕ ਦਾ ਨਿਰਮਾਣ ਹੋਇਆ, ਉਸ ਸਥਿਤੀ ਵਿੱਚ ਦਰਖਤਾਂ ਦੀ ਕਟਾਈ ਹੋਈ, ਇਸ ਨਾਲ ਆਉਣਾ-ਜਾਣਾ ਤਾਂ ਜ਼ਰੂਰ ਸੌਖਾ ਹੋ ਗਿਆ, ਪਰ ਹਰ ਘਰ ਵਿੱਚ ਮੋਟਰ-ਕਾਰਾਂ ਦੀ ਗਿਣਤੀ ਜ਼ਰੂਰਤ ਤੋਂ ਜ਼ਿਆਦਾ ਵਧ ਗਈ, ਜਿਸ ਨਾਲ ਸੜਕਾਂ ਦੀ ਚੌੜਾਈ ਦਿਨ ਪ੍ਰਤੀ ਦਿਨ ਘੱਟਦੀ ਜਾ ਰਹੀ ਹੈ।ਇੱਕ ਪੌਦੇ ਨੂੰ ਦਰੱਖਤ ਬਣਨ ਵਿੱਚ ਬਹੁਤ ਲੰਮਾ ਸਮਾਂ ਲਗਦਾ ਹੈ, ਵਾਤਾਵਰਨ ਦਾ ਸੰਤੁਲਨ ਲਗਾਤਾਰ ਵਿਗੜਣ ਦਾ ਕਾਰਨ ਨਦੀਆਂ ਦਾ ਨਿਰਮਾਣ ਹੋਣਾ, ਮਿੱਟੀ ਦੀ ਕਟਾਈ ਹੋਣਾ, ਉਦਯੋਗਾਂ ਦੀ ਤਰੱਕੀ ਲਈ ਧਰਤੀ ਹੇਠੋਂ ਕੋਲਾ ਕੱਢਣਾ ਤੇ ਧਰਤੀ ਦੀ ਅੰਦਰੂਨੀ ਪਰਤ ਦਾ ਨਾਸ ਹੋਣਾ ਹੈ। ਦੇਸ਼ ਦੀ ਤਰੱਕੀ ਦੇ ਚੱਲਦਿਆਂ ਉਸ ਹਿਸਾਬ ਨਾਲ ਹੀ ਵੱਡੇ-ਵੱਡੇ ਪੁਲ, ਇਮਾਰਤਾਂ, ਮਹਿਲਾਂ ਵਰਗੇ ਘਰ ਉਸਰਨਾ ਅਤੇ ਅਜਿਹਾ ਕਰਨ ਨਾਲ ਹਵਾ ਤੇ ਰੌਸ਼ਨੀ ਦਾ ਵਹਾਅ ਘਟਿਆ ਹੈ ਤੇ ਏ ਸੀ ਦੀ ਵਰਤੋਂ ਹੈਰਾਨੀਜਨਕ ਵਧ ਗਈ ਹੈ।

ਅਸੀਂ ਆਪਣੇ ਵਾਹਨਾਂ,ਘਰਾਂ, ਦਫਤਰ ਦੇ ਵਾਤਾਵਰਨ ਨੂੰ ਸਹੀ ਕਰਨ ਦੇ ਚੱਕਰ ਵਿੱਚ ਬਾਹਰਲਾ ਕੁਦਰਤੀ ਖ਼ੂਬਸੂਰਤ ਵਾਤਾਵਰਨ ਵੀ ਖਰਾਬ ਕਰ ਲਿਆ ਹੈ, ਜਿਸ ਦਾ ਅਸਰ ਓਜ਼ੋਨ ਪਰਤ ’ਤੇ ਵੀ ਲਾਜ਼ਮੀ ਦੇਖਣ ਨੂੰ ਮਿਲਿਆ ਹੈ। ਕੋਈ ਵੀ ਦੇਸ ਦਾ ਵਿਕਸਤ ਹੋਣਾ ਜ਼ਰੂਰੀ ਹੈ, ਪਰ ਵਾਤਾਵਰਨ ਨਾਲ ਛੇੜਛਾੜ ਤੋਂ ਬਿਨ੍ਹਾਂ ਹੋਣਾ ਚਾਹੀਦਾ ਹੈ।

ਧਰਤੀ ਦੀ ਪ੍ਰਕਿਰਤੀ ਬਹੁਤ ਖ਼ੂਬਸੂਰਤ ਹੈ, ਜਦੋਂ ਵੀ ਮਨੁੱਖ ਇਸ ਦੀ ਖ਼ੂਬਸੂਰਤੀ ਨੂੰ ਵਿਗਾੜਦਾ ਹੈ, ਤਾਂ ਇਹ ਮਨੁੱਖ ਦੇ ਰੈਣ ਬਸੇਰੇ ਨੂੰ ਵੀ ਵਿਗਾੜਦੀ ਹੈ। ਹਰ ਮਨੁੱਖ ਕਹਿੰਦਾ ਹੈ ਕਿ ਕੁਦਰਤ ਨਾਲ ਛੇੜਛਾੜ ਨਾ ਹੋਵੇ, ਪਰ ਅਜਿਹਾ ਤਾਂ ਹੀ ਸੰਭਵ ਹੋਵੇਗਾ, ਜੇਕਰ ਹਰ ਨਾਗਰਿਕ ਇਸ ਪ੍ਰਤੀ ਆਪਣਾ ਫਰਜ ਪਹਿਚਾਣੇ ਤੇ ਉਸ ਉੱਪਰ ਅਮਲ ਕਰੇ।

ਸਰਕਾਰ ਵੀ ਪ੍ਰਕਿਰਤੀ ਨੂੰ ਬਚਾਉਣ ਲਈ ਬਹੁਤ ਅਹਿਮ ਯੋਗਦਾਨ ਪਾ ਸਕਦੀ ਹੈ। ਕਾਰ ਖਰੀਦਣ ਲਈ ਨਿਯਮ ਹੋਣੇ ਚਾਹੀਦੇ ਹਨ, ਤਾਂ ਜੋ ਕੇਵਲ ਜ਼ਰੂਰਤਮੰਦ ਹੀ ਉਸ ਨੂੰ ਖਰੀਦੇ। ਨਦੀਆਂ ਦੀ ਮੁਰੰਮਤ ਸਰਕਾਰ ਲੋਕਲ ਪਿੰਡ ਦੇ ਲੋਕਾਂ ਨੂੰ ਪ੍ਰੇਰਿਤ ਕਰਕੇ ਕਰਵਾ ਸਕਦੀ ਹੈ। ਇਸੇ ਤਰ੍ਹਾਂ ਨਵੀਂਆਂ ਸੜਕਾਂ ਨਾ ਬਣਾ ਕੇ ਪੁਰਾਣੀਆਂ ਦੀ ਹੀ ਮੁਰੰਮਤ ਕੀਤੀ ਜਾਵੇ। ਮਨੁੱਖ, ਜੋ ਪ੍ਰਕਿਰਤੀ ਨੂੰ ਦੇਵੇਗਾ, ਪ੍ਰਕਿਰਤੀ ਉਹੀ ਉਸ ਨੂੰ ਵਾਪਸ ਕਰੇਗੀ, ਚੰਗੇ ਨੂੰ ਚੰਗਾ ਤੇ ਮਾੜੇ ਨੂੰ ਮਾੜਾ।

**# ਸੰਪਰਕ : 94171-31332**

# ਸਰਬਪੱਖੀ ਵਿਕਾਸ ’ਚ ਨੌਜਵਾਨਾਂ ਦੀ ਭੂਮਿਕਾ



ਡਾ. ਸਰਬਜੀਤ ਸਿੰਘ

ਹਰੇਕ ਸਾਲ 12 ਅਗਸਤ ਨੂੰ ਨੌਜਵਾਨਾਂ ਦੇ ਦਿਨ ਵਜੋਂ ਮਨਾਇਆ ਜਾਂਦਾ ਹੈ। ਇਸ ਵਾਰ ਇਹ ਦਿਨ ਖਾਸ ਥੀਮ ਦੇ ਅੰਤਰਗਤ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਕਿਸੇ ਵੀ ਦੇਸ਼ ਦੇ ਵਿਕਾਸ ਵਿੱਚ ਨੌਜਵਾਨਾਂ ਦੀ ਅਹਿਮੀਅਤ ਬਾਰੇ ਦੱਸਿਆ ਗਿਆ ਹੈ। ਇੱਕ ਵਿਚਾਰ ਅਨੁਸਾਰ ਹੁਣ ਡਿਜੀਟਲ ਯੁੱਗ ਹੈ, ਜੋ ਕਿ ਭਾਰਤ ਵਰਗੇ ਦੇਸ਼ਾਂ ਨੂੰ ਕਈ ਪੱਖਾਂ ਤੋਂ ਬਦਲ ਰਿਹਾ ਹੈ। ਇਹ ਸਮਾਂ ਵਿਕਾਸ ਦੇ ਨਜ਼ਰੀਏ ਤੋਂ ਬੇਸ਼ੁਮਾਰ ਮੌਕੇ ਦੇਸ਼ ਲਈ ਪ੍ਰਦਾਨ ਕਰ ਰਿਹਾ ਹੈ। ਸਥਾਈ ਵਿਕਾਸ ਟੀਚਿਆਂ ਤੱਕ ਪਹੁੰਚਣ ਵਿੱਚ ਮੋਬਾਈਲ ਯੰਤਰਾਂ, ਡਿਜੀਟਲ ਸੇਵਾਵਾਂ ਅਤੇ ਮਸ਼ੀਨੀ ਬੁੱਧੀ ਵਰਗੀਆਂ ਤਕਨਾਲੋਜੀਆਂ ਮਹੱਤਵਪੂਰਨ ਹਨ। ਡਿਜੀਟਲ ਆਦਾਨ-ਪ੍ਰਦਾਨ ਦੁਆਰਾ ਤਿਆਰ ਕੀਤਾ ਗਿਆ ਡੇਟਾ, ਸਬੂਤ ਆਧਾਰਤ ਫੈਸਲੇ ਲੈਣ ਦੇ ਸਮਰੱਥ ਬਣਾਉਣ ਵਿੱਚ ਆਪਣੀ ਅਹਿਮ ਭੂਮਿਕਾ ਨਿਭਾ ਰਿਹਾ ਹੈ। ਇਹ ਤਬਦੀਲੀ ਆਰਥਿਕ, ਸਮਾਜਿਕ ਅਤੇ ਵਾਤਾਵਰਨ ਦੇ ਪਹਿਲੂਆਂ ਨੂੰ ਪ੍ਰਭਾਵਤ ਕਰਨ ਵਿੱਚ ਵੀ ਮਹੱਤਵਪੂਰਨ ਭੂਮਿਕਾ ਅਦਾ ਕਰਦੀ ਹੈ। ਇਹ ਤਕਨੀਕ ਅਤੇ ਡੇਟਾ ਨਾ ਸਿਰਫ਼ ਵਿਕਾਸ ਦੇ ਟੀਚਿਆਂ ਨੂੰ ਪ੍ਰਭਾਵਤ ਕਰਦੇ ਹਨ, ਬਲਕਿ ਇਹਨਾਂ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਲਾਗਤ ਨੂੰ ਘਟਾਉਣ ਦੀ ਸਮਰੱਥਾ ਰੱਖਦੇ ਹਨ। ਸੰਭਾਵਤ ਤੌਰ ’ਤੇ ਇਹ ਤਕਨੀਕ ਪੂਰੇ ਸੰਸਾਰ ਵਿੱਚ ਕਈ ਟ੍ਰਿਲੀਅਨ ਤੱਕ ਪੈਸੇ ਦੀ ਬਚਤ ਕਰਦੀ ਹੈ। ਭਾਰਤ ਵਿੱਚ, ਨੌਜਵਾਨ ਵਰਗ, ਖਾਸ ਤੌਰ ’ਤੇ 15 ਤੋਂ 24 ਸਾਲ ਦੀ ਉਮਰ ਦੇ ਲੋਕ ਇਸ ਡਿਜੀਟਲ ਕ੍ਰਾਂਤੀ ਵਿੱਚ ਸਭ ਤੋਂ ਅਹਿਮ ਰੋਲ ਨਿਭਾ ਸਕਦੇ ਹਨ। ਸਾਲ 2022 ਵਿੱਚ ਇਸ ਉਮਰ ਸਮੂਹ ਦੇ ਤਕਰੀਬਨ ਤਿੰਨ-ਚੌਥਾਈ ਇੰਟਰਨੈੱਟ ਉਪਭੋਗਤਾ ਸਨ, ਇਹ ਉਪਭੋਗਤਾ ਦੂਜੀ ਜਨਸੰਖਿਆ ਦੇ ਮੁਕਾਬਲੇ ਇੰਟਰਨੈੱਟ ਵਰਤਣ ਵਾਲਿਆਂ ਦੀ ਗਿਣਤੀ ਦੀ ਉੱਚ ਦਰ ਨੂੰ ਦਰਸਾਉਂਦੇ ਹਨ। ਇਹ ਆਮ ਧਾਰਨਾ ਦਰਸਾਈ ਜਾਂਦੀ ਹੈ ਕਿ ਨੌਜਵਾਨ ਇਸ ਖੇਤਰ ਵੱਲ ਆਪਣੀ ਰੁਚੀ ਵੱਧ ਰੱਖ ਰਹੇ ਹਨ। ਸਮਕਾਲ ਵਿੱਚ ਨੌਜਵਾਨ ਲੋਕ, ਜਿਨਾਂ ਨੂੰ ਡਿਜੀਟਲ ਤਬਦੀਲੀ ਦੇ ਸੂਚਕ ਕਿਹਾ ਜਾਂਦਾ ਹੈ, ਸਮਾਜਿਕ ਬਦਲਾਅ ਅਤੇ ਨਵਾਂ ਸਿੱਖਣ ਲਈ ਤਕਨਾਲੋਜੀ ਦਾ ਲਾਭ ਉਠਾ ਰਹੇ ਹਨ। ਇਸ ਵਿਕਾਸ ਦੇ ਬਾਵਜੂਦ ਖਾਸ ਤੌਰ ’ਤੇ ਸ਼ਹਿਰਾਂ ਦੇ ਮੁਕਾਬਲੇ ਪੇਂਡੂ ਖੇਤਰਾਂ ਅਤੇ ਨੌਜਵਾਨਾਂ ਦੇ ਮੁਕਾਬਲੇ ਲੜਕੀਆਂ ਵਿੱਚ ਭਿੰਨਤਾਵਾਂ ਹਨ। ਸਮਾਜ ਵਿੱਚ ਮੌਜੂਦ ਇਹਨਾਂ ਸਮੂਹਾਂ ਨੂੰ ਇੰਟਰਨੈੱਟ ਤੱਕ ਪਹੁੰਚ ਕਰਨ ਅਤੇ ਡਿਜੀਟਲ ਕੰਮਕਾਜ ਨੂੰ ਵਿਕਸਤ ਕਰਨ ਵਿੱਚ ਰੁਕਾਵਟਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਰੁਕਾਵਟ ਉਹਨਾਂ ਦੇ ਡਿਜੀਟਲ ਵਿਕਾਸ ਵਿੱਚ ਪੂਰੀ ਤਰ੍ਹਾਂ ਹਿੱਸਾ ਲੈਣ ਅਤੇ ਲਾਭ ਲੈਣ ਦੀ ਯੋਗਤਾ ਵਿੱਚ ਸਮੱਸਿਆ ਬਣ ਸਕਦੀ ਹੈ।

ਭਾਰਤ ਵਰਗੇ ਦੇਸ਼ ਵਿੱਚ ਡਿਜੀਟਲ ਵਿਕਾਸ ਦੇ ਟੀਚੇ ਨੂੰ ਪੂਰਾ ਕਰਨ ਵਿਚ ਸਫਲਤਾ ਤਾਂ ਹੀ ਪ੍ਰਾਪਤ ਹੋ ਸਕਦੀ ਹੈ, ਜਦੋਂ ਦੇਸ਼ ਦੇ ਸਾਰੇ ਨੌਜਵਾਨ ਬਿਨਾਂ ਕਿਸੇ ਭੇਦਭਾਵ ਤੋਂ ਲਿੰਗ ਜਾਂ ਸਮਾਜਿਕ-ਆਰਥਿਕ ਸਥਿਤੀ ਦੀ ਪਰਵਾਹ ਕੀਤੇ ਬਿਨਾਂ ਡਿਜੀਟਲ ਨਵੀਨੀਕਰਨ ਵਿੱਚ ਯੋਗਦਾਨ ਪਾ ਸਕਣ ਲਈ ਉਤਸ਼ਾਹਤ ਹੋਣਗੇ। ਇਹ ਸ਼ੁਰੂਆਤ ਸਿਰਫ ਵਿਅਕਤੀਗਤ ਵਿਕਾਸ ਅਤੇ ਮਨੁੱਖੀ ਲੋੜਾਂ ਨਾਲ ਹੀ ਸੰਬੰਧਤ ਨਹੀਂ , ਸਗੋਂ ਭਾਰਤ ਦੀਆਂ ਪ੍ਰਮੁੱਖ ਚੁਣੌਤੀਆਂ, ਜਿਵੇਂ ਕਿ ਜਲਵਾਯੂ ਤਬਦੀਲੀ, ਅਸਮਾਨਤਾ ਅਤੇ ਗਰੀਬੀ ਨਾਲ ਨਜਿੱਠਣ ਲਈ ਵੀ ਜ਼ਰੂਰੀ ਹੈ। ਭਾਰਤ ਦੇ ਨੌਜਵਾਨ ਸਿਰਫ਼ ਡਿਜੀਟਲ ਤਕਨਾਲੋਜੀ ਦੇ ਸਹਿਯੋਗੀ ਹੀ ਨਹੀਂ ਹਨ, ਉਹ ਸਰਗਰਮ ਉੱਦਮੀ ਅਤੇ ਕੁਝ ਨਵਾਂ ਕਰਨ ਦੇ ਧਾਰਨੀ ਵੀ ਹਨ। ਉਹ ਨਵੀਂਆਂ ਵਿਧੀਆਂ ਵਿਕਸਤ ਕਰਨ, ਸਮਾਜਿਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਅਤੇ ਸਮਾਜਿਕ ਨਿਆਂ ਦੀ ਵਕਾਲਤ ਕਰਨ ਲਈ ਡਿਜੀਟਲ ਸਾਧਨਾਂ ਦੀ ਵਰਤੋਂ ਕਰ ਰਹੇ ਹਨ। ਉਦਾਹਰਨ ਲਈ, ਨੌਜਵਾਨ ਜਲਵਾਯੂ ਤਬਦੀਲੀ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਮਾਜ ਨੂੰ ਲਾਮਬੰਦ ਕਰਨ ਅਤੇ ਨੀਤੀ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਨ ਲਈ ਸੋਸ਼ਲ ਮੀਡੀਆ ਅਤੇ ਹੋਰ ਆਨਲਾਈਨ ਪਲੇਟਫਾਰਮਾਂ ਦੀ ਵਰਤੋਂ ਕਰ ਰਹੇ ਹਨ। ਉਹ ਨਵੀਂਆਂ ਤਕਨੀਕਾਂ ਅਤੇ ਕਾਰੋਬਾਰੀ ਮਾਡਲਾਂ ਦੇ ਨਵੇਂ ਰੂਪਾਂ ਨੂੰ ਵੀ ਇਸ ਮਾਧਿਅਮ ਰਾਹੀਂ ਚਲਾ ਰਹੇ ਹਨ। ਅਜਿਹੀ ਸ਼ੁਰੂਆਤ ਟਿਕਾਊ ਵਿਕਾਸ ਅਤੇ ਸਥਿਰ ਵਾਤਾਵਰਨ ਨੂੰ ਤਰਜੀਹ ਦਿੰਦੇ ਹਨ। ਕੁਦਰਤੀ ਸਰੋਤਾਂ ਨੂੰ ਬਚਾਉਣ ਅਤੇ ਲੋਕਾਂ ਨਾਲ ਉਹਨਾਂ ਦੇ ਫਾਇਦੇ ਨੂੰ ਸਾਂਝਾ ਕਰਨ ਲਈ ਡਿਜੀਟਲ ਪਲੇਟਫਾਰਮ ਜਾਂ ਇਸ ਪ੍ਰਚਾਰ ਨੂੰ ਉਤਸ਼ਾਹਤ ਕਰਨ ਵਾਲੇ ਐਪਸ ਇਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਦੇਸ਼ ਦੇ ਵਿਕਾਸ ਦੇ ਅਹਿਮ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਡਿਜੀਟਲ ਬਦਲਾਅ ਵਿੱਚ ਨੌਜਵਾਨਾਂ ਦੀ ਭੂਮਿਕਾ ਮਹੱਤਵਪੂਰਨ ਹੈ। ਡਿਜੀਟਲ ਟੈਕਨਾਲੋਜੀ ਅਤੇ ਡੇਟਾ ਦੀ ਵਰਤੋਂ ਕਰਨ ਦੀ ਉਨ੍ਹਾਂ ਦੀ ਯੋਗਤਾ ਨਵੀਂ ਸੂਝ ਅਤੇ ਚੁਣੌਤੀਆਂ ਤੋਂ ਬਚਣ ਦੀ ਅਗਵਾਈ ਕਰ ਸਕਦੀ ਹੈ, ਜੋ ਗੁੰਝਲਦਾਰ ਗਲੋਬਲ ਮੁੱਦਿਆਂ ਨੂੰ ਸਮਝਣ ਵਿੱਚ ਸਹਾਈ ਹੋਵੇਗੀ। ਡਿਜੀਟਲ ਸਾਧਨ ਕੁਦਰਤੀ ਸਰੋਤਾਂ ਦੀ ਨਿਗਰਾਨੀ ਅਤੇ ਪ੍ਰਬੰਧਨ, ਊਰਜਾ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਅਤੇ ਖੇਤੀਬਾੜੀ ਉਤਪਾਦਕਤਾ ਵਿੱਚ ਸੁਧਾਰ ਕਰਨ ਵਿੱਚ ਮਦਦ ਕਰ ਸਕਦੇ ਹਨ। ਉਹ ਸਿੱਖਿਆ ਅਤੇ ਸਿਹਤ ਸੰਭਾਲ ਤੱਕ ਪਹੁੰਚ ਦੀ ਸਹੂਲਤ ਵੀ ਦੇ ਸਕਦੇ ਹਨ੍ਹ ਵੱਡੇ ਸ਼ਹਿਰਾਂ ਦੇ ਮੁਕਾਬਲੇ ਦੂਰ-ਦੁਰਾਡੇ ਜਾਂ ਘੱਟ ਸੇਵਾ ਵਾਲੇ ਖੇਤਰਾਂ ਵਿੱਚ ਡਿਜੀਟਲ ਸੰਚਾਰ ਅਤੇ ਤਕਨੀਕ ਦੇ ਸਹਾਰੇ ਛੇਤੀ ਤੋਂ ਛੇਤੀ ਪਹੁੰਚ ਕੀਤੀ ਜਾ ਸਕਦੀ ਹੈ।

ਭਾਰਤ ਵਿੱਚ ਸਥਾਈ ਵਿਕਾਸ ਲਈ ਡਿਜੀਟਲ ਤਕਨੀਕ ਦੀ ਪੂਰੀ ਸੰਭਾਵਨਾ ਨੂੰ ਮਹਿਸੂਸ ਕਰਨ ਲਈ ਬਹੁਤ ਸਾਰੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਇੱਕ ਠੋਸ ਯਤਨ ਦੀ ਲੋੜ ਹੈ। ਇਸ ਵਿੱਚ ਡਿਜੀਟਲ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਕਰਨਾ, ਕਿਫਾਇਤੀ ਅਤੇ ਭਰੋਸੇਮੰਦ ਇੰਟਰਨੈੱਟ ਤੱਕ ਪਹੁੰਚ ਦਾ ਵਿਸਥਾਰ ਕਰਨਾ ਅਤੇ ਡਿਜੀਟਲ ਸਾਖਰਤਾ ਅਤੇ ਹੁਨਰ ਸਿਖਲਾਈ ਨੂੰ ਉਤਸ਼ਹਿਤ ਕਰਨਾ ਸ਼ਾਮਲ ਹੈ। ਅਜਿਹੀਆਂ ਪਹਿਲਕਦਮੀਆਂ ਖਾਸ ਤੌਰ ’ਤੇ ਪੇਂਡੂ ਖੇਤਰਾਂ ਵਿੱਚ ਮਹੱਤਵਪੂਰਨ ਹਨ। ਅਜਿਹੇ ਖੇਤਰਾਂ ਵਿੱਚ ਡਿਜੀਟਲ ਪਾੜਾ ਸਭ ਤੋਂ ਵੱਧ ਸਪੱਸ਼ਟ ਹੈ। ਇਸ ਤੋਂ ਇਲਾਵਾ ਨੌਜਵਾਨ ਔਰਤਾਂ ਅਤੇ ਹੋਰ ਹਾਸ਼ੀਏ ’ਤੇ ਰਹਿ ਗਏ ਸਮੂਹਾਂ ਵਿਸ਼ੇਸ਼ ਧਿਆਨ ਦੇ ਕੇ ਇਸ ਮੁਹਿੰਮ ਵਿੱਚ ਸ਼ਾਮਿਲ ਕਰਨ ਦੀ ਲੋੜ ਹੈ। ਉਹਨਾਂ ਨੂੰ ਇਹ ਅਹਿਸਾਸ ਕਰਾਉਣ ਦੀ ਜ਼ਰੂਰਤ ਹੈ ਕਿ ਉਹਨਾਂ ਕੋਲ ਡਿਜੀਟਲ ਤਕਨਾਲੋਜੀ ਨਾਲ ਜੁੜਨ ਅਤੇ ਲਾਭ ਲੈਣ ਦੇ ਮੌਕੇ ਹਨ। ਸਰਕਾਰ ਨੂੰ ਇਹ ਨਿਸਚਿਤ ਕਰਨਾ ਪਵੇਗਾ ਕਿ ਡੇਟਾ ਦੀ ਭਰੋਸੇਯੋਗਤਾ ਅਤੇ ਸੁਰੱਖਿਆ ਯਕੀਨੀ ਹੈ। ਇਸ ਪਲੇਟਫਾਰਮ ਦੇ ਜ਼ਰੀਏ ਰਾਜਾਂ ਦੇ ਅੰਦਰ ਅਤੇ ਵੱਖ-ਵੱਖ ਦੇਸ਼ਾਂ ਵਿੱਚ ਸਹਿਯੋਗ ਅਤੇ ਗਿਆਨ ਦੇ ਸੱਭਿਆਚਾਰ ਨੂੰ ਉਤਸ਼ਾਹਤ ਕਰਨਾ ਵੀ ਸ਼ਾਮਲ ਹੈ। ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸਹਿਯੋਗ ਅਤੇ ਭਾਈਵਾਲੀ ਸਫਲ ਡਿਜੀਟਲ ਪਹਿਲਕਦਮੀਆਂ ਨੂੰ ਵਧਾਉਣ ਵਿੱਚ ਮੁੱਖ ਭੂਮਿਕਾ ਨਿਭਾ ਸਕਦੇ ਹਨ।

ਭਾਰਤ ਦੇ ਭਵਿੱਖ ਵਿੱਚ ਟਿਕਾਊ ਵਿਕਾਸ ਨੂੰ ਚਲਾਉਣ ਲਈ ਡਿਜੀਟਲ ਤਕਨਾਲੋਜੀ ਦੀ ਸੰਭਾਵਨਾ ਬਹੁਤ ਜ਼ਿਆਦਾ ਹੈ। ਇਸ ਸੰਭਾਵਨਾ ਨੂੰ ਸਾਕਾਰ ਕਰਨ ਲਈ ਨਾ ਸਿਰਫ਼ ਤਕਨੀਕੀ ਤਰੱਕੀ ਦੀ ਲੋੜ ਹੈ, ਸਗੋਂ ਸਮਾਜ ਦੇ ਸਾਰੇ ਪੱਖਾਂ ਤੋਂ ਬਰਾਬਰੀ ਵਾਲੇ ਵਿਕਾਸ ਲਈ ਵਚਨਬੱਧਤਾ ਦੀ ਵੀ ਲੋੜ ਹੈ। ਦੇਸ਼ ਦੇ ਸਾਰੇ ਨੌਜਵਾਨਾਂ ਕੋਲ ਉਹ ਸਾਧਨ, ਹੁਨਰ ਅਤੇ ਮੌਕੇ ਹਨ, ਜਿਨ੍ਹਾਂ ਦੀ ਉਹਨਾਂ ਨੂੰ ਡਿਜੀਟਲ ਦੁਨੀਆ ਵਿੱਚ ਪ੍ਰਫੁੱਲਤ ਕਰਨ ਦੀ ਲੋੜ ਹੈ। ਦੇਸ਼ ਦੇ ਨੇਤਾਵਾਂ ਅਤੇ ਤਬਦੀਲੀ ਕਰਨ ਵਾਲਿਆਂ ਦੇ ਰੂਪ ਵਿੱਚ ਨੌਜਵਾਨਾਂ ਦੇ ਯੋਗਦਾਨ ਨੂੰ ਪਛਾਣਨਾ ਅਤੇ ਉਹਨਾਂ ਦੀ ਕਦਰ ਕਰਨਾ ਦੇਸ਼ ਦੀਆਂ ਸਰਕਾਰਾਂ ਦਾ ਵੱਡਾ ਮਨੋਰਥ ਹੋ ਸਕਦਾ ਹੈ। ਦੇਸ਼ ਵਿਚ ਨੌਜਵਾਨਾਂ ਦੇ ਡਿਜੀਟਲ ਯੋਗਦਾਨ ਦਾ ਜਸ਼ਨ ਮਨਾਉਣਾ ਅਤੇ ਹੋਰ ਵਰਗਾਂ ਨੂੰ ਸਹਿਯੋਗ ਲਈ ਪ੍ਰੇਰਿਤ ਕਰਨਾ ਇੱਕ ਚੰਗੀ ਪਹਿਲਕਦਮੀ ਹੋ ਸਕਦੀ ਹੈ।

ਇਹ ਦਿਹਾੜਾ ਦੇਸ਼ ਦੇ ਨੌਜਵਾਨਾਂ ਵੱਲੋਂ ਡਿਜੀਟਲ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਵਿੱਚ ਵੀ ਮਦਦ ਅਤੇ ਹੋਰ ਹਿੱਸੇਦਾਰਾਂ ਨੂੰ ਪਹਿਲਕਦਮੀਆਂ ਵਿੱਚ ਨਿਵੇਸ਼ ਕਰਨ ਲਈ ਉਤਸ਼ਾਹਿਤ ਕਰਦਾ ਹੈ। ਇਸ ਤਰ੍ਹਾਂ ਅਸੀਂ ਅਖੀਰ ਵਿੱਚ ਕਹਿ ਸਕਦੇ ਹਾਂ ਕਿ ਨੌਜਵਾਨਾਂ ਨੂੰ ਸਮਰਪਿਤ ਇਸ ਇਸ ਦਿਨ ’ਤੇ ਨੌਜਵਾਨ ਨੌਜਵਾਨਾਂ ਵੱਲੋਂ ਦੇਸ਼ ਲਈ ਕੀਤੇ ਜਾ ਰਹੇ ਕਾਰਜਾਂ ਦੀ ਅਹਿਮੀਅਤ ਨੂੰ ਦਰਸਾਉਣਾ ਚਾਹੀਦਾ ਹੈ ਅਤੇ ਵੱਡੇ ਪੱਧਰ ’ਤੇ ਦੇਸ਼ ਵੱਚ ਡਿਜੀਟਲ ਵਿਕਾਸ ਦੇ ਢਾਂਚੇ ਨੂੰ ਸਥਾਪਤ ਕਰਨ ਲਈ ਵੱਧ ਤੋਂ ਵੱਧ ਨੌਜਵਾਨਾਂ ਨੂੰ ਪ੍ਰੇਰਤ ਕਰਨਾ ਚਾਹੀਦਾ ਹੈ।

**# ਸੰਪਰਕ : 94176-26925**

# ਅਜ਼ਾਦੀ ਦਿਵਸ ਮੌਕੇ ਨਰੇਗਾ ਮਜ਼ਦੂਰ ਫੂਕਣਗੇ ਪੰਜਾਬ ਸਰਕਾਰ ਦੇ ਪੁਤਲੇ : ਜਗਸੀਰ ਖੋਸਾ, ਕੁਲਦੀਪ ਭੋਲਾ

**ਮੋਗਾ (ਇਕਬਾਲ ਸਿੰਘ ਖਹਿਰਾ)**



ਗੱਲਬਾਤ ਕਰਦੇ ਹੋਏ ਜਗਸੀਰ ਸਿੰਘ ਖੋਸਾ, ਕੁਲਦੀਪ ਸਿੰਘ ਭੋਲਾ ਤੇ ਹੋਰ ਆਗੂ।

ਜ਼ਿਲ੍ਹਾ ਮੋਗਾ ਦੇ ਨਰੇਗਾ ਪ੍ਰਸ਼ਾਸਨ ਵੱਲੋਂ ਨਰੇਗਾ ਕਾਮਿਆਂ ਦੇ ਮਸਲਿਆਂ, ਮੰਗਾਂ ਅਤੇ ਸਮੱਸਿਆਵਾਂ ਪ੍ਰਤੀ ਦਿਖਾਈ ਜਾ ਰਹੀ ਗੈਰ ਸੰਜੀਦਗੀ ਅਤਿਅੰਤ ਮੰਦਭਾਗੀ ਹੈ। ਜੇਕਰ ਪ੍ਰਸ਼ਾਸਨ ਨੇ ਆਪਣਾ ਵਤੀਰਾ ਨਾ ਬਦਲਿਆ ਤਾਂ ਸੰਘਰਸ਼ ਕਰਨਾ ਮਜ਼ਦੂਰਾਂ ਦੀ ਮਜਬੂਰੀ ਹੋਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਤੇ ਜ਼ਿਲ੍ਹਾ ਸਲਾਹਕਾਰ ਕੁਲਦੀਪ ਸਿੰਘ ਭੋਲਾ ਤੇ ਸੀਨੀਅਰ ਆਗੂ ਸ਼ੇਰ ਸਿੰਘ ਦੌਲਤਪੁਰਾ ਨੇ ਕੀਤਾ। ਉਨ੍ਹਾਂ ਦੱਸਿਆ ਕਿ 29 ਜੁਲਾਈ ਨੂੰ ਬਾਕੀ ਜ਼ਿਲ੍ਹਿਆਂ ਦੇ ਨਾਲ ਮੋਗਾ ਵਿਖੇ ਵੀ ਨਰੇਗਾ 2005 ਵਿੱਚ ਫੈਲ ਰਹੀ ਅਨਫੇਅਰ ਲੇਬਰ ਪ੍ਰੈਕਟਿਸ ਨੂੰ ਰੋਕਣ ਤੇ ਇਸ ਦੀ ਪਾਰਦਰਸ਼ਤਾ ਬਹਾਲ ਕਰਨ ਸਬੰਧੀ ਅਮਲ ਕਰਨ ਹਿੱਤ ਮੰਗ ਪੱਤਰ ਐਡੀਸ਼ਨਲ ਡਿਪਟੀ ਕਮਿਸ਼ਨਰ ਮੈਡਮ ਹਰਕੀਰਤ ਕੌਰ ਚੇਨੀ ਰਾਹੀਂ ਜ਼ਿਲ੍ਹਾ ਕੋਆਰਡੀਨੇਟਰ ਨਰੇਗਾ-ਕਮ-ਡਿਪਟੀ ਕਮਿਸ਼ਨਰ ਸਾਹਿਬ ਨੂੰ ਸੌਂਪਿਆ ਗਿਆ ਸੀ। ਇਸ ਰਾਹੀਂ ਯੂਨੀਅਨ ਨੇ ਮੰਗ ਕੀਤੀ ਹੈ ਕਿ ਨਰੇਗਾ ਕਾਮਿਆਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਮੰਗਾਂ ਅਤੇ ਉਨ੍ਹਾਂ ਦੇ ਹੱਲ ਲਈ ਜ਼ਿਲ੍ਹਾ ਕੋਆਰਡੀਨੇਟਰ ਨਰੇਗਾ-ਕਮ- ਡਿਪਟੀ ਕਮਿਸ਼ਨਰ ਤੋਂ ਨਰੇਗਾ ਯੂਨੀਅਨ ਨੇ 15 ਦਿਨਾਂ ਦੇ ਅੰਦਰ ਮੀਟਿੰਗ ਦੀ ਜਾਇਜ਼ ਮੰਗ ਕੀਤੀ ਸੀ, ਪਰ ਅਫ਼ਸੋਸ ਦੀ ਗੱਲ ਹੈ ਕਿ ਤਕਰੀਬਨ 15 ਦਿਨ ਬੀਤ ਜਾਣ ਦੇ ਬਾਵਜੂਦ ਹਾਲੇ ਤੱਕ ਡਿਪਟੀ ਕਮਿਸ਼ਨਰ ਵਲੋਂ ਇਸ ਸਬੰਧੀ ਕੋਈ ਮੀਟਿੰਗ ਨਹੀਂ ਸੱਦੀ ਗਈ।

ਯੂਨੀਅਨ ਨੇ ਫ਼ੈਸਲਾ ਕੀਤਾ ਕਿ 15 ਅਗਸਤ ਨੂੰ ਅਜ਼ਾਦੀ ਦਿਵਸ ਮੌਕੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ, ਕਿਉਂਕਿ ਨਰੇਗਾ ਕਾਮਿਆਂ ਨਾਲ ਆਜ਼ਾਦੀ ਦੇ ਇੰਨੇ ਸਾਲਾਂ ਬਾਅਦ ਵੀ ਗੁਲਾਮਾਂ ਵਾਂਗ ਸਲੂਕ ਕੀਤਾ ਜਾ ਰਿਹਾ ਹੈ। ਯੂਨੀਅਨ ਆਗੂਆਂ ਨੇ ਅੱਗੇ ਦੱਸਿਆ ਕਿ ਨਰੇਗਾ ਕਾਮਿਆਂ ਨੂੰ ਜ਼ਿਲ੍ਹੇ ਵਿੱਚ ਤਕਰੀਬਨ ਕਿਤੇ ਵੀ ਕੰਮ ਦੀ ਮੰਗ ਦੀਆਂ ਰਸੀਦਾਂ ਨਹੀਂ ਦਿੱਤੀਆਂ ਜਾ ਰਹੀਆਂ, ਆਪਣੀ ਮਰਜ਼ੀ ਅਨੁਸਾਰ ਹੀ ਮਜ਼ਦੂਰਾਂ ਨੂੰ ਕੰਮ ਦਿਤਾ ਜਾਂਦਾ ਹੈ, ਜੋ ਐਵਰੇਜ ਤੀਜਾ ਹਿੱਸਾ ਰਹਿ ਜਾਂਦਾ ਹੈ। ਅਸੀਂ ਮੰਗ ਕਰਦੇ ਹਾਂ ਕਿ ਅਰਜ਼ੀਆਂ ਦੀਆਂ ਰਸੀਦਾਂ ਯਕੀਨੀ ਬਣਾਈਆਂ ਜਾਣ ਤਾਂ ਜੁ ਮਜ਼ਦੂਰਾਂ ਨੂੰ 100 ਦੀ ਗਾਰੰਟੀ ਮੁਤਾਬਕ ਕੰਮ ਮਿਲੇ। ਨਰੇਗਾ ਮਜ਼ਦੂਰਾਂ ਨੂੰ ਦਿਹਾੜੀ ਰੇਟ ਵੀ 437 ਰੁਪਏ ਦੀ ਬਜਾਏ 322 ਰੁਪਏ ਦੇ ਕੇ ਮਜ਼ਦੂਰਾਂ ਨਾਲ ਬੇਇਨਸਾਫ਼ੀ ਕੀਤੀ ਜਾ ਰਹੀ ਹੈ। ਨਰੇਗਾ ਮੇਟਾਂ ਨੂੰ ਸੈਮੀਸਕਿਲਡ ਲੇਬਰ ਵਾਲੀ 499 ਰੁਪਏ ਦਿਹਾੜੀ ਦਿਤੀ ਜਾਣੀ ਚਾਹੀਦੀ ਹੈ। ਇਸ ਤੋਂ ਇਲਾਵਾ ਮੋਗੇ ਜ਼ਿਲ੍ਹੇ ਵਿਚ ਰਾਜਨੀਤਕ ਦਬਾਅ ਹੇਠ ਖੋਸਾ ਪਾਂਡੋ, ਨਿਧਾਂ ਵਾਲਾ, ਕਾਲੀਏ ਵਾਲਾ ਅਤੇ ਰਾਮੂੰਵਾਲਾ ਹਰਚੋਕਾ ਆਦਿ ਪਿੰਡਾਂ ਦੇ ਮੇਟਾਂ ਨੂੰ ਗੈਰ ਕਾਨੂੰਨੀ ਤਰੀਕੇ ਨਾਲ ਬਿਨਾਂ ਗ੍ਰਾਮ ਸਭਾ ਦੇ ਇਜਲਾਸ ਕੀਤਿਆਂ ਨਵੇਂ ਮੇਟਾਂ ਨੂੰ ਲਾਇਆ ਗਿਆ ਹੈ। ਇਹ ਮਾਮਲਾ ਪਿਛਲੇ 2 ਮਹੀਨਿਆਂ ਤੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਹੈ। ਪਰ ਹਾਲੇ ਤੱਕ ਇਸਦਾ ਕੋਈ ਹੱਲ ਨਹੀਂ ਕੀਤਾ ਗਿਆ। ਜ਼ਿਕਰਯੋਗ ਹੈ ਕਿ ਪਿੰਡ ਖੋਸਾ ਪਾਂਡੋ ਵਿਖੇ ਪਾਇਆ ਗ੍ਰਾਮ ਸਭਾ ਦਾ ਮਤਾ, ਮਜ਼ਦੂਰਾਂ ਵੱਲੋਂ ਕੀਤੀ ਮੰਗ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਈ ਪੜਤਾਲ ਦੌਰਾਨ ਜਾਅਲੀ ਸਾਬਤ ਹੋ ਚੁੱਕਾ ਹੈ। ਪਰ ਪ੍ਰਸ਼ਾਸਨ ਇਸ ਦੀ ਪੜਤਾਲ ਰਿਪੋਰਟ ਵਿੱਚ ਹੋਏ ਨਿਰਣਿਆਂ 'ਤੇ ਅਮਲ ਕਰਨ ਵਿੱਚ ਢਿੱਲ ਮੱਠ ਦਿਖਾ ਰਿਹਾ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਆਗੂਆਂ ਨੇ ਕਿਹਾ ਕਿ ਜੇਕਰ ਜ਼ਿਲ੍ਹਾ ਕੋਆਰਡੀਨੇਟਰ ਨਰੇਗਾ-ਕਮ-ਡਿਪਟੀ ਕਮਿਸ਼ਨਰ 15 ਅਗਸਤ ਤੋਂ ਪਹਿਲਾਂ ਯੂਨੀਅਨ ਨਾਲ ਮੀਟਿੰਗ ਕਰਕੇ ਉਪਰੋਕਤ ਮਸਲਿਆਂ, ਮੰਗਾਂ ਤੇ ਸਮੱਸਿਆਵਾਂ ਦਾ ਹੱਲ ਨਹੀਂ ਕਰਦੇ ਤਾਂ 15 ਅਗਸਤ ਨੂੰ ਆਜ਼ਾਦੀ ਦਿਵਸ ਮੌਕੇ ਨਰੇਗਾ ਕਾਮਿਆਂ ਨੂੰ ਗ਼ੁਲਾਮ ਸਮਝਣ ਵਿਰੁੱਧ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ, ਜਿਸ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।

# ਟੈਕਸੀ ਚਾਲਕ ਨੂੰ ਗੋਲੀ ਮਾਰ ਕੀਤਾ ਕਤਲ, ਟੈਕਸੀ ਖੋਹ ਹੋਏ ਫਰਾਰ

**ਸਮਰਾਲਾ/ਮਾਛੀਵਾੜਾ ਸਾਹਿਬ (ਸੁਰਜੀਤ ਸਿੰਘ, ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸ਼ਹਿਰ ਦੇ ਨਜ਼ਦੀਕ ਚੰਡੀਗੜ੍ਹ ਲੁਧਿਆਣਾ ਬਾਈਪਾਸ ਦੇ ਪਿੰਡ ਹਰਿਓਂ ਦੇ ਕੋਲ ਸਵੇਰੇ 5:30 ਵਜੇ ਇੱਕ ਨੌਜਵਾਨ ਡਰਾਈਵਰ ਦੀ ਲਾਸ਼ ਪੁਲਸ ਨੂੰ ਬਰਾਮਦ ਹੋਈ, ਜਿਸ 'ਤੇ ਕਈ ਗੋਲੀਆਂ ਲੱਗੀਆਂ ਹੋਈਆਂ ਸਨ।

ਮੌਕੇ 'ਤੇ ਪਹੁੰਚੇ ਡੀ.ਐਸ.ਪੀ. ਤਰਲੋਚਨ ਸਿੰਘ ਨੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ।ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਲਾਸ਼ ਦੀ ਪਛਾਣ ਕੀਤੀ ਗਈ ਤਾਂ ਮ੍ਰਿਤਕ ਦੀ ਪਛਾਣ ਰਵੀ ਕੁਮਾਰ ਨਿਵਾਸੀ ਚੰਡੀਗੜ੍ਹ, ਜੋ ਇੱਕ ਅਲਟੋ ਟੈਕਸੀ ਡਰਾਈਵਰ ਹੈ।ਮ੍ਰਿਤਕ ਟੈਕਸੀ ਚਾਲਕ ਨੂੰ ਗੋਲੀ ਮਾਰਨ ਤੋਂ ਬਾਅਦ ਦੋਸ਼ੀ ਡਰਾਈਵਰ ਦੀ ਅਲਟੋ ਗੱਡੀ ਨੂੰ ਖੋਹ ਕੇ ਨਾਲ ਲੈ ਗਏ।ਪੁਲਸ ਨੂੰ ਇਸ ਦੀ ਸੂਚਨਾ ਮ੍ਰਿਤਕ ਦੇ ਪਰਵਾਰ ਵੱਲੋਂ ਦਿੱਤੀ ਗਈ ਤੇ ਮ੍ਰਿਤਕ ਦੇ ਪਿਤਾ ਨੇ ਮੌਕੇ 'ਤੇ ਦੱਸਿਆ ਕਿ ਮ੍ਰਿਤਕ ਰਵੀ ਕੁਮਾਰ ਤਿੰਨ ਤੋਂ ਚਾਰ ਮਹੀਨੇ ਤੋਂ ਟੈਕਸੀ ਚਲਾਉਂਦਾ ਸੀ।ਰਾਤ ਮੇਰੇ ਬੇਟੇ ਨੇ ਦੱਸਿਆ ਕਿ ਮੈਨੂੰ ਚੰਡੀਗੜ੍ਹ ਤੋਂ ਲੁਧਿਆਣੇ ਦੀਆਂ ਸਵਾਰੀਆਂ ਮਿਲੀਆਂ ਹਨ।ਅਸੀਂ ਉਹ ਲੁਧਿਆਣੇ ਜਾ ਰਿਹਾ ਹੈ।ਉਸ ਤੋਂ ਬਾਅਦ ਦੁਬਾਰਾ ਤੜਕੇ ਫੋਨ ਆਉਂਦਾ ਹੈ ਤੇ ਕਹਿੰਦਾ ਹੈ ਕਿ ਪਾਪਾ ਮੇਰੇ ਗੋਲੀ ਲੱਗੀ ਹੈ।ਅਸੀਂ ਉਸ ਤੋਂ ਬਾਅਦ ਘਬਰਾ ਗਏ।ਮ੍ਰਿਤਕ ਰਵੀ ਦਾ ਡੇਢ ਸਾਲ ਪਹਿਲਾਂ ਵਿਆਹ ਹੋਇਆ ਸੀ।

# ਸ੍ਰੀ ਸ਼ਿਆਮ ਪ੍ਰਚਾਰ ਮੰਡਲ ਵੱਲੋਂ ਮਨਾਈ ਜਾਵੇਗੀ ਜਨਮ ਅਸ਼ਟਮੀ

**ਜੈਤੋ (ਸਤੀਸ਼ ਕੁਮਾਰ ਭੀਗੀ)**-ਸ੍ਰੀ ਸ਼ਿਆਮ ਪ੍ਰਚਾਰ ਮੰਡਲ ਦੇ ਪ੍ਰੈੱਸ ਸਕੱਤਰ ਗੋਨੀ ਮਿੱਤਲ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਹੀ ਸਾਡੀ ਸੰਸਥਾ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਜਨਮ ਅਸ਼ਟਮੀ ਦਾ ਦਿਹਾੜਾ ਚੌਂਕ ਨੰਬਰ 2 ਨਜ਼ਦੀਕ ਰਾਜ ਸਾਈਕਲ ਸਟੋਰ ਵਿਖੇ ਬਹੁਤ ਹੀ ਧੂਮਧਾਮ ਨਾਲ ਮਨਾਇਆ ਜਾਵੇਗਾ, ਜਿਸ ਵਿੱਚ ਕੁਲਚੇ ਛੋਲਿਆਂ ਦਾ ਪ੍ਰਸ਼ਾਦ ਵੰਡਦੇ ਹੋਏ ਰਾਤ ਨੂੰ 12 ਵਜੇ ਕੇਕ ਕੱਟਣ ਦੀ ਰਸਮ ਅਦਾ ਕੀਤੀ ਜਾਵੇਗੀ।ਇਸ ਮੌਕੇ ਸ੍ਰੀ ਸ਼ਿਆਮ ਪ੍ਰਚਾਰ ਮੰਡਲ ਦੇ ਪ੍ਰਧਾਨ ਚੰਦਰ ਮੋਹਨ, ਲੱਕੀ ਗੋਇਲ, ਸ਼ੰਕਰ ਗਰਗ, ਰਾਜਨ ਬਾਂਸਲ, ਚਾਂਦੀ ਗੋਇਲ ਤੇ ਸੰਧੀਰ ਬਰਗਾੜੀ ਹਾਜ਼ਰ ਸਨ।

# ਦਬਾਅ ਹੇਠ ਗਲਤ ਕਾਰਵਾਈ ਹੋਈ ਤਾਂ ਆੜ੍ਹਤੀਏ ਦੇਣਗੇ ਪੁਲਸ ਖਿਲਾਫ਼ ਧਰਨਾ

**ਬਰੇਟਾ (ਰੀਤਵਾਲ)**



ਮਜ਼ਦੂਰ ਮੁਕਤੀ ਮੋਰਚੇ ਵੱਲੋਂ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਮੋਹਨ ਗਰਗ ਵੱਲੋਂ ਮਜ਼ਦੂਰ ਮੁਕਤੀ ਮੋਰਚੇ ਦੇ ਇੱਕ ਆਗੂ ਨੂੰ ਜਾਤੀ ਸੂਚਕ ਸ਼ਬਦ ਬੋਲਣ ਦਾ ਇਲਜ਼ਾਮ ਲਾ ਕੇ ਕਾਰਵਾਈ ਕਰਨ ਲਈ ਮਜ਼ਦੂਰਾਂ ਵੱਲੋਂ ਪੁਲਸ 'ਤੇ ਲਗਾਤਾਰ ਦਬਾਅ ਬਣਾਇਆ ਜਾ ਰਿਹਾ ਹੈ।ਇਸ ਮਾਮਲੇ ਵਿੱਚ ਹੁਣ ਆੜ੍ਹਤੀਏ ਵੀ ਹਰਕਤ ਵਿੱਚ ਆ ਗਏ ਹਨ ਤੇ ਹੁਣ ਆੜ੍ਹਤੀਆ ਨੇ ਵੀ ਇੱਕ ਮੀਟਿੰਗ ਕਰਕੇ ਐਲਾਨ ਕਰ ਦਿੱਤਾ ਹੈ ਕਿ ਜੇਕਰ ਪੁਲਸ ਵੱਲੋਂ ਮਜ਼ਦੂਰ ਸੰਗਠਨ ਦੇ ਦਬਾਅ ਹੇਠ ਆ ਕੇ ਆੜ੍ਹਤੀਆਂ ਦੇ ਪ੍ਰਧਾਨ ਖਿਲਾਫ ਕੋਈ ਕਾਨੂੰਨੀ ਕਾਰਵਾਈ ਕੀਤੀ ਤਾਂ ਬਰੇਟਾ ਮੰਡੀ ਦੇ ਸਮੂਹ ਆੜ੍ਹਤੀਏ ਤੇ ਹੋਰ ਵਪਾਰੀ ਸੰਗਠਨਾਂ ਦੇ ਸਹਿਯੋਗ ਨਾਲ ਮੰਡੀ ਬੰਦ ਕਰਕੇ ਰੋਸ ਧਰਨਾ ਦੇਣਗੇ।

ਆੜ੍ਹਤੀਆ ਐਸੋਸੀਏਸ਼ਨ ਦੀ ਮੀਟਿੰਗ ਵਿੱਚ ਭਾਰੀ ਗਿਣਤੀ ਵਿੱਚ ਆੜ੍ਹਤੀਆਂ ਨੇ ਹਿੱਸਾ ਲਿਆ। ਐਸੋਸੀਏਸ਼ਨ ਦੇ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਿਸੇ ਵੀ ਵਿਅਕਤੀ ਨੂੰ ਜਾਤੀ ਸੂਚਕ ਸ਼ਬਦ ਨਹੀਂ ਬੋਲਿਆ ਗਿਆ, ਸਗੋਂ ਇਸ ਮਾਮਲੇ ਵਿੱਚ ਮਜ਼ਦੂਰ ਸੰਗਠਨਾਂ ਦੇ ਨਾਂਅ 'ਤੇ ਕੁਝ ਵਿਅਕਤੀਆਂ ਵੱਲੋਂ ਉਨ੍ਹਾਂ ਪਾਸੋਂ ਪੈਸੇ ਉਗਰਾਹੁਣ ਦੀ ਮਨਸ਼ਾ ਨਾਲ ਪੁਲਸ ਉੱਤੇ ਆੜ੍ਹਤੀਆਂ ਦੇ ਪ੍ਰਧਾਨ ਖਿਲਾਫ ਮਾਮਲਾ ਦਰਜ ਕਰਨ ਦਾ ਦਬਾਅ ਪਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਆੜ੍ਹਤੀਆਂ ਦੀਆਂ ਦੁਕਾਨਾਂ 'ਤੇ ਇੱਕ ਠੇਕੇਦਾਰ ਹੁੰਦਾ ਹੈ, ਜਿਹੜਾ ਕਿ ਸੀਜ਼ਨ ਦੌਰਾਨ ਹੋਰ ਲੇਬਰ ਦਾ ਪ੍ਰਬੰਧ ਕਰਦਾ ਹੈ ਅਤੇ ਸੀਜ਼ਨ ਦੌਰਾਨ ਲੇਬਰ ਪਾਸੋਂ ਆਪਣੀ ਨਿਗਰਾਨੀ ਵਿੱਚ ਭਰਾਈ ਤੁਲਾਈ ਦਾ ਕੰਮ ਕਰਵਾ ਕੇ ਆੜ੍ਹਤੀਏ ਤੋਂ ਪੈਸੇ ਫੜ ਕੇ ਆਪਣਾ ਬਣਦਾ ਕਮਿਸ਼ਨ ਕੱਟ ਕੇ ਬਾਕੀ ਦੀ ਪੇਮੈਂਟ ਮਜ਼ਦੂਰਾਂ ਨੂੰ ਦੇ ਦਿੰਦਾ ਹੈ।

ਇਸੇ ਤਰ੍ਹਾਂ ਉਨ੍ਹਾਂ ਦੀ ਦੁਕਾਨਾਂ 'ਤੇ ਕੰਮ ਕਰਦੇ ਠੇਕੇਦਾਰ ਨੇ ਉਨ੍ਹਾਂ ਤੋਂ ਬਣਦੀ ਸਾਰੀ ਮਜ਼ਦੂਰੀ ਦੀ ਰਕਮ ਵਸੂਲ ਕਰ ਲਈ, ਪਰ ਮਜ਼ਦੂਰਾਂ ਦੇ ਕਹਿਣ ਅਨੁਸਾਰ ਉਹਨਾਂ ਨੂੰ ਮਜ਼ਦੂਰੀ ਠੇਕੇਦਾਰ ਵੱਲੋਂ ਨਹੀਂ ਦਿੱਤੀ ਗਈ। ਜਤਿੰਦਰ ਮੋਹਨ ਨੇ ਦੱਸਿਆ ਕਿ ਇਸ ਵਿੱਚ ਉਨ੍ਹਾਂ ਦਾ ਕੋਈ ਕਸੂਰ ਨਹੀਂ।ਉਹ ਮਜ਼ਦੂਰੀ ਦੀ ਸਾਰੀ ਰਕਮ ਠੇਕੇਦਾਰ ਕਾਲੂ ਰਾਮ ਨੂੰ ਅਦਾ ਕਰ ਚੁੱਕੇ ਹਨ, ਪਰ ਮਜ਼ਦੂਰ ਮੁਕਤੀ ਮੋਰਚੇ ਦੇ ਆਗੂ ਠੇਕੇਦਾਰ ਪਾਸੋਂ ਦੂਜੇ ਮਜ਼ਦੂਰਾਂ ਨੂੰ ਮਜ਼ਦੂਰੀ ਦੀ ਰਕਮ ਦਿਵਾਉਣ ਦੀ ਬਜਾਏ ਆੜ੍ਹਤੀਏ ਪਾਸੋਂ ਦੁਬਾਰਾ ਇਹ ਪੇਮੈਂਟ ਦੇਣ ਦਾ ਦਬਾਅ ਬਣਾ ਰਹੇ ਸਨ ਅਤੇ ਜਦੋਂ ਇਹ ਇਸ ਵਿੱਚ ਕਾਮਯਾਬ ਨਾ ਹੋ ਸਕੇ ਤਾਂ ਮੁਕਤੀ ਮੋਰਚੇ ਦੇ ਇੱਕ ਆਗੂ ਨੇ ਪ੍ਰਧਾਨ ਖਿਲਾਫ ਜਾਤੀ ਸੂਚਕ ਸ਼ਬਦ ਬੋਲਣ ਦੀ ਝੂਠੀ ਦਰਖ਼ਾਸਤ ਪੁਲਸ ਨੂੰ ਦੇ ਦਿੱਤੀ ਤਾਂ ਕਿ ਇਸ ਦਬਾਅ ਹੇਠ ਆੜ੍ਹਤੀਏ ਪਾਸੋਂ ਪੈਸੇ ਦੀ ਉਗਰਾਹੀ ਕੀਤੀ ਜਾ ਸਕੇ ਅਤੇ ਹੁਣ ਝੰਡੇ ਅਤੇ ਬਿੱਲੇ ਲਾ ਕੇ ਪੁਲਸ ਖਿਲਾਫ ਧਰਨੇ ਲਗਾ ਕੇ ਕਾਰਵਾਈ ਦਾ ਦਬਾਅ ਪਾਇਆ ਜਾ ਰਿਹਾ ਹੈ। ਮੀਟਿੰਗ ਵਿੱਚ ਮੌਜੂਦ ਆੜ੍ਹਤੀਆਂ ਵੱਲੋਂ ਮਤਾ ਪਾਇਆ ਗਿਆ ਕਿ ਜੇਕਰ ਪੁਲਸ ਨੇ ਇਨ੍ਹਾਂ ਦੇ ਝੰਡਿਆਂ ਤੇ ਬਿੱਲਿਆਂ ਨਾਲ ਕੀਤੇ ਜਾ ਰਹੇ ਪ੍ਰਦਰਸ਼ਨ ਦੇ ਦਬਾਅ ਹੇਠ ਆ ਕੇ ਕੋਈ ਗਲਤ ਕਾਰਵਾਈ ਕੀਤੀ ਤਾਂ ਆੜ੍ਹਤੀਏ ਵੀ ਚੁੱਪ ਨਹੀਂ ਬੈਠਣਗੇ, ਸਗੋਂ ਹੋਰ ਵਪਾਰੀ ਸੰਗਠਨਾਂ ਦੇ ਸਹਿਯੋਗ ਨਾਲ ਹੜਤਾਲ ਕਰਕੇ ਰੋਸ ਧਰਨਾ ਸ਼ੁਰੂ ਕੀਤਾ ਜਾਵੇਗਾ।

# ਲਹਿਰਾ ਮੁਹੱਬਤ ਰੇਲਵੇ ਸਟੇਸ਼ਨ 'ਤੇ ਰੇਲਾਂ ਰੁਕਵਾਉਣ ਲਈ ਭਖ ਚੱਲਿਆ ਸੰਘਰਸ਼, 20 ਨੂੰ ਧਰਨਾ ਦੇਣ ਦੀ ਚੇਤਾਵਨੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਵਾਰ ਵਾਰ ਲਿਖਤੀ ਦਰਖਾਸਤਾਂ ਦੇਣ ਤੋਂ ਇਲਾਵਾ 30 ਜੁਲਾਈ ਨੂੰ ਅੰਬਾਲਾ ਜਾ ਕੇ ਡੀ. ਆਰ. ਐਮ. ਅੰਬਾਲਾ ਡਵੀਜ਼ਨ (ਨਾਰਥ ਰੇਲਵੇ) ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਲਹਿਰਾ ਮੁਹੱਬਤ ਰੇਲਵੇ ਸਟੇਸ਼ਨ 'ਤੇ ਰੇਲਾਂ ਨਾ ਰੋਕੇ ਜਾਣ ਦੇ ਵਿਰੋਧ ਵਿੱਚ ਵੱਖ-ਵੱਖ ਕਿਸਾਨ, ਮਜ਼ਦੂਰ ਤੇ ਸਮਾਜ ਸੇਵੀ ਜਥੇਬੰਦੀਆਂ ਦੀ ਅਗਵਾਈ ਵਿੱਚ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਵਿਖੇ ਇਕੱਠੇ ਹੋਏ ਪਿੰਡ ਵਾਸੀਆਂ ਨੇ ਸੰਘਰਸ਼ ਵਿੱਢਣ ਦੀ ਚੇਤਾਵਨੀ ਦਿੰਦਿਆਂ ਫ਼ੈਸਲਾ ਲਿਆ ਕਿ ਜੇਕਰ ਰੇਲਵੇ ਵਿਭਾਗ ਲਹਿਰਾ ਮੁਹੱਬਤ ਦੇ ਰੇਲਵੇ ਸ਼ਟੇਸ਼ਨ 'ਤੇ ਰੇਲਾਂ ਦਾ ਰੁਕਣਾ ਯਕੀਨੀ ਨਹੀਂ ਬਣਾਉਂਦਾ ਤਾਂ 20 ਅਗਸਤ ਨੂੰ ਰੇਲਵੇ ਸਟੇਸ਼ਨ 'ਤੇ ਧਰਨਾ ਸ਼ੁਰੂ ਕਰ ਦਿੱਤਾ ਜਾਵੇਗਾ।

ਇਸ ਮੌਕੇ ਸਾਰਿਆਂ ਦੀ ਸਹਿਮਤੀ ਨਾਲ 19 ਮੈਂਬਰੀ ਐਕਸ਼ਨ ਕਮੇਟੀ ਦਾ ਗਠਨ ਵੀ ਕੀਤਾ ਗਿਆ, ਜਿਸ ਵਿੱਚ ਇਨਕਲਾਬੀ ਕੇਂਦਰ ਦੇ ਸੂਬਾ ਕਮੇਟੀ ਮੈਂਬਰ ਜਗਜੀਤ ਸਿੰਘ, ਆਪ ਆਗੂ ਸੁਰਜੀਤ ਸਿੰਘ, ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਆਗੂ ਜਗਰੂਪ ਸਿੰਘ, ਟਰੈਕਟਰ ਟਰਾਲੀ ਯੂਨੀਅਨ ਦੇ ਆਗੂ ਪੂਰਨ ਸਿੰਘ, ਪ੍ਰਕਾਸ਼ ਸਿੰਘ ਕਾਲਾ, ਗੁਰਜੰਟ ਸਿੰਘ, ਹਰਦੀਪ ਸਿੰਘ, ਗੁਰਜੀਤ ਸਿੰਘ, ਜਲੌਰ ਸਿੰਘ, ਗੁਰਤੇਜ ਸਿੰਘ, ਬੂਟਾ ਸਿੰਘ, ਸੁਖਮੰਦਰ ਸਿੰਘ, ਪਰਮਿੰਦਰ ਸਿੰਘ, ਗੁਰਲਾਲ ਸਿੰਘ, ਗੁਰਜੰਟ ਸਿੰਘ, ਗੁਰਪ੍ਰੀਤ ਸਿੰਘ, ਪ੍ਰੀਤਮ ਸਿੰਘ, ਬਲਵੀਰ ਸਿੰਘ ਤੇ ਗੁਰਸੇਵਕ ਸਿੰਘ ਲੀਲਾ ਨੂੰ ਸ਼ਾਮਲ ਕੀਤਾ ਗਿਆ। ਸਿੱਧੂਪੁਰ ਆਗੂ ਗੁਰਮੇਲ ਸਿੰਘ, ਇਨਕਲਾਬੀ ਕੇਂਦਰ ਆਗੂ ਜਗਜੀਤ ਸਿੰਘ ਤੇ ਹੋਰਨਾਂ ਬੁਲਾਰਿਆਂ ਨੇ ਕਿਹਾ ਕਿ ਸਟੇਸ਼ਨ ਦਾ ਨਵੀਨੀਕਰਨ ਤਾਂ ਕਰ ਦਿੱਤਾ ਗਿਆ ਪ੍ਰੰਤੂ ਰੇਲਵੇ ਗੱਡੀਆਂ ਨੰਬਰ 14736 (ਅੰਬਾਲਾ-ਬਠਿੰਡਾ), 14509 (ਬਠਿੰਡਾ-ਅੰਬਾਲਾ), 14508 (ਫ਼ਾਜ਼ਿਲਕਾ-ਦਿੱਲੀ), 14815 (ਸ੍ਰੀ ਗੰਗਾਨਗਰ-ਹਰਦੁਆਰ) ਤੇ 04548 (ਦਿੱਲੀ-ਬਠਿੰਡਾ) ਆਦਿ ਲਹਿਰਾ ਮੁਹੱਬਤ ਰੇਲਵੇ ਸਟੇਸ਼ਨ 'ਤੇ ਨਹੀਂ ਰੁਕਦੀਆਂ। ਕਰੀਬ 15 ਹਜ਼ਾਰ ਦੀ ਆਬਾਦੀ ਵਾਲਾ ਇਸ ਵੱਡੇ ਪਿੰਡ ਦੇ ਲੋਕ ਰੇਲ ਸਫ਼ਰ ਦੀ ਸਹੂਲਤ ਤੋਂ ਵਾਂਝੇ ਹੋ ਗਏ ਹਨ। ਇਸ ਸਬੰਧੀ ਵਾਰ ਵਾਰ ਮੰਗ ਪੱਤਰ ਦੇਣ ਦੇ ਬਾਵਜੂਦ ਕੋਈ ਹੱਲ ਨਹੀਂ ਕੀਤਾ ਗਿਆ ਤੇ ਆਖਰ ਸੰਘਰਸ਼ ਲਈ ਮਜਬੂਰ ਹੋਣਾ ਪਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿੱਧੂਪੁਰ ਦੇ ਗੁਰਮੀਤ ਸਿੰਘ, ਹਰਨੇਕ ਸਿੰਘ, ਚਮਕੌਰ ਸਿੰਘ, ਜਸਪਾਲ ਸਿੰਘ ਤੇ ਪੁਸ਼ਪਿੰਦਰ ਸਿੰਘ, ਡਕੌਂਦਾ ਦੇ ਗੁਰਵਿੰਦਰ ਸਿੰਘ ਗੁਰਾ, ਬਿੱਕਰ ਸਿੰਘ, ਕ੍ਰਾਂਤੀਕਾਰੀ ਦੇ ਗੁਰਪ੍ਰੀਤ ਸਿੰਘ, ਸਹਿਕਾਰੀ ਸਭਾ ਦੇ ਮੀਤ ਪ੍ਰਧਾਨ ਜਗਸੀਰ ਸਿੰਘ, ਪਰਮਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਕੌਂਸਲਰ ਮੁਖ਼ਤਿਆਰ ਸਿੰਘ, ਗੁਰਸੇਵਕ ਸਿੰਘ, ਕਲੱਬ ਪ੍ਰਧਾਨ ਦੀਪ ਸਿੰਘ, ਹਰਪ੍ਰੀਤ ਸਿੰਘ ਪ੍ਰੀਤ, ਸਾਬਕਾ ਪੰਚ ਇੰਦਰਜੀਤ ਸਿੰਘ, ਆਪ ਆਗੂ ਗੁਰਪ੍ਰੀਤ ਸਿੰਘ, ਸੁਖਮੰਦਰ ਸਿੰਘ ਬੱਗਾ ਅਤੇ ਲਛਮਣ ਸਿੰਘ ਆਦਿ ਹਾਜ਼ਰ ਸਨ।

# 32 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਤਿੰਨ ਕਾਬੂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਲੱਖੋਕੇ ਬਹਿਰਾਮ ਤੇ ਥਾਣਾ ਗੁਰੂਹਰਸਹਾਏ ਪੁਲਿਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਗੁਪਤ ਸੂਚਨਾ ਦੇ ਆਧਾਰ ਤੇ ਤਿੰਨ ਵਿਅਕਤੀਆਂ ਨੂੰ 32 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਬੱਸ ਅੱਡਾ ਕਰੀ ਕਲਾਂ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਉੱਤਮ ਸਿੰਘ ਉਰਫ਼ ਬਿੱਟੂ ਪੁੱਤਰ ਸਰਵਨ ਸਿੰਘ ਵਾਸੀ ਨਵਾਂ ਕਿਲਾ ਨਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ, ਜੋ ਹੁਣ ਵੀ ਦਾਣਾ ਮੰਡੀ ਲੱਖੋਕੇ ਬਹਿਰਾਮ ਵਿਖੇ ਸ਼ਰਾਬ ਨਾਜਾਇਜ਼ ਵੇਚ ਰਿਹਾ ਹੈ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਮੌਕੇ 'ਤੇ 14 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਹੋਈ। ਥਾਣਾ ਗੁਰੂਹਰਸਹਾਏ ਪੁਲਿਸ ਦੇ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਕੋਹਰ ਸਿੰਘ ਵਾਲਾ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਅਨ ਕਰਨ ਪੁੱਤਰ ਮਹਿੰਦਰ ਸਿੰਘ ਤੇ ਨੀਰਜ ਕੁਮਾਰ ਪੁੱਤਰ ਦੇਸ ਰਾਜ ਵਾਸੀਅਨ ਪਿੰਡ ਝਾਵਲਾ ਨਾਜਾਇਜ਼ ਸ਼ਰਾਬ ਬਾਹਰੋਂ ਲਿਆ ਕੇ ਵੇਚਣ ਦੇ ਆਦੀ ਹਨ, ਜੋ ਅੱਜ ਵੀ ਸੂਆ ਕੱਸੀ ਤੋਂ ਕੋਹਰ ਸਿੰਘ ਵਾਲਾ ਨੂੰ ਜਾਂਦੀ ਸੜਕ ਤੇ ਦਰੱਖਤਾਂ ਦੀ ਆੜ ਵਿਚ ਨਜਾਇਜ਼ ਸ਼ਰਾਬ ਵੇਚ ਰਹੇ ਹਨ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਿਸ ਪਾਰਟੀ ਵੱਲੋਂ ਦੋਸ਼ੀਅਨ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਮੌਕੇ 'ਤੇ 18 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਬਾਇਓ ਗੈਸ ਫ਼ੈਕਟਰੀਆਂ ਅਸਲ 'ਚ ਕੈਂਸਰ ਫ਼ੈਕਟਰੀਆਂ, ਇਨ੍ਹਾਂ ਦੇ ਜ਼ੋਰਦਾਰ ਵਿਰੋਧ ਦੀ ਲੋੜ : ਬਲਵਿੰਦਰ ਸਿੰਘ ਔਲਖ



**ਜਗਰਾਉਂ (ਅਮਿਤ ਖੰਨਾ)**-ਅਖਾੜਾ ਬਾਇਓ ਗੈਸ ਫੈਕਟਰੀ, ਜਿਸ ਦਾ ਨਾਮਕਰਨ ਇਲਾਕੇ ਦੇ ਲੋਕਾਂ ਨੇ ਪ੍ਰਦੂਸ਼ਿਤ ਫੈਕਟਰੀ ਰੱਖ ਦਿੱਤਾ ਹੈ, ਖ਼ਿਲਾਫ਼ 30 ਅਪ੍ਰੈਲ ਤੋਂ ਚੱਲ ਰਿਹਾ ਦਿਨ-ਰਾਤ ਦਾ ਪੱਕਾ ਧਰਨਾ 104ਵੇਂ ਦਿਨ 'ਚ ਦਾਖਲ ਹੋ ਗਿਆ ਹੈ।ਭਾਰੀ ਮੀਂਹ ਦੇ ਬਾਵਜੂਦ ਰੋਸ ਧਰਨੇ 'ਚ ਸੈਂਕੜੇ ਪਿੰਡ ਵਾਸੀਆਂ ਨੇ ਭਾਗ ਲਿਆ।ਸਭ ਤੋਂ ਪਹਿਲਾਂ 1908 'ਚ ਅੱਜ ਦੇ ਦਿਨ ਅਜ਼ਾਦੀ ਲਹਿਰ 'ਚ ਸ਼ਹੀਦ ਹੋਏ ਅੰਗਰੇਜ਼ ਜੱਜ ਨੂੰ ਮਾਰਨ ਵਾਲੇ ਖੁਦੀ ਰਾਮ ਬੋਸ ਨੂੰ ਬਾਰਿਆਂ ਦੀ ਗੂੰਜ 'ਚ ਸ਼ਰਧਾਂਜਲੀ ਦਿੱਤੀ ਗਈ।ਇਸ ਸਮੇਂ ਉੱਘੇ ਲੋਕਪੱਖੀ ਵਿਗਿਆਨੀ ਡਾ. ਬਲਵਿੰਦਰ ਸਿੰਘ ਔਲਖ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇੱਕ ਅਗਸਤ ਨੂੰ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਨਾਲ ਹੋਈ ਮੀਟਿੰਗ 'ਚ ਪੰਜਾਬ ਸਰਕਾਰ ਨੂੰ ਦਲੀਲ ਸਹਿਤ ਦੱਸ ਦਿੱਤਾ ਗਿਆ ਸੀ ਕਿ ਪੰਜਾਬ 'ਚ ਬਿਨਾਂ ਘੋਖੇ ਪੇਂਡੂ ਵਸੋਂ ਦੇ ਬਿਲਕੁਲ ਨੇੜੇ ਲੱਗ ਰਹੀਆਂ ਇਹ ਗੋਬਰ ਗੈਸ ਫ਼ੈਕਟਰੀਆਂ ਜੋ ਕੱਚਾ ਮਾਲ ਵਰਤਣਗੀਆਂ ਉਸ ਵਿੱਚ ਗੰਨੇ ਦੀ ਮੈਲ, ਨੈਪੀਅਰ ਘਾਹ ਤੇ ਗੰਦਗੀ ਦੇ ਢੇਰ ਗੈਸ ਪੈਦਾ ਕਰਨ ਲਈ ਵਰਤੇ ਜਾਣਗੇ, ਜੋ ਭਾਰੀ ਬਦਬੂ ਤੇ ਗੰਦਗੀ ਪੈਦਾ ਕਰਨਗੇ।

ਵਹਿਹੀ ਹਾਲ ਖੰਨਾ ਤਹਿਸੀਲ ਚ ਘੁੰਗਰਾਲੀ ਰਾਜਪੂਤਾਂ ਪਿੰਡ ਦਾ ਬਣਿਆ ਹੋਇਆ ਹੈ। ਜੋ ਨਰਕ ਇਸ ਪਿੰਡ ਦੇ ਲੋਕ ਭੁਗਤ ਰਹੇ ਹਨ, ਉਹ ਬਾਕੀ ਪਿੰਡ ਕਿਉਂ ਭੋਗਣ।ਇਸ ਪ੍ਰਦੂਸ਼ਣ ਨਾਲ ਮਿੱਟੀ, ਹਵਾ, ਪਾਣੀ ਪ੍ਰਦੂਸ਼ਤ ਹੋਵੇਗਾ, ਜੋ ਕਦਾਚਿਤ ਸਹਿਨ ਨਹੀ ਕੀਤਾ ਜਾ ਸਕਦਾ।ਉਨ੍ਹਾਂ ਕਿਹਾ ਕਿ ਪੰਜਾਬ 'ਚ ਅਸੀਂ ਸਨਅਤ ਲੱਗਣ ਦੇ ਵਿਰੋਧੀ ਨਹੀਂ, ਪਰ ਲੋਕਾਂ ਦਾ ਜੀਵਨ ਬਰਬਾਦ ਕਰਨ ਦੇ ਨਾਂਅ 'ਤੇ ਕਦਾਚਿਤ ਨਹੀਂ।ਉਨ੍ਹਾਂ ਕਿਹਾ ਕਿ ਪਹਿਲਾਂ ਹਰੇ ਇਨਕਲਾਬ ਦੇ ਨਾਂਅ 'ਤੇ ਪੰਜਾਬ ਦਾ ਪਾਣੀ ਖਤਮ ਕਰ ਦਿੱਤਾ ਗਿਆ ਹਵਾ ਤੇ ਮਿੱਟੀ ਪ੍ਰਦੂਸ਼ਤ ਕਰ ਦਿੱਤੀ ਗਈ ਤੇ ਭਾਰੀ ਮੁਨਾਫ਼ੇ ਕਮਾਏ ਕਾਰਪੋਰੇਟਾਂ ਨੇ ਤੇ ਕਿਸਾਨ ਦੇ ਪੱਲੇ ਪਈਆਂ ਖ਼ੁਦਕੁਸ਼ੀਆਂ।ਈਕੋ ਗਰੀਨ ਦੇ ਨਾਂਅ 'ਤੇ ਲਾਈਆਂ ਜਾ ਰਹੀਆਂ ਇਹ ਫ਼ੈਕਟਰੀਆਂ ਵੱਡੀ ਮਾਤਰਾ 'ਚ ਮਾਰੂ ਗੈਸਾਂ ਪੈਦਾ ਕਰਕੇ ਅਸਲ 'ਚ ਜ਼ਹਿਰਾਂ ਪੈਦਾ ਕਰਕੇ ਸਾਡੇ ਲੋਕਾਂ ਦੀ ਜਾਨ ਦਾ ਖੌਅ ਬਨਣਗੀਆਂ।ਉਨ੍ਹਾਂ ਕਿਹਾ ਕਿ ਸਾਮਰਾਜੀ ਮੁਲਕ ਅਪਣੀ ਮਸ਼ੀਨਰੀ ਤੇ ਤਕਨੀਕ ਵੇਚਣ ਲਈ ਕਰਜ਼ਈ ਮੁਲਕ 'ਤੇ ਆਪਣੀਆਂ ਸ਼ਰਤਾਂ ਥੋਪ ਰਹੀਆਂ ਹਨ ਤੇ ਸਾਡੀਆਂ ਸਰਕਾਰਾਂ ਦੀ ਸਥਿਤੀ ਇਹ ਹੈ ਕਿ ਬਿਨਾਂ ਸੋਚੇ ਸਮਝੇ ਇਨ੍ਹਾਂ ਗੋਬਰ ਗੈਸ ਫ਼ੈਕਟਰੀਆਂ ਨੂੰ ਮਨਜ਼ੂਰੀ ਦੇ ਰਹੀਆਂ ਹਨ।ਪੰਜਾਬ 'ਚ ਡਾਇਰੀ ਧੰਦਾ ਤਾਂ ਚੌਪਟ ਹੋ ਰਿਹਾ ਹੈ।ਵੇਰਕਾ ਸਹਿਕਾਰੀ ਫੈਕਟਰੀ ਦਾ ਭੋਗ ਪਾਇਆ ਜਾ ਰਿਹਾ ਹੈ, ਇਸ ਹਾਲਤ 'ਚ ਗੋਬਰ ਕਿੱਥੋਂ ਆਵੇਗਾ।ਉਨ੍ਹਾਂ ਦੱਸਿਆ ਕਿ 16 ਅਗਸਤ ਨੂੰ ਪੰਜਾਬ ਸਰਕਾਰ ਨਾਲ ਪੀ ਏ ਯੂ 'ਚ ਦੁਬਾਰਾ ਹੋ ਰਹੀ ਮੀਟਿੰਗ 'ਚ ਵਿਗਿਆਨਕ ਆਧਾਰ 'ਤੇ ਦਲੀਲ ਸਹਿਤ ਇਹ ਫੈਕਟਰੀਆ ਪੱਕੇ ਤੌਰ 'ਤੇ ਬੰਦ ਕਰਾਉਣ ਦੀ ਮੰਗ ਕੀਤੀ ਜਾਵੇਗੀ।

ਇਸ ਸਮੇਂ ਅਮਨ ਰਸੂਲਪੁਰ ਨੇ ਨਾਟਕ 'ਸੁਲਗਦੀ ਧਰਤੀ' ਪੇਸ਼ ਕਰਕੇ ਲੋਕਾਂ ਨੂੰ ਨਸ਼ਿਆਂ ਖਿਲਾਫ ਸੁਚੇਤ ਕੀਤਾ। ਰਾਮ ਸਿੰਘ ਹਠੂਰ ਨੇ ਇਨਕਲਾਬੀ ਗੀਤ ਪੇਸ਼ ਕਰਕੇ ਰੰਗ ਬੰਨ੍ਹਿਆ।ਸਮਾਗਮ 'ਚ ਔਰਤਾਂ ਵੱਡੀ ਗਿਣਤੀ 'ਚ ਹਰੀਆਂ ਚੁੰਨੀਆਂ ਲੈ ਕੇ ਹਾਜ਼ਰ ਸਨ।ਸਮਾਗਮ ਵੱਲੋਂ 12 ਅਗਸਤ ਨੂੰ ਮਹਿਲ ਕਲਾਂ ਸਮਾਗਮ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ ਗਿਆ।

# ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਨੇ ਵਿਧਾਇਕ ਬੁੱਧਰਾਮ ਨੂੰ ਸੌਂਪਿਆ ਮੰਗ ਪੱਤਰ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਆਮ ਆਦਮੀ ਪਾਰਟੀ ਦੇ ਦਫ਼ਤਰ ਬੁਢਲਾਡਾ ਵਿਖੇ 986 ਮਲਟੀਪਰਪਜ਼ ਹੈਲਥ ਵਰਕਰਜ਼ ਯੂਨੀਅਨ ਵੱਲੋਂ ਹਲਕਾ ਵਿਧਾਇਕ ਸ਼੍ਰੀ ਬੁੱਧ ਰਾਮ ਨੂੰ ਮੰਗ ਪੱਤਰ ਸੌਂਪਿਆ ਗਿਆ। ਮੰਗਾਂ ਬਾਰੇ ਹੈਲਥ ਵਰਕਰਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 23 ਅਕਤੂਬਰ 986 ਪੋਸਟਾਂ ਦੇ ਲਈ ਸਿਹਤ ਵਿਭਾਗ ਵੱਲੋਂ ਅਸਾਮੀਆਂ ਭਰਨ ਲਈ ਇਸ਼ਤਿਆਰ ਦਿੱਤਾ ਗਿਆ ਸੀ, ਜਿਸ ਲਈ ਲਿਖਤੀ ਪ੍ਰੀਖਿਆ ਵੀ ਹੋ ਚੁੱਕੀ ਹੈ ਅਤੇ ਦਸਤਾਵੇਜ਼ ਵੀ ਤਸਦੀਕ ਹੋ ਚੁੱਕੇ ਹਨ।

ਹੁਣ ਸਿਰਫ ਨਿਯੁਕਤੀ ਪੱਤਰ ਹੀ ਜਾਰੀ ਕੀਤੇ ਜਾਣੇ ਬਾਕੀ ਹਨ।ਉਨ੍ਹਾਂ ਹਲਕਾ ਵਿਧਾਇਕ ਤੋਂ ਮੰਗ ਕੀਤੀ ਕਿ ਪਿਛਲੇ 15ਸਾਲਾਂ ਤੋਂ ਸਿਹਤ ਵਿਭਾਗ ਵਿੱਚ ਮਲਟੀਪਰਪਜ਼ ਹੈਲਥ ਵਰਕਰਜ ਦੀਆਂ ਖਾਲੀ ਪਈਆਂ ਅਸਾਮੀਆਂ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਜਲਦੀ ਤੋਂ ਜਲਦੀ ਨਿਯੁਕਤੀ ਪੱਤਰ ਦਿੱਤੇ ਜਾਣ, ਜੋ ਹੈਲਥ ਵਰਕਰਾਂ ਪਿਛਲੇ 18 ਸਾਲਾਂ ਤੋਂ ਪੱਕੇ ਹੋਣ ਦਾ ਸੁਪਨਾ ਦੇਖ ਰਹੀਆਂ ਹਨ, ਉਨ੍ਹਾਂ ਨੂੰ ਵੀ ਜਲਦੀ ਤੋਂ ਜਲਦੀ ਪੱਕਾ ਕਰਕੇ ਉਨ੍ਹਾਂ ਦਾ ਸੁਪਨਾ ਸਾਕਾਰ ਕੀਤਾ ਜਾਵੇ।ਅਜਿਹਾ ਨਾ ਹੋਣ ਦੀ ਸੂਰਤ ਚ ਆਉਣ ਵਾਲੇ ਸਮੇਂ ਵਿੱਚ ਯੂਨੀਅਨ ਵੱਲੋਂ ਪੰਜਾਬ ਭਰ ਵਿੱਚ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤੇ ਜਾਣਗੇ, ਜਿਸ ਦੀ ਨਿਰੋਲ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਸਲਾਈਟ 'ਚ ਰਾਸ਼ਟਰੀ ਵਿੱਦਿਅਕ ਨੀਤੀ ਤੇ ਰਾਸ਼ਟਰੀ ਵਰਕਸ਼ਾਪ ਆਰੰਭ

**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੈਸ਼ਨਲ ਐਜੂਕੇਸ਼ਨ ਪਾਲਿਸੀ 2020 ਦੇ ਕਾਰਗੁਜ਼ਾਰੀ ਮਾਰਗ ਉੱਤੇ ਦੋ ਰੋਜ਼ਾ ਰਾਸ਼ਟਰੀ ਵਰਕਸ਼ਾਪ ਦੀ ਮੇਜ਼ਬਾਨੀ ਕਰ ਰਿਹਾ ਹੈ।ਇਹ ਮਹੱਤਵਪੂਰਨ ਵਰਕਸ਼ਾਪ ਸਿੱਖਿਆ ਸੁਧਾਰ ਵਿੱਚ ਇੱਕ ਅਹਿਮ ਕਦਮ ਹੈ, ਜੋ ਐਨ.ਈ.ਪੀ.-2020 ਦੇ ਸਮੂਹਿਕ ਢਾਂਚੇ 'ਤੇ ਕੇਂਦ੍ਰਿਤ ਹੈ।

ਪ੍ਰੋਫੈਸਰ ਮਨੀ ਕਾਂਤ ਪਾਸਵਾਨ, ਨਿਰਦੇਸ਼ਕ ਦੀ ਅਗਵਾਈ ਅਤੇ ਟੀਮ ਮੈਂਬਰ ਪ੍ਰੋ. ਜੇ.ਐਸ. ਢਿੱਲੋਂ, ਸਾਬਕਾ ਡੀਨ (ਅਕਾਦਮਿਕ) ਤੇ ਪ੍ਰੋ. ਆਰ. ਕੇ. ਮਿਸ਼ਰਾ ਵਰਕਸ਼ਾਪ ਦੇ ਅਧਿਕਾਰੀ ਅਤੇ ਡੀਨ ਐਲੂਮਨਾਈ ਤੇ ਇੰਡਸਟਰੀਅਲ ਰਿਲੇਸ਼ਨਜ਼ ਦੇ ਨਾਲ ਐਨ.ਈ.ਪੀ.-2020 ਦੇ ਬਹੁਪੱਖੀ ਫ਼ਾਇਦਿਆਂ ਬਾਰੇ ਵਿਚਾਰ ਕਰਨ ਦੇ ਉਦੇਸ਼ ਨਾਲ ਇਸ ਵਰਕਸ਼ਾਪ ਦਾ ਆਯੋਜਨ ਕੀਤਾ।ਇਹ ਨੀਤੀ ਸਿੱਖਿਆ ਪ੍ਰਸ਼ਾਸਨ ਨੂੰ ਸੁਧਾਰਨ ਤੇ ਖਾਸ ਧਿਆਨ ਦਿੰਦੀ ਹੈ, ਜਿਸ ਨਾਲ ਇੱਕ ਸਮਰੱਥ ਤੇ ਸਮਰਥਿਤ ਸਿੱਖਿਆਵਾਂ ਦਾ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ।ਸਮਾਗਮ ਦੇ ਮੁੱਖ ਮਹਿਮਾਨ ਪ੍ਰੋਫੈਸਰ ਏ. ਸਹਸਰਬੁੱਧੇ ਨੇ ਕਿਹਾ ਕਿ ਐਨ.ਈ.ਪੀ.-2020 ਨੂੰ ਭਾਰਤ ਵਿੱਚ ਇਸ ਕਿਸਮ ਦੀ ਪਹਿਲੀ ਨੀਤੀ ਵਜੋਂ ਮੰਨਿਆ ਗਿਆ ਹੈ, ਜੋ ਵਿਦਿਆਰਥੀਆਂ ਨੂੰ ਇਸਦੇ ਮੂਹਰੇ ਰੱਖਦੀ ਹੈ, ਵੱਖ-ਵੱਖ ਸਿੱਖਿਆ ਧਾਰਾਵਾਂ ਦੇ ਵਿਚਕਾਰ ਇੱਕ ਪੁਲ ਬਣਾਉਣ ਵਾਲੀ ਸਿੱਖਿਆਵਾਂ ਦੇ ਵਿਚਾਰ ਨੂੰ ਵਧਾਵਾ ਦਿੰਦੀ ਹੈ।

# ਲਿੰਕ ਸੜਕ 'ਤੇ ਬਣੇ ਅੱਧ ਅਧੂਰੇ ਪੁਲ ਕਾਰਨ ਵਾਪਰਦੇ ਆਏ ਦਿਨ ਹਾਦਸੇ

**ਚੌਂਕੀਮਾਨ (ਬਲਬੀਰ ਸਿੰਘ)**



ਲਿੰਕ ਸੜਕ 'ਤੇ ਡੇਰਾ ਬਾਬਾ ਰੇਰੂ ਸਾਹਿਬ ਕੋਲ ਰਜਵਾਹੇ ਉਪਰ ਬਣਿਆ ਅੱਧ ਅਧੂਰਾ ਪੁੱਲ ਆਏ ਦਿਨ-ਰਾਤ ਹਾਦਸਿਆਂ ਦਾ ਕਾਰਨ ਬਣ ਰਿਹਾ ਹੈ। ਪਤਾ ਨਹੀਂ ਕਿਉਂ ਪ੍ਰਸ਼ਾਸਨ ਇਸ ਪਾਸੇ ਧਿਆਨ ਨਹੀਂ ਦੇ ਰਿਹਾ। ਸ਼ਾਇਦ ਕਿਸੇ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ ਹੋਵੇ।ਪੰਜਾਬ ਸਰਕਾਰ ਦੁਆਰਾ ਕੱਚੇ ਕੱਸੀਆਂ, ਸੂਏ, ਰਜਬਾਹਿਆਂ ਨੂੰ ਪੱਕਾ ਕਰਨ ਦੀ ਸਕੀਮ ਤਹਿਤ ਇਨ੍ਹਾਂ ਨੂੰ ਪੱਕਿਆਂ ਕੀਤਾ ਜਾ ਰਿਹਾ ਹੈ।ਇਨ੍ਹਾਂ ਉੱਪਰ ਬਣੇ ਪੁਲ਼ਾਂ ਨੂੰ ਸੜਕਾਂ ਮੁਤਾਬਕ ਚੌੜਿਆਂ ਕਰਕੇ ਪੱਕਾ ਕੀਤਾ ਜਾ ਰਿਹਾ ਹੈ, ਪ੍ਰੰਤੂ ਇਨ੍ਹਾਂ ਕੰਮਾਂ ਵਿੱਚ ਠੇਕੇਦਾਰਾਂ ਵੱਲੋਂ ਕੀਤੀ ਜਾਂਦੀ ਦੇਰੀ ਵੀ ਹਾਦਸਿਆਂ ਦਾ ਕਾਰਨ ਬਣਦੀ ਹੈ, ਜਿਸ ਕਾਰਨ ਬਹੁਤੇ ਰਾਹਗੀਰ ਆਪਣੀਆਂ ਲੱਤਾਂ ਬਾਹਵਾਂ ਪ੍ਰਬੰਧਕਾਂ ਦੀ ਅਣਗਹਿਲੀ ਕਾਰਨ ਤੁੜਵਾ ਬਹਿੰਦੇ ਹਨ।ਇਨ੍ਹਾਂ ਕੰਮਾਂ ਨੂੰ ਕਰਨ ਵੇਲੇ ਯੋਗ ਬਦਲਵੇਂ ਪ੍ਰਬੰਧ ਵੀ ਨਹੀਂ ਕੀਤੇ ਜਾਂਦੇ, ਜਿਸ ਕਾਰਨ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਵਿੱਚੋਂ ਲੰਘਣਾ ਪੈਂਦਾ ਹੈ।ਇਸ ਪੁਲ ਨੂੰ ਬਣਾਉਂਦੇ ਸਮੇਂ ਵੀ ਅੜੀਅਲ ਠੇਕੇਦਾਰ ਵੱਲੋਂ ਯੋਗ ਸੁਰੱਖਿਆ ਪ੍ਰਬੰਧ ਨਾ ਕਰਕੇ ਚੱਲਵੇਂ ਜਿਹੇ ਪ੍ਰਬੰਧ ਕਰਕੇ ਕਈ ਮਹੀਨੇ ਇਲਾਕੇ ਦੇ ਲੋਕਾਂ ਨੂੰ ਮੁਸੀਬਤਾਂ ਵਿੱਚ ਪਾਈ ਰੱਖਿਆ।ਨਵੀਂ ਬਣੀ ਸੜਕ ਨੂੰ ਟੁੱਟਣ ਤੋਂ ਬਚਾਉਣ ਲਈ ਜਦੋਂ ਮੌਕੇ ਦੇ ਇੰਚਾਰਜ ਨੂੰ ਲੋਕਾਂ ਵੱਲੋਂ ਬੇਨਤੀ ਕੀਤੀ ਤਾਂ ਅੱਖੜਪੁਣੇ ਵਿੱਚ ਬੋਲਦਿਆਂ ਉਸਨੇ ਕਿਹਾ ਕੋਈ ਨਹੀਂ ਜੇ ਟੁੱਟ ਜਾਵੇਗੀ, ਫ਼ੇਰ ਬਣਾਂ ਦਿਆਂਗੇ ਅਸੀਂ ਹੋਰ ਕੀ ਕੰਮ ਕਰਨਾ ਹੈ।ਹੁਣ ਪੁਲ਼ ਬਣੇ ਨੂੰ ਵੀ ਕਈ ਮਹੀਨੇ ਬੀਤ ਗਏ ਹਨ, ਪੁਲ਼ ਉੱਚਾ ਬਣਾਉਣ ਕਾਰਨ ਦੋਵੇਂ ਪਾਸੇ ਚੜ੍ਹਾਈ ਤੋਂ ਅੱਧ ਅਧੂਰੀ ਕੱਚੀ ਸੜਕ ਹੈ, ਜੋ ਆਏ ਦਿਨ-ਰਾਤ ਬਰਾਤੇ ਜ਼ਿਆਦਾਤਰ ਦੋ ਪਹੀਆ ਵਾਹਨਾਂ ਲਈ ਹਾਦਸਿਆਂ ਦਾ ਕਾਰਨ ਬਣਦੀ ਹੈ।

ਮੀਂਹ ਕਾਰਨ ਵੀ ਲੋਕਾਂ ਦੇ ਲੰਘਣ ਸਮੇਂ ਮੁਸ਼ਕਲ ਆ ਰਹੀ ਹੈ। ਰਾਤ ਬਰਾਤੇ ਇਹ ਅੱਧ ਅਧੂਰਾ ਪੁੱਲ ਕਿਸੇ ਵੱਡੇ ਹਾਦਸੇ ਦਾ ਕਾਰਨ ਵੀ ਬਣ ਸਕਦਾ ਹੈ, ਜਿਸ ਵੱਲ ਪ੍ਰਸ਼ਾਸਨ ਨੂੰ ਤੁਰੰਤ ਧਿਆਨ ਦੇਣ ਦੀ ਲੋੜ ਹੈ ਤਾਂ ਜੁ ਕਿਸੇ ਜਾਨੀ-ਮਾਲੀ ਨੁਕਸਾਨ ਤੋਂ ਬਚਿਆ ਜਾ ਸਕੇ।

# ਮਾਤਾ ਸਾਹਿਬ ਕੌਰ ਸਕੂਲ ਨੇ ਕੁਸ਼ਤੀ 'ਚ ਜਿੱਤੇ ਗੋਲਡ ਮੈਡਲ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੀ ਅੰਡਰ-14, 17, 19 ਕੁਸ਼ਤੀ ਦੇ ਖਿਡਾਰੀ ਮੇਘਾ ਰਾਏ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਏ ਜ਼ੋਨਲ ਮੈਚ ਵਿੱਚ ਗੋਲਡ ਮੈਡਲ ਹਾਸਲ ਕਰਕੇ ਇੱਕ ਵਾਰ ਫਿਰ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਮੁਕਾਬਲੇ ਵਿੱਚ ਬੱਚਿਆਂ ਨੇ ਕੁੱਲ 13 ਤਗਮੇ ਜਿੱਤੇ ਜਿਨ੍ਹਾਂ ਵਿੱਚੋਂ ਪੰਜ ਸੋਨ ਤਗਮੇ ਹਨ।ਇਸ ਜਿੱਤ ਨਾਲ ਸਕੂਲ ਵਿੱਚ ਖੁਸ਼ੀਆਂ ਦਾ ਮਾਹੌਲ ਹੈ।ਵਿਦਿਆਰਥੀਆਂ ਨੇ ਨਾ ਸਿਰਫ ਆਪਣੇ ਸਕੂਲ, ਬਲਕਿ ਪੂਰੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ ਹੈ।ਇਨ੍ਹਾਂ ਖਿਡਾਰੀਆਂ ਨੇ ਮੁਕਾਬਲੇ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਆਪਣੇ ਵਿਰੋਧੀਆਂ ਨੂੰ ਮਾਤ ਦਿੱਤੀ।ਕੋਚ ਸਚਿਨ ਕੰਬੋਜ ਨੇ ਟੀਮ ਦੇ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਿਦਿਆਰਥੀਆਂ ਅਤੇ ਸਟਾਫ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਨਿਲਾਕਸ਼ੀ ਗੁਪਤਾ ਨੇ ਕਿਹਾ ਕਿ ਇਹ ਜਿੱਤ ਸਕੂਲ ਦੇ ਖੇਡਾਂ ਪ੍ਰਤੀ ਸਮਰਪਣ ਨੂੰ ਦਰਸਾਉਂਦੀ ਹੈ।ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਦਾ ਰਹੇਗਾ।ਪ੍ਰੈਜ਼ੀਡੈਂਟ ਮਹੀਪਾਲ ਸਿੰਘ ਤੇ ਮੈਨੇਜਰ ਹਰਬੀਰ ਸਿੰਘ ਨੇ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਸਕੂਲ ਲਈ ਮਾਣ ਵਾਲੀ ਗੱਲ ਹੈ।ਇਸ ਜਿੱਤ ਨਾਲ ਸਕੂਲ ਦੇ ਵਿਦਿਆਰਥੀਆਂ ਵਿੱਚ ਹੋਰ ਵੀ ਜੋਸ਼ ਭਰ ਗਿਆ ਹੈ ਤੇ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਨਤੀਜੇ ਦੇਣ ਲਈ ਵਚਨਬੱਧ ਹਨ।

# ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਨੇ ਸੰਘਰਸ਼ ਦਾ ਬਿਗਲ ਵਜਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਾਵਰਕੌਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਹੈੱਡ ਆਫ਼ਿਸ ਯੂਨਿਟ ਪਟਿਆਲਾ ਦੀ ਮੀਟਿੰਗ ਅਣਖੀ ਭਵਨ ਫੈਕਟਰੀ ਏਰੀਆ ਪਟਿਆਲਾ ਵਿਖੇ ਭਿੰਦਰ ਸਿੰਘ ਚਹਿਲ ਦੀ ਪ੍ਰਧਾਨਗੀ ਹੇਠ ਹੋਈ।ਇੰਜ: ਹਰਜੀਤ ਸਿੰਘ ਸਕੱਤਰ ਨੇ ਜਾਣੂ ਕਰਾਇਆ ਕਿ ਪੰਜਾਬ ਸਰਕਾਰ ਵੱਲੋਂ ਜਲੰਧਰ ਜ਼ਿਮਨੀ ਚੋਣ ਸਮੇਂ ਮੁਲਾਜ਼ਮਾਂ ਤੇ ਪੈਨਸ਼ਨਰਜ ਨੂੰ ਵਾਇਦੇ ਅਨੁਸਾਰ ਮੰਗਾਂ 'ਤੇ ਮੀਟਿੰਗ ਦੇਣ ਤੋਂ ਵਾਰ-ਵਾਰ ਭੱਜ ਰਹੀ ਹੈ ਅਤੇ ਜਥੇਬੰਦੀਆਂ ਨੂੰ ਝੂਠ ਬੋਲ-ਬੋਲ ਕੇ ਗੁਮਰਾਹ ਤੇ ਜ਼ਲੀਲ ਕਰ ਰਹੀ ਹੈ।ਇੰਜ: ਸੰਤੋਖ ਸਿੰਘ ਦਫ਼ਤਰ ਸਕੱਤਰ ਸੂਬਾ ਕਮੇਟੀ, ਗੱਜਣ ਸਿੰਘ ਪ੍ਰੈੱਸ ਸਕੱਤਰ ਸੂਬਾ ਕਮੇਟੀ ਤੇ ਹੈੱਡ ਆਫ਼ਿਸ ਯੂਨਿਟ, ਵਿਪਨ ਕੁਮਾਰ ਸਕੱਤਰ ਪਟਿਆਲਾ ਸਰਕਲ, ਸੁਰਿੰਦਰ ਕੁਮਾਰ ਕੰਬੋਜ, ਮੋਹਨ ਰਾਜ ਨੇ ਪੰਜਾਬ ਸਰਕਾਰ ਦੀ ਮੀਟਿੰਗਜ ਤੋ ਭੱਜਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ।ਭਿੰਦਰ ਸਿੰਘ ਚਹਿਲ ਪ੍ਰਧਾਨ ਹੈੱਡ ਆਫਿਸ ਯੂਨਿਟ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਪੈਨਸ਼ਨਰਜ਼ ਦੇ ਸਾਂਝੇ ਫਰੰਟ ਨਾਲ ਮੀਟਿੰਗ ਕਰਕੇ ਪੈਨਸ਼ਨਰਜ ਦੀਆਂ ਮੰਗਾਂ ਜਿਵੇਂ 2.59 ਫੈਕਟਰ ਨਾਲ 2016 ਤੋਂ ਪਹਿਲੇ ਰਿਟਾਇਰ ਹੋਏ ਪੈਨਸ਼ਨਰਜ਼ ਦੀ ਪੈਨਸ਼ਨ ਸੁਧਾਈ, ਡੀ ਏ ਦੀਆਂ ਪੈਂਡਿੰਗ ਕਿਸਤਾਂ ਤੇ ਬਕਾਏ, ਪੇ-ਰਿਵੀਜਨ ਦੇ ਬਕਾਏ, ਪਾਵਰਕੌਮ ਵੱਲੋ ਪੈਨਸ਼ਨਰਜ ਤੋ ਐਕਟ ਦੇ ਵਿਪਰੀਤ ਕੱਟਿਆ ਜਾਂਦਾ 200 ਰੁਪਏ ਪ੍ਰਤੀ ਮਾਹ ਜੱਜੀਆ ਟੈਕਸ ਆਦਿ ਦਾ ਤੁਰੰਤ ਹੱਲ ਕਰੇ ਨਹੀਂ ਤਾ ਸਰਕਾਰ ਨੂੰ ਜਲਦ ਹੋਣ ਵਾਲੀਆਂ ਜ਼ਿਮਨੀ ਚੋਣਾਂ ਵਿੱਚ ਖਮਿਆਜਾ ਭੁਗਤਣਾ ਪਵੇਗਾ।ਮੀਟਿੰਗ ਦੇ ਅੰਤ ਵਿੱਚ ਜਥੇਬੰਦੀ ਦੇ ਸਮੂਹ ਮੈਂਬਰਾਂ ਵੱਲੋਂ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਸਰਕਾਰ ਦੇ ਝੂਠਾਂ ਦੀ ਪੰਡ ਭਰੇ ਬਾਜ਼ਾਰ ਚੁਰਾਹੇ ਵਿੱਚ ਆਮ ਜਨਤਾ ਦੇ ਸਾਹਮਣੇ ਸਾੜੀ ਗਈ।ਸਮੂਹ ਹਾਜਰ ਮੈਂਬਰਾਂ ਵਿੱਚ ਸਰਕਾਰ ਵਿਰੁੱਧ ਗੁੱਸੇ ਦੀ ਲਹਿਰ ਆਮ ਜਨਤਾ ਵੱਲੋਂ ਦੇਖੀ ਗਈ ਤੇ ਪੈਨਸ਼ਨਰਜ਼ ਭਾਰੀ ਰੋਹ ਵਿੱਚ ਸਰਕਾਰ ਨੂੰ ਸਬਕ ਸਿਖਾਉਣ ਲਈ ਜਥੇਬੰਦੀ ਦੇ ਆਗੂਆਂ ਨਾਲ ਸੰਘਰਸ਼ ਲਈ ਤਿਆਰ ਬਰ ਤਿਆਰ ਹਨ।

# ਡੀ ਸੀ ਦਫ਼ਤਰ ਅੱਗੇ 24 ਘੰਟੇ ਕੀਤੀ ਜਾਵੇਗੀ ਭੁੱਖ ਹੜਤਾਲ ਤੇ ਹੋਵੇਗਾ ਰੋਸ ਮੁਜ਼ਾਹਰਾ

**ਲੁਧਿਆਣਾ (ਐੱਮ ਐੱਸ ਭਾਟੀਆ)**



ਪੰਜਾਬ ਦੇ ਦਰਜਾ ਚਾਰ ਮੁਲਾਜ਼ਮਾਂ ਦੀ ਜਥੇਬੰਦੀ ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੀ ਸੂਬਾ ਕਾਰਜਕਾਰਨੀ ਮੀਟਿੰਗ ਯੂਨੀਅਨ ਦਫਤਰ ਇੰਪਰੂਮੈਂਟ ਟਰੱਸਟ ਲੁਧਿਆਣਾ ਵਿਖੇ ਜ਼ਿਲ੍ਹਾ ਪ੍ਰਧਾਨ ਵਿਨੋਦ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸੁਰਿੰਦਰ ਸਿੰਘ ਬੈਂਸ ਨੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਮੁਲਾਜ਼ਮਾਂ ਦੇ ਮਹਿਬੂਬ ਆਗੂ ਕਾ. ਰਣਬੀਰ ਢਿੱਲੋਂ ਦੇ ਸਦੀਵੀਂ ਵਿਛੋੜੇ ਤੇ ਗਹਿਰਾ ਦੁੱਖ ਪ੍ਰਗਟ ਕੀਤਾ ਤੇ 2 ਮਿੰਟ ਦਾ ਮੋਨ ਧਾਰਕੇ ਸਾਥੀ ਢਿੱਲੋਂ ਨੂੰ ਸਰਧਾਂਜਲੀ ਭੇਟ ਕੀਤੀ।ਸੂਬਾਈ ਮੁਲਾਜ਼ਮ ਆਗੂ ਰਣਜੀਤ ਸਿੰਘ ਰਾਣਵਾਂ ਤੇ ਗੁਰਮੇਲ ਸਿੰਘ ਮੈਲਡੇ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਮੁੱਖ ਮੰਤਰੀ ਪੰਜਾਬ ਸੰਜੀਦਾ ਨਹੀਂ ਹਨ। ਸਰਕਾਰ ਦੀ ਵਾਅਦਾਖਿਲਾਫ਼ੀ/ਟਾਲ ਮਟੋਲ ਨੀਤੀ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਹੈ।ਮੁੱਖ ਮੰਤਰੀ ਵੱਲੋਂ ਵਾਰ ਵਾਰ ਮੀਟਿੰਗਾਂ ਨੀਯਤ ਕਰਕੇ ਮੁਲਤਵੀ ਕਰਨ ਨਾਲ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਅੰਦਰ ਵਿਆਪਕ ਰੋਸ ਪੈਦਾ ਹੋ ਗਿਆ ਹੈ, ਜਿਸ ਦਾ ਪ੍ਰਗਟਾਵਾ ਸਾਂਝੇ ਫਰੰਟ ਵੱਲੋਂ 05-06 ਅਗਸਤ ਨੂੰ ਸਮੁੱਚੇ ਪੰਜਾਬ ਅੰਦਰ ਪੰਜਾਬ ਸਰਕਾਰ ਦੀ ਅਰਥੀਆਂ ਤੇ ਲਾਰਿਆਂ ਦੀਆਂ ਪੰਡਾਂ ਫੂਕੀਆਂ ਗਈਆਂ। ਇਨ੍ਹਾਂ ਐਕਸ਼ਨਾਂ ਵਿੱਚ ਪੰਜਾਬ ਦੇ ਦਰਜਾ ਚਾਰ ਮੁਲਾਜ਼ਮਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ, ਸੂਬਾ ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ, ਚੀਫ ਡਵਾਈਜ਼ਰ ਗੁਰਮੇਲ ਸਿੰਘ ਮੈਲਡੇ, ਜ਼ਿਲ੍ਹਾ ਸਰਪ੍ਰਸਤ ਮਾਤਾ ਪ੍ਰਸ਼ਾਦ, ਜ਼ਿਲ੍ਹਾ ਚੇਅਰਮੈਨ ਪਰਮਜੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਅਸ਼ੋਕ ਕੁਮਾਰ ਮੱਟੂ ਤੇ ਬਲਵੀਰ ਸਿੰਘ, ਵਿੱਤ ਸਕੱਤਰ ਰਣਜੀਤ ਸਿੰਘ ਮੁੱਲਾਪੁਰ, ਮੁੱਖ ਜਥੇਬੰਦਕ ਸਕੱਤਰ ਮਲਕੀਤ ਸਿੰਘ ਮਾਲੜਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਪੰਜਾਬ ਦੇ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਪ੍ਰਤੀ ਬਿਲਕੁਲ ਵੀ ਗੰਭੀਰ ਨਹੀਂ ਹੈ ਤੇ ਇਹ ਸਰਕਾਰ ਲਾਰਾ ਲੱਪਾ ਲਾ ਕੇ ਡੰਗ ਟਪਾਈ ਹੀ ਕਰ ਰਹੀ ਹੈ।ਆਗੂਆਂ ਆਖਿਆ ਕਿ ਇਹ ਪਹਿਲੀ ਵਾਰ ਹੈ ਕਿ ਇਸ ਸਰਕਾਰ ਵੱਲੋਂ ਜੋ ਕਾਨੂੰਨ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਬਣਾਇਆ ਗਿਆ ਹੈ, ਉਹ ਅੱਤ ਦਾ ਘਾਤਕ ਹੈ, ਕਿਉਂਕਿ ਇਸ ਪਾਲਿਸੀ ਰਾਹੀਂ ਪੱਕੇ ਹੋਣ ਵਾਲੇ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਮਮੂਲੀ ਵਾਧਾ ਹੀ ਹੋਵੇਗਾ। ਇਨ੍ਹਾਂ ਨੂੰ ਹੋਰ ਕੋਈ ਪੱਕਿਆਂ ਵਾਲੀ ਰਾਹਤ ਨਹੀਂ ਮਿਲੇਗੀ ਤੇ ਇਸ ਪਾਲਿਸੀ ਵਿੱਚ ਦਰਜਾ ਚਾਰ ਮੁਲਾਜ਼ਮਾਂ ਉੱਤੇ ਵਾਧੂ ਦੀਆਂ ਸ਼ਰਤਾਂ ਲਗਾ ਦਿੱਤੀਆਂ ਗਈਆਂ ਹਨ ਅਤੇ ਆਊਟਸੋਰਸ, ਇਨਲਿਸਟਮੈਂਟ ਤੇ ਕੇਂਦਰੀ ਸਕੀਮਾਂ ਤਹਿਤ ਕੰਮ ਕਰਦੇ ਮੁਲਾਜ਼ਮਾਂ ਨੂੰ ਬਾਹਰ ਕੱਢ ਦਿੱਤਾ ਹੈ, ਮਿੱਡ ਡੇਅ ਮੀਲ ਕੁੱਕ ਵਰਕਰਾਂ, ਆਸ਼ਾ ਵਰਕਰਾਂ ਤੇ ਆਂਗਣਵਾੜੀ ਵਰਕਰਾਂ/ਹੈਲਪਰਾਂ ਦੇ ਭੱਤੇ ਦੁੱਗਣੇ ਕਰਨ ਤੋਂ ਸਰਕਾਰ ਆਪਣੇ ਵਾਅਦੇ ਤੋਂ ਭੱਜ ਗਈ ਹੈ। ਸਰਕਾਰੀ ਕਾਲਜਾਂ ਵਿੱਚ ਪੀਟੀਏ ਫੰਡਾਂ ਚ ਲੰਮੇਂ ਅਰਸੇ ਤੋਂ ਡਿਊਟੀ ਕਰਦੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਪੁਰਾਣੀ ਪੈਨਸ਼ਨ ਬਹਾਲ ਕਰਨ ਦੀ ਬਜਾਏ ਉਸ ਨੂੰ ਕੇਂਦਰ ਸਰਕਾਰ ਨਾਲ ਜਬਰੀ ਬੰਨਿਆ ਜਾ ਰਿਹਾ ਹੈ, ਤਨਖਾਹ ਕਮਿਸ਼ਨ ਦੀ ਸਿਫ਼ਾਰਸ਼ ਦੇ ਬਾਵਜੂਦ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗਣਾਂਕ ਨਾਲ ਕਰਨ ਤੋਂ ਵੀ ਸਰਕਾਰ ਪਿੱਛੇ ਹਟ ਰਹੀ ਹੈ, ਮੁਲਾਜ਼ਮ/ਪੈਨਸ਼ਨਰ ਤਨਖਾਹ ਕਮਿਸ਼ਨ ਤੇ ਮਹਿੰਗਾਈ ਭੱਤੇ ਦੇ ਬਕਾਏ ਉਡੀਕਦੇ-ਉਡੀਕਦੇ ਇਸ ਜਹਾਨ ਤੋਂ ਤੁਰਦੇ ਜਾ ਰਹੇ ਹਨ, ਤਨਖਾਹ ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਨੀਆਂ ਤਾਂ ਦੂਰ ਦੀ ਗੱਲ ਤਨਖਾਹ ਕਮਿਸ਼ਨ ਦਾ ਦੂਜਾ ਹਿੱਸਾ ਠੰਡੇ ਵਸਤੇ ਵਿੱਚ ਪਾਇਆ ਹੋਇਆ ਹੈ, ਜਿਸ ਕਰਕੇ ਮੁਲਾਜ਼ਮ ਏਸੀਪੀ ਦੇ ਲਾਭ ਤੋਂ ਵੀ ਵਾਂਝੇ ਹੋਏ ਬੈਠੇ ਹਨ, ਗਰੁੱਪ ਡੀ ਮੁਲਾਜ਼ਮਾਂ ਦਾ ਕੱਟਿਆ ਸਪੈਸ਼ਲ ਇੰਕਰੀਮੈਂਟ ਬਹਾਲ ਨਹੀਂ ਕੀਤਾ ਜਾ ਰਿਹਾ, ਵਰਦੀਆਂ ਦੇ ਰੇਟਾਂ ਵਿੱਚ ਵਾਧਾ ਨਹੀਂ ਕੀਤਾ ਜਾ ਰਿਹਾ, ਤੀਜੇ ਦਰਜੇਏ ਵਿੱਚ ਤਰੱਕੀ ਕੋਟਾ ਵਧਾਇਆ ਜਾਵੇ ਤੇ 50 ਸਾਲ ਦੀ ਉੱਮਰ ਤੇ ਟਾਇਪ ਟੈਸਟ ਦੀ ਸ਼ਰਤ ਖਤਮ ਕੀਤੀ ਜਾਵੇ, ਮਹਿੰਗਾਈ ਭੱਤੇ ਦੀਆਂ ਤਿੰਨ ਕਿਸ਼ਤਾਂ ਜੋ 12 ਪ੍ਰਤੀਸ਼ਤ ਬਣਦੀਆਂ ਹਨ, ਉਹ ਨਾ ਦੇ ਕੇ ਮਹਿੰਗਾਈ ਭੱਤੇ ਨੂੰ ਕੇਂਦਰ ਨਾਲੋਂ ਡੀ ਲਿੰਕ ਕੀਤਾ ਜਾ ਰਿਹਾ ਹੈ, ਪੇਂਡੂ ਭੱਤਾ, ਫਿਕਸ ਸਫਰੀ ਭੱਤਾ ਸਮੇਤ ਹੋਰ ਅਨੇਕਾਂ ਵੱਖ-ਵੱਖ ਮੁਲਾਜ਼ਮਾਂ ਨੂੰ ਮਿਲਣ ਵਾਲੇ ਵੱਖ-ਵੱਖ ਤਰ੍ਹਾਂ ਦੇ ਹੋਰ ਭੱਤੇ ਸੋਧਣ ਦੇ ਨਾ 'ਤੇ ਬੰਦ ਕਰਕੇ ਰੱਖ ਦਿੱਤੇ ਹਨ ਅਤੇ ਇਹ ਸਰਕਾਰ ਉਨ੍ਹਾਂ ਨੂੰ ਮੁੜ ਚਾਲੂ ਕਰਨ ਵਾਸਤੇ ਤਿਆਰ ਨਹੀਂ, ਪਰਖ ਕਾਲ ਦੌਰਾਨ ਤਿੰਨ ਸਾਲ ਮੁੱਢਲੀ ਤਨਖਾਹ ਦੇ ਕੇ ਮੁਲਾਜ਼ਮਾਂ ਦਾ ਸੋਸ਼ਣ ਲਗਾਤਾਰ ਜਾਰੀ ਹੈ, ਪੰਜਾਬ ਅੰਦਰ 16 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਜਬਰੀ ਕੇਂਦਰੀ ਤਨਖਾਹ ਸਕੇਲ ਥੋਪੇ ਜਾ ਰਹੇ ਹਨ। ਕੁੱਝ ਦੇਣ ਦੀ ਥਾਂ ਉਲਟਾ 200/- ਰੁਪਏ ਪ੍ਰਤੀ ਮਹੀਨਾ ਮੁਲਾਜ਼ਮਾਂ/ਪੈਨਸ਼ਨਰਾਂ ਤੋਂ ਜਜ਼ੀਆ ਟੈਕਸ ਵਸੂਲਿਆ ਜਾ ਰਿਹਾ ਹੈ।

ਆਗੂਆਂ ਆਖਿਆ ਕਿ ਪੰਜਾਬ ਸਰਕਾਰ ਦੀਆਂ ਮੁਲਾਜ਼ਮ/ਪੈਨਸ਼ਨਰ ਪ੍ਰਤੀ ਮਾੜੀਆਂ ਨੀਤੀਆਂ ਦੇ ਖਿਲਾਫ਼ ਸਮੁੱਚੇ ਮੁਲਾਜ਼ਮ ਵਰਗ ਅੰਦਰ ਵਿਆਪਕ ਰੋਸ ਹੈ, ਕਿਉਂਕਿ ਅਜ਼ਾਦੀ ਦੇ 77 ਸਾਲ ਬਾਅਦ ਵੀ ਵੱਖੋ-ਵੱਖ ਵਿਭਾਗਾਂ ਵਿੱਚ ਗਰੁੱਪ ਡੀ ਮੁਲਾਜ਼ਮਾਂ ਦੀ ਰੈਗੂਲਰ ਭਰਤੀ ਨਾ ਕਰਕੇ ਠੇਕਾ, ਆਊਟਸੋਰਸ ਪ੍ਰਣਾਲੀ ਰਾਹੀਂ ਤੁੱਛ ਤਨਖਾਹਾਂ ਤੇ ਆਰਥਿਕ ਸੋਸ਼ਣ ਜੰਗੀ ਪੱਧਰ ਤੇ ਜਾਰੀ ਹੈ, ਜਿਸ ਲਈ ਮੀਟਿੰਗ ਵਿੱਚ ਫੈਸਲਾ ਕੀਤਾ ਕਿ 14-15 ਅਗਸਤ ਨੂੰ ਦਰਜਾਚਾਰ ਮੁਲਾਜ਼ਮਾਂ ਵੱਲੋਂ ਦੀ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੀ ਅਗਵਾਈ ਵਿੱਚ ਡੀ ਸੀ ਦਫ਼ਤਰ ਅੱਗੇ 24 ਘੰਟੇ ਦੀ ਭੁੱਖ ਹੜਤਾਲ ਕੀਤੀ ਜਾਵੇਗੀ ਤੇ ਰੋਸ ਮੁਜ਼ਾਹਰਾ ਕਰਕੇ ਝੰਡਾ ਲਹਿਰਾਉਣ ਆਏ ਮੰਤਰੀ ਰਾਹੀਂ ਮੰਗਾਂ ਦੇ ਯਾਦ ਪੱਤਰ ਪੰਜਾਬ ਦੇ ਮੁੱਖ ਮੰਤਰੀ ਨੂੰ ਭੇਜੇ ਜਾਣਗੇ।

# ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਪਟਿਆਲਾ ਵੱਲੋਂ ਸਨਮਾਨ ਸਮਾਰੋਹ ਦਾ ਆਯੋਜਨ

**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**



ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਟਰੱਸਟ ਪਟਿਆਲਾ ਵੱਲੋਂ ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਦੀ ਯੋਗ ਅਗਵਾਈ ਵਿੱਚ ਸਮਾਰੋਹ ਆਡੀਟੋਰੀਅਮ ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਵਿਖੇ ਕਰਾਇਆ ਗਿਆ।ਦੂਜੇ ਸਨਮਾਨ ਸਮਾਰੋਹ ਵਿੱਚ ਟਰੱਸਟ ਵੱਲੋਂ ਪਟਿਆਲਾ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ ਦੇ ਜਮਾਤ ਦਸਵੀਂ ਤੇ ਜਮਾਤ ਬਾਰ੍ਹਵੀਂ ਵਿੱਚੋਂ ਮੈਰਿਟ ਪ੍ਰਾਪਤ ਕਰਨ ਵਾਲੇ 39 ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ 55 ਅਧਿਆਪਕਾਂ ਤੇ 15 ਪ੍ਰਿੰਸੀਪਲਾਂ ਦਾ ਸਨਮਾਨ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਮੋਦੀ ਕਾਲਜ ਦੇ ਪ੍ਰਿੰਸੀਪਲ ਡਾ. ਨੀਰਜ ਗੋਇਲ ਤੇ ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਆਏ ਮਹਿਮਾਨਾਂ ਨੂੰ ਇੰਡੋਰ ਬੂਟੇ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ।ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਕਿਹਾ ਕਿ ਟਰੱਸਟ ਦਾ ਉਦੇਸ਼ ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ ਅੰਦਰ ਛਿਪੀ ਹੋਈ ਪ੍ਰਤਿਭਾ ਨੂੰ ਬਾਹਰ ਕੱਢਣਾ ਤੇ ਹੋਣਹਾਰ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨਾ ਵੀ ਹੈ। ਟਰੱਸਟ ਪਟਿਆਲਾ ਸ਼ਹਿਰ ਵਿੱਚ ਲਗਾਤਾਰ ਸਮਾਜ ਸੇਵੀ ਕਾਰਜ ਕਰ ਰਿਹਾ ਹੈ ਤੇ ਉਨ੍ਹਾਂ ਨੇ ਮੈਰਿਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

ਮੋਦੀ ਕਾਲਜ ਦੇ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਸਭ ਦਾ ਸਵਾਗਤ ਕੀਤਾ ਤੇ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀ ਤੇ ਅਧਿਆਪਕਾਂ ਨੂੰ ਸਨਮਾਨਤ ਕਰਨਾ ਟਰੱਸਟ ਦਾ ਵੱਡਾ ਉਪਰਾਲਾ ਹੈ ਤੇ ਉਹਨਾਂ ਨੇ ਵਿਦਿਆਰਥੀਆਂ ਨੂੰ ਹੋਰ ਵੱਧ ਕੇ ਮਿਹਨਤ ਕਰਨ ਲਈ ਪ੍ਰੇਰਿਆ, ਜਿਸ ਨਾਲ ਉਹ ਸਮਾਜ ਵਿੱਚ ਤੱਰਕੀ ਕਰ ਸਕਣ।ਇਸ ਦੌਰਾਨ ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸੁੱਖੀ ਬਾਠ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਵਿੱਚ ਨਾਂਹਪੱਖੀ ਸੋਚ ਖਤਮ ਕਰਨ ਦੀ ਲੋੜ ਹੈ ਤੇ ਮਾਂ ਬੋਲੀ ਪੰਜਾਬੀ ਨੂੰ ਅੱਜ ਦੇ ਸਮੇ ਪ੍ਰਫੁਲਿਤ ਕਰਨ ਦੀ ਵਧੇਰੇ ਲੋੜ ਹੈ।

ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰਪਾਲ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਵਧਾਈ ਦੇ ਪਾਤਰ ਹਨ ਜੋ ਮੈਰਿਟ ਵਿੱਚ ਆਏ ਹਨ ਤੇ ਅੱਗੇ ਮਿਹਨਤ ਕਰਕੇ ਚੰਗੇ ਅਹੁਦੇ ਪ੍ਰਾਪਤ ਕਰਨ।ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਦੇ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਮਾਤਾ-ਪਿਤਾ ਅਤੇ ਅਧਿਆਪਕਾਂ ਦੀ ਇੱਜ਼ਤ ਕਰਨੀ ਚਾਹੀਦੀ ਹੈ। ਇਸ ਮੌਕੇ ਪੇਪਰ ਬੋਰਡ ਮਿਲ ਐਸੋਸੀਏਸ਼ਨ ਦੇ ਪ੍ਰਧਾਨ ਤਰਸੇਮ ਲਾਲ ਮਿੱਤਲ, ਵੇਰਕਾ ਮਿਲਕ ਪਲਾਂਟ ਦੇ ਜਨਰਲ ਮੈਨੇਜਰ ਦਲਜੀਤ ਸਿੰਘ, ਉਂਕਾਰ ਸਿੰਘ ਤੇਜੇ ਪ੍ਰੋਜੈਕਟ ਇੰਚਾਰਜ ਤੇ ਜਤਿੰਦਰ ਬਠੋਈ ਨੇ ਵੀ ਸੰਬੋਧਨ ਕੀਤਾ।ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਦੀ ਵਿਦਿਆਰਥਣ ਹਰਗੁਣ ਕੌਰ ਅਤੇ ਸਿਮਰਨ ਵੱਲੋਂ ਕਵਿਤਾਵਾਂ ਅਤੇ ਗੀਤ ਪੇਸ਼ ਕੀਤੇ ਗਏ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦੇ ਵਿਹੜੇ 'ਚ ਲੱਗੀਆਂ ਤੀਆਂ ਦੀਆਂ ਰੌਣਕਾਂ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਤੀਜ ਦਾ ਤਿਉਹਾਰ ਬਹੁਤ ਹੀ ਧੂਮਧਾਮ ਨਾਲ ਮਨਾਇਆ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਥਾਣਾ ਧਾਰੀਵਾਲ ਦੇ ਐੱਸ. ਐੱਚ. ਓ. ਇਸਪੈਕਟਰ ਬਲਜੀਤ ਕੌਰ ਅਤੇ ਜ਼ਿਲ੍ਹਾ ਸਾਂਝ ਕੇਂਦਰ ਗੁਰਦਾਸਪੁਰ ਅਤੇ ਜ਼ਿਲ੍ਹਾ ਹੈਲਪ ਡੈਸਕ ਦੇ ਇੰਚਾਰਜ ਇਸਪੈਕਟਰ ਇੰਦਰਬੀਰ ਕੌਰ ਨੇ ਸ਼ਿਰਕਤ ਕੀਤੀ। ਨਰਸਰੀ ਤੋਂ ਤੀਸਰੀ ਤੱਕ ਦੇ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਅਤੇ ਹੋਰ ਰੰਗਾਰੰਗ ਪ੍ਰੋਗਰਾਮ ਦੀਆਂ ਵੱਖ-ਵੱਖ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਛੋਟੇ-ਛੋਟੇ ਵਿਦਿਆਰਥੀ ਰੰਗ ਬਰੰਗੀਆਂ ਪੰਜਾਬੀ ਪੋਸ਼ਾਕਾਂ ਵਿੱਚ ਬਹੁਤ ਹੀ ਸੁੰਦਰ ਲੱਗ ਰਹੇ ਸਨ। ਸਕੂਲ ਦੇ ਵਿਦਿਆਰਥੀਆਂ ਵਲੋਂ ਤੀਜ ਦੇ ਇਸ ਸੁਭਾਗ ਭਰੇ ਮੌਕੇ 'ਤੇ ਮੁੱਖ ਮਹਿਮਾਨ ਬਲਜੀਤ ਕੌਰ ਅਤੇ ਇੰਦਰਬੀਰ ਕੌਰ ਅਤੇ ਪਰਮਜੀਤ ਕੌਰ ਚਾਹਲ ਦੇ ਮਹਿੰਦੀ ਲਗਾ ਕੇ ਸ਼ਗਨ ਕੀਤਾ ਗਿਆ। ਮੁੱਖ ਮਹਿਮਾਨਾਂ ਨੇ ਵਿਦਿਆਰਥੀਆਂ ਨਾਲ ਸਾਵਨ ਦੇ ਝੂਲੇ ਦਾ ਆਨੰਦ ਮਾਣਿਆ। ਮੁੱਖ ਮਹਿਮਾਨ ਐੱਸਐੱਚਓ ਬਲਜੀਤ ਕੌਰ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਤੀਜ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰਿੰ. ਕਿਰਨ ਕੇਸਰ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਤੀਜ ਦੇ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ। ਪ੍ਰੋਗਰਾਮ ਦੇ ਅੰਤ ਵਿੱਚ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਵੱਲੋਂ ਆਏ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪਰਮਜੀਤ ਕੌਰ ਚਾਹਲ ਵੱਲੋਂ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਤੀਜ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

# 'ਅੰਗਰੇਜ਼ੋ ਭਾਰਤ ਛੱਡੋ' ਦਿਹਾੜੇ ਨੂੰ 'ਕਾਰਪੋਰੇਟੋ ਭਾਰਤ ਛੱਡੋ' ਦਿਵਸ ਵਜੋਂ ਮਨਾਇਆ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**— ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ 1942 ਵਿੱਚ ਅੰਗਰੇਜ਼ੋ ਭਾਰਤ ਛੱਡੋ ਦੇ ਦਿਹਾੜੇ ਨੂੰ ਕਾਰਪੋਰੇਟੋ ਭਾਰਤ ਛੱਡੋ ਦਿਵਸ ਵਜੋਂ ਮਨਾਇਆ ਗਿਆ ਜਿਸ ਵਿੱਚ ਇਲਾਕੇ ਭਰ 'ਚੋਂ ਜਮਹੂਰੀ ਕਿਸਾਨ ਸਭਾ ਪੰਜਾਬ, ਕਿਰਤੀ ਕਿਸਾਨ ਯੂਨੀਅਨ ਅਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਜਥੇਬੰਦੀਆਂ ਦੇ ਸੈਂਕੜੇ ਕਿਸਾਨ ਕਾਰਕੁਨ ਆਪਣੇ-ਆਪਣੇ ਝੰਡੇ ਲੈ ਕੇ ਸ਼ਾਮਿਲ ਹੋਏ ਅਤੇ ਕਾਰਪੋਰੇਟ ਭਾਰਤ ਛੱਡੋ ਦੇ ਬੁਲੰਦ ਨਾਅਰੇ ਲਾਉਂਦਿਆਂ ਅਜਨਾਲੇ ਦੇ ਬਾਜ਼ਾਰਾਂ ਵਿੱਚ ਰੋਹ ਭਰਿਆ ਪ੍ਰਦਰਸ਼ਨ ਕੀਤਾ ਗਿਆ ਜੋ ਅਜਨਾਲੇ ਥਾਣੇ ਦੇ ਸਾਹਮਣੇ ਸਮਾਪਤ ਹੋਇਆ ਜਿੱਥੇ ਪੁਲਸ ਪ੍ਰਸ਼ਾਸਨ ਦੀਆਂ ਵਧੀਕੀਆਂ ਵਿਰੁੱਧ ਵੀ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ! ਜਥੇਬੰਦੀਆਂ ਵੱਲੋਂ ਅਜਨਾਲਾ ਵਿਖੇ ਵਿਸ਼ਾਲ ਇਕੱਠ ਕੀਤਾ ਗਿਆ ਜਿਸਨੂੰ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਮੱਲੂਨੰਗਲ; ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਧਨਵੰਤ ਸਿੰਘ ਖਤਰਾਏਕਲਾਂ, ਸੁੱਚਾ ਸਿੰਘ ਤੇੜਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਝੰਡੇਰ ਤੇ ਸੀਨੀਅਰ ਆਗੂ ਅਵਤਾਰ ਸਿੰਘ ਜੱਸੜ, ਸੁਖਦੇਵ ਸਿੰਘ ਸੈਂਸਰਾ ਅਤੇ ਸ਼ਹੀਦ ਭਗਤ ਨੌਜਵਾਨ ਸਭਾ ਦੇ ਸੂਬਾਈ ਆਗੂ ਸਤਵਿੰਦਰ ਸਿੰਘ ਓਠੀਆਂ ਨੇ ਸੰਬੋਧਨ ਕੀਤਾ। ਉਕਤ ਆਗੂਆਂ ਨੇ ਦੱਸਿਆ ਕਿ ਮੋਦੀ ਸਰਕਾਰ ਸਾਡੀ ਖੇਤੀ ਨੂੰ ਕਾਰਪੋਰੇਟਾਂ ਦੇ ਹਵਾਲੇ ਕਰ ਰਹੀ ਹੈ। ਇਸ ਸਬੰਧ ਵਿੱਚ ਖੁੱਲ੍ਹੀ ਮੰਡੀ ਦੀ ਯੋਜਨਾ ਨੂੰ ਅੱਗੇ ਲਿਆਂਦਾ ਜਾ ਰਿਹਾ ਹੈ। ਅਜਿਹਾ ਕਰਨ ਨਾਲ ਆਉਣ ਵਾਲੇ ਸਮੇਂ ਵਿੱਚ ਖੇਤੀ ਛੇਤੀ ਤਬਾਹ ਹੋ ਜਾਵੇਗੀ। ਇਸ ਸਮੇਂ ਜ਼ੋਰਦਾਰ ਮੰਗ ਉਠਾਈ ਕਿ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਦੇ ਭਲੇ ਲਈ ਭਾਰਤ ਸਰਕਾਰ ਵਿਸ਼ਵ ਵਪਾਰ ਸੰਸਥਾ ਵਿੱਚੋਂ ਖੇਤੀ ਸੈਕਟਰ ਨੂੰ ਬਾਹਰ ਕੱਢੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ ਕਿਆਮਪੁਰ, ਹਰਪਾਲ ਸਿੰਘ ਛੀਨਾ, ਬਲਕਾਰ ਸਿੰਘ, ਮੇਜਰ ਸਿੰਘ ਜੌਹਲ, ਰਣਜੀਤ ਸਿੰਘ ਮੁਹਾਰ, ਗੁਰਨਾਮ ਸਿੰਘ, ਦਿਲਬਾਗ ਸਿੰਘ, ਵਿਜੇ ਸ਼ਾਹ, ਗਾਇਕ ਗੁਰਪਾਲ ਗਿੱਲ ਸੈਦਪੁਰ, ਸੁਰਜੀਤ ਸਿੰਘ ਭੂਰੇਗਿੱਲ ਆਦਿ ਨੇ ਵੀ ਆਪਣੇ ਵਿਚਾਰ ਰੱਖੇ।

# ਰੋਟਰੀ ਕਲੱਬ ਆਸਥਾ ਵੱਲੋਂ ਸਰਕਾਰੀ ਸਕੂਲ ਜਗਦੇਵ ਕਲਾਂ ਨੂੰ ਪੱਖੇ ਭੇਟ



**ਅੰਮ੍ਰਿਤਸਰ (ਅਰੋੜਾ):** ਰੋਟਰੀ ਕਲੱਬ ਆਸਥਾ ਵੱਲੋਂ ਕਲੱਬ ਦੇ ਪ੍ਰਧਾਨ ਡਾ. ਰਣਵੀਰ ਬੇਰੀ, ਸਕੱਤਰ ਸਾਬਕਾ ਪ੍ਰਧਾਨ ਅੰਦੇਸ਼ ਭੱਲਾ, ਪ੍ਰਾਜੈਕਟ ਚੇਅਰਮੈਨ ਬਲਦੇਵ ਸਿੰਘ ਸੰਧੂ, ਬ੍ਰਿਗੇਡੀਅਰ ਜੀ. ਐੱਸ. ਸੰਧੂ ਦੀ ਦੇਖ-ਰੇਖ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਦੇਵ ਕਲਾਂ ਦੇ ਵਿਦਿਆਰਥੀਆਂ ਦੀ ਲੋੜ ਨੂੰ ਦੇਖਦੇ ਹੋਏ 6 ਪੱਖੇ ਭੇਟ ਕੀਤੇ।ਇਸ ਮੌਕੇ ਸਕੂਲ ਸਟਾਫ਼ ਵੱਲੋਂ ਰੋਟਰੀ ਮੈਂਬਰਾਂ ਦੇ ਸਵਾਗਤ ਲਈ ਇੱਕ ਸਾਦੇ ਸਮਾਗਮ ਦਾ ਆਯੋਜਨ ਵੀ ਕੀਤਾ ਗਿਆ।ਸਮਾਗਮ ਵਿੱਚ ਰੋਟਰੀ ਦੇ ਚਾਰਟਰਡ ਪ੍ਰਧਾਨ ਜ਼ੋਨਲ ਚੇਅਰਮੈਨ ਐੱਚ. ਐੱਸ ਜੋਗੀ, ਸਾਬਕਾ ਜ਼ੋਨਲ ਚੇਅਰਮੈਨ ਜਤਿੰਦਰ ਸਿੰਘ ਪੱਪੂ, ਸਾਬਕਾ ਪ੍ਰਧਾਨ ਪਰਮਜੀਤ ਸਿੰਘ, ਸਾਬਕਾ ਪ੍ਰਧਾਨ ਅਧਿਆਪਕ ਨੇਤਾ ਅਮਨ ਸ਼ਰਮਾ, ਅਸ਼ਵਨੀ ਅਵਸਥੀ, ਹਰਦੇਸ਼ ਦਵੇਸਰ, ਫੂਡ ਸਪਲਾਈ ਵਿਭਾਗ ਦੇ ਨਿਰੀਖਕ ਸਾਬਕਾ ਪ੍ਰਧਾਨ ਡਾ. ਗਗਨਦੀਪ ਸਿੰਘ, ਸਰਬਜੀਤ ਸਿੰਘ, ਪ੍ਰਦੀਪ ਸ਼ਰਮਾ, ਮਮਤਾ ਅਰੋੜਾ, ਮਨਮੋਹਨ ਸਿੰਘ, ਚੰਦਰਮੋਹਨ, ਰੋਟਰੀ ਦੇ ਸਹਾਇਕ ਗਵਰਨਰ ਇੰਜੀ. ਅਸ਼ੋਕ ਸ਼ਰਮਾ ਖਾਸ ਤੌਰ 'ਤੇ ਸ਼ਾਮਿਲ ਹੋਏ।ਸਕੂਲ ਦੇ ਪ੍ਰਿੰ. ਅਤੇ ਹੋਰ ਅਧਿਆਪਕਾਂ ਨੇ ਰੋਟਰੀ ਕਲੱਬ ਆਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।ਪ੍ਰਧਾਨ ਡਾ. ਰਣਵੀਰ ਬੇਰੀ ਅਤੇ ਸਕੱਤਰ ਅੰਦੇਸ਼ ਭੱਲਾ ਨੇ ਕਿਹਾ ਕਿ ਰੋਟਰੀ ਕਲੱਬ ਆਸਥਾ ਵੱਲੋਂ ਵਿਦਿਆਰਥੀਆਂ ਦੀ ਸਹਾਇਤਾ ਲਈ ਕੀਤੇ ਜਾਣ ਵਾਲੇ ਅਜਿਹੇ ਪ੍ਰਾਜੈਕਟ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹਿਣਗੇ।ਸਕੂਲ ਵੱਲੋਂ ਰੋਟਰੀ ਮੈਂਬਰਾਂ ਦਾ ਧੰਨਵਾਦ ਕਰਕੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ।


## COURT NOTICE

**In the Court of MS. Radhika Puri**
**Additional Civil Judge (Senior Division), Ludhiana**

CNR No. PBLD02-007280-2024
Peshi : 10-09-2024

Publication Notice in petition under Section 29 of the Guardian and wards Act read with Section 8 of the Hindu Minorities and Guardianship Act.

Simmi aged about 36 years W/o Late Sh. Dhiraj Kumar, resident of house No. 265/2, Ahata Faqir Chand, Tajganj, Ludhiana-141008.

Versus General Public

Notice issued to :- General Public

Whereas the above named petitioner Simmi W/o Late Sh. Dhiraj Kumar has filed petition for the Appointing the petitioner as guardian of person and property and for permission to the petitioner to sell the ¼ share each of the minor's Naitik Kumar (D.O.B. 04.06.2009) and Navya (D.O.B. 16.08.2013) i.e Property measuring 250 sq. yards bearing Khasra No.- 87//3/2, 12, 13, 19, 20, 86//16, 24, 25, 87//4/1, 8, 9, 11/2, 89//4 Khata No. 115/126. 390/405 Jamabandi year 2011-12, Situated at Dhandari Kalan, Hadbast No. 241, locality Mohalla Makkar Colony, Ludhiana bearing Wasika no. 9286 dated 2/11/2011 and the Inteqal Virasat No 18904 has been registered in the name of Radha Rani, Simmi, Naitik and Navya. Petitioner is governing the property in which the said minors hold their one-fourth share each as natural guardian for the welfare of the minor.

This Notice is hereby issued to the general public regarding the institution of this petition. If any person has any objection to sell the property of the above said petitioner of the said Children, then he/she should appear in the court on 10.09.2024 at 10.00 a.m., either in person or through an authorised agent of lawyer for filing objections failing which the petition shall be decided in accordance with law.

Given under my hand and the seal of the court, this 01.08.2024

For details logon to https://highcourtchd.gov.in/?trs=district_notice&district=ludhiana

Additional Civil Judge (Senior Division), Ludhiana.



## SMFG INDIA CREDIT COMPANY LIMITED

**(Formerly Fullerton India Credit Company Limited)**

**Corporate Office:** 10th Floor, Office No. 101,102 & 103, 2 North Avenue, Maker Maxity, Bandra Kurla Complex, Bandra (E), Mumbai - 400051

**ਡਿਮਾਂਡ ਨੋਟਿਸ**

ਦਾ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ, 2002 ('ਦਾ ਐਕਟ') ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ('ਦਾ ਰੂਲਜ਼') ਦੀਆਂ ਵਿਵਸਥਾਵਾਂ ਤਹਿਤ

ਨਿਮਨਹਸਤਾਖਰੀ ਨੇ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕਰੈਡਿਟ ਕੰਪਨੀ ਲਿਮ:) (ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ) ਦੇ ਅਧਿਕਾਰਤ ਅਫਸਰ ਵਜੋਂ ਐਕਟ ਅਧੀਨ ਅਤੇ ਐਕਟ ਦੇ ਨਿਯਮ 3 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਸੰਬੰਧਤ ਨੋਟਿਸਾਂ 'ਚ ਦਰਸਾਈ ਗਈ ਰਕਮ ਨੋਟਿਸ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਲਈ ਸੈਕਸ਼ਨ, 13 (2) ਤਹਿਤ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਨਿਮਨਹਸਤਾਖਰੀ ਨੂੰ ਵਾਜਬ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ ਡਿਮਾਂਡ ਨੋਟਿਸਾਂ ਦੀ ਤਾਮੀਲ ਟਾਲ ਰਹੇ ਹਨ, ਇਸ ਲਈ ਨਿਯਮਾਂ ਅਨੁਸਾਰ ਨੋਟਿਸ ਚਿਪਕਾ ਕੇ ਅਤੇ ਪ੍ਰਕਾਸ਼ਤ ਕਰਕੇ ਤਾਮੀਲ ਕਰਵਾਈ ਜਾ ਰਹੀ ਹੈ। ਡਿਮਾਂਡ ਨੋਟਿਸ ਦੀ ਵਿਸ਼ਾ ਸੂਚੀ ਹੇਠਾਂ ਦਰਸਾਈ ਜਾ ਰਹੀ ਹੈ :

| ਕਰਜ਼ਦਾਰਾਂ/ਕਾਨੂੰਨੀ ਵਾਰਸਾਂ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ ਰਕਮ | ਰਹਿਣ ਕੀਤੀ ਅਚੱਲ ਜਾਇਦਾਦ ਦਾ ਵੇਰਵਾ |
|---|---|---|
| 1 ਬਲਵਿੰਦਰ ਸਿੰਘ<br>2 ਰਮਨਦੀਪ ਸਿੰਘ<br>3 ਕੁਲਦੀਪ ਸਿੰਘ | 12 ਜੁਲਾਈ 2024<br>10 ਜੁਲਾਈ 2024<br>ਨੂੰ ਰੁਪਏ<br>31,29,380/-<br>(ਇਕੱਤੀ ਲੱਖ ਉਨੱਤੀ ਹਜ਼ਾਰ ਤਿੰਨ ਸੌ ਅੱਸੀ ਰੁਪਏ ਕੇਵਲ) | ਜਾਇਦਾਦ ਦਾ ਮਾਲਕ -ਸ੍ਰੀ ਮਨਿੰਦਰ ਕਲਿਆਣ ਪੁੱਤਰ ਸ੍ਰੀ ਬਲਵਿੰਦਰ ਕੁਮਾਰ, ਜਾਇਦਾਦ ਦੁਕਾਨ ਨੰਬਰ 13, ਪਿੰਡ ਸਾਹਾ, ਸਬ-ਤਹਿਸੀਲ ਸਾਹਾ ਅਤੇ ਜ਼ਿਲ੍ਹਾ ਅੰਬਾਲਾ ਵਿਖੇ ਸਥਿਤ, ਹੱਦਬਸਤ ਨੰਬਰ 93, ਖੇਵਟ ਨੰਬਰ 118, ਖਤੌਨੀ ਨੰਬਰ 1165, ਖਸਰਾ ਨੰਬਰ 93//19/2/2/3/1, ਰਕਬਾ 195 ਵਰਗ ਗਜ਼ ਨਾਲ ਸੰਬੰਧਤ ਸਭ ਕੁੱਝ। ਹੱਦਾਂ-ਪੂਰਬ : 12 ਫੁੱਟ 3 ਇੰਚ ਭੁਜਾ ਅਤੇ ਸ਼ਹਿਜ਼ਾਦਪੁਰ ਰੋਡ, ਪੱਛਮ : 12 ਫੁੱਟ 3 ਇੰਚ ਭੁਜਾ ਅਤੇ ਨਰੇਸ਼ ਕੁਮਾਰ ਅਤੇ ਭੀਮ ਸੈਨ ਪੁੱਤਰਾਨ ਸ੍ਰੀ ਚੇਤਨ ਲਾਲ, ਉੱਤਰ : 143 ਫੁੱਟ ਭੁਜਾ ਅਤੇ ਕਿਰਨ ਬਾਲਾ, ਦੱਖਣ : 143 ਫੁੱਟ ਭੁਜਾ ਅਤੇ ਜਰੇਸ਼ ਕੁਮਾਰ। |

ਕਰਜ਼ਦਾਰਾਂ ਨੂੰ ਨੋਟਿਸਾਂ ਦੀ ਪਾਲਣਾ ਅਤੇ ਉਹਨਾਂ 'ਚ ਅਤੇ ਇੱਥੇ ਉੱਪਰ ਦਰਸਾਈ ਰਕਮ ਸਮੇਤ ਮੁਕੰਮਲ ਰਕਮ ਦੀ ਅਦਾਇਗੀ ਦੀ ਮਿਤੀ ਤੱਕ ਲਾਗੂ ਵਿਆਜ, ਵਾਧੂ ਵਿਆਜ, ਬਾਊਂਸ ਚਾਰਜਿਜ, ਲਾਗਤ ਅਤੇ ਖਰਚੇ ਦੇ ਇਸ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾਇਗੀ ਕਰਨ ਦੀ ਹਦਾਇਤ ਕੀਤੀ ਜਾਂਦੀ ਹੈ। ਕਰਜ਼ਦਾਰ ਧਿਆਨ ਦੇਣ ਕਿ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਇੱਕ ਸਕਿਉਰਡ ਕ੍ਰੈਡਿਟਰ ਹੈ ਅਤੇ ਕਰਜ਼ਦਾਰ ਵੱਲੋਂ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਕਰਜ਼ਦਾਰ ਵੱਲੋਂ ਗਹਿਣੇ ਰੱਖੀਆਂ ਜਾਇਦਾਦਾਂ ਜੋ ਸਕਿਉਰਡ ਐੱਸਟ ਹੈ, ਵਿਰੁੱਧ ਸਕਿਉਰਡ ਡੈਬਿਟ ਹੈ। ਜੇਕਰ ਕਰਜ਼ਦਾਰ ਨਿਰਧਾਰਤ ਸਮੇਂ ਅੰਦਰ ਸਾਰੀਆਂ ਦੇਣਦਾਰੀਆਂ ਦਾ ਨਿਪਟਾਰਾ ਕਰਨ 'ਚ ਅਸਫਲ ਰਹਿੰਦਾ ਹੈ, ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਸਕਿਉਰਡ ਐੱਸਟਸ ਦਾ ਕਬਜ਼ਾ ਲੈਣ ਸਮੇਤ ਇਸ ਨੂੰ ਵਿੱਕਰੀ ਰਾਹੀਂ ਤਬਾਦਲਾ ਜਾਂ ਐਕਟ ਅਤੇ ਨਿਯਮਾਂ ਤਹਿਤ ਉਪਲੱਬਧ ਹੋਰ ਉਪਾਅ ਰਕਮ ਦੀ ਵਸੂਲੀ ਲਈ ਵਰਤੋਂ ਕਰਨ ਦਾ ਹੱਕਦਾਰ ਹੋਵੇਗਾ। ਐੱਸ ਐੱਮ ਐੱਫ ਇੰਡੀਆ ਕ੍ਰੈਡਿਟ ਵਿਕਰੀ ਜਾਂ ਤਬਾਦਲਾ ਅਧਿਕਾਰ ਲਾਗੂ ਕਰਨ ਤੋਂ ਪਹਿਲਾਂ ਸਕਿਉਰਡ ਐੱਸਟਸ ਨੂੰ ਅਟੈਚ/ਜਾਂ ਸੀਲ ਕਰਨ ਦਾ ਵੀ ਹੱਕਦਾਰ ਹੈ। ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਨੂੰ ਗਹਿਣੇ ਰੱਖੀਆਂ ਜਾਇਦਾਦਾਂ ਦੀ ਵਿਕਰੀ ਕਰਨ 'ਤੇ ਬਕਾਇਆ ਅਦਾਇਗੀ ਮੁਕੰਮਲ ਪ੍ਰਾਪਤ ਨਹੀਂ ਹੁੰਦੀ ਤਾਂ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਬਕਾਇਆ ਵਸੂਲਣ ਲਈ ਵੱਖਰੀ ਕਾਨੂੰਨੀ ਕਾਰਵਾਈ ਕਰਨ ਦਾ ਵੀ ਅਧਿਕਾਰ ਰੱਖਦਾ ਹੈ। ਇਹ ਉਪਾਅ ਐੱਸ ਐੱਮ ਐੱਫ ਜੀ ਇੰਡੀਆ ਕਰੈਡਿਟ ਨੂੰ ਕਿਸੇ ਹੋਰ ਕਾਨੂੰਨ ਅਧੀਨ ਪ੍ਰਾਪਤ ਹੋਰ ਉਪਾਵਾਂ ਤੋਂ ਵਾਧੂ ਅਤੇ ਅਜ਼ਾਦਾਨਾ ਹੈ। ਉਪਲੱਬਧ ਸਮੇਂ 'ਚ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 (8) ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਅਤੇ ਅੱਗੇ ਐਕਟ ਦੇ ਸੈਕਸ਼ਨ 13 (13), ਜਿਸ ਰਾਹੀਂ ਕਰਜ਼ਦਾਰਾਂ 'ਤੇ ਕਿਸੇ ਵੀ ਸਕਿਉਰਡ ਐੱਸਟਸ ਦੀ ਸੌਂਦੇਬਾਜ਼ੀ, ਵਿਕਰੀ ਰਾਹੀਂ ਤਬਾਦਲਾ ਕਰਨ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ (ਕਾਰੋਬਾਰ ਦੇ ਆਮ ਤਰੀਕੇ ਤੋਂ ਇਲਾਵਾ), ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਦੀ ਅਗਾਊਂ ਲਿਖਤੀ ਮਨਜ਼ੂਰੀ ਤੋਂ ਨਿਪਟਾਰਾ ਕਰਨ 'ਤੇ ਪਾਬੰਦੀ/ਬੰਦਿਸ਼ ਹੈ ਅਤੇ ਉਪਰੋਕਤ ਦੀ ਪਾਲਣਾ ਨਾ ਕਰਨਾ ਐਕਟ ਦੇ ਸੈਕਸ਼ਨ 29 ਤਹਿਤ ਦੰਡਯੋਗ ਜੁਰਮ ਹੈ। ਡਿਮਾਂਡ ਨੋਟਿਸ ਦੀ ਨਕਲ ਨਿਮਨਹਸਤਾਖਰੀ ਕੋਲ ਉਪਲੱਬਧ ਹੈ ਅਤੇ ਕਰਜ਼ਦਾਰ, ਜੇਕਰ ਚਾਹੁਣ ਤਾਂ ਇਹ ਨਿਮਨਹਸਤਾਖਰੀ ਤੋਂ ਕਿਸੇ ਵੀ ਕੰਮਕਾਜ ਵਾਲੇ ਦਿਨ ਦਫਤਰ ਦੇ ਨੀਯਤ ਸਮੇਂ ਅੰਦਰ ਪ੍ਰਾਪਤ ਕਰ ਸਕਦੇ ਹਨ।

ਮਿਤੀ : 12.08.2024
ਸਥਾਨ : ਪੰਜਾਬ/ਮੁਹਾਲੀ

ਸਹੀ/- ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ:
(ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:)


# ਕਰਾਸ ਚੈਕਿੰਗ ਦੌਰਾਨ ਐੱਸ ਡੀ ਓ ਤੇ ਬਿਜਲੀ ਮੁਲਾਜ਼ਮਾਂ ਨਾਲ ਗਾਲੀ-ਗਲੋਚ ਤੇ ਧੱਕਾ-ਮੁੱਕੀ

➤ ਕਾਰਵਾਈ ਹਿੱਤ ਐੱਸਡੀਓ ਨੇ ਸੰਬੰਧਿਤ ਪੁਲਸ ਥਾਣਾ ਕਾਹਨੂੰਵਾਨ ਨੂੰ ਦਿੱਤੀ ਲਿਖਤੀ ਸ਼ਿਕਾਇਤ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪਾਵਰਕਾਮ ਉਪ ਮੰਡਲ ਦਫਤਰ ਧਾਰੀਵਾਲ ਦੇ ਐੱਸਡੀਓ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਕਰਾਸ ਚੈਕਿੰਗ ਕਰਨ ਗਈ ਟੀਮ ਨਾਲ ਪਿੰਡ ਜੋਗੀ ਚੀਮਾ ਦੇ ਰਹਿਣ ਵਾਲੇ ਇਕ ਵਿਅਕਤੀ ਵੱਲੋਂ ਗਾਲੀ ਗਲੋਚ ਅਤੇ ਧੱਕਾ-ਮੁੱਕੀ ਕਰਨ ਦੀ ਖਬਰ ਹੈ। ਇਸ ਸਬੰਧੀ ਪਾਵਰਕਾਮ ਸਬ ਡਿਵੀਜ਼ਨ ਧਾਰੀਵਾਲ ਦੇ ਐੱਸਡੀਓ ਅੰਮ੍ਰਿਤਪਾਲ ਸਿੰਘ ਨੇ ਘਟਨਾ ਸਥਾਨ ਨਾਲ ਸਬੰਧਿਤ ਪੁਲਸ ਥਾਣਾ ਕਾਹਨੂੰਵਾਨ ਨੂੰ ਲਿਖਤੀ ਸ਼ਿਕਾਇਤ ਦੇ ਕੇ ਧੱਕਾ-ਮੁੱਕੀ ਅਤੇ ਗਾਲੀ ਗਲੋਚ ਕਰਨ ਵਾਲੇ ਸ਼ੇਰਾ ਪੁੱਤਰ ਮਲੂਕ ਸਿੰਘ ਵਾਸੀ ਜੋਗੀ ਚੀਮਾ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਹੈ। ਐੱਸਡੀਓ ਅੰਮ੍ਰਿਤਪਾਲ ਨੇ ਦੱਸਿਆ ਕਿ ਪਾਵਰਕੌਮ ਵਿਭਾਗ ਦੇ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਅਨੁਸਾਰ ਅੱਜ 10 ਅਗਸਤ ਨੂੰ ਉਹ ਆਪਣੀ ਟੀਮ (ਸਟਾਫ) ਨਾਲ ਕਰਾਸ ਚੈਕਿੰਗ ਤਹਿਤ ਪਿੰਡ ਜੋਗੀ ਚੀਮਾ ਦੇ ਡੇਰਿਆਂ ਤੇ ਚੈਕਿੰਗ ਕਰ ਰਹੇ ਸਨ ਤਾਂ ਬਿਜਲੀ ਚੋਰੀ ਲਈ ਡੇਰਿਆਂ ਉਪਰ ਸਿੱਧੀਆ ਤਾਰਾਂ ਲਗਾਈਆਂ ਹੋਈਆਂ ਸਨ। ਉੱਥੇ ਮੌਜੂਦ ਸ਼ੇਰਾ ਪੁੱਤਰ ਮਲੂਕ ਸਿੰਘ ਨੇ ਸਿੱਧੀਆਂ ਲੱਗੀਆਂ ਤਾਰਾਂ ਇੱਕਠੀਆਂ ਕਰ ਲਈਆਂ ਅਤੇ ਉਸ (ਐੱਸਡੀਓ ਅੰਮ੍ਰਿਤਪਾਲ ਸਿੰਘ) ਸਮੇਤ ਪੂਰੀ ਟੀਮ ਨੂੰ ਗਾਲੀ ਗਲੋਚ ਕਰਨ ਲੱਗ ਪਿਆ ਅਤੇ ਉਨ੍ਹਾਂ ਨੂੰ ਧੱਕੇ ਮਾਰੇ ਗਏ ਅਤੇ ਉਨ੍ਹਾਂ ਨੂੰ ਪਰਿਵਾਰ ਸਮੇਤ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਜਦੋਂ ਉਹ ਵਾਪਿਸ ਆਉਣ ਲੱਗੇ ਤਾਂ ਉਸ (ਸ਼ੇਰਾ) ਨੇ ਸਾਡੀ ਕਾਰ ਦੀ ਚਾਬੀ ਕੱਢ ਲਈ ਅਤੇ ਕਾਫੀ ਦੇਰ ਬਾਅਦ ਕਾਰ ਦੀ ਚਾਬੀ ਵਾਪਿਸ ਕੀਤੀ। ਐੱਸਡੀਓ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਇਸ ਸਾਰੀ ਘਟਨਾ ਸਬੰਧੀ ਆਪਣੇ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਵੀ ਸੂਚਿਤ ਕਰ ਦਿੱਤਾ ਹੈ। ਉਨ੍ਹਾਂ ਨੇ ਉੱਚ ਪੁਲਸ ਅਧਿਕਾਰੀਆਂ ਕੋਲੋਂ ਉੱਕਤ ਵਿਅਕਤੀ ਵਿਰੁੱਧ ਤੁਰੰਤ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਇਸ ਮੌਕੇ ਜੇ. ਈ. ਲਵਜੀਤ ਸਿੰਘ, ਜੇ. ਈ. ਸੁਖਵੰਤਪਾਲ ਸਿੰਘ, ਲਾਈਨਮੈਨ ਮਦਨ ਲਾਲ, ਰਜਿੰਦਰ ਭਗਤ, ਮਨੋਜ਼ ਸ਼ਰਮਾ ਆਦਿ ਬਿਜਲੀ ਮੁਲਾਜ਼ਮ ਹਾਜ਼ਰ ਸਨ।

# ਐੱਨ ਐੱਚ ਏ ਆਈ ਦੇ ਪ੍ਰਾਜੈਕਟ ਰੱਦ ਨਹੀਂ ਹੋਏ, ਜ਼ਮੀਨ ਐਕਵਾਇਰ ਕਰਨ ਦਾ ਕੰਮ ਹਾਲੇ ਅਧੂਰਾ: ਈ ਟੀ ਓ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਜਿਵੇਂ ਕਿ ਲੋਕਾਂ ਵਿੱਚ ਆਮ ਰੌਲਾ ਪਾਇਆ ਜਾ ਰਿਹਾ ਸੀ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਵਿੱਚ ਸ਼ੁਰੂ ਕੀਤੇ ਗਏ ਸੜਕੀ ਪ੍ਰੋਜੈਕਟ ਰੱਦ ਕਰ ਦਿੱਤੇ ਗਏ ਹਨ। ਪੰਜਾਬ ਲੋਕ ਨਿਰਮਾਣ ਵਿਭਾਗ ਦਾ ਸਪੱਸ਼ਟੀਕਰਨ ਆਇਆ ਜਿਨ੍ਹਾਂ ਲਿਖਿਆ ਹੈ ਕਿ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ (ਐੱਨਐੱਚਏਆਈ) ਨੇ ਪੰਜਾਬ ਦੇ ਸੱਤ ਗ੍ਰੀਨਫੀਲਡ ਨੈਸ਼ਨਲ ਹਾਈਵੇ ਰੱਦ ਨਹੀਂ ਕੀਤੇ ਸਗੋਂ ਜਿਨ੍ਹਾਂ ਕੰਪਨੀਆਂ ਨੂੰ ਇਹ ਹਾਈਵੇ ਬਣਾਉਣ ਦਾ ਕੰਮ ਦਿੱਤਾ ਗਿਆ ਸੀ, ਉਨ੍ਹਾਂ ਦੀ ਅਪੀਲ 'ਤੇ ਕੰਟਰੈਕਟ ਫ਼ਿਲਹਾਲ ਰੱਦ ਕੀਤਾ ਹੈ ਤਾਂ ਕਿ ਐੱਨਐੱਚਏਆਈ ਕੰਪਨੀ ਨੂੰ ਕੰਮ ਸਮੇਂ 'ਤੇ ਪੂਰਾ ਨਾ ਕਰ ਸਕਣ ਕਾਰਨ ਪੈਨਲਟੀ ਨਾ ਲਗਾਏ।ਇਨ੍ਹਾਂ ਸਾਰੇ ਪ੍ਰਾਜੈਕਟਾਂ 'ਤੇ ਕੰਮ ਸ਼ੁਰੂ ਹੋ ਚੁੱਕਾ ਹੈ ਪਰ ਜ਼ਮੀਨ ਐਕਵਾਇਰ ਕਰਨ ਦਾ ਕੰਮ ਹਾਲੇ ਪੂਰਾ ਨਹੀਂ ਹੋਇਆ। ਪੰਜਾਬ ਲੋਕ ਨਿਰਮਾਣ ਵਿਭਾਗ ਦੇ ਸਕੱਤਰ ਪ੍ਰਿਆਂਕ ਭਾਰਤੀ ਨੇ ਕਿਹਾ ਕਿ ਪਹਿਲਾਂ ਇਹ ਨਿਯਮ ਸੀ ਕਿ ਜੇਕਰ ਕਿਸੇ ਪ੍ਰਾਜੈਕਟ ਦੀ 60 ਫ਼ੀਸਦੀ ਜ਼ਮੀਨ ਐਕਵਾਇਰ ਕਰਨ ਦਾ ਕੰਮ ਪੂਰਾ ਹੋ ਜਾਵੇ ਤਾਂ ਹਾਈਵੇ ਬਣਾਉਣ ਦਾ ਕੰਮ ਲੈਣ ਵਾਲੀ ਕੰਪਨੀ ਇਸ ਨੂੰ ਬਣਾਉਣਾ ਸ਼ੁਰੂ ਕਰ ਸਕਦੀ ਹੈ ਤੇ ਨਾਲ ਹੀ ਬਾਕੀ ਬਚੀ ਜ਼ਮੀਨ ਐਕਵਾਇਰ ਕਰਨ ਦਾ ਕੰਮ ਪੂਰਾ ਹੁੰਦਾ ਰਹੇਗਾ।ਡੇਢ ਸਾਲ ਪਹਿਲਾਂ ਇਨ੍ਹਾਂ ਨਿਯਮਾਂ 'ਚ ਤਬਦੀਲੀ ਕਰ ਕੇ ਇਸ ਨੂੰ 80 ਫ਼ੀਸਦੀ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਉਂਕਿ ਜ਼ਮੀਨ ਐਕਵਾਇਰ ਕਰਨ ਦੇ ਕੰਮ 'ਚ ਕਾਫ਼ੀ ਦੇਰੀ ਹੋ ਗਈ ਹੈ, ਇਸ ਲਈ ਕੰਪਨੀ ਵੱਲੋਂ ਇਹ ਅਪੀਲ ਕੀਤੀ ਜਾਂਦੀ ਹੈ ਕਿ ਜਦੋਂ ਤੱਕ ਜ਼ਮੀਨ ਐਕਵਾਇਰ ਕਰਨ ਦਾ ਕੰਮ ਸ਼ੁਰੂ ਨਹੀ ਹੁੰਦਾ, ਉਦੋਂ ਤੱਕ ਕੰਮ ਰੱਦ ਕੀਤਾ ਜਾਵੇ, ਨਹੀਂ ਤਾ ਕੰਪਨੀ ਨੂੰ ਕੰਮ ਸਮੇਂ ਸਿਰ ਪੂਰਾ ਨਾ ਕਰਨ ਕਰ ਕੇ ਵਾਧੂ ਰਾਸ਼ੀ ਦੇਣੀ ਪੈਂਦੀ ਹੈ।ਪੰਜਾਬ 'ਚ ਅਜਿਹੇ ਸੱਤ ਪ੍ਰਾਜੈਕਟ ਚੱਲ ਰਹੇ ਹਨ ਜਿਨ੍ਹਾਂ 'ਚ ਜ਼ਮੀਨ ਐਕਵਾਇਰ ਕਰਨ ਦਾ ਕੰਮ ਹਾਲੇ ਪੂਰਾ ਨਹੀਂ ਹੋਇਆ।ਉਨ੍ਹਾਂ ਦੱਸਿਆ ਕਿ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਵੀ ਇਸ ਸਬੰਧੀ ਸਪੱਸ਼ਟੀਕਰਨ ਦਿੱਤਾ ਗਿਆ ਹੈ।ਉਨ੍ਹਾ ਕਿਹਾ ਕਿ ਪ੍ਰਾਜੈਕਟ ਰੱਦ ਕਰਨਾ ਤੇ ਕੰਟਰੈਕਟ ਦਾ ਕੰਮ ਰੱਦ ਕਰਨ 'ਚ ਫ਼ਰਕ ਹੈ।ਹਾਂ, ਅਜਿਹਾ ਕਰਨ ਨਾਲ ਕੰਮ ਲਟਕ ਜ਼ਰੂਰ ਜਾਂਦਾ ਹੈ ਕਿਉਂਕਿ ਜ਼ਮੀਨ ਐਕਵਾਇਰ ਕਰਨ ਦਾ ਕੰਮ ਪੂਰਾ ਹੋਣ ਤੋਂ ਬਾਅਦ ਕੰਮ ਲਈ ਨਵੇਂ ਸਿਰੇ ਤੋਂ ਟੈਂਡਰ ਲਗਾਉਣੇ ਪੈਣਗੇ। ਜ਼ਿਕਰਯੋਗ ਹੈ ਕਿ ਪੰਜਾਬ 'ਚ ਨੈਸ਼ਨਲ ਹਾਈਵੇ ਅਥਾਰਟੀ ਵੱਲੋਂ 52 ਹਜ਼ਾਰ ਕਰੋੜ ਰੁਪਏ ਦੀ ਲਾਗਤ ਨਾਲ 1500 ਕਿਲੋਮੀਟਰ ਗ੍ਰੀਨਫੀਲਡ ਤੇ ਬ੍ਰਾਊਨਫੀਲਡ ਹਾਈਵੇ ਬਣਾਏ ਜਾ ਰਹੇ ਹਨ ਪਰ ਇਨ੍ਹਾਂ ਪ੍ਰਾਜੈਕਟਾ ਲਈ ਐਕਵਾਇਰ ਕੀਤੀ ਜਾਣ ਵਾਲੀ ਜ਼ਮੀਨ ਦਾ ਕੰਮ ਕਾਫ਼ੀ ਹੌਲੀ ਚੱਲ ਰਿਹਾ ਹੈ।845 ਕਿਲੋਮੀਟਰ ਲਈ ਜ਼ਮੀਨ ਐਕਵਾਇਰ ਕਰਨ ਦਾ ਕੰਮ ਹਾਲੇ ਪੂਰਾ ਨਹੀ ਹੋਇਆ।ਇਨ੍ਹਾਂ ਸੱਤ ਪ੍ਰਾਜੈਕਟਾਂ 'ਚ ਤਿੰਨ ਪ੍ਰਾਜੈਕਟ ਜਿਨ੍ਹਾਂ ਦੀ ਕੁਲ ਲੰਬਾਈ 246 ਕਿਲੋਮੀਟਰ ਹੈ, ਲਈ 80 ਫ਼ੀਸਦੀ ਜ਼ਮੀਨ ਐਕਵਾਇਰ ਨਹੀਂ ਕੀਤੀ ਜਾ ਸਕੀ।ਇਹ ਪ੍ਰਾਜੈਕਟ 2021 'ਚ ਪੰਜਾਬ ਨੂੰ ਦਿੱਤੇ ਗਏ ਸਨ।ਜ਼ਮੀਨ ਦਾ ਕਬਜ਼ਾ ਸੌਂਪਣ 'ਚ ਬਹੁਤ ਜ਼ਿਆਦਾ ਦੇਰੀ ਕਾਰਨ ਠੇਕੇਦਾਰਾਂ ਨੇ ਐੱਨਐੱਚਏਆਈ ਨੂੰ ਕਿਹਾ ਕਿ ਉਹ ਕਰਾਰ ਖ਼ਤਮ ਕਰ ਦੇਵੇ।

# ਜੀ ਟੀ ਬੀ ਆਈ ਸਕੂਲ ਕਲਿਆਣਪੁਰ ਵਿਖੇ ਹੀਰੋਸ਼ੀਮਾ ਦਿਵਸ ਮਨਾਇਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀਟੀਬੀ ਆਈ) ਸਕੂਲ ਕਲਿਆਣਪੁਰ ਵਿਖੇ ਹੀਰੋਸ਼ਿਮਾ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ। ਇਸ ਸਬੰਧੀ ਸਕੂਲ ਦੇ ਚੇਅਰਮੈਨ ਤਰਸੇਮ ਸਿੰਘ, ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਤੇ ਐਜੂਕੇਸ਼ਨ ਡਾਇਰੈਕਟਰ ਡਾ. ਕ੍ਰਿਤਇੰਦਰ ਪਾਲ ਕੌਰ ਦੀ ਅਗਵਾਈ ਵਿੱਚ ਪ੍ਰਿੰ. ਬਰਿੰਦਰ ਜੋਤ ਕੌਰ ਦੇ ਪ੍ਰਬੰਧਾਂ ਹੇਠ ਹੋਏ ਪ੍ਰੋਗਰਾਮ ਦੌਰਾਨ ਸਮੁੱਚੇ ਸਕੂਲ ਵੱਲੋਂ ਦੂਜੀ ਸੰਸਾਰ ਜੰਗ ਵਿੱਚ 6 ਅਗਸਤ 1945 ਨੂੰ ਅਮਰੀਕਾ ਵੱਲੋਂ ਜਾਪਾਨ ਦੇ ਸ਼ਹਿਰ ਹੀਰੋਸ਼ੀਮਾ ਉੱਤੇ ਅਤੇ 9 ਅਗਸਤ ਨੂੰ ਨਾਗਾਸਾਕੀ ਸ਼ਹਿਰ ਉੱਤੇ ਪ੍ਰਮਾਣੂ ਬੰਬ ਸੁੱਟਣ ਨਾਲ ਮਾਰੇ ਗਏ 2.20 ਲੱਖ ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਅਰਦਾਸ ਕੀਤੀ ਗਈ ਕਿ ਆਉਣ ਵਾਲੇ ਸਮੇਂ ਵਿੱਚ ਕਦੇ ਵੀ ਅਜਿਹਾ ਯੁੱਧ ਨਾ ਹੋਵੇ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਸੁਰਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੂਜੀ ਸੰਸਾਰ ਜੰਗ ਵਿੱਚ 6 ਅਗਸਤ 1945 ਨੂੰ ਜਪਾਨ ਦੇ ਨਗਰ ਹੀਰੋਸ਼ੀਮਾ ਦੇ ਉੱਪਰ ਅਮਰੀਕਾ ਦੁਆਰਾ ਪਰਮਾਣੂ ਬੰਬ ਸੁੱਟਣ ਕਰਕੇ 2 ਲੱਖ ਲੋਕ, ਜਿਨ੍ਹਾਂ ਵਿੱਚ 38000 ਦੇ ਕਰੀਬ ਬੱਚੇ ਮਾਰੇ ਗਏ ਸਨ। ਇਸ ਮੌਕੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਤਿਆਰ ਪੀਪੀਟੀ ਰਾਹੀਂ ਹੀਰੋਸ਼ੀਮਾ ਸ਼ਹਿਰ ਉੱਤੇ ਪਏ ਮਾੜੇ ਪ੍ਰਭਾਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਕਿ ਕਿਸ ਤਰ੍ਹਾਂ 6 ਅਗਸਤ 1945 ਨੂੰ ਅਮਰੀਕਾ ਨੇ ਜਾਪਾਨ ਦੇ ਸ਼ਹਿਰ ਹੀਰੋਸ਼ੀਮਾ ਉੱਤੇ ਬੰਬ ਸੁੱਟਿਆ ਸੀ ਜਿਸ ਨੂੰ ਲਿਟਲ ਬੁਆਏ ਦੇ ਨਾਂ ਨਾਲ ਜਾਣਿਆ ਗਿਆ, ਬੰਬ ਸੁੱਟਣ ਤੋਂ ਕੁਝ ਸਕਿੰਟਾਂ ਬਾਅਦ ਸ਼ਹਿਰ ਤਬਾਹ ਹੋ ਗਿਆ। ਪ੍ਰਿੰ. ਬਰਿੰਦਰ ਜੋਤ ਕੌਰ ਨੇ ਸੰਯੁਕਤ ਰਾਸ਼ਟਰ ਬਾਰੇ ਬੱਚਿਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਬੱਚਿਆਂ ਦੇ ਪ੍ਰਦਰਸ਼ਨ ਨੂੰ ਵੇਖਦੇ ਹੋਏ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਪਰਮਜੀਤ ਸਿੰਘ ਖਾਲਸਾ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਮੋਹਰੀ ਆਗੂ ਭਾਈ ਪਰਮਜੀਤ ਸਿੰਘ ਖ਼ਾਲਸਾ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੀ ਸੰਵੇਦਨਾ ਪ੍ਰਗਟ ਕੀਤੀ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਭਾਈ ਪਰਮਜੀਤ ਸਿੰਘ ਖ਼ਾਲਸਾ ਇਕ ਪੰਥਕ ਆਗੂ ਅਤੇ ਸਿੱਖ ਸਿਧਾਂਤਾਂ ਨੂੰ ਸਮਰਪਿਤ ਸ਼ਖ਼ਸੀਅਤ ਸਨ ।ਉਨ੍ਹਾਂ ਦੀ ਘਾਟ ਸਿੱਖ ਕੌਮ ਨੂੰ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ।ਐਡਵੋਕੇਟ ਧਾਮੀ ਨੇ ਭਾਈ ਖ਼ਾਲਸਾ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾਪੁਰਖ ਦੇ ਸਨਮੁੱਖ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾ ਵਿਚ ਨਿਵਾਸ ਬਖ਼ਸ਼ਣ।

# ਲੀਗਲ ਐਕਸ਼ਨ ਏਡ ਨੇ ਸਰਕਾਰੀ ਸਮਾਰਟ ਹਾਈ ਸਕੂਲ ਕਾਲਾ ਵਿਖੇ ਬੂਟੇ ਲਗਾਏ



**ਅੰਮ੍ਰਿਤਸਰ , (ਜਗਦੀਸ਼ ਕਮਲੇਸ਼)**-ਗੰਦੇ ਤੇ ਜ਼ਹਿਰੀਲੇ ਹੋ ਚੁੱਕੇ ਵਾਤਾਵਰਨ ਨੂੰ ਹਰਿਆ ਭਰਿਆ ਤੇ ਪ੍ਰਦੂਸ਼ਣ ਰਹਿਤ ਕਰਨ ਦੇ ਮੰਤਵ ਨਾਲ ਸਰਕਾਰੀ ਤੇ ਗੈਰ-ਸਰਕਾਰੀ ਪੱਧਰ 'ਤੇ ਹੋ ਰਹੇ ਉਪਰਾਲਿਆਂ ਦੇ ਸਿਲਸਿਲੇ ਦੇ ਚੱਲਦਿਆਂ ਪ੍ਰਸਿੱਧ ਸਮਾਜ ਸੇਵੀ ਸੰਸਥਾ ਲੀਗਲ ਐਕਸ਼ਨ ਏਡ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸਰਕਾਰੀ ਸਮਾਰਟ ਹਾਈ ਸਕੂਲ ਕਾਲਾ ਵਿਖੇ ਵੱਖ-ਵੱਖ ਪ੍ਰਕਾਰ ਦੇ ਛੋਟੇ-ਵੱਡੇ ਛਾਂਦਾਰ, ਫਲਦਾਰ ਤੇ ਖੁਸ਼ਬੂਦਾਰ ਪੌਦੇ ਲਗਾਏ ਗਏ। ਇਸ ਮੌਕੇ ਪ੍ਰਿੰ. ਕਵਲਪ੍ਰੀਤ ਕੌਰ ਅਤੇ ਚੇਅਰਮੈਨ ਸੁਵਿੰਦਰ ਸਿੰਘ ਸੰਧੂ ਨੇ ਸੰਸਥਾ ਦੇ ਰਾਸ਼ਟਰੀ ਪ੍ਰਧਾਨ ਸ਼ਰਤ ਵਸ਼ਿਸ਼ਟ ਤੇ ਉਨ੍ਹਾਂ ਦੀ ਟੀਮ ਦੇ ਮੈਂਬਰਾਂ ਦਾ ਸਵਾਗਤ ਕਰਦਿਆਂ ਪੌਦੇ ਲਗਾਉਣ ਦੀ ਵਿਉਂਤਬੰਦੀ ਦੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾਂ ਦੇ ਅਨੁਸਾਰ ਉਨ੍ਹਾਂ ਵੱਲੋਂ ਪਹਿਲਾਂ ਵੀ ਵੱਡੇ ਪੱਧਰ ਤੇ ਤਰ੍ਹਾਂ-ਤਰ੍ਹਾਂ ਦੇ ਪੌਦੇ ਲਗਾਏ ਗਏ ਹਨ ਜਦੋਂਕਿ ਲੀਗਲ ਐਕਸ਼ਨ ਏਡ ਵੈਲਫੇਅਰ ਐਸੋਸੀਏਸ਼ਨ ਦੇ ਵੱਲੋਂ ਵੀ ਬੂਟਾਬੰਦੀ ਕੀਤੇ ਜਾਣਾ ਬੜਾ ਹੀ ਸ਼ਲਾਘਾਯੋਗ ਕਦਮ ਹੈ।ਗੱਲਬਾਤ ਕਰਦਿਆਂ ਸੰਸਥਾ ਦੇ ਰਾਸ਼ਟਰੀ ਪ੍ਰਧਾਨ ਸ਼ਰਤ ਵਸ਼ਿਸ਼ਟ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਦੇ ਵੱਲੋਂ ਵੈਸੇ ਤਾਂ ਹਰੇਕ ਖੇਤਰ ਵਿੱਚ ਆਪਣਾ ਬਣਦਾ ਯੋਗਦਾਨ ਪਾਇਆ ਜਾ ਰਿਹਾ ਹੈ ਪਰ ਜ਼ਹਿਰੀਲਾ ਤੇ ਦੂਸ਼ਿਤ ਵਾਤਾਵਰਨ ਸਮੁੱਚੀ ਮਨੁੱਖਤਾ ਦੀ ਜਾਨ ਦਾ ਖੌਅ ਬਣਿਆ ਹੋਇਆ ਹੈ।ਅਜਿਹੇ ਵਿੱਚ ਛਾਂਦਾਰ ਤੇ ਫਲਦਾਰ ਬੂਟੇ ਲਗਾ ਕੇ ਹੀ ਇਸ ਦਾ ਮੁਕਾਬਲਾ ਕੀਤਾ ਜਾ ਸਕਦਾ ਹੈ ਨਹੀਂ ਤਾਂ ਉਹ ਦਿਨ ਦੂਰ ਨਹੀਂ ਜਦੋਂ ਪ੍ਰਦੂਸ਼ਿਤ ਵਾਤਾਵਰਨ ਦੇ ਕਾਰਨ ਸਾਹ ਲੈਣਾ ਵੀ ਔਖਾ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਸਾਂਭ-ਸੰਭਾਲ ਨੂੰ ਲੈ ਕੇ ਯੋਗ ਉਪਰਾਲੇ ਹੋਣਾ ਸਮੇਂ ਦੀ ਮੰਗ ਅਤੇ ਲੋੜ ਹੈ।ਇਸ ਦੌਰਾਨ ਉਘੇ ਸਮਾਜ ਸੇਵੀ ਤੇ ਪੰਜਾਬੀ ਸੱਭਿਆਚਾਰ ਵਿਕਾਸ ਮੰਚ ਦੇ ਕੌਮੀ ਪ੍ਰਧਾਨ ਸਵਿੰਦਰ ਸਿੰਘ ਸਿੱਧੂ ਨੇ ਸੰਸਥਾ ਅਤੇ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਹੋਰਨਾਂ ਨੂੰ ਵੀ ਇਸ ਸਿਲਸਿਲੇ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ।


# ਜੇ ਸੀ ਟੀ ਲਿਮਟਿਡ

[ਸੀ ਆਈ ਐੱਨ-ਐੱਲ 17117 ਪੀ ਬੀ 1946 ਪੀ ਐੱਲ ਸੀ 004565]

ਰਜਿਸਟਰਡ ਦਫ਼ਤਰ : ਜੀ. ਟੀ. ਰੋਡ. ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ 144401 (ਪੰਜਾਬ) ਟੈਲੀ : 01824-521500,

ਵੈੱਬਸਾਈਟ : www.jct.co.in; ਈਮੇਲ ਆਈ ਡੀ : jctsecretarial@jctltd.com

## ਜੇ ਸੀ ਟੀ ਲਿਮਟਿਡ ਦੇ ਮੈਂਬਰਾਂ ਦੀ ਅਸਾਧਾਰਨ ਜਨਰਲ ਮੀਟਿੰਗ ਲਈ ਨੋਟਿਸ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਰੂਲਜ਼ 2014 (ਕਿਸੇ ਵਿਧਾਨਕ ਸੋਧ ਜਾਂ ਸਮੇਂ-ਸਮੇਂ ਤੇ ਹੋਰ ਲਾਗੂ) ਕੰਪਨੀਜ਼ (ਮੈਨੇਜਮੈਂਟ ਅਤੇ ਐਡਮਿਨਸਟਰੇਸ਼ਨ) ਨਾਲ ਪੜ੍ਹੇ ਜਾਂਦੇ ਕੰਪਨੀਜ਼ ਐਕਟ 2013 ("ਦਾ ਐਕਟ") ਦੇ ਸੈਕਸ਼ਨ 101 ਦੀਆਂ ਵਿਵਸਥਾਵਾਂ ਦੀ ਪਾਲਣਾ ਹਿੱਤ ਜੇ ਸੀ ਟੀ ਲਿਮਟਿਡ ਦੇ ਮੈਂਬਰਾਂ ਦੀ ਮੀਟਿੰਗ ਮੰਗਲਵਾਰ, 27 ਅਗਸਤ, 2024 ਨੂੰ ਸਮਾਂ 2.00 ਵਜੇ ਬਾਅਦ ਦੁਪਹਿਰ ਵੀਡੀਓ ਕਾਨਫਰੰਸਿੰਗ/ਹੋਰ ਆਡੀਓ ਵਿਜ਼ੂਅਲ ਢੰਗ ('ਵੀ ਸੀ/ਓ ਏ ਵੀ ਐੱਮ') ਰਾਹੀਂ ਵਿਸ਼ੇਸ਼ ਕਾਰੋਬਾਰ ਦੇ ਵਿਹਾਰ ਲਈ ਅਸਧਾਰਨ ਜਨਰਲ ਮੀਟਿੰਗ (ਈ ਜੀ ਐੱਮ) ਹੋਵੇਗੀ।

ਕੋਵਿਡ-19 ਮਹਾਂਮਾਰੀ ਦੇ ਮੱਦੇਨਜ਼ਰ ਸਮਾਜਿਕ ਦੂਰੀ ਦੇ ਨਿਯਮਾਂ ਨੂੰ ਅਪਣਾਇਆ ਗਿਆ ਅਤੇ ਦੇਸ਼ ਦੀਆਂ ਵੱਖ-ਵੱਖ ਥਾਵਾਂ 'ਤੇ ਵਿਅਕਤੀਆਂ ਦੇ ਮਿਲਣ/ਇਕੱਠੇ ਹੋਣ ਦੀ ਪਾਬੰਦੀ ਤਹਿਤ ਕਾਰਪੋਰੇਟ ਮਾਮਲੇ ਮੰਤਰਾਲਾ (ਐੱਮ ਸੀ ਏ) (ਸਾਂਝੇ ਤੌਰ 'ਤੇ ਐੱਮ ਸੀ ਏ ਸਰਕੂਲਰਜ਼ ਵਜੋਂ ਹਵਾਲਾ) ਅਤੇ ਸੇਬੀ ਸਰਕੂਲਰ ਮਿਤੀ 12 ਮਈ 2020 ਅਤੇ 15 ਜਨਵਰੀ 2021 (ਸੇਬੀ ਸਰਕੂਲਰਜ਼) ਵੱਲੋਂ ਜਾਰੀ ਜਨਰਲ ਸਰਕੂਲਰਜ਼ ਮਿਤੀ 8 ਅਪ੍ਰੈਲ 2020, 13 ਅਪ੍ਰੈਲ 2020, 5 ਮਈ 2020, 28 ਸਤੰਬਰ 2020, 31 ਦਸੰਬਰ 2020 ਅਤੇ 13 ਜਨਵਰੀ 2021 ਦੀ ਪਾਲਣਾ ਹਿੱਤ ਮੈਂਬਰਾਂ ਦੀ ਸਾਂਝੀ ਥਾਂ 'ਤੇ ਭੌਤਿਕ ਹਾਜ਼ਰੀ ਤੋਂ ਬਿਨਾਂ ਈ ਜੀ ਐੱਮ ਦੇ ਆਯੋਜਨ ਦੀ ਆਗਿਆ ਦਿੱਤੀ ਗਈ ਸੀ। ਕੰਪਨੀਜ਼ ਐਕਟ 2013 (ਦਾ ਐਕਟ) ਅਤੇ ਸੇਬੀ (ਲਿਸਟਿੰਗ) ਓਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕਵਾਇਰਮੈਂਟ) ਰੈਗੂਲੇਸ਼ਨਜ਼, 2015 (ਲਿਸਟਿੰਗ ਰੈਗੂਲੇਸ਼ਨਜ਼) ਦੀ ਪਾਲਣਾ ਹਿੱਤ ਅਤੇ ਕੰਪਨੀ ਦੀਆਂ ਢੁਕਵੀਆਂ ਵਿਵਸਥਾਵਾਂ ਅਧੀਨ ਕੰਪਨੀ ਦੀ ਈ ਜੀ ਐੱਮ ਮੰਗਲਵਾਰ, 27 ਅਗਸਤ, 2024 ਨੂੰ 2.00 ਵਜੇ ਬਾਅਦ ਦੁਪਹਿਰ (ਭਾਰਤੀ ਸਮੇਂ ਅਨੁਸਾਰ) ਵੀ ਸੀ/ਓ ਏ ਵੀ ਐੱਮ ਰਾਹੀਂ ਹੀ ਹੋਵੇਗੀ।

ਰੂਲਜ਼, 2014 (ਸੋਧੇ ਹੋਏ) ਕੰਪਨੀਜ਼ (ਮੈਨੇਜਮੈਂਟ ਅਤੇ ਐਡਮਿਨਸਟਰੇਸ਼ਨ) ਦੇ ਰੂਲ 20 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 108 ਦੀਆਂ ਵਿਵਸਥਾਵਾਂ ਦੀ ਪਾਲਣਾ ਹਿੱਤ ਕੰਪਨੀ ਸੈਕਰੇਟਰੀਜ਼ ਆਫ ਇੰਡੀਆ ਵੱਲੋਂ ਜਾਰੀ ਕੀਤੇ ਜਨਰਲ ਮੀਟਿੰਗ ਦੇ ਸੈਕਟੇਰੀਅਲ ਮਾਪਦੰਡ ਅਨੁਸਾਰ ਅਤੇ ਲਿਸਟਿੰਗ ਰੈਗੂਲੇਸ਼ਨਜ਼ ਦੇ ਰੈਗੂਲੇਸ਼ਨ 44 ਸੋਧਿਆ ਹੋਇਆ ਅਤੇ ਐੱਮ ਸੀ ਏ ਸਰਕੂਲਰਜ਼ ਅਨੁਸਾਰ ਕੰਪਨੀ ਏ ਜੀ ਐੱਮ 'ਤੇ ਕਾਰੋਬਾਰ ਦੇ ਕਾਰਵਿਹਾਰ ਦੇ ਸੰਬੰਧ 'ਚ ਆਪਣੇ ਮੈਂਬਰਾਂ ਨੂੰ ਰਿਮੋਟ ਈ-ਵੋਟਿੰਗ ਸਹੂਲਤ ਮੁਹੱਈਆ ਕਰਵਾ ਰਹੀ ਹੈ ਅਤੇ ਇਸ ਮੰਤਵ ਲਈ ਕੰਪਨੀ ਨੇ ਇਲੈਕਟ੍ਰਾਨਿਕ ਢੰਗ ਰਾਹੀਂ ਵੋਟਿੰਗ ਸਹੂਲਤ ਲਈ ਐੱਨ ਐੱਸ ਡੀ ਐੱਲ ਦੀ ਨਿਯੁਕਤੀ ਕੀਤੀ ਹੈ। ਈ ਜੀ ਐੱਮ ਤੋਂ ਪਹਿਲਾਂ ਅਤੇ ਈ ਜੀ ਐੱਮ ਦੌਰਾਨ ਮੈਂਬਰ ਨੂੰ ਰਿਮੋਟ ਈ-ਵੋਟਿੰਗ ਸਿਸਟਮ ਦੀ ਵਰਤੋਂ ਕਰਦੇ ਹੋਏ ਵੋਟ ਪਾਉਣ ਦੀ ਸਹੂਲਤ ਐੱਨ ਐੱਸ ਡੀ ਐੱਲ ਦੁਆਰਾ ਪ੍ਰਦਾਨ ਕੀਤੀ ਜਾਵੇਗੀ। ਰਿਮੋਟ ਈ-ਵੋਟਿੰਗ ਦੀ ਸਹੂਲਤ ਹੇਠਾਂ ਲਿਖੇ ਸਮੇਂ 'ਤੇ ਉਪਲੱਬਧ ਹੋਵੇਗੀ।

| | |
|---|---|
| ਈ-ਵੋਟਿੰਗ ਦੀ ਸ਼ੁਰੂਆਤ | 24.08.2024 ਨੂੰ ਸਵੇਰੇ 9.00 ਵਜੇ (ਭਾਰਤੀ ਸਮੇਂ ਅਨੁਸਾਰ) ਤੋਂ |
| ਈ-ਵੋਟਿੰਗ ਦੀ ਸਮਾਪਤ | 26.08.2024 ਨੂੰ ਸ਼ਾਮ 5.00 ਵਜੇ ਤੱਕ (ਭਾਰਤੀ ਸਮੇਂ ਅਨੁਸਾਰ) |

ਇਸ ਸਮੇਂ ਦੌਰਾਨ ਮੈਂਬਰ, ਜੋ ਭੌਤਿਕ ਰੂਪ ਜਾਂ ਅਭੌਤਿਕ ਰੂਪ 'ਚ ਸ਼ੇਅਰ ਰੱਖਦੇ ਹਨ, 20.08.2024 (ਕੱਟ-ਆਫ ਡੇਟ) ਏ ਜੀ ਐੱਮ ਤੋਂ ਪਹਿਲਾਂ ਰਿਮੋਟ ਈ-ਵੋਟਿੰਗ ਰਾਹੀਂ ਆਪਣੇ ਵੋਟ ਦੇ ਸਕਦੇ ਹਨ। ਇਸ ਤੋਂ ਬਾਅਦ ਵੋਟਿੰਗ ਲਈ ਐੱਨ ਐੱਸ ਡੀ ਐੱਲ ਦੁਆਰਾ ਰਿਮੋਟ ਈ-ਵੋਟਿੰਗ ਮਡਿਊਲ ਅਯੋਗ ਕਰਾਰ ਦੇ ਦਿੱਤਾ ਜਾਵੇਗਾ। ਮੈਂਬਰ ਦੁਆਰਾ ਮਤੇ 'ਤੇ ਇੱਕ ਵਾਰ ਵੋਟ ਦੇਣ ਤੋਂ ਬਾਅਦ ਉਸ ਨੂੰ ਇਸ ਨੂੰ ਬਦਲਣ ਦੀ ਆਗਿਆ ਨਹੀਂ ਹੋਵੇਗੀ। ਮੈਂਬਰਾਂ ਦੇ ਵੋਟਿੰਗ ਅਧਿਕਾਰ 20.08.2024 ਕੱਟ-ਆਫ ਡੇਟ ਦੁਆਰਾ ਕੰਪਨੀ ਦੀ ਅਦਾਇਗੀਸ਼ੁਦਾ ਇਕੁਇਟੀ ਸ਼ੇਅਰ ਪੂੰਜੀ 'ਚ ਉਨ੍ਹਾਂ ਦੇ ਸ਼ੇਅਰ ਦੇ ਅਨੁਪਾਤ 'ਚ ਹੋਵੇਗੀ। ਮੈਂਬਰਾਂ ਨੂੰ ਈ ਜੀ ਐੱਮ ਵਿਖੇ ਵੀ ਸੀ/ਓ ਏ ਵੀ ਐੱਮ ਕਾਰਵਾਈਆਂ ਦੌਰਾਨ ਇਲੈਕਟ੍ਰਾਨਿਕ ਵੋਟਿੰਗ ਸਿਸਟਮ ਰਾਹੀਂ ਰਿਮੋਟ ਵੋਟਿੰਗ ਦੀ ਸਹੂਲਤ ਮੁਹੱਈਆ ਕਰਵਾਈ ਜਾਵੇਗੀ ਅਤੇ ਉਹ ਮੈਂਬਰ, ਜੋ ਈ ਜੀ ਐੱਮ ਵਿੱਚ ਹਿੱਸਾ ਲੈ ਰਹੇ ਹਨ, ਜਿਨ੍ਹਾਂ ਮੀਟਿੰਗ ਤੋਂ ਪਹਿਲਾਂ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਪਹਿਲਾਂ ਵੋਟ ਨਹੀਂ ਪਾਈ, ਈ ਜੀ ਐੱਮ ਕਾਰਵਾਈਆਂ ਦੌਰਾਨ ਆਪਣੀ ਵੋਟ ਪਾਉਣ ਦੇ ਅਧਿਕਾਰ ਲਈ ਯੋਗ ਹੋਣਗੇ। ਮੈਂਬਰ, ਜਿਨ੍ਹਾਂ ਨੇ ਮਤੇ 'ਤੇ ਈ ਜੀ ਐੱਮ ਤੋਂ ਪਹਿਲਾਂ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਪਾਈ ਹੈ, ਉਹ ਵੀ ਵੀ ਸੀ/ ਓ ਏ ਵੀ ਐੱਮ ਰਾਹੀਂ ਈ ਜੀ ਐੱਮ 'ਚ ਹਿੱਸਾ ਲੈਣ ਲਈ ਯੋਗ ਹੋਣਗੇ, ਪਰ ਉਹ ਅਜਿਹੇ ਮਤੇ 'ਤੇ ਫਿਰ ਤੋਂ ਵੋਟ ਪਾਉਣ ਲਈ ਪਾਬੰਦ ਨਹੀਂ ਹੋਣਗੇ। ਈ ਜੀ ਐੱਮ ਤੋਂ ਪਹਿਲਾਂ ਰਿਮੋਟ ਈ-ਵੋਟਿੰਗ/ਈ ਜੀ ਐੱਮ ਦੌਰਾਨ ਈ-ਵੋਟਿੰਗ ਦੀ ਵਿਸਥਾਰਤ ਪ੍ਰਕਿਰਿਆ ਈ ਜੀ ਐੱਮ ਦੇ ਨੋਟਿਸ 'ਚ ਮੁਹੱਈਆ ਕਰਵਾਈ ਗਈ ਹੈ, ਜੋ ਕਿ ਕੰਪਨੀ ਦੀ ਵੈੱਬਸਾਈਟ ਅਰਥਾਤ www.jct.co.in ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ ਅਤੇ ਇਸ ਨੂੰ ਬੀ ਐੱਸ ਈ ਦੀ ਵੈੱਬਸਾਈਟ ਤੋਂ ਵੀ ਪ੍ਰਾਪਤ ਕੀਤਾ ਜਾ ਸਕਦਾ ਹੈ। ਮੈਂਬਰ, ਜੋ ਮੀਟਿੰਗ ਦੌਰਾਨ ਇੱਕ ਬੁਲਾਰੇ ਵਜੋਂ ਆਪਣੇ ਵਿਚਾਰ ਪ੍ਰਗਟਾਉਣਾ ਚਾਹੁੰਦੇ ਹਨ/ਪ੍ਰਸ਼ਨ ਪੁੱਛਣਾ ਚਾਹੁੰਦੇ ਹਨ, ਉਹ ਆਪਣੇ ਰਜਿਸਟਰਡ ਈ-ਮੇਲ ਪਤੇ ਤੋਂ ਬੇਨਤੀ ਭੇਜ ਕੇ ਆਪਣੇ ਆਪ ਨੂੰ ਦੁਬਾਰਾ ਰਜਿਸਟਰਡ ਕਰਵਾ ਸਕਦੇ ਹਨ, ਜਿਨ੍ਹਾਂ 'ਚ ਉਨ੍ਹਾਂ ਦੇ ਨਾਂਅ, ਡੀ ਪੀ ਆਈ ਡੀ ਅਤੇ ਕਲਾਈਂਟ ਆਈ ਡੀ ਫੋਲੀਓ ਨੰ. ਪੈਨ, ਅਤੇ ਮੋਬਾਈਲ ਨੰ. Jctsecretarial@jctltd.com 'ਤੇ 20.08.2024 (9.00 ਵਜੇ ਸਵੇਰੇ ਭਾਰਤੀ ਸਮੇਂ ਅਨੁਸਾਰ) ਅਤੇ 23.08.2024 (5.00 ਵਜੇ ਸ਼ਾਮ ਭਾਰਤੀ ਸਮੇਂ ਅਨੁਸਾਰ) ਭੇਜ ਸਕਦੇ ਹਨ। ਉਹ ਮੈਂਬਰ ਜਿਨ੍ਹਾਂ ਨੇ ਬੁਲਾਰੇ ਵਜੋਂ ਆਪਣੇ ਆਪ ਨੂੰ ਪਹਿਲਾਂ ਰਜਿਸਟਰ ਕਰਵਾਇਆ ਹੋਵੇਗਾ, ਉਨ੍ਹਾਂ ਨੂੰ ਹੀ ਏ ਜੀ ਐੱਮ ਦੌਰਾਨ ਆਪਣੇ ਵਿਚਾਰ ਪ੍ਰਗਟ ਕਰਨ/ਪ੍ਰਸ਼ਨ ਪੁੱਛਣ ਦੀ ਆਗਿਆ ਹੋਵੇਗੀ। ਕੰਪਨੀ ਨੂੰ ਈ ਜੀ ਐੱਮ ਦੌਰਾਨ ਸਮੇਂ ਦੀ ਉਪਲੱਬਧਤਾ ਨੂੰ ਮੁੱਖ ਰੱਖਦਿਆਂ ਬੁਲਾਰਿਆਂ ਦੀ ਗਿਣਤੀ ਸੀਮਤ ਕਰਨ ਦਾ ਅਧਿਕਾਰ ਹੈ। ਮੈਂਬਰ, ਜੋ ਵੀ ਸੀ/ਓ ਏ ਵੀ ਐੱਮ ਰਾਹੀਂ ਈ ਜੀ ਐੱਮ 'ਚ ਸ਼ਾਮਲ ਹੋਣਾ ਚਾਹੁੰਦੇ ਹਨ, ਦੀ ਐਕਟ ਦੇ ਸੈਕਸ਼ਨ 103 ਤਹਿਤ ਕੋਰਮ ਦੀ ਗਿਣਤੀ ਦੇ ਮੰਤਵ ਲਈ ਗਣਨਾ ਕੀਤੀ ਜਾਵੇਗੀ।

ਜੇ ਸੀ ਟੀ ਲਿਮਟਿਡ ਦੇ ਬੋਰਡ ਦੇ ਹੁਕਮਾਂ ਅਨੁਸਾਰ
ਸਥਾਨ : ਫਗਵਾੜਾ ਸਹੀ/-ਮੁਕੂਲੀਕਾ ਸਿਨ੍ਹਾ (ਪੂਰਾ ਸਮਾਂ ਡਾਇਰੈਕਟਰ)
ਮਿਤੀ : 07.08.2024 (ਡੀ ਆਈ ਐੱਨ : 10422588)



## COURT NOTICE

(U/o 5 Rule 20 CPC)
In the Court of
**Sh. Karanvir Singh**
Civil Judge (Junior Division), Dhuri
CNR No. PBSGB0-000302-2023
Next Date :- 10-10-2024
Joginder Singh
Vs.
Sukhdeep Singh

Publication Issued to :
2. Mohd. Ramjan, 3. Mehar Mohd., 4. Mumtaz Ali, 5. Abdul Rashid, 6. Masoom Ali, 7. Moh. Arshad S/o Fatma Widow of Fateh Mohd. All Khewatdars of Village Belewal, Tehsil, Distt, Sangrur.

In above titled case, the defendant(s)/respondent(s) could not be served. It is ordered that defendant (s)/ respondent(s) should appear in person or through counsel on 10.10.2024 at 10:00 a.m.

For details logon to https://highcourtchd.gov.in/?trs=district_notice&district=Sangrur

Civil Judge (Junior Division), (Dhuri)

Dated this day of 20-07-2024

## COURT NOTICE

(U/o 5 Rule 20 CPC)
In the Court of
Sh. Kawaljit Singh
Additional District and Session Judge Sangrur
CNR No. PBSG01-003273-2023
Next Date :- 28-10-2024
Gian Kaur
Vs.
Baljit Singh

Publication Issued to :
Baljit Singh S/o Balwant Singh R/o Village Channo, Tehsil Bhawanigarh, Distt. Sangrur now resident H. No. 0698, Street No. 10, Ghuman Nagar, Sirhind Road , Patiala.

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 28.10.2024 at 10:00 a.m.

For details logon to https://highcourtchd.gov.in/?trs=district_notice&district=Sangrur

Additional District and Session Judge Sangrur

Dated this day of 20-07-2024






## Change of Name

I, Ranjit kaur W/O Krishan Chand Resi. V. Jait Pur. PO Bombeli Teh.Garhshankar District Hoshiarpur have changed the Name of My minor Daughter Anjali to Anjali Poyar all concerned note please.

I, hitherto known as Daljit Kaur Badwal Alias Jiwan Rani W/o Gurmeet Singh Badwal R/O Street No. 3 , Near New Shiv Mandir, Bhanoki Road, Preet Nagar, Phagwara, Kapurthala-144401, Punjab, have changed my name and shall hereafter be known as Daljit Kaur Badwal .

I, Rajni D/O Mukand lal R/O hno b-X/1139 lamba Pind, Jalandhar, Punjab, have changed my name from Rajni to Rajni Masih . All concern please note.

I, Manjit Kaur d/o Jarnail Singh Rai r/o Chachoki Colony, Phagwara, Kapurthala declare that Given name as Manjit and Surname as Kaur. All Please Note.

I, Satish Kumar s/o Mohan Lal r/o VPO. Sham Chaurasi, Hoshiarpur declare that Given name as Satish and Surname as Kumar. All Please Note.

I, Balwinder Kaur w/o Satish Kumar r/o VPO. Sham Chaurasi, Hoshiarpur declare that given name as Balwinder and Surname as Kaur. All Please Note.

I, Jaycee Pankaj s/o Satish Kumar r/o VPO. Sham Chaurasi, Hoshiarpur declare that Given name as Jaycee and Surname as Pankaj. All Please Note.

I, Shelly w/o Raj Kumar r/o 275-H, Block-H, Pakhowal Road, Shaheed Bhagat Singh Nagar, Basant Avenue, Ludhiana have changed my name to Shelly Madhok. All Please Note.

I, Om Ji Thakur also known as Abhinay Thakur S/o Dev Raj R/o H.No. 8-E, Master Tara Singh Nagar Jalandhar have changed my name from Om Ji Thakur to Abhinay Thakur. All concerned please note.

I, Charanjeet Kaur W/o Ram Asra R/o Chak Raju Singh, Po. Sham Chaurasi, Distt. Hoshiarpur-144105, Punjab have changed my name Spelling to Charanjit Kaur. All concerned please note.

I, Puneet Mehandru S/o Roshan Lal Mahindru R/o H.No.182, Mithapur Road, New Raja Garden, Jalandhar have changed my name from Puneet Mehandru to Puneet Mahindru.

## Change of Name

I, Gayatri is Legally Wedded spouse of No. 6948103-X Rank NK Nipen Basumatari presently residing at 223 ABOD C/o 56 APO, Suranussi, Jalandhar have changed my name from Gayatri to Gayatri Basimatari. All concerned please note.

I, Parmod Kumar Kochher S/o Subhash Chander Kochhar R/o 317, Near PPR Mall, Jalandhar Vihar, Jalandhar have changed the spelling of my name from Parmod Kumar Kochher to Parmodh Kumar Kochhar. All concerned please note.

I, Kanishik S/o Vivek Mahajan R/o H.No.B-11 80/1, Ward No.3, Mohalla Vaishno Mata Mandir, Po.Sujanpur, Tehsil and Distt. Pathankot have changed my name from Kanishik to Kanishk Mahajan.

I, Tajinder Kaur W/o Jasbir Singh Udasi R/o VPO. Pasla, Distt. Jalandhar have changed my name from Tajinder Kaur to Tajinder Kaur Udasi, after marriage.

I, Avtar Chand S/o Om Parkash R/o Vill. Nangal Colony, Po. Chachoki, Teh. Phagwara, Distt. Kapurthala, Punjab have changed my name from Avtar Chand to Chand Avtar Surname as Chand. All concerned please note.

I, Kajalpreet Kaur W/o Ajay Kumar R/o Mohalla Dharamkot, Hoshiarpur Road, Phagwara, Distt. Kapurthala, Punjab have changed my name from Kajalpreet Kaur to Kaur Kajalpreet Surname as Kaur. All concerned please note.

## Public Notice

I, Asha Kochher W/o Subhash Chander Kochhar R/o 317, Near PPR Mall, Jalandhar Vihar, Jalandhar have changed the spelling of my name from Asha Kochher to Asha Kochhar. All concerned please note.

I, Subhash Chander Kochher S/o Des Raj Kochhar R/o 317, Near PPR Mall, Jalandhar Vihar, Jalandhar have changed the spelling of my name from Subhash Chander Kochher to Subhash Chander Kochhar. All concerned please note.

## Public Notice

I, Ramesh Chander S/o Dhian Chand R/o H.No.164/72, Ambedkar Nagar, Basti Nau, Jalandhar Affirming that I have lost Sale Deed No. 2024-25/187/1/3775 dated 03/07/2024 on in my favour of the property situated at Virdi Colony, Basti Guzan, Jalandhar. I have lodged the online complaint G.D No. 032 dated 08/08/2024 at Police Station Basti Bawa Khel, Jalandhar. Though if any person find the same kindly return me on above noted address & contact me.

## ਬੇਦਖਲੀ ਨੋਟਿਸ

ਮੈਂ, ਸੁਮਨ ਪਤਨੀ ਸੁਰੇਸ਼ ਕੁਮਾਰ ਵਾਸੀ ਮਕਾਨ ਨੰ. 1243, ਮੁਹੱਲਾ ਅਜੀਤ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰੋਹਿਤ ਅਤੇ ਉਸਦੀ ਪਤਨੀ ਨਵਨੀਤ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਇਹਨਾਂ ਦੇ ਬੱਚਿਆਂ ਸਮੇਤ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮਦਨ ਲਾਲ ਪੁੱਤਰ ਜੱਗੂ ਰਾਮ ਵਾਸੀ ਪਿੰਡ ਦੇਵੀਦਾਸਪੁਰ, ਡਾਕਖਾਨਾ ਸ਼ੇਰ ਸਿੰਘ ਵਾਲਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਕੁਲਵੀਰ ਚੰਦ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਵਿਨੈ ਕੁਮਾਰ ਪੁੱਤਰ ਪਰਸ ਰਾਮ ਵਾਸੀ ਗਲੀ ਨੰ. 1, ਕੀਰਤੀ ਨਗਰ, ਵਾਰਡ ਨੰ. 27, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਾਰਸ ਭੱਟੀ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ। (ਆਰ)

ਮੈਂ ਸਰਬਜੀਤ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਮੁਹੱਲਾ ਨਜ਼ਦੀਕ ਬੱਕਰਖਾਨਾ, ਮੁਹੱਲਾ ਸਾਵਨ ਸਿੰਘ ਕਲੋਨੀ, ਕਪੂਰਥਲਾ ਆਪਣੇ ਲੜਕੇ ਗੁਰਪ੍ਰੀਤ ਸਿੰਘ ਅਤੇ ਨੂੰਹ ਪ੍ਰਭਜੋਤ ਕੌਰ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਕੌਮੀ ਬਾਲ ਅਧਿਕਾਰ ਰੱਖਿਆ ਕਮਿਸ਼ਨ ਦੀ ਮੈਂਬਰ ਪ੍ਰੀਤੀ ਭਾਰਦਵਾਜ ਦਲਾਲ ਵੱਲੋਂ ਸਖੀ ਵਨ ਸਟਾਪ ਦਾ ਦੌਰਾ



**ਤਰਨਤਾਰਨ (ਪ੍ਰਿਤਪਾਲ ਸਿੰਘ)**-ਕੌਮੀ ਬਾਲ ਅਧਿਕਾਰ ਰੱਖਿਆ ਕਮਿਸ਼ਨ ਨਵੀਂ ਦਿੱਲੀ ਦੇ ਮੈਂਬਰ ਮਿਸ ਪ੍ਰੀਤੀ ਭਾਰਦਵਾਜ ਦਲਾਲ, ਜ਼ਿਲ੍ਹਾ ਤਰਨਤਾਰਨ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਸ ਦੌਰਾਨ ਉਨ੍ਹਾਂ ਨੇ ਸਖੀ ਵਨ ਸਟਾਪ ਵਿਖੇ ਦੌਰਾ ਕੀਤਾ ਅਤੇ ਮਹਿਲਾਵਾਂ ਅਤੇ ਬੱਚਿਆਂ ਨੂੰ ਦਿੱਤੀਆਂ ਜਾਣ ਵਾਲੀਆਂ ਸੁਵਿਧਾਵਾਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਖਾਮੀਆਂ ਨੂੰ ਦਰੁਸਤ ਕਰਨ ਦੀ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ। ਉਪਰੰਤ ਮਿਸ ਪ੍ਰੀਤੀ ਭਾਰਦਵਾਜ ਦਲਾਲ ਨੇ ਡਿਪਟੀ ਕਮਿਸ਼ਨਰ ਤਰਨ ਤਾਰਨ ਸੰਦੀਪ ਕੁਮਾਰ ਨਾਲ ਮੁਲਾਕਾਤ ਕੀਤੀ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਬਾਲ ਭਲਾਈ ਕਮੇਟੀ, ਜੁਵੈਨਾਇਲ ਜਸਟਿਸ ਬੋਰਡ, ਸਪੈਸ਼ਲ ਜੁਵੈਨਾਇਲ ਜਸਟਿਸ ਬੋਰਡ, ਸਿਹਤ ਵਿਭਾਗ, ਸਿੱਖਿਆ ਵਿਭਾਗ ਅਤੇ ਮਹਿਲਾਵਾਂ ਅਤੇ ਬੱਚਿਆਂ ਦੇ ਖੇਤਰ ਵਿੱਚ ਕੰਮ ਕਰਦੇ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ।ਮੀਟਿੰਗ ਦੌਰਾਨ ਮਿਸ ਪ੍ਰੀਤੀ ਭਾਰਦਵਾਜ ਦਲਾਲ ਵੱਲੋਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਆਪਣੇ ਅਧੀਨ ਆਉਂਦੇ ਸਰਕਾਰੀ ਅਤੇ ਗੈਰ-ਸਰਕਾਰੀ ਸਕੂਲਾਂ ਵਿਚ ਨਸ਼ੇ ਕੇ ਵਿਰੁੱਧ ਇਕ ਅਭਿਆਨ ਤਹਿਤ ਪ੍ਰਹੇਰੀ ਕਲੱਬਾਂ ਦੀ ਹੋਂਦ ਕਾਇਮ ਕੀਤੀ ਜਾਵੇ ਤਾਂ ਜੋ ਬੱਚਿਆਂ ਨੂੰ ਨਸ਼ਿਆਂ ਦੇ ਖਿਲਾਫ਼ ਸਕੂਲਾਂ ਦੇ ਵਿੱਚ ਹੀ ਬੱਚਿਆਂ ਨੂੰ ਜਾਗਰੂਕ ਕੀਤਾ ਜਾ ਸਕੇ।ਸਿਹਤ ਵਿਭਾਗ ਵੱਲੋਂ ਕੌਮੀ ਬਾਲ ਸਹਿਤ ਪ੍ਰੋਗਰਾਮ ਤਹਿਤ ਅਜਿਹੇ ਬੱਚੇ, ਜਿਨ੍ਹਾਂ ਦਾ ਨਾਂਅ ਆਂਗਨਵਾੜੀ ਜਾਂ ਸਕੂਲਾਂ ਵਿੱਚ ਦਰਜ ਨਹੀਂ ਤਾਂ ਬੱਚਿਆਂ ਦੀ ਭਾਲ ਕਰਕੇ ਉਨ੍ਹਾਂ ਦਾ ਨਾਂਅ ਆਂਗਨਵਾੜੀ ਜਾਂ ਸਕੂਲਾਂ ਵਿੱਚ ਦਰਜ ਕਰਕੇ ਸਿਹਤ ਸੇਵਾਵਾਂ ਦਿੱਤੀਆਂ ਜਾਣ।ਇਸ ਮੌਕੇ ਡੀਸੀ ਸੰਦੀਪ ਕੁਮਾਰ ਵੱਲੋਂ ਸਮੂਹ ਵਿਭਾਗ ਦੇ ਮੁਖੀਆਂ ਨੂੰ ਹਦਾਇਤ ਕੀਤੀ ਕਿ ਮਿਸ ਪ੍ਰੀਤੀ ਭਾਰਦਵਾਜ ਦਲਾਲ, ਮੈਂਬਰ ਕੌਮੀ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਕੀਤੇ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

# ਟਰੈਕਟਰ ਮਾਰਚ ਦੀ ਕਾਲ ਦੇ ਮੱਦੇਨਜ਼ਰ ਕਿਸਾਨਾਂ ਦੀ ਮੀਟਿੰਗ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਸਿੰਘ ਜੀ ਦੇ ਪਿੰਡ ਬਹਿਲਾ ਵਿੱਚ ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ ਵੱਲੋਂ ਮੀਟਿੰਗ ਕੀਤੀ ਗਈ।ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੱਦੇ ਅਨੁਸਾਰ 15 ਅਗਸਤ ਨੂੰ ਟਰੈਕਟਰ ਮਾਰਚ ਦੇ ਸੰਬੰਧ ਵਿੱਚ ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ, ਜ਼ੋਨ ਆਗੂ ਬਲਜੀਤ ਸਿੰਘ ਰਟੌਲ, ਜ਼ੋਨ ਵਲੰਟੀਅਰ ਸੁਪਰਵਾਈਜ਼ਰ ਦਰਬਾਰਾ ਸਿੰਘ ਗੋਹਲਵੜ ਨੇ ਕਿਹਾ ਕਿ 15 ਅਗਸਤ ਨੂੰ ਜ਼ੋਨ ਦੀਆਂ ਸਾਰੀਆਂ ਇਕਾਈਆਂ ਵਿੱਚੋਂ ਘੱਟੋ-ਘੱਟ 5 ਟਰੈਕਟਰ ਮਾਰਚ ਵਿੱਚ ਸ਼ਾਮਲ ਹੋਣੇ ਜ਼ਰੂਰੀ ਹਨ। ਟਰੈਕਟਰ ਮਾਰਚ ਭਾਰਤ ਸਰਕਾਰ ਦੀਆਂ ਬੰਦ ਅੱਖਾਂ ਖੋਲ੍ਹਣ ਲਈ ਜ਼ਰੂਰੀ ਹੈ ਜੋ ਕਿਸਾਨੀ ਮੰਗਾਂ ਨੂੰ ਹੁਣ ਤੱਕ ਅਣਗੌਲਿਆਂ ਕਰ ਰਹੀ ਹੈ। ਉਨ੍ਹਾਂ ਇਸ ਟਰੈਕਟਰ ਮਾਰਚ ਰੈਲੀ ਦਾ ਵੱਧ ਤੋਂ ਵੱਧ ਸਹਿਯੋਗ ਕਰਨ ਦੀ ਅਪੀਲ ਕੀਤੀ। ਇਕਾਈ ਬਹਿਲਾ ਦੇ ਕਿਸਾਨ ਆਗੂ ਜੋਗਿੰਦਰ ਸਿੰਘ ਬਹਿਲਾ ਨੇ ਭਰੋਸਾ ਦਿੱਤਾ ਕਿ ਟਰੈਕਟਰ ਮਾਰਚ ਰੈਲੀ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇਗਾ ਤੇ ਜਥੇਬੰਦੀ ਨਾਲ ਮੋਢੇ ਨਾਲ ਮੋਢਾ ਲਾ ਕੇ ਹਮੇਸ਼ਾ ਤਿਆਰ ਬਰ ਤਿਆਰ ਰਹਾਂਗੇ।

12-AUG-PAGE-7.qxd 8/11/2024 8:47 PM Page 1



# ਆਸ਼ਾ ਵਰਕਰਾਂ ਨੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**

ਆਸ਼ਾ ਵਰਕਰਜ ਫੈਸੀਲੀਟੇਟਰਜ ਸਾਂਝਾ ਮੋਰਚਾ ਪੰਜਾਬ ਦੇ ਸੱਦੇ 'ਤੇ ਆਸ਼ਾ ਵਰਕਰਾਂ ਵੱਲੋਂ ਬਲਾਕ ਪ੍ਰਧਾਨ ਮੀਨਾ ਕੁਮਾਰੀ ਦੀ ਅਗਵਾਈ ਹੇਠ ਮੰਗਾਂ ਨਾ ਮੰਨਣ 'ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ।

ਸਥਾਨਕ ਮੁਢਲਾ ਸਿਹਤ ਕੇਂਦਰ ਵਿੱਚ ਆਸ਼ਾ ਵਰਕਰਾਂ ਵੱਲੋਂ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਪੁਤਲਾ ਫੂਕਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਮੀਨਾ ਕੁਮਾਰੀ ਨੇ ਦੱਸਿਆ ਕਿ ਆਸ਼ਾ ਵਰਕਰਾਂ ਦੀਆਂ ਮੰਗਾਂ ਜਿਵੇਂ ਵਰਕਰਜ਼ ਫੈਸੀਲਿਟੇਟਰਜ਼ ਨੂੰ ਉਜਰਤ ਅਤੇ ਕਾਨੂੰਨ ਤਹਿਤ ਘੱਟੋ ਘੱਟ 26000ਰੁ: ਦੇ ਰੈਗੂਲਰ ਕੀਤਾ ਜਾਵੇ ਜੀ,

ਆਸ਼ਾ ਵਰਕਰਜ ਫੈਸੀਲਿਟੇਟਰਜ਼ ਨੂੰ ਕੰਮ ਕਰਨ ਦੀ ਉਮਰ ਹੱਦ 58 ਸਾਲ ਤੋਂ 62 ਸਾਲ ਕਰਨ ਬਾਰੇ ਪੱਤਰ ਤੁਰੰਤ ਲਾਗੂ ਕੀਤਾ ਜਾਵੇ, 58 ਸਾਲ ਵਾਲੀਆਂ ਸੇਵਾ ਮੁਕਤ ਕੀਤੀਆਂ ਆਸ਼ਾ ਵਰਕਰਾਂ ਨੂੰ ਬਹਾਲ ਕੀਤਾ ਜਾਵੇ, ਆਸ਼ਾ ਵਰਕਰਾਂ ਨੂੰ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦਿੱਤੀ ਜਾਵੇ, ਇਸ ਤੋਂ ਇਲਾਵਾ ਵਰਕਰ ਦੀ ਮੌਤ ਹੁਣ ਉਪਰੰਤ ਉਸਦੇ ਪਰਿਵਾਰਕ ਮੈਂਬਰ ਨੂੰ ਨੌਕਰੀ ਦਿੱਤੀ ਜਾਵੇ ਤੇ ਦੁਰਘਟਨਾ ਬੀਮਾ ਕੀਤਾ ਜਾਵੇ।ਪ੍ਰਧਾਨ ਮੀਨਾ ਕੁਮਾਰੀ ਨੇ ਦੱਸਿਆ ਕਿ ਸਰਕਾਰ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹ ਮੰਗਾਂ ਮੰਨਣ ਦਾ ਭਰੋਸਾ ਦਿੱਤਾ ਸੀ, ਪਰ ਅਜੇ ਤੱਕ ਸਰਕਾਰ ਨੇ ਆਸ਼ਾ ਵਰਕਰਾਂ ਦੀਆਂ ਇਹ ਮੰਗਾਂ ਨਹੀਂ ਮੰਨੀਆਂ, ਜਿਸ ਕਾਰਨ ਆਸ਼ਾ ਵਰਕਰਾਂ ਵਿੱਚ ਭਾਰੀ ਰੋਸ ਹੈ, ਕਿਉਂਕਿ ਆਸ਼ਾ ਵਰਕਰਾਂ ਤੋਂ ਨਿਗੂਣੇ ਮਿਹਨਤਾਨੇ 'ਤੇ ਕੰਮ ਕਰਾਇਆ ਜਾਂਦਾ ਹੈ ਅਤੇ ਉਹਨਾਂ ਨੂੰ ਮਾਣਭੱਤਾ ਬਹੁਤ ਘੱਟ ਦਿੱਤਾ ਜਾਂਦਾ ਹੈ।ਆਸ਼ਾ ਵਰਕਰਾਂ ਨੇ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਸਰਕਾਰ ਆਸ਼ਾ ਵਰਕਰਾਂ ਦੀਆਂ ਮੰਗਾਂ ਨੂੰ ਜਲਦ ਮੰਨੇ ਅਤੇ ਇਸਦਾ ਨੋਟੀਫਿਕੇਸ਼ਨ ਜਾਰੀ ਕਰੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੀਤ ਕੌਰ, ਕਮਲਜੀਤ ਕੌਰ, ਮਨਜਿੰਦਰ ਕੌਰ, ਨੀਲਮ ਰਾਣੀ, ਮਨਪ੍ਰੀਤ ਕੌਰ, ਕੁਲਵਿੰਦਰ ਕੌਰ, ਜਸਪਾਲ ਕੌਰ, ਸਵਿਤਾ ਰਾਣੀ, ਹਰਪਾਲ ਕੌਰ, ਹਰਜੀਤ ਕੌਰ, ਗੁਰਪ੍ਰੀਤ ਕੌਰ, ਜਸਵੀਰ ਕੌਰ ਆਦਿ ਵੀ ਮੌਜੂਦ ਸਨ।

## ਸਬ-ਤਹਿਸੀਲ ਵਿਖੇ ਕੰਧ ਦਾ ਰੇੜਕਾ

# ਲੋਕਾਂ ਨੇ ਕਿਹਾ, 'ਕਿਸੇ ਹਾਲਤ ਕੰਧ 'ਚ ਨਹੀਂ ਕੱਢਣ ਦੇਵਾਂਗੇ'

**ਭਗਤਾ ਭਾਈ ਕਾ (ਰਾਜੀਵ ਗੋਇਲ)**

ਇੱਕ ਪਾਸੇ ਤਾਂ ਲੋਕਾਂ ਨੂੰ ਆਪਸੀ ਭਾਈਚਾਰੇ ਨੂੰ ਕਾਇਮ ਰੱਖਣ ਤੇ ਪਿਆਰ ਨਾਲ ਰਹਿਣ ਦੀਆਂ ਸਿੱਖਿਆਵਾਂ ਦਿੱਤੀਆਂ ਜਾ ਰਹੀਆਂ ਹਨ ਤੇ ਦੂਜੇ ਪਾਸੇ ਸਰਕਾਰੀ ਅਫ਼ਸਰ ਆਪਣੇ ਤੁਗਲਕੀ ਫੁਰਮਾਨ ਜਾਰੀ ਕਰਕੇ ਲੋਕਾਂ ਵਿੱਚ ਦੂਰੀਆਂ ਪੈਦਾ ਕਰਨ ਵਰਗੇ ਫ਼ਰਜ਼ ਅਦਾ ਕਰ ਰਹੇ ਹਨ।ਸ਼ਹਿਰ ਵਿਖੇ ਪਿਛਲੇ ਕਾਫੀ ਲੰਮੇ ਸਮੇਂ ਤੋਂ ਸਬ-ਤਹਿਸੀਲ ਦੀ ਇਮਾਰਤ ਬਣੀ ਹੋਈ ਹੈ।ਇਸ ਇਮਾਰਤ ਵਿੱਚ ਦੋ ਅਫ਼ਸਰਾਂ ਦੇ ਦਫਤਰ ਹਨ, ਇਨ੍ਹਾਂ ਵਿੱਚੋਂ ਇੱਕ ਦਫ਼ਤਰ ਨਾਇਬ-ਤਹਿਸੀਲਦਾਰ ਦਾ ਅਤੇ ਦੂਜਾ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦਾ ਹੈ।ਇਨ੍ਹਾਂ ਦੋਹਾਂ ਦਫ਼ਤਰਾਂ ਵਿਚਕਾਰ ਕੰਧ ਕੱਢਣ ਨੂੰ ਲੈ ਕੇ ਬੀ.ਡੀ.ਪੀ.ਓ ਵੱਲੋਂ ਤੁਗਲਕੀ ਫੁਰਮਾਨ ਜਾਰੀ ਕਰ ਦਿੱਤਾ ਹੈ, ਜਿਸਦਾ ਸ਼ਹਿਰ ਤੇ ਇਲਾਕੇ ਦੇ ਲੋਕਾਂ ਵੱਲੋਂ ਜ਼ਬਰਦਸਤ ਵਿਰੋਧ ਕੀਤਾ ਜਾ ਰਿਹਾ ਹੈ, ਕਿਉਂਕਿ ਸਬ-ਤਹਿਸੀਲ ਅੰਦਰ ਲੋਕਾਂ ਦਾ ਹਰ ਵਕਤ ਭਾਰੀ ਇਕੱਠ ਰਹਿੰਦਾ ਹੈ ਅਤੇ ਪਾਰਕਿੰਗ ਦਾ ਕੋਈ ਪ੍ਰਬੰਧ ਨਹੀਂ ਹੈ।ਇਸ ਇਮਾਰਤ ਦੇ ਦੋ ਗੇਟ ਹਨ, ਪਰ ਜਦੋਂ ਟ੍ਰੈਫਿਕ ਵੱਧ ਹੋਣ ਕਾਰਨ ਬੇਤਰਤੀਬੇ ਢੰਗ ਨਾਲ ਖੜੀਆਂ ਗੱਡੀਆਂ ਦਾ ਜਾਮ ਲੱਗਦਾ ਹੈ ਤਾਂ ਕੁਝ ਗੱਡੀਆਂ ਬੀ.ਡੀ.ਪੀ.ਓ ਦਫ਼ਤਰ ਦੇ ਸਾਹਮਣੇ ਵਾਲੇ ਗੇਟ ਤੋਂ ਗੱਡੀਆਂ ਬਾਹਰ ਨਿਕਲ ਜਾਂਦੀਆਂ ਹਨ, ਜਿਸ ਨਾਲ ਲੋਕਾਂ ਨੂੰ ਆਉਣ ਵਾਲੀ ਦਿੱਕਤ ਤੋਂ ਛੁਟਕਾਰਾ ਮਿਲ ਜਾਂਦਾ ਹੈ, ਪਰ ਇੱਥੇ ਬੀ.ਡੀ.ਪੀ.ਓ ਦਫਤਰ ਦੇ ਅਧਿਕਾਰੀਆਂ ਵੱਲੋਂ ਆਮ ਲੋਕਾਂ ਵੱਲੋਂ ਉਨ੍ਹਾਂ ਦੇ ਬਾਥਰੂਮ ਵਰਤਣ ਦਾ ਬਹਾਨਾ ਬਣਾ ਕੇ ਕੰਧ ਕੱਢਣ ਦਾ ਫੈਸਲਾ ਲਿਆ ਗਿਆ ਹੈ, ਜਦਕਿ ਲੋਕਾਂ ਵਿੱਚ ਇਸ ਕੰਧ ਕੱਢਣ ਦੀ ਅਸਲ ਚਰਚਾ ਕੁਝ ਹੋਰ ਹੈ, ਜਿਹੜੀ ਜਾਂਚ ਦਾ ਵਿਸ਼ਾ ਹੈ।

ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਰਾਮਪੁਰਾ ਫੂਲ ਦੇ ਇੰਚਾਰਜ ਹਰਿੰਦਰ ਸਿੰਘ ਮਹਿਰਾਜ ਨੇ ਕਿਹਾ ਕਿ ਬੀ.ਡੀ.ਪੀ.ਓ ਭਗਤਾ ਕੰਧ ਕੱਢਣ ਵਾਲਾ ਆਪਣਾ ਤੁਗਲਕੀ ਫੁਰਮਾਨ ਤੁਰੰਤ ਵਾਪਸ ਲਵੇ ਨਹੀਂ ਤਾਂ ਸ਼੍ਰੋਮਣੀ ਅਕਾਲੀ ਦਲ ਇਸ ਬਾਬਤ ਸੰਘਰਸ਼ ਦਾ ਬਿਗੁਲ ਵਜਾਏਗਾ, ਜਿਸਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।ਕਿਸੇ ਵੀ ਹਾਲਤ 'ਚ ਕੰਧ ਨਹੀਂ ਕੱਢਣ ਦਿੱਤੀ ਜਾਵੇਗੀ।

ਭਾਜਪਾ ਆਗੂ ਗੁਰਬਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਸਾਰੀ ਭਾਜਪਾ ਇਕਾਈ ਇਸ ਕੰਧ ਕੱਢਣ ਦੇ ਖਿਲਾਫ ਹੈ, ਕਿਉਂਕਿ ਇਹ ਪਬਲਿਕ ਦਾ ਰਸਤਾ ਹੈ, ਜਿਸ ਨੂੰ ਬੰਦ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਚੇਤਾਵਨੀ ਦਿੱਤੀ ਹੈ ਕਿ ਜੇਕਰ ਮਹਿਕਮੇ ਵੱਲੋਂ ਇਸ ਕੰਧ ਕੱਢਣ ਵਾਲੇ ਫੈਸਲੇ ਨੂੰ ਵਾਪਸ ਨਾ ਲਿਆ ਤਾਂ ਸੰਘਰਸ਼ ਸ਼ੁਰੂ ਕੀਤਾ ਜਾਵੇਗਾ, ਜਿਸਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।



ਹਰਿੰਦਰ ਸਿੰਘ ਮਹਿਰਾਜ, ਗੁਰਬਿੰਦਰ ਭਗਤਾ, ਨਛੱਤਰ ਸਿੰਘ ਸਿੱਧੂ, ਜਤਿੰਦਰ ਸਿੰਘ ਭੱਲਾ

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਛੱਤਰ ਸਿੰਘ ਸਿੱਧੂ ਨੇ ਕਿਹਾ ਕਿ ਇਹ ਜਗ੍ਹਾ ਪਿੰਡ ਦੇ ਲੋਕਾਂ ਦੀ ਸਾਂਝੀ ਜਗ੍ਹਾ ਹੈ ਅਤੇ ਸਿਰਫ ਗਿਰਦਾਵਰੀ ਹੀ ਬੀ.ਡੀ.ਪੀ.ਓ ਦਫਤਰ ਦੇ ਨਾਂਅ 'ਤੇ ਹੈ ਅਤੇ ਗਿਰਦਾਵਰੀ ਵਾਲੀ ਜਗ੍ਹਾ 'ਤੇ ਨਗਰ ਦੀ ਸਹਿਮਤੀ ਬਿਨਾਂ ਇੱਟ ਵੀ ਨਹੀਂ ਲਾਈ ਜਾ ਸਕਦੀ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਹ ਕੰਧ ਕੱਢਣ ਦਾ ਫ਼ੈਸਲਾ ਵਾਪਸ ਨਾ ਲਿਆਂ ਤਾਂ ਉਹ ਲੋਕਾਂ ਦੇ ਹੱਕ ਵਿੱਚ ਭੁੱਖ ਹੜਤਾਲ 'ਤੇ ਬੈਠਣਗੇ, ਜਿਸਦੀ ਜ਼ਿੰਮੇਵਾਰੀ ਮਹਿਕਮੇ ਦੀ ਹੋਵੇਗੀ।

'ਆਪ' ਦੇ ਇੰਪਰੂਵਮੈਂਟ ਟਰੱਸਟ ਬਠਿੰਡਾ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਅਫ਼ਸਰਾਂ ਨਾਲ ਗੱਲ ਕਰਕੇ ਇਸ ਮਸਲੇ ਦਾ ਹੱਲ ਕਰਾਇਆ ਜਾਵੇਗਾ।ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਦੇ ਪੀ.ਏ ਵੱਲੋਂ ਕਿਹਾ ਗਿਆ ਕਿ ਇਹ ਮਸਲਾ ਐਮ.ਐਲ.ਏ ਦੇ ਧਿਆਨ ਹਿੱਤ ਕਰਵਾ ਕੇ ਕਾਰਵਾਈ ਕੀਤੀ ਜਾਵੇਗੀ।

# ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਨੇ ਕੇਂਦਰੀ ਮੰਤਰੀ ਨਾਲ ਕੀਤੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)**-ਆਂਗਣਵਾੜੀ ਇੰਪਲਾਈਜ ਫੈਡਰੇਸ਼ਨ ਆਫ ਇੰਡੀਆ ਦੇ ਵਫ਼ਦ ਨੇ ਪੰਜਾਬ ਦੇ ਆਂਗਣਵਾੜੀ ਸੈਂਟਰਾਂ ਵਿੱਚ ਲਾਭਪਾਤਰੀਆਂ ਲਈ ਭੇਜੇ ਜਾ ਰਹੇ ਮਾੜੇ ਰਾਸ਼ਨ ਨੂੰ ਲੈ ਕੇ ਦਿੱਲੀ ਵਿੱਚ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਮੀਟਿੰਗ ਕੀਤੀ ਤੇ ਮੰਗ ਕੀਤੀ ਕਿ ਕਰੋੜਾਂ ਰੁਪਏ ਦੇ ਇਸ ਘਪਲੇ ਦੀ ਜਾਂਚ ਪੜਤਾਲ ਕਰਵਾਈ ਜਾਵੇ, ਕਿਉਂਕਿ ਸਰਕਾਰੀ ਅਦਾਰਿਆਂ ਦੀ ਥਾਂ ਪੰਜਾਬ ਸਰਕਾਰ ਪ੍ਰਾਈਵੇਟ ਕੰਪਨੀਆਂ ਤੋਂ ਆਂਗਣਵਾੜੀ ਸੈਂਟਰਾਂ ਵਿੱਚ ਲਾਭਪਾਤਰੀਆਂ ਲਈ ਖਰਾਬ ਰਾਸ਼ਨ ਭਿਜਵਾ ਰਹੀ ਹੈ, ਜਿਸ ਦੌਰਾਨ ਕੇਂਦਰੀ ਮੰਤਰੀ ਅੰਨਾ ਪੂਰਨਾ ਦੇਵੀ ਨੇ ਕਿਹਾ ਕਿ ਰਾਸ਼ਨ ਦੇ ਘਪਲਿਆਂ ਦੀ ਜਾਂਚ ਕੇਂਦਰ ਸਰਕਾਰ ਵੱਲੋਂ ਕਰਾਈ ਜਾਵੇਗੀ।

ਆਗੂਆਂ ਨੇ ਮੰਤਰੀ ਨੂੰ ਇਹ ਵੀ ਦੱਸਿਆ ਕਿ ਪੰਜਾਬ ਵਿੱਚ ਆਂਗਣਵਾੜੀ ਸੈਂਟਰਾਂ ਦੇ ਬੱਚੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਬਿਠਾਏ ਜਾਂਦੇ ਹਨ ਹਨ ਤੇ ਸੈਂਟਰ ਖਾਲੀ ਪਏ ਹਨ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਨੂੰ 7 ਸਾਲਾਂ ਤੋਂ ਸਮਾਰਟ ਫੋਨ ਨਹੀਂ ਦਿੱਤੇ ਜਾ ਰਹੇ ਅਤੇ ਨਾ ਹੀ ਰੀਚਾਰਜ਼ ਭੱਤਾ।ਇਸ ਮਸਲੇ ਲਈ ਮੰਤਰੀ ਨੇ ਕਿਹਾ ਕਿ ਆਂਗਣਵਾੜੀ ਸੈਂਟਰਾਂ ਦੇ ਬੱਚਿਆਂ ਬਾਰੇ ਕੇਂਦਰ ਵੱਲੋਂ ਇਕ ਕਮੇਟੀ ਬਣਾ ਕੇ ਪੰਜਾਬ ਭੇਜੀ ਜਾਵੇਗੀ, ਜੋ ਇਸ ਬਾਰੇ ਪੜਤਾਲ ਕਰੇਗੀ ਕਿ ਬੱਚੇ ਸੈਂਟਰਾਂ ਵਿੱਚ ਕਿਉਂ ਨਹੀਂ ਆ ਰਹੇ।ਇਸ ਸਮੇਂ ਬਠਿੰਡਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਤੇ ਯੂਨੀਅਨ ਦੀ ਸੂਬਾ ਜਨਰਲ ਸਕੱਤਰ ਗੁਰਮੀਤ ਕੌਰ ਗੋਨੇਆਣਾ ਹਾਜ਼ਰ ਸਨ।

# ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣਾ ਸਰਕਾਰ ਦਾ ਫ਼ਰਜ਼ : ਵਿਧਾਇਕ ਬੁੱਧ ਰਾਮ



**ਬਰੇਟਾ (ਰੀਤਵਾਲ)**-ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣਾ ਸਰਕਾਰਾਂ ਦਾ ਫ਼ਰਜ਼ ਹੈ।ਪੰਜਾਬ ਸਰਕਾਰ ਵੱਲੋਂ ਜਾਰੀ ਵਿਕਾਸ ਕਾਰਜਾਂ ਦੀ ਲੜੀ ਵਿੱਚ ਹਲਕਾ ਬੁਢਲਾਡਾ ਅੰਦਰ 02 ਕਰੋੜ 96 ਲੱਖ ਦੀ ਲਾਗਤ ਵਾਲੀਆਂ ਪੰਜ ਪਿੰਡਾਂ ਦੀਆਂ ਲਿੰਕ ਸੜਕਾਂ ਦਾ ਉਦਘਾਟਨ ਕੀਤਾ ਗਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪ੍ਰਿੰਸੀਪਲ ਬੁੱਧ ਰਾਮ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਬੁਢਲਾਡਾ ਦੇ ਪਿੰਡ ਦਾਤੇਵਾਸ ਤੋਂ ਫੁੱਲੂ ਵਾਲਾ ਡੋਗਰਾ ਲਿੰਕ ਸੜਕ ਕਰੀਬ 4 ਕਿਲੋਮੀਟਰ ਨੂੰ 73 ਲੱਖ ਦੀ ਲਾਗਤ, ਪਿੰਡ ਸ਼ੇਖੂਪੁਰ ਖੁਡਾਲ ਦੀ ਫਿਰਨੀ ਇੱਕ ਕਿਲੋਮੀਟਰ ਦੀ ਲੰਬਾਈ ਵਾਲੀ ਸੜਕ ਨੂੰ 26 ਲੱਖ ਰੁਪਏ ਦੀ ਲਾਗਤ, ਪਿੰਡ ਜਲਵੇੜਾ ਵਿੱਚ ਡਰੇਨ ਦਾ ਪੁਲ 52 ਲੱਖ ਰੁਪਏ ਦੀ ਲਾਗਤ, ਬਰੇਟਾ ਤੋਂ ਜਲਵੇੜਾ-ਸੰਘਰੇੜੀ ਲਿੰਕ ਸੜਕ ਕਰੀਬ ਪੌਣੇ ਚਾਰ ਕਿਲੋਮੀਟਰ ਲੰਬਾਈ 70 ਲੱਖ ਰੁਪਏ ਦੀ ਲਾਗਤ, ਜੀਵਨ ਨਗਰ ਤੋਂ ਪਿੰਡ ਰਿਉਂਦ ਕਲਾਂ ਸਾਢੇ ਤਿੰਨ ਕਿਲੋਮੀਟਰ ਲੰਬਾਈ ਵਾਲੀ ਸੜਕ 75 ਲੱਖ ਰੁਪਏ ਦੀ ਲਾਗਤ ਨਾਲ ਮਾਰਕੀਟ ਕਮੇਟੀ ਫੰਡਾਂ ਚੋਂ ਤਿਆਰ ਕਰਾਈਆਂ ਗਈਆਂ ਹਨ, ਜਿਸ ਨਾਲ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਦੱਸਿਆ ਕਿ ਮਾਰਕੀਟ ਕਮੇਟੀਆਂ ਦੇ ਫੰਡਾਂ ਨਾਲ ਇਹ ਸੜਕਾਂ ਮੁਕੰਮਲ ਕਰਾਈਆਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਸ਼ਹਿਰਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ ਹੈ।

# ਜਥੇਦਾਰ ਟੌਹੜਾ ਦੀ 100 ਸਾਲਾ ਜਨਮ ਸ਼ਤਾਬਦੀ 'ਤੇ ਪਿੰਡ ਟੌਹੜਾ ਤੋਂ ਵਾਤਾਵਰਣ ਸੰਭਾਲ ਲਹਿਰ ਸ਼ੁਰੂ



**ਨਾਭਾ (ਵਰਿੰਦਰ ਵਰਮਾ)**-ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ 100 ਸਾਲਾ ਜਨਮ ਸ਼ਤਾਬਦੀ 'ਤੇ ਪਿੰਡ ਟੌਹੜਾ ਤੋਂ ਵਾਤਾਵਰਣ ਸੰਭਾਲ ਲਹਿਰ ਸ਼ੁਰੂ ਹੋ ਗਈ ਹੈ।ਇਹ ਲਹਿਰ ਸਮੁੱਚੇ ਪੰਜਾਬ ਵਿੱਚ ਚਲਾਈ ਜਾਵੇਗੀ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਦੀ ਅਗਵਾਈ ਹੇਠ ਪਿੰਡ ਟੌਹੜਾ ਵਿਖੇ 505 ਬੂਟੇ ਲਾਏ ਗਏ ਹਨ।ਵਿਸ਼ਾਲ ਸਮਾਗਮ ਵਿੱਚ ਜਿਥੇ ਪੰਜਾਬ ਭਰ ਤੋਂ ਸੰਤ ਮਹਾਪੁਰਸ਼ ਪੁੱਜੇ ਹੋਏ ਸਨ, ਉੱਥੇ ਹਜ਼ਾਰਾਂ ਸੰਗਤਾਂ ਨੇ ਵੀ ਹਾਜ਼ਰੀਆਂ ਭਰੀਆਂ।ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਪੁੱਜੇ ਰਾੜਾ ਸਾਹਿਬ ਸੰਪਰਦਾ ਦੇ ਮੁਖੀ ਸੰਤ ਬਾਬਾ ਬਲਜਿੰਦਰ ਸਿੰਘ ਨੇ ਆਖਿਆ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਸਿੱਖ ਕੌਮ ਤੇ ਪੰਥ ਨੂੰ ਜੋ ਦੇਣ ਹੈ, ਉਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਉਨ੍ਹਾਂ ਆਖਿਆ ਕਿ ਸਤਵਿੰਦਰ ਸਿੰਘ ਟੌਹੜਾ ਵੱਲੋਂ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ 100 ਸਾਲਾ ਜਨਮ ਸ਼ਤਾਬਦੀ 'ਤੇ ਜੋ ਕਾਰਜ ਆਰੰਭਿਆ ਗਿਆ ਹੈ, ਇਹ ਸਮੁੱਚੇ ਪੰਜਾਬ ਵਿੱਚ ਚੱਲੇਗਾ ਤੇ ਵਾਤਾਵਰਣ ਨੂੰ ਸ਼ੁੱਧ ਕਰਨ ਵਿੱਚ ਵੱਡਾ ਯੋਗ ਸਹਾਈ ਹੋਵੇਗਾ।ਸੰਤ ਬਾਬਾ ਬਲਜਿੰਦਰ ਸਿੰਘ ਰਾੜਾ ਸਾਹਿਬ ਵਾਲਿਆਂ ਨੇ ਕਿਹਾ ਕਿ ਵਧ ਰਹੀ ਤਪਸ਼ ਤੇ ਗਲੋਬਲ ਵਾਰਮਿੰਗ ਦੀ ਲਪੇਟ ਵਿਚ ਆ ਚੁੱਕੀ ਧਰਤੀ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ ਅਤੇ ਉਨ੍ਹਾਂ ਦੀ ਦੇਖਭਾਲ ਕਰਨੀ ਚਾਹੀਦੀ ਹੈ।ਉਨ੍ਹਾਂ ਬੂਟਿਆਂ ਦੀ ਸਾਂਭ ਸੰਭਾਲ ਲਈ 51 ਹਜ਼ਾਰ ਰੁਪਏ ਦੀ ਮੱਦਦ ਦਾ ਐਲਾਨ ਵੀ ਕੀਤਾ।ਸੰਤ ਬਾਬਾ ਅਮਰੀਕ ਸਿੰਘ ਕਾਰਸੇਵਾ ਵਾਲਿਆਂ ਸੰਗਤ ਨੂੰ ਨਾਮ ਬਾਣੀ ਨਾਲ ਜੁੜਨ ਲਈ ਪ੍ਰੇਰਿਆ, ਉਥੇ ਸੰਤ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਵਲੋਂ ਭੇਜੇ ਗਏ ਪੰਜ ਫਲਦਾਰ ਬੂਟੇ ਵੀ ਲਾਏ ਗਏ।ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਰਾਜਨੀਤਿਕ ਲੀਡਰਾਂ ਨੂੰ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ ਜੀਵਨ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ।ਸ਼੍ਰੋਮਣੀ ਕਮੇਟੀ ਮੈਂਬਰ ਸਤਵਿੰਦਰ ਸਿੰਘ ਟੌਹੜਾ ਨੇ ਸੰਗਤ ਦਾ ਧੰਨਵਾਦ ਕਰਦਿਆ ਕਿਹਾ ਕਿ ਜਥੇਦਾਰ ਗੁਰਚਰਨ ਸਿੰਘ ਟੌਹੜਾ ਅਕਾਲੀਅਤ ਦਾ ਰੋਲ ਮਾਡਲ ਸਨ ਅਤੇ ਹਮੇਸ਼ਾ ਲੋਕਾਂ ਲਈ ਪ੍ਰੇਰਣਾ ਸਰੋਤ ਰਹੇ।ਉਨ੍ਹਾਂ ਦੀ ਯਾਦ 'ਚ ਸ਼ੁਰੂ ਕੀਤੀ ਗਈ ਜਨਮ ਸ਼ਤਾਬਦੀ ਦੀ ਲੜੀ ਦਾ ਇਹ ਪਹਿਲਾ ਸਮਾਗਮ ਹੈ।ਇਸ ਵਾਤਾਵਰਣ ਸੰਭਾਲ ਲਹਿਰ ਨੂੰ ਸੰਗਤ ਦੇ ਸਹਿਯੋਗ ਦੇ ਨਾਲ ਘਰ-ਘਰ ਤੱਕ ਪੁਚਾਇਆ ਜਾਵੇਗਾ।

# ਮਰਨ ਉਪਰੰਤ ਕਾਇਮ ਕੀਤੀ ਮਾਨਵਤਾ ਦੀ ਮਿਸਾਲ, ਮੈਡੀਕਲ ਖੋਜਾਂ ਲਈ ਮ੍ਰਿਤਕ ਸਰੀਰ ਦਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਚੁਨਾਗਰਾ ਵਿਖੇ ਡੇਰਾ ਸੱਚਾ ਸੌਦਾ ਸਿਰਸਾ ਦੇ ਪ੍ਰੇਮੀ ਮੁਖਤਿਆਰ ਇੰਸਾਂ ਦੇ ਦਿਹਾਂਤ ਉਪਰੰਤ ਉਸਦੇ ਪਰਵਾਰਕ ਮੈਂਬਰਾਂ ਵੱਲੋਂ ਮ੍ਰਿਤਕ ਸਰੀਰ ਨੂੰ ਮੈਡੀਕਲ ਖੋਜਾਂ ਲਈ ਦਾਨ ਕੀਤਾ ਗਿਆ।ਸਵਰਗੀ ਮੁਖਤਿਆਰ ਇੰਸਾਂ ਦੀ ਇੱਛਾ ਅਨੁਸਾਰ ਉਨ੍ਹਾਂ ਦੇ ਬੇਟੇ ਤੇ ਬੇਟੀਆਂ ਵੱਲੋਂ ਮ੍ਰਿਤਕ ਸਰੀਰ ਮੈਡੀਕਲ ਖੋਜਾਂ ਲਈ ਮੈਡੀਕਲ ਕਾਲਜ ਲਖਨਊ ਉਤਰ ਪ੍ਰਦੇਸ਼ ਦੇ ਰਿਸਰਚ ਸੈਂਟਰ ਨੂੰ ਦਾਨ ਕੀਤਾ ਗਿਆ।ਮ੍ਰਿਤਕ ਸਰੀਰ ਨੂੰ ਮੋਢਾ ਉਨਾਂ ਦੀਆਂ ਬੇਟੀਆਂ ਤੇ ਨੂੰਹਾਂ ਵੱਲੋਂ ਦੇਕੇ ਪਿੰਡ ਵਿੱਚ ਇੱਕ ਅਨੋਖੀ ਮਿਸਾਲ ਪੇਸ਼ ਕੀਤੀ ਗਈ।ਇਸ ਮੌਕੇ 'ਪ੍ਰੇਮੀ ਮੁਖਤਿਆਰ ਸਿੰਘ ਇੰਸਾਂ ਅਮਰ ਰਹੇ' ਤੇ 'ਜਬ ਤੱਕ ਸੂਰਜ ਚਾਂਦ ਰਹੇਗਾ, ਪ੍ਰੇਮੀ ਮੁਖਤਿਆਰ ਸਿੰਘ ਇੰਸਾਂ ਤੇਰਾ ਨਾਮ ਰਹੇਗਾ' ਦੇ ਨਾਅਰੇ ਲਗਾਏ ਗਏ।ਸ਼ਾਹ ਸਤਿਨਾਮ ਜੀ ਗਰੀਨ ਐਸ ਵੈਲਫੇਅਰ ਫੋਰਸ ਵਿੰਗ ਦੇ ਸੇਵਾਦਾਰਾਂ ਤੇ ਸਾਧ ਸੰਗਤ ਵੱਲੋਂ ਫੁੱਲਾਂ ਨਾਲ ਸ਼ਿੰਗਾਰੀ ਹੋਈ ਐਂਬੂਲੈਂਸ ਰਾਹੀਂ ਪਿੰਡ ਵਿਚ ਕਾਫਲੇ ਦੇ ਰੂਪ ਵਿੱਚ ਚੱਕਰ ਲਾਇਆ ਗਿਆ।ਗੱਡੀ ਦੀ ਰਵਾਨਗੀ ਮੌਕੇ ਪਿੰਡ ਚੁਨਾਗਰਾ ਦੇ ਮੋਹਤਬਰ ਤੇ ਡੇਰਾ ਪ੍ਰੇਮੀਆਂ ਨੇ ਗੱਡੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

# ਨਵੇਂ ਤਹਿਸੀਲਦਾਰ ਪ੍ਰਵੀਨ ਕੁਮਾਰ ਸਿੰਗਲਾ ਨੇ ਅਹੁਦਾ ਸੰਭਾਲਿਆ



**ਮੂਨਕ (ਰਾਜਪਾਲ ਸਿੰਗਲਾ)**

ਪਿਛਲੇ ਲੰਮੇ ਸਮੇਂ ਤੋਂ ਖਾਲੀ ਪਈ ਤਹਿਸੀਲਦਾਰ ਦੀ ਸੀਟ ਨੂੰ ਲੈ ਕੇ ਜਿੱਥੇ ਇਲਾਕੇ ਦੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਉੱਥੇ ਹੀ ਨਵੇਂ ਆਏ ਤਹਿਸੀਲਦਾਰ ਦੇ ਆਉਣ ਨਾਲ ਇਲਾਕੇ ਦੇ ਵਿੱਚ ਖੁਸ਼ੀ ਦੇਖਣ ਨੂੰ ਮਿਲ ਰਹੀ ਹੈ। ਨਵੇਂ ਆਏ ਤਹਿਸੀਲਦਾਰ ਪ੍ਰਵੀਨ ਕੁਮਾਰ ਸਿੰਗਲਾ ਨੇ ਅਹੁਦਾ ਸੰਭਾਲ ਕੇ ਆਪਣਾ ਵਿਭਾਗੀ ਕੰਮਕਾਜ ਸ਼ੁਰੂ ਕਰ ਦਿੱਤਾ ਹੈ, ਜਿਸ ਦਾ ਵਪਾਰ ਮੰਡਲ ਦੇ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।

ਵਪਾਰ ਮੰਡਲ ਦੇ ਪ੍ਰਧਾਨ ਕੇਵਲ ਕ੍ਰਿਸ਼ਨ ਹਰਿਆਊ ਵਾਲੇ ਨੇ ਕਿਹਾ ਕਿ ਉਹ ਇਲਾਕੇ ਵੱਲੋਂ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੇ ਦਿਲੋਂ ਧੰਨਵਾਦੀ ਹਨ, ਜਿਨ੍ਹਾਂ ਨੇ ਇਸ ਇਮਾਨਦਾਰ ਅਤੇ ਮਿਹਨਤੀ ਅਫ਼ਸਰ ਨੂੰ ਮੂਨਕ ਦਾ ਤਹਿਸੀਲਦਾਰ ਨਿਯੁਕਤ ਕੀਤਾ ਗਿਆ ਹੈ, ਜਿਸ ਨੇ ਪਹਿਲਾਂ ਵੀ ਕਈ ਵਾਰ ਇਸ ਇਲਾਕੇ ਨੂੰ ਬਤੌਰ ਤਹਿਸੀਲਦਾਰ ਸੇਵਾਵਾਂ ਦਿੱਤੀਆਂ ਹਨ, ਜਿਨ੍ਹਾਂ ਤੋਂ ਲੋਕ ਬਹੁਤ ਸੰਤੁਸ਼ਟ ਹਨ।

ਉਮੀਦ ਹੈ ਕਿ ਇਹ ਅਫ਼ਸਰ ਪਹਿਲਾਂ ਨਾਲੋਂ ਵੀ ਜ਼ਿਆਦਾ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦੇਣਗੇ। ਹਰ ਵਿਅਕਤੀ ਦੀ ਦਫ਼ਤਰ ਦੇ ਵਿੱਚ ਗੱਲਬਾਤ ਸੁਣੀ ਜਾਵੇਗੀ।ਨਵਨਿਯੁਕਤ ਤਹਿਸੀਲਦਾਰ ਸਿੰਗਲਾ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਵਡਭਾਗਾ ਸਮਝਦੇ ਹਨ ਕਿ ਉਨ੍ਹਾਂ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗਬਹਾਦਰ ਜੀ ਦੀ ਵਸਾਈ ਹੋਈ ਪਵਿੱਤਰ ਨਗਰੀ ਮੂਨਕ 'ਚ ਬਤੌਰ ਤਹਿਸੀਲਦਾਰ ਵਜੋਂ ਸੇਵਾਵਾਂ ਨਿਭਾਉਣ ਦਾ ਫੇਰ ਤੋਂ ਮੌਕਾ ਮਿਲਿਆ ਹੈ।ਉਹ ਆਪਣੀ ਡਿਊਟੀ ਪੂਰੀ ਮਿਹਨਤ ਤੇ ਲਗਨ ਦੇ ਨਾਲ ਨਿਭਾਉਣਗੇ।

# ਛਾਤੀ ਦੇ ਕੈਂਸਰ ਦੇ ਕੇਸ 2040 ਤੱਕ 3 ਮਿਲੀਅਨ ਤੱਕ ਵਧਣਗੇ : ਮਾਹਰ



**ਲੁਧਿਆਣਾ (ਐਮ.ਐਸ.ਭਾਟੀਆ)**

ਰਾਜੀਵ ਗਾਂਧੀ ਕੈਂਸਰ ਇੰਸਟੀਚਿਊਟ ਐਂਡ ਰਿਸਰਚ ਸੈਂਟਰ ਨੇ ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈਐਮਏ) ਲੁਧਿਆਣਾ ਦੇ ਸਹਿਯੋਗ ਨਾਲ ਆਈਐਮਏ ਭਵਨ ਵਿਖੇ ਦੇਸ਼ ਵਿੱਚ ਕੈਂਸਰ ਦੇ ਵੱਧ ਰਹੇ ਬੋਝ ਨੂੰ ਸੰਬੋਧਨ ਕਰਨ ਲਈ ਸੀਐਮਈ ਦਾ ਆਯੋਜਨ ਕੀਤਾ।

ਹਾਲ ਹੀ ਵਿੱਚ ਲੈਂਸੇਟ ਬ੍ਰੈਸਟ ਕੈਂਸਰ ਕਮਿਸ਼ਨ ਨੇ ਅੰਦਾਜ਼ਾ ਲਾਇਆ ਹੈ ਕਿ ਵਿਸ਼ਵ ਪੱਧਰ 'ਤੇ ਛਾਤੀ ਦੇ ਕੈਂਸਰ ਦੇ ਮਾਮਲੇ 2020 ਵਿੱਚ 2.3 ਮਿਲੀਅਨ ਤੋਂ ਵੱਧ ਕੇ 2040 ਤੱਕ 3 ਮਿਲੀਅਨ ਹੋ ਜਾਣਗੇ। ਛਾਤੀ ਦਾ ਕੈਂਸਰ ਔਰਤਾਂ ਵਿੱਚ ਕੈਂਸਰ ਦੀ ਸਭ ਤੋਂ ਆਮ ਕਿਸਮ ਹੈ।ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ, ਇਕੱਲੇ ਸਾਲ 2022 ਵਿੱਚ 1.41 ਮਿਲੀਅਨ ਔਰਤਾਂ ਵਿੱਚ ਛਾਤੀ ਦੇ ਕੈਂਸਰ ਦੇ ਮਾਮਲੇ ਸਾਹਮਣੇ ਆਏ ਸਨ।ਇਸ ਤੋਂ ਇਲਾਵਾ, ਛਾਤੀ ਤੇ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਦੀਆਂ ਘਟਨਾਵਾਂ ਭਾਰਤੀ ਔਰਤਾਂ ਵਿੱਚ ਸਭ ਤੋਂ ਵੱਧ ਸਨ, ਜੋ ਕ੍ਰਮਵਾਰ 27 ਤੇ 18 ਪ੍ਰਤੀਸ਼ਤ ਨਵੇਂ ਰਿਪੋਰਟ ਕੀਤੇ ਗਏ ਕੇਸਾਂ ਲਈ ਹਨ।ਔਰਤਾਂ ਵਿੱਚ ਛਾਤੀ ਦੇ ਕੈਂਸਰ ਦੀਆਂ ਵੱਧ ਰਹੀਆਂ ਘਟਨਾਵਾਂ ਦੇ ਮੱਦੇਨਜ਼ਰ ਮਾਹਿਰਾਂ ਨੇ ਇਸ ਬਿਮਾਰੀ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਨਜਿੱਠਣ ਲਈ ਛੇਤੀ ਨਿਦਾਨ ਅਤੇ ਇਲਾਜ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਆਰ ਜੀ ਸੀ ਆਈ ਆਰ ਸੀ ਦੇ ਬ੍ਰੈਸਟ ਸਰਜੀਕਲ ਓਨਕੋਲੋਜੀ ਦੇ ਚੀਫ਼ ਡਾ. ਕੇਐਮਐਮ ਵਿਸ਼ਵਕ ਛੰਤਰ ਨੇ ਕਿਹਾ ਕਿ ਜੇਕਰ ਛਾਤੀ ਦੇ ਕੈਂਸਰ ਦਾ ਸਟੇਜ-1 ਵਿੱਚ ਹੀ ਪਤਾ ਲੱਗ ਜਾਂਦਾ ਹੈ ਤਾਂ ਪੰਜ ਸਾਲਾਂ ਤੱਕ ਬਚਣ ਦੀ ਸੰਭਾਵਨਾ 100 ਪ੍ਰਤੀਸ਼ਤ ਹੁੰਦੀ ਹੈ।ਛਾਤੀ ਦੇ ਕੈਂਸਰ ਦੇ ਸ਼ੁਰੂਆਤੀ ਲੱਛਣਾਂ ਦਾ ਪਤਾ ਲਾਉਣ ਲਈ ਔਰਤਾਂ ਨੂੰ ਮਹੀਨੇ ਵਿੱਚ ਇੱਕ ਵਾਰ ਆਪਣੀ ਜਾਂਚ ਕਰਨੀ ਚਾਹੀਦੀ ਹੈ।ਜੇਕਰ ਗੰਢ, ਨਿਪਲ ਡਿਸਚਾਰਜ, ਚਮੜੀ ਦਾ ਰੰਗ ਤੇ ਨਿੱਪਲ ਵਿੱਚ ਬਦਲਾਅ ਵਰਗੇ ਲੱਛਣ ਨਜ਼ਰ ਆਉਂਦੇ ਹਨ ਤਾਂ ਉਨ੍ਹਾਂ ਨੂੰ ਤੁਰੰਤ ਇੱਕ ਸਰਜਨ ਨਾਲ ਸੰਪਰਕ ਕਰਨਾ ਚਾਹੀਦਾ ਹੈ।

# ਭਗਵਾਨ ਦੇਵੀ ਨੂੰ ਵੱਖ-ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਡਾਇਰੈਕਟਰ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਮਹਿਤਾ ਦੇ ਮਾਤਾ ਸ੍ਰੀਮਤੀ ਭਗਵਾਨ ਦੇਵੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਗਰੁੜ ਪੁਰਾਣ ਦੇ ਪਾਠ ਦੇ ਭੋਗ ਤੇ ਰਸਮ ਪਗੜੀ ਮੌਕੇ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਤੇ ਹੋਰ ਸ਼ਖ਼ਸੀਅਤਾਂ ਨੇ ਸ਼ਰਧਾਂਜਲੀਆਂ ਦਿੱਤੀਆਂ ਗਈਆਂ।ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਦੇ ਮਾਤਾ ਬੀਬੀ ਹਰਪਾਲ ਕੌਰ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਰੂਹ ਦੀ ਆਤਮਿਕ ਸਾਂਤੀ ਲਈ ਅਰਦਾਸ ਕੀਤੀ।ਜੌੜਾਮਾਜਰਾ ਨੇ ਕਿਹਾ ਕਿ ਮਾਤਾ ਸ੍ਰੀਮਤੀ ਭਗਵਾਨ ਦੇਵੀ ਨੇ ਆਪਣੇ ਪੁੱਤਰਾਂ ਅਤੇ ਪਰਵਾਰ ਨੂੰ ਚੰਗੇ ਸੰਸਕਾਰ ਦੇ ਕੇ ਸਮਾਜ ਸੇਵਾ ਦੀ ਗੁੜ੍ਹਤੀ ਦਿੱਤੀ, ਜਿਸ ਕਰਕੇ ਮਹਿਤਾ ਪਰਵਾਰ ਸਮਾਜ ਵਿੱਚ ਲੋਕਾਂ ਦੀ ਸੇਵਾ ਕਰਦੇ ਹੋਏ ਆਪਣੇ ਬਜ਼ੁਰਗਾਂ ਦੇ ਪਾਏ ਪੂਰਨਿਆਂ ਉਪਰ ਚੱਲ ਰਿਹਾ ਹੈ।ਜੌੜਾਮਾਜਰਾ ਨੇ ਕਿਹਾ ਕਿ ਮਾਂ ਦਾ ਇਸ ਜਹਾਨ ਤੋਂ ਤੁਰ ਜਾਣਾ ਪੁੱਤਰਾਂ ਤੇ ਪਰਵਾਰ ਲਈ ਅਸਹਿ ਹੁੰਦਾ ਹੈ।ਉਨ੍ਹਾਂ ਕਿਹਾ ਕਿ ਭਾਵੇਂ ਮਾਂ ਦਾ ਘਾਟਾ ਕਦੇ ਵੀ ਪੂਰਾ ਨਹੀਂ ਹੋ ਸਕਦਾ, ਪਰ ਇਸ ਦੁਨੀਆ ਤੋਂ ਹਰੇਕ ਨੇ ਜਾਣਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਦੀ ਤਰਫ਼ੋਂ ਤੇ ਪੂਰੀ ਆਮ ਆਦਮੀ ਪਾਰਟੀ ਵੱਲੋਂ ਮਹਿਤਾ ਪਰਵਾਰ ਦੇ ਇਸ ਦੁੱਖ ਵਿੱਚ ਸ਼ਰੀਕ ਹੋਏ ਹਨ।

# ਜਗਦੀਪ ਸਿੱਧੂ ਦੀ ਵਾਰਤਕ ਪੁਸਤਕ 'ਵਰ੍ਹਿਆਂ ਕੋਲ਼ ਰੁਕੇ ਪਲ' 'ਤੇ ਚਰਚਾ



**ਮਾਨਸਾ (ਆਤਮਾ ਸਿੰਘ ਪਮਾਰ)**

ਲੰਡਨ ਦੇ ਅੰਤਰਰਾਸ਼ਟਰੀ ਪੱਧਰ ਦੇ ਅਦਬੀ ਮੇਲੇ ਤੋਂ ਹਾਲ ਹੀ 'ਚ ਵਾਪਸ ਪਰਤੇ ਮਾਨਸਾ ਦੇ ਨੌਜਵਾਨ ਸ਼ਾਇਰ ਜਗਦੀਪ ਸਿੱਧੂ ਦਾ ਜ਼ਿਲ੍ਹਾ ਭਾਸ਼ਾ ਦਫ਼ਤਰ ਮਾਨਸਾ ਵਿਖੇ ਅਦਾਰਾ ਸੰਵਾਦ ਵੱਲੋਂ ਵਿਸ਼ੇਸ਼ ਸਨਮਾਨ ਕਰਦਿਆਂ ਉਨ੍ਹਾਂ ਦੀ ਵਾਰਤਕ ਕਿਤਾਬ 'ਵਰ੍ਹਿਆਂ ਕੋਲ਼ ਰੁਕੇ ਪਲ' ਬਾਰੇ ਵਿਚਾਰ ਗੋਸ਼ਟੀ ਕਰਵਾਈ ਗਈ, ਜਿਸ ਦੀ ਪ੍ਰਧਾਨਗੀ ਕਰਦਿਆਂ ਪ੍ਰਸਿੱਧ ਰੰਗਕਰਮੀ ਮਨਜੀਤ ਕੌਰ ਔਲਖ ਤੇ ਪ੍ਰਿੰਸੀਪਲ ਦਰਸ਼ਨ ਸਿੰਘ ਨੇ ਕਿਹਾ ਕਿ ਜਗਦੀਪ ਨੇ ਕਵਿਤਾ ਦੇ ਨਾਲ-ਨਾਲ ਵਾਰਤਕ 'ਚ ਵੀ ਵੱਡਾ ਨਾਮਣਾ ਖੱਟਿਆ ਹੈ।

ਸੰਵਾਦ ਦੇ ਕੋਆਰਡੀਨੇਟਰ ਕਵੀ ਗੁਰਪ੍ਰੀਤ ਨੇ ਸਭਨਾਂ ਲੇਖਕਾਂ, ਵਿਦਿਆਰਥੀਆਂ ਦਾ ਸੁਆਗਤ ਕਰਦਿਆਂ ਕਿਹਾ ਕਿ ਜਗਦੀਪ ਨੇ ਇਸ ਵਾਰਤਕ-ਪੁਸਤਕ ਵਿਚ ਭਾਵੇਂ ਆਪਣੇ ਨਿੱਜੀ ਅਨੁਭਵਾਂ ਤੇ ਤਜਰਬਿਆਂ ਦੀ ਬਾਤ ਪਾਈ ਹੈ, ਪਰ ਅਸਲ ਵਿਚ ਇਹ ਪੂਰੀ ਲੋਕਾਈ ਦੀ ਗੱਲ ਕਰਦੀ ਹੈ।ਨਿਰੰਜਣ ਬੋਹਾ ਨੇ ਕਿਤਾਬ ਬਾਰੇ ਗੱਲ ਕਰਦਿਆਂ ਕਿਹਾ ਕਿ ਵਾਰਤਕ ਯਥਾਰਥ ਦੇ ਨੇੜੇ ਹੁੰਦੀ ਹੈ ਤੇ ਸੱਚ ਤੋਂ ਅਗਲੇ ਸੱਚ ਦੀ ਗੱਲ ਕਰਦੀ ਹੁੰਦੀ ਹੈ।ਇਸ ਤਰ੍ਹਾਂ ਲੇਖਕ ਦਾ ਸਖਸ਼ੀ ਬਿੰਬ ਇੱਕ ਸੁਚੱਜੇ ਇਨਸਾਨ ਦੀ ਉਸਾਰੀ ਕਰਦਾ ਹੈ।

ਕਹਾਣੀਕਾਰ ਦਰਸ਼ਨ ਜੋਗਾ ਨੇ ਕਿਹਾ ਕਿ ਜਗਦੀਪ ਦੀ ਇਸ ਵਾਰਤਕ ਕਿਤਾਬ ਦੀਆਂ ਕਾਵਿਕ ਸਤਰਾਂ ਮਨੁੱਖੀ ਰਿਸ਼ਤਿਆਂ ਅਤੇ ਸੰਵੇਦਨਾ ਨੂੰ ਦਰਸਾਉਂਦੀਆਂ ਹੋਈਆਂ ਪਾਠਕਾਂ 'ਤੇ ਡੂੰਘਾ ਅਸਰ ਛੱਡਦੀਆਂ ਹਨ।ਹਰਦੀਪ ਜਟਾਣਾ ਨੇ ਕਿਹਾ ਕਿ ਜਗਦੀਪ ਦੀ ਵਾਰਤਕ ਦ੍ਰਿਸ਼ ਸਿਰਜਦੀ ਹੈ, ਪਾਠਕ ਨੂੰ ਅਛੋਪਲੇ ਹੀ ਇਹ ਉੱਥੇ ਲੈ ਜਾਂਦੀ ਹੈ, ਜਿੱਥੋਂ ਦੀ ਲੇਖਕ ਗੱਲ ਕਰ ਰਿਹਾ ਹੁੰਦਾ ਹੈ।ਕਵੀ ਐਡਵੋਕੇਟ ਬਲਵੰਤ ਭਾਟੀਆ ਨੇ ਕਿਤਾਬ ਬਾਰੇ ਗੱਲ ਕਰਦਿਆਂ ਕਿਹਾ ਕਿ ਇਸ ਕਿਤਾਬ ਵਿੱਚ ਲੇਖਕ ਨੇ ਨਿੱਕੇ ਨਿੱਕੇ ਵਾਕਾਂ ਰਾਹੀਂ ਵੱਡੀਆਂ ਗੱਲਾਂ ਕੀਤੀਆਂ ਹਨ।ਇਹ ਨਿਬੰਧ ਨਿੱਜੀ ਗੱਲਾਂ ਕਰਦਿਆਂ ਰਾਜਨੀਤਕ ਕਥਾਟਸ ਵੀ ਕਰਦਾ ਹੈ।ਇਸ ਵਿਚਾਰ-ਗੋਸ਼ਟੀ ਦਾ ਮੰਚ ਸੰਚਾਲਨ ਕਵੀ ਕੁਲਦੀਪ ਚੌਹਾਨ ਨੇ ਖ਼ੂਬਸੂਰਤ ਟਿੱਪਣੀਆਂ ਕਰਦਿਆਂ ਕੀਤਾ।ਅਦਾਕਾਰ ਬਿੱਟੂ ਮਾਨਸਾ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਵਾਦ ਵੱਲੋਂ ਅਜਿਹੇ ਸਾਰਥਿਕ ਸਮਾਗਮ ਭਵਿੱਖ 'ਚ ਵੀ ਕਰਵਾਏ ਜਾਂਦੇ ਰਹਿਣਗੇ।

# 'ਬੀਬੀ ਰਜਨੀ' ਵਰਗੀ ਫਿਲਮ ਸਮਾਜ ਨੂੰ ਸੇਧ ਦੇਣ ਲਈ ਸਹਾਈ ਹੋਵੇਗੀ : ਸੋਢੀ



**ਸਰਦੂਲਗੜ੍ਹ (ਅਵਤਾਰ ਜਟਾਣਾ)**

ਮਾਲਵਾ ਗਰੁੱਪ ਆਫ ਕਾਲਜਿਜ਼ ਸਰਦੂਲੇਵਾਲਾ ਵਿਖੇ ਪੰਜਾਬੀ ਫਿਲਮ ਇੰਡਸਟਰੀ ਵਿੱਚ ਕੰਮ ਕਰ ਰਹੇ ਮੈਡ ਫਾਰ ਫਿਲਮਜ਼ ਤੇ ਓਰੇਜ਼ ਸਟੂਡੀਓਜ਼ ਵੱਲੋਂ ਦੀ ਪੇਸ਼ਕਸ਼ ਅਮਰ ਹੁੰਦਲ ਦੀ ਫਿਲਮ, ਪਿੰਕੀ ਧਾਲੀਵਾਲ ਤੇ ਨਿਤਿਨ ਤਲਵਾਰ ਵੱਲੋਂ ਪ੍ਰੋਡਿਊਸ ਕੀਤੀ 'ਬੀਬੀ ਰਜਨੀ' (ਕਾਗੁਹ ਹੰਸ ਕਰੇ) ਫ਼ਿਲਮ, ਜੋ 30 ਅਗਸਤ ਨੂੰ ਰਿਲੀਜ਼ ਹੋ ਰਹੀ ਹੈ, ਦੀ ਟੀਮ ਨੇ ਮਾਲਵਾ ਗਰੁੱਪ ਆਫ ਕਾਲਜਿਜ਼ ਸਰਦੂਲੇਵਾਲਾ ਵਿਖੇ ਪਹੁੰਚ ਕੇ ਦਰੱਖਤ ਲਾਏ।ਸੰਸਥਾ ਦੇ ਚੇਅਰਮੈਨ ਜਤਿੰਦਰ ਸਿੰਘ ਸੋਢੀ ਨੇ ਕਿਹਾ ਕਿ ਸਾਡੇ ਦੇਸ਼ ਦਾ ਅਮੀਰ ਸੱਭਿਆਚਾਰਕ ਤੇ ਸਾਹਿਤਕ ਵਿਰਸਾ ਸਾਡੇ ਜੀਵਨ ਵਿੱਚ ਸੇਧ ਦੇਣ ਲਈ ਬਹੁਤ ਮਹੱਤਵਪੂਰਨ ਰੋਲ ਅਦਾ ਕਰਦਾ ਹੈ, ਪਰ ਸਾਡੀ ਬਦਕਿਸਮਤੀ ਹੈ ਕਿ ਇਸ ਨੂੰ ਲੋਕਾਂ ਤੱਕ ਪਹੁੰਚਾਉਣ ਵਾਲੇ ਵਪਾਰਕ ਸੋਚ ਰੱਖਣ ਵਾਲਿਆਂ ਨੇ ਆਪਣੇ ਮੁਨਾਫ਼ੇ ਲਈ ਮਨੋਰੰਜਨ ਦੇ ਸਾਧਨਾਂ ਨੂੰ ਤੋੜ ਮਰੋੜ ਕੇ ਪੇਸ਼ ਕਰਨ ਤੇ ਹਲਕੇ ਪੱਧਰ ਦਾ ਫਿਲਮਾਂਕਣ ਪਰੋਸਣਾ ਸ਼ੁਰੂ ਕਰ ਦਿੱਤਾ।ਇਸ ਨੇ ਸਾਡੇ ਸਮਾਜਿਕ ਭਾਈਚਾਰੇ ਤੇ ਰਿਸ਼ਤੇ ਨੂੰ ਬਹੁਤ ਠੇਸ ਪਹੁੰਚਾਈ ਹੈ।

ਜ਼ਿਕਰਯੋਗ ਹੈ ਇਸ ਫਿਲਮ ਦੀ ਟੀਮ ਵੱਲੋਂ ਫਿਲਮ ਦੀ ਰਿਲੀਜ਼ ਤੋ ਪਹਿਲਾਂ ਵਾਤਾਵਰਣ ਦੀ ਸ਼ੁੱਧਤਾ ਲਈ 51 ਹਜ਼ਾਰ ਦਰੱਖਤ ਉੱਤਰੀ ਭਾਰਤ ਵਿੱਚ ਲਗਾਉਣ ਦਾ ਸ਼ਲਾਘਾਯੋਗ ਉਪਰਾਲਾ ਕੀਤਾ ਜਾ ਰਿਹਾ ਹੈ।

# ਸ਼ੈਲਰ ਐਸੋਸੀਏਸ਼ਨਾਂ ਨੇ ਸਾਰਿਆਂ ਨੂੰ ਇਕਜੁਟ ਹੋਣ ਦਾ ਦਿੱਤਾ ਸੱਦਾ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਸਮੂਹ ਸ਼ੈਲਰ ਐਸੋਸੀਏਸ਼ਨ ਦੀ ਭਰਵੀਂ ਮੀਟਿੰਗ ਮਿੱਤਲ ਰਿਜ਼ੋਰਟਸ ਕੋਟਕਪੂਰਾ ਰੋਡ ਵਿਖੇ ਹੋਈ ਅਸੋਸੀਏਸ਼ਨਾਂ ਨੇ ਇਕਜੁੱਟਤਾ ਦਿਖਾਉਂਦੇ ਹੋਏ ਆਪਸ ਵਿਚ ਸਾਰੇ ਮਤਭੇਦ ਭੁਲਾ ਕੇ ਇੱਕ ਸਾਂਝਾ ਪਲੇਟਫਾਰਮ ਬਣਾਉਣ ਵਾਸਤੇ ਵਿਚਾਰ-ਵਟਾਂਦਰਾ ਕੀਤਾ, ਜੋ ਸਾਰੇ ਮੈਂਬਰਾਂ ਨੇ ਬਾਹਾਂ ਖੜੀਆਂ ਕਰਕੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ। ਪਿਛਲੇ ਸੀਜ਼ਨ ਵਿੱਚ ਦਰਪੇਸ਼ ਮੁਸ਼ਕਲਾਂ ਬਾਰੇ ਵਿਚਾਰ ਕੀਤਾ ਗਿਆ ਤੇ ਸੈਲਰ ਮਾਲਕਾਂ ਨੇ ਸਮੂਹਿਕ ਤੌਰ 'ਤੇ ਸਰਬਸੰਮਤੀ ਨਾਲ ਅਗਲੇ ਸੀਜ਼ਨ ਦੀ ਅਲਾਟਮੈਂਟ ਵਾਸਤੇ ਫਾਈਲਾਂ ਨਾ ਦੇਣ ਦਾ ਫ਼ੈਸਲਾ ਕੀਤਾ।ਸਮੂਹ ਇੰਡਸਟਰੀ ਮਾਲਕ ਪਿਛਲੇ ਸੀਜ਼ਨ ਤੋਂ ਅਤਿਅੰਤ ਦੁਖੀ ਨਜ਼ਰ ਆਏ।ਉਨ੍ਹਾਂ ਕਿਹਾ ਕਿ ਸਰਕਾਰਾਂ ਦੀਆਂ ਸ਼ੈਲਰ ਇੰਡਸਟਰੀ ਵਾਸਤੇ ਘਟੀਆਂ ਨੀਤੀਆਂ ਕਰਕੇ ਸ਼ੈਲਰ ਮਾਲਕਾਂ ਨੂੰ ਸੀਜ਼ਨ ਵਿਚ ਭਾਰੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਉਨ੍ਹਾਂ ਕਿਹਾ ਕਿ ਐਫ.ਸੀ.ਆਈ ਤੇ ਪੰਜਾਬ ਏਜੰਸੀਆਂ ਦੇ ਅਨਾਪ ਸ਼ਨਾਪ ਥੋਪੇ ਜਾ ਰਹੇ ਨਿਯਮਾਂ ਤੋਂ ਤੰਗ ਪ੍ਰੇਸ਼ਾਨ ਇੰਡਸਟਰੀ ਬੰਦ ਹੋਣ ਦੇ ਕੰਢੇ ਆ ਗਈ ਹੈ।ਹਾਈਬ੍ਰੈਡ ਝੋਨੇ ਆ ਜਾਣ ਕਾਰਨ ਚਾਵਲ 67 ਕਿਲੋ ਨਹੀਂ ਨਿਕਲਦਾ ਟੋਟਾ ਵੀ ਜ਼ਿਆਦਾ ਨਿਕਲਦਾ ਹੈ, ਪ੍ਰੰਤੂ ਕੋਈ ਮਹਿਕਮਾ ਇਸ ਦੀ ਰਿਪੋਰਟ ਪਾਲਿਸੀ ਬਣਾਉਣ ਵੇਲੇ ਨਹੀਂ ਦਿੰਦਾ।ਦੂਜੇ ਜ਼ਿਲ੍ਹਿਆਂ ਵਿੱਚੋ ਵਾਧੂ ਝੋਨਾ ਚੁਕਵਾਉਣ ਦਾ ਕਿਰਾਇਆ ਬੰਦ ਕਰਕੇ ਅਤੇ ਲੋਕਲ ਸੈਂਟਰਾਂ 'ਤੇ ਚਾਵਲ ਲਾਉਣ ਦੀ ਜਗ੍ਹਾ ਨਾ ਹੋਣ ਕਰ ਕੇ ਚਾਵਲ ਦੂਜੇ ਜ਼ਿਲ੍ਹਿਆਂ ਵਿੱਚ ਲਵਾਉਣ ਦਾ ਵੀ ਕਿਰਾਇਆ ਬੰਦ ਦਾ ਤੁਗਲਕੀ ਫ਼ਰਮਾਨ ਸੁਣਾਉਣ ਕਾਰਨ ਸ਼ੈਲਰ ਇੰਡਸਟਰੀ ਵੱਡੇ ਘਾਟੇ ਦਾ ਸ਼ਿਕਾਰ ਹੋਈ ਹੈ।

# ਭਾਗਸਰ ਦੇ ਚਮਕਦੇ ਸਿਤਾਰੇ ਸਨਮਾਨ ਸਮਾਰੋਹ 18 ਨੂੰ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ, ਚਾਵਲਾ)**-ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦਾ ਜੱਦੀ ਪਿੰਡ ਭਾਗਸਰ ਪੰਜਾਬ ਦੇ ਵੱਡੇ ਪਿੰਡਾਂ ਵਿਚ ਸ਼ੁਮਾਰ ਹੈ।ਇਸ ਪਿੰਡ ਨੇ ਵਿੱਦਿਆ, ਰਾਜਨੀਤੀ, ਖੇਡਾਂ, ਸਾਹਿਤ ਤੇ ਪ੍ਰਸ਼ਾਸਨਿਕ ਖੇਤਰਾਂ ਵਿੱਚ ਮੱਲਾਂ ਮਾਰੀਆਂ ਹਨ ਤੇ ਕਈ ਨਾਮਵਰ ਸਾਹਿਤਕਾਰ, ਲਿਖਾਰੀ ਅਤੇ ਉੱਚ ਅਧਿਕਾਰੀ ਦਿੱਤੇ ਹਨ, ਜਿਨ੍ਹਾਂ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਇਲਾਕੇ ਦਾ ਨਾਂਅ ਉੱਚਾ ਚੁੱਕਿਆ ਹੈ।ਅਜਿਹੀਆਂ ਹੀ ਸ਼ਾਨਦਾਰ ਪ੍ਰਾਪਤੀਆਂ ਵਿਚੋਂ ਕੁੱਝ ਚੋਣਵੇਂ ਵਿਅਕਤੀਆਂ ਨੂੰ ਇਲਾਕੇ ਦੀ ਨਾਮਵਰ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਨਮਾਨਤ ਕੀਤਾ ਜਾਵੇਗਾ।ਸੰਸਥਾ ਵੱਲੋਂ ਭਾਗਸਰ ਦੇ 'ਚਮਕਦੇ ਸਿਤਾਰੇ ਸਨਮਾਨ ਸਮਾਰੋਹ' ਆਉਂਦੀ 18 ਅਗਸਤ ਨੂੰ ਨਿੱਜੀ ਹੋਟਲ ਵਿਖੇ ਬਾਅਦ ਦੁਪਹਿਰ 3:00 ਵਜੇ ਆਯੋਜਿਤ ਕੀਤਾ ਜਾਵੇਗਾ।ਇਹ ਫ਼ੈਸਲਾ ਮਿਸ਼ਨ ਦੀ ਸਥਾਨਕ ਪਵਨ ਹੋਟਲ ਵਿਖੇ ਹੋਈ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਕੀਤਾ ਗਿਆ।ਪ੍ਰਧਾਨ ਢੋਸੀਵਾਲ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿਚ ਮਿਸ਼ਨ ਗਾਈਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਪੈਟਰਨ ਪ੍ਰਦੀਪ ਧੂੜੀਆ ਅਤੇ ਕੈਸ਼ੀਅਰ ਡਾ. ਸੰਜੀਵ ਮਿੱਡਾ ਤੋਂ ਇਲਾਵਾ ਸੀਨੀਅਰ ਆਗੂ ਅਮਰ ਨਾਥ ਸੇਰਸੀਆ, ਬਲਜੀਤ ਸਿੰਘ ਅਰੋੜਾ, ਓ.ਪੀ. ਖਿੱਚੀ, ਚੌ. ਬਲਬੀਰ ਸਿੰਘ ਅਤੇ ਨਰਿੰਦਰ ਕਾਕਾ ਆਦਿ ਮੌਜੂਦ ਸਨ।ਢੋਸੀਵਾਲ ਨੇ ਦੱਸਿਆ ਹੈ ਕਿ ਉਕਤ ਸਨਮਾਨ ਸਮਾਰੋਹ ਵਿਚ ਕਈ ਨਾਵਲ, ਗੀਤਾਂ ਦੀਆਂ ਪੁਸਤਕਾਂ, ਲੋਕ ਬੋਲੀਆਂ ਅਤੇ ਸ਼ੇਅਰੋ ਸ਼ਾਇਰੀ ਦੇ ਨਾਮਵਰ ਲੇਖਕ, ਪਿੰਡ ਦੇ ਇਤਿਹਾਸ ਬਾਰੇ ਪੁਸਤਕ ਲਿਖਣ ਵਾਲੇ ਖੋਜੀ ਲੇਖਕ, ਦੁਨੀਆ ਵਿਚ ਅੰਗਰੇਜ਼ੀ ਭਾਸ਼ਾ ਦੀ ਸਭ ਤੋਂ ਛੋਟੀ ਉਮਰ ਦੀ ਲੇਖਿਕਾ ਹੋਣ ਦਾ ਮਾਣ ਪ੍ਰਾਪਤ ਕਰਨ ਵਾਲੀ ਲੜਕੀ, ਸਮਾਜ ਸੇਵਾ ਦੇ ਖੇਤਰ ਵਿਚ ਝੰਡੇ ਗੱਡਣ ਵਾਲੇ ਸਮਾਜ ਸੇਵਕ ਸਮੇਤ ਦੋ ਹੋਰ ਪ੍ਰਮੁੱਖ ਸਖਸ਼ੀਅਤਾਂ ਨੂੰ ਸਨਮਾਨਤ ਕੀਤਾ ਜਾਵੇਗਾ ਅਤੇ ਸ਼ਾਨਦਾਰ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤੇ ਜਾਣਗੇ।ਮਿਸ਼ਨ ਮੁਖੀ ਪ੍ਰਧਾਨ ਢੋਸੀਵਾਲ ਦੀ ਪ੍ਰਧਾਨਗੀ ਹੇਠ ਆਯੋਜਤ ਕੀਤੇ ਜਾਣ ਵਾਲੇ ਇਸ ਸਨਮਾਨ ਸਮਾਰੋਹ ਦੌਰਾਨ ਮਿਸ਼ਨ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਭਾਗ ਲੈਣਗੇ।ਮਿਸ਼ਨ ਮੁਖੀ ਨੇ ਕਿਹਾ ਹੈ ਕਿ ਉਨ੍ਹਾਂ ਦੀ ਸੰਸਥਾ ਦੇ ਸਮੂਹ ਮੈਂਬਰਾਂ ਵੱਲੋਂ ਉਨ੍ਹਾਂ ਦੇ ਜੱਦੀ ਪਿੰਡ ਭਾਗਸਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤੇ ਜਾਣ ਦਾ ਫ਼ੈਸਲਾ ਉਨ੍ਹਾਂ ਲਈ ਬਹੁਤ ਖੁਸ਼ੀ ਦੀ ਗੱਲ ਹੈ, ਜਿਸ ਲਈ ਮਿਸ਼ਨ ਦੇ ਸਾਰੇ ਮੈਂਬਰ ਵਧਾਈ ਦੇ ਪਾਤਰ ਹਨ।

# ਸਮਾਜ ਸੇਵੀ ਸ਼ਕਤੀ ਆਨੰਦ ਨੇ ਕਰਾਈ ਲੰਗਰ ਦੀ ਸ਼ੁਰੂਆਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**

ਸਾਵਣ ਦੇ ਨਰਾਤਿਆਂ ਮੌਕੇ ਮਾਤਾ ਨੈਣਾਂ ਦੇਵੀ (ਹਿਮਾਚਲ ਪ੍ਰਦੇਸ਼) ਦੇ ਦਰਸ਼ਨਾਂ ਨੂੰ ਜਾਂਦੇ ਸ਼ਰਧਾਲੂਆਂ ਲਈ ਸਰਹੰਦ ਨਹਿਰ ਕਿਨਾਰੇ ਗੜ੍ਹੀ ਪੁਲ 'ਤੇ ਜੋ ਲੰਗਰ ਲਾਇਆ ਹੈ, ਉਸ ਦੀ ਸ਼ੁਰੂਆਤ ਸਮਾਜ ਸੇਵੀ ਸ਼ਕਤੀ ਆਨੰਦ ਨੇ ਕਰਵਾਈ। ਸ੍ਰੀ ਨੈਣਾਂ ਦੇਵੀ ਲੰਗਰ ਕਮੇਟੀ ਦੇ ਪ੍ਰਬੰਧਕਾਂ ਵੱਲੋਂ ਲੰਗਰ ਸ਼ੁਰੂ ਕਰਨ ਤੋਂ ਪਹਿਲਾਂ ਮਾਤਾ ਨੈਣਾ ਦੇਵੀ ਦੀ ਪੂਜਾ ਅਰਚਨਾ ਕੀਤੀ ਗਈ ਤੇ ਫਿਰ ਭੋਗ ਲਗਾ ਕੇ ਸੰਗਤ ਵਿਚ ਅਤੁੱਟ ਲੰਗਰ ਵਰਤਾਇਆ।

ਸਮਾਜ ਸੇਵੀ ਸ਼ਕਤੀ ਆਨੰਦ ਨੇ ਲੰਗਰ ਦੀ ਸ਼ੁਰੂਆਤ ਉਪਰੰਤ ਕੰਜਕ ਪੂਜਨ ਕੀਤਾ ਤੇ ਪ੍ਰਬੰਧਕ ਕਮੇਟੀ ਵੱਲੋਂ ਲਾਏ ਜਾ ਰਹੇ ਸਲਾਨਾ ਲੰਗਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਇੱਕ ਬਹੁਤ ਵੱਡਾ ਉਪਰਾਲਾ ਹੈ। ਇਹ ਲੰਗਰ 15 ਅਗਸਤ ਤੱਕ ਨਿਰੰਤਰ 24 ਘੰਟੇ ਚੱਲੇਗਾ। ਇਸ ਮੌਕੇ ਪ੍ਰਬੰਧਕ ਕਮੇਟੀ ਵਲੋਂ ਸਮਾਜ ਸੇਵੀ ਸ਼ਕਤੀ ਆਨੰਦ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।

# ਕਿਸਾਨ ਅੰਦੋਲਨ ਦੇ ਸ਼ਹੀਦਾਂ ਦੇ ਵਾਰਿਸਾਂ ਨੂੰ ਨਿਯੁਕਤੀ ਪੱਤਰ ਵੰਡੇ



**ਅਜੀਤਵਾਲ (ਨਛੱਤਰ ਸੰਧੂ)**

ਕੇਂਦਰ ਸਰਕਾਰ ਵੱਲੋਂ ਲਿਆਂਦੇ ਕਾਲੇ ਖੇਤੀ ਕਾਨੂੰਨਾਂ ਨੂੰ ਲੈ ਕੇ ਦੇਸ਼ ਭਰ ਵਿਚ ਚੱਲੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਕਿਸਾਨਾਂ ਦੇ 20 ਵਾਰਸਾਂ ਨੂੰ ਖੇਤੀਬਾੜੀ ਵਿਭਾਗ ਵਿਚ ਤਰਸ ਦੇ ਅਧਾਰ ਉੱਤੇ ਗਰੁੱਪ 'ਡੀ' ਲਈ ਨਿਯੁਕਤੀ ਪੱਤਰ ਵੰਡੇ ਗਏ।

ਇਸ ਮੌਕੇ ਸ਼ਹਿਰੀ ਹਲਕੇ ਤੋਂ ਹਾਕਮ ਧਿਰ ਵਿਧਾਇਕ ਡਾ.ਅਮਨਦੀਪ ਕੌਰ ਅਰੋੜਾ ਤੇ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਿਆਂਦੇ ਕਾਲੇ ਖੇਤੀ ਕਾਨੂੰਨਾਂ ਨੂੰ ਲੈ ਕੇ ਦੇਸ਼ ਭਰ 'ਚ ਚੱਲੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਕਿਸਾਨਾਂ ਦੇ 542 ਵਾਰਸਾਂ ਨੂੰ ਤਰਸ ਦੇ ਅਧਾਰ 'ਤੇ 'ਗਰੁੱਪ ਡੀ ਤੇ 'ਸੀ' ਵਿਚ ਨਿਯੁਕਤੀ ਪੱਤਰ ਦਿੱਤੇ ਗਏ ਹਨ।ਇਸ ਤਹਿਤ ਇਥੇ 20 ਕਿਸਾਨਾਂ ਦੇ ਵਾਰਸਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਸੰਘਰਸ਼ ਦੌਰਾਨ ਕਿਸਾਨਾਂ ਨੂੰ ਦਰਪੇਸ਼ ਔਕੜਾਂ ਤੇ ਮੁਸੀਬਤਾਂ ਸਾਨੂੰ ਸਾਰਿਆਂ ਨੂੰ ਕਿਸੇ ਵੀ ਤਰ੍ਹਾਂ ਦੇ ਦਮਨ, ਜ਼ੁਲਮ ਤੇ ਬੇਇਨਸਾਫੀ ਦੇ ਖਿਲਾਫ ਇਕਜੁਟ ਹੋ ਕੇ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਮਜਦੂਰਾਂ ਦੇ ਹੱਕਾਂ ਦੀ ਰਾਖੀ ਲਈ ਹਰ ਪੱਖੋਂ ਵਚਨਬੱਧ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਦੀ ਖੇਤੀ ਨੂੰ ਹੋਰ ਲਾਹੇਵੰਦ ਬਣਾਉਣ ਤੇ ਕਿਸਾਨਾਂ ਨੂੰ ਆਰਥਿਕ ਪੱਖ ਤੋਂ ਮਜ਼ਬੂਤ ਕਰਨ ਲਈ ਮਾਨ ਸਰਕਾਰ ਪੂਰੀ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਸਰਕਾਰ ਨੇ ਕਿਸਾਨਾਂ ਦੇ ਹਰ ਦੁੱਖ ਨੂੰ ਆਪਣਾ ਦਰਦ ਸਮਝਿਆ ਹੈ।

ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਤੇ ਮੁੱਖ ਖੇਤੀਬਾੜੀ ਅਫ਼ਸਰ ਸਟੇਟ ਐਵਾਰਡੀ ਡਾ. ਜਸਵਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ 32 ਕਿਸਾਨਾਂ ਨੂੰ ਇਹ ਨੌਕਰੀ ਦੇਣ ਲਈ ਸਰਕਾਰ ਨੇ ਹੁਕਮ ਦਿੱਤੇ ਹਨ।ਉਨ੍ਹਾਂ ਕਿਹਾ ਕਿ ਬਾਕੀ ਰਹਿੰਦੇ 12 ਵਾਰਸਾਂ ਨੂੰ ਵੀ ਸ਼ਰਤਾਂ ਵਿੱਚ ਤਰੁਟੀਆਂ ਦੂਰ ਕਰਕੇ ਜਲਦੀ ਨਿਯੁਕਤੀ ਪੱਤਰ ਦੇ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਜਾਨਾਂ ਗਵਾਉਣ ਵਾਲੇ ਕਿਸਾਨਾਂ ਦੀ ਦੇਣ ਦਾ ਮੁੱਲ ਤਾਂ ਨਹੀਂ ਮੋੜਿਆ ਜਾ ਸਕਦਾ, ਪਰ ਉਨ੍ਹਾਂ ਦੇ ਪਿੱਛੇ ਰਹਿੰਦੇ ਪਰਵਾਰਾਂ ਨੂੰ ਸੰਭਾਲਣ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਨੇ ਨਿਭਾਈ ਹੈ।ਉਨ੍ਹਾਂ ਦੱਸਿਆ ਕਿ ਬਲਾਕ ਕੋਟ ਈਸੇ ਖਾਂ ਦੇ 14, ਬਲਾਕ ਬਾਘਾਪੁਰਾਣਾ ਦੇ 12, ਬਲਾਕ ਨਿਹਾਲ ਸਿੰਘ ਵਾਲਾ ਤੇ ਮੋਗਾ ਦੇ 6 ਸ਼ਹੀਦ ਕਿਸਾਨਾਂ ਦੇ ਵਾਰਸਾਂ ਨੂੰ ਤਰਸ ਦੇ ਅਧਾਰ ਉੱਤੇ ਨੌਕਰੀ ਦਿੱਤੀ ਗਈ ਹੈ।

# ਸਾਂਝਾ ਫਰੰਟ ਵੱਲੋਂ 18 ਨੂੰ ਚੱਬੇਵਾਲ ਤੇ ਬਰਨਾਲਾ ਵਿਖੇ ਰੈਲੀਆਂ ਤੇ ਮੁਜ਼ਾਹਰੇ

**ਜਲੰਧਰ ( ਰਾਜੇਸ਼ ਥਾਪਾ)** ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਪ੍ਰਤੀਨਿਧ ਕਰਦਾ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਫਰੰਟ ਦੇ ਕਨਵੀਨਰ ਸਾਥੀ ਸਤੀਸ਼ ਰਾਣਾ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਲੁਧਿਆਣਾ ਵਿਖੇ ਹੋਈ।ਮੀਟਿੰਗ ਦੇ ਫੈਸਲੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਸਮੂਹ ਕਨਵੀਨਰਜ਼, ਕੋ-ਕਨਵੀਨਰਜ਼ ਅਤੇ ਮੈਂਬਰਜ਼ ਸਰਵ ਸਾਥੀ ਭਜਨ ਸਿੰਘ ਗਿੱਲ, ਸਤੀਸ਼ ਰਾਣਾ, ਰਣਜੀਤ ਸਿੰਘ ਰਾਣਵਾ, ਗਗਨਦੀਪ ਸਿੰਘ ਭੁਲਰ, ਸੁਵਿੰਦਰ ਪਾਲ ਸਿੰਘ ਮੋਲੋਵਾਲੀ, ਸੁਖਦੇਵ ਸਿੰਘ ਸੈਣੀ, ਬਾਜ ਸਿੰਘ ਖਹਿਰਾ, ਕਰਮ ਸਿੰਘ ਧਨੋਆ, ਐਨ ਕੇ ਕਲਸੀ, ਹਰਦੀਪ ਟੋਡਰਪੁਰ, ਜਗਦੀਸ਼ ਸਿੰਘ ਚਾਹਲ, ਰਾਧੇ ਸ਼ਾਮ, ਜਸਵੀਰ ਸਿੰਘ, ਤਲਵਾੜਾ, ਬੋਬਿੰਦਰ ਸਿੰਘ ਅਤੇ ਨਿਰਵੈਰ ਸਿੰਘ ਨੇ ਦੱਸਿਆ ਕਿ ਪੰਜਾਬ ਅੰਦਰ ਹੋ ਰਹੀਆਂ ਚਾਰ ਵਿਧਾਨ ਸਭਾ ਦੀਆਂ ਚੋਣਾਂ 'ਚ ਇਹ ਸਰਕਾਰ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਸਰਕਾਰ ਦੇ ਖਿਲਾਫ 18 ਅਗਸਤ ਨੂੰ ਚੱਬੇਵਾਲ ਵਿਖੇ ਅਤੇ ਬਰਨਾਲਾ ਵਿਖੇ ਰੈਲੀਆਂ ਕਰਕੇ ਮਾਰਚ ਕੀਤਾ ਜਾਵੇਗਾ ਅਤੇ ਜੇਕਰ ਸਰਕਾਰ 22 ਅਗਸਤ ਦੀ ਮੀਟਿੰਗ ਤੋਂ ਭੱਜਦੀ ਹੈ ਤਾਂ 22 ਅਤੇ 23 ਅਗਸਤ ਨੂੰ ਸਮੁੱਚੇ ਪੰਜਾਬ ਅੰਦਰ ਇਹ ਸਰਕਾਰ ਦੀਆਂ ਅਰਥੀਆਂ ਤੇ ਝੂਠ ਦੀਆਂ ਪੰਡਾਂ ਫੂਕੀਆਂ ਜਾਣਗੀਆਂ।ਇਸ ਉਪਰੰਤ 8 ਸਤੰਬਰ ਨੂੰ ਗਿੱਦੜਵਾਹਾ ਅਤੇ ਡੇਰਾ ਬਾਬਾ ਨਾਨਕ ਵਿਖੇ ਰੈਲੀਆਂ ਅਤੇ ਮਾਰਚ ਕੀਤੇ ਜਾਣਗੇ।ਅੱਜ ਦੀ ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਸਾਂਝਾ ਫਰੰਟ ਵੱਲੋਂ ਪੰਜਾਬ ਦੇ ਗਵਰਨਰ ਨੂੰ ਇਕ ਵਫਦ ਰਾਹੀਂ ਮੰਗ ਪੱਤਰ ਦਿੱਤਾ ਜਾਵੇਗਾ ਤੇ ਉਸ ਵਿੱਚ ਮੰਗ ਕੀਤੀ ਜਾਵੇਗੀ ਕਿ ਪੰਜਾਬ ਦੇ ਮੁਲਾਜ਼ਮਾਂ ਦੀ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਕਰਾਇਆ ਜਾਵੇ। ਇਸ ਮੌਕੇ ਜਗਜੀਤ ਸਿੰਘ ਦੂਆ, ਚਰਨ ਸਿੰਘ ਸਰਾਭਾ, ਬਿਕਰਮਜੀਤ ਸਿੰਘ ਕੱਦੋਂ, ਸੁਖਜੰਟ ਸਿੰਘ, ਤੀਰਥ ਸਿੰਘ ਬਾਸੀ, ਦਲੀਪ ਸਿੰਘ, ਨਿਰਭੈ ਸਿੰਘ, ਪ੍ਰਵੀਨ ਕੁਮਾਰ, ਸੁਖਵਿੰਦਰ ਸਿੰਘ ਲੀਲ, ਕੁਲਦੀਪ ਸ਼ਰਮਾ, ਮਨਪ੍ਰੀਤ ਸਿੰਘ ਸਾਹਨੇਵਾਲ, ਚਮਕੌਰ ਸਿੰਘ, ਪ੍ਰੇਮ ਚਾਵਲਾ, ਜਗਦੀਸ਼ ਸਿੰਘ ਸਰਾਓ ਆਦਿ ਆਗੂ ਹਾਜ਼ਰ ਸਨ।



# ਖਾਲਸਾ ਕਾਲਜ 'ਚ ਏਕ ਪੇੜ ਮਾਂ ਕੇ ਨਾਮ ਮੁਹਿੰਮ ਦਾ ਆਗਾਜ਼




**ਸੁਲਤਾਨਪੁਰ ਲੋਧੀ, (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਐੱਨ ਐੱਸ ਐੱਸ ਵਿਭਾਗ ਵੱਲੋਂ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਹੇਠ ਵਾਤਾਵਰਨ ਦੀ ਸ਼ੁੱਧਤਾ ਅਤੇ ਸਾਂਭ ਸੰਭਾਲ ਲਈ 'ਏਕ ਪੇੜ ਮਾਂ ਕੇ ਨਾਮ' ਅਭਿਆਨ ਤਹਿਤ ਰੁੱਖ ਲਗਾਉਣ ਦੀ ਮੁਹਿੰਮ ਦਾ ਆਗਾਜ਼ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਜਸਬੀਰ ਕੌਰ ਅਤੇ ਵਲੰਟੀਅਰਜ਼ ਵੱਲੋਂ ਕਾਲਜ ਦੇ ਕੈਂਪਸ ਵਿੱਚ ਪੌਦੇ ਲਗਾਏ ਗਏ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਪ੍ਰਿੰ: ਜਸਬੀਰ ਕੌਰ ਨੇ ਕਿਹਾ ਕਿ ਰੁੱਖਾਂ ਤੇ ਮਾਵਾਂ ਦੀ ਜ਼ਿੰਦਗੀ 'ਚ ਖਾਸ ਅਹਿਮੀਅਤ ਹੈ।ਮਾਂ ਜਿੱਥੇ ਸਾਨੂੰ ਜਨਮ ਦਿੰਦੀ ਹੈ, ਉੱਥੇ ਰੁੱਖ ਸਾਨੂੰ ਜੀਵਨ ਬਖ਼ਸ਼ਦੇ ਹਨ।ਸੋ ਸਾਨੂੰ ਸਭ ਨੂੰ ਆਪਣੀ ਮਾਂ ਦੇ ਨਾਂ ਤੇ ਘੱਟੋ ਘੱਟ ਇੱਕ ਰੁੱਖ ਲਗਾਉਣਾ ਚਾਹੀਦਾ ਹੈ।ਇਸ ਮੌਕੇ ਐੱਨ ਐਸ ਐਸ ਵਿਭਾਗ ਦੇ ਪ੍ਰੋਗਰਾਮ ਅਫਸਰ ਪ੍ਰੋ: ਰਿਸ਼ੂ ਬਾਲਾ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਹਨਾਂ ਦੀ ਪਰਵਰਿਸ਼ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਮਨੀ ਛਾਬੜਾ, ਪ੍ਰੋ. ਗੁਰਪ੍ਰੀਤ ਕੌਰ ਅਤੇ ਪ੍ਰੋ. ਸਰਬਜੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

# ਜਲੰਧਰ ਦਿਹਾਤੀ ਪੁਲਸ ਵੱਲੋਂ ਹਫ਼ਤੇ 'ਚ ਚੌਥਾ ਭਗੌੜਾ ਕਾਬੂ

**ਲੋਹੀਆਂ ਖਾਸ/ਸ਼ਾਹਕੋਟ, (ਗਿਆਨ ਸੈਦਪੁਰੀ, ਰੀਨਾ ਸ਼ਰਮਾ, ਯੋਗੇਸ਼ਵਰ) :** ਜਲੰਧਰ ਦਿਹਾਤੀ ਪੁਲਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਹਥਿਆਰਾਂ ਦੇ ਸੌਦੇ 'ਚ ਸ਼ਾਮਲ ਇੱਕ ਗਰੋਹ ਦੇ ਇੱਕ ਮੈਂਬਰ ਨੂੰ ਗ੍ਰਿਫਤਾਰ ਕੀਤਾ ਹੈ।ਇਹ ਗ੍ਰਿਫ਼ਤਾਰੀ ਇੱਕ ਹਫ਼ਤੇ 'ਚ ਭਗੌੜੇ ਅਪਰਾਧੀ ਦੀ ਚੌਥੀ ਗ੍ਰਿਫ਼ਤਾਰੀ ਹੈ।ਮੁਲਜ਼ਮ ਦੀ ਪਛਾਣ ਹੈਪੀ ਵਾਸੀ ਡਾਬਰੀ ਕਲੋਨੀ ਮਲਸੀਆਂ, ਜਲੰਧਰ ਵਜੋਂ ਹੋਈ ਹੈ।ਜਾਣਕਾਰੀ ਦਿੰਦੇ ਹੋਏ ਸੀਨੀਅਰ ਪੁਲਸ ਕਪਤਾਨ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਭਗੌੜਾ ਅਪਰਾਧੀਆਂ, ਖਾਸ ਤੌਰ 'ਤੇ ਨਸ਼ੀਲੇ ਪਦਾਰਥਾਂ ਅਤੇ ਗੰਭੀਰ ਅਪਰਾਧਾਂ ਨਾਲ ਜੁੜੇ ਲੋਕਾਂ ਦੇ ਖਿਲਾਫ ਜਲੰਧਰ ਦਿਹਾਤੀ ਅਧਿਕਾਰ ਖੇਤਰ ਵਿੱਚ ਵਿਆਪਕ ਮੁਹਿੰਮ ਚਲਾਈ ਗਈ ਹੈ।ਇਸ ਕਾਰਵਾਈ ਦੀ ਅਗਵਾਈ ਕਰਨ ਲਈ ਐਸ ਐਚ ਓਜ਼ ਦੀ ਅਗਵਾਈ ਅਤੇ ਗਜ਼ਟਿਡ ਰੈਂਕ ਦੇ ਅਧਿਕਾਰੀਆਂ ਦੁਆਰਾ ਨਿਗਰਾਨੀ ਹੇਠ ਕਈ ਟੀਮਾਂ ਦਾ ਗਠਨ ਕੀਤਾ ਗਿਆ ਹੈ।ਇਸ ਗ੍ਰਿਫਤਾਰੀ ਨੂੰ ਐਸ ਐਚ ਓ ਸ਼ਾਹਕੋਟ ਅਮਨ ਸੈਣੀ ਦੀ ਅਗਵਾਈ ਅਤੇ ਡੀ ਐਸ ਪੀ ਕੰਵਰ ਬਿਜੇ ਪਾਲ ਦੀ ਦੇਖ-ਰੇਖ ਵਿੱਚ ਟੀਮ ਨੇ ਅੰਜਾਮ ਦਿੱਤਾ।ਟੀਮ ਨੇ ਸ਼ੱਕੀ ਨੂੰ ਫੜਨ ਲਈ, ਲੀਡਾਂ ਅਤੇ ਡਿਜੀਟਲ ਟਰੇਲਾਂ ਦੀ ਪਾਲਣਾ ਕਰਦੇ ਹੋਏ, ਬਾਰੀਕੀ ਨਾਲ ਜਾਂਚ ਤਕਨੀਕਾਂ ਦਾ ਇਸਤੇਮਾਲ ਕੀਤਾ।

ਥਾਣਾ ਸ਼ਾਹਕੋਟ ਵਿਖੇ ਆਈ ਪੀ ਸੀ ਇਸ ਗ੍ਰਿਫਤਾਰੀ ਤੋਂ ਪਹਿਲਾਂ, ਇਸੇ ਮਾਮਲੇ ਵਿੱਚ ਚਾਰ ਹੋਰ ਸਾਥੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ, ਜਿਸ ਦੇ ਨਤੀਜੇ ਵਜੋਂ 260 ਗ੍ਰਾਮ ਹੈਰੋਇਨ, ਇੱਕ 7.65 ਐਮ ਐਮ ਦੀ ਪਿਸਤੌਲ, ਚਾਰ ਜਿੰਦਾ ਕਾਰਤੂਸ ਅਤੇ 21,000 ਨਗਦ ਰੁਪਏ ਬਰਾਮਦ ਕੀਤੇ ਗਏ ਸਨ।



# ਵੁਡਬਰੀ ਸਕੂਲ ਵਿਖੇ ਮਨਾਇਆ ਤੀਆਂ ਦਾ ਤਿਉਹਾਰ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਵੁਡਬਰੀ ਇੰਟਰਨੈਸ਼ਨਲ ਸਕੂਲ ਵਿਖੇ ਚੇਅਰਪਰਸਨ ਮਿਸਜ਼ ਪਰਮਜੀਤ ਕੌਰ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ, ਜਿਸ ਵਿਚ ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਦੀ ਪੇਸ਼ਕਾਰੀ ਕਰਦਿਆਂ ਵੱਖ ਵੱਖ ਬੋਲੀਆਂ ਤੇ ਗਿੱਧਾ ਪੇਸ਼ ਕੀਤਾ।ਇਸ ਮੌਕੇ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਲਈ ਹੋਰ ਵੀ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਡਾਇਰੈਕਟਰ ਮਿਸ ਮਨਜਿੰਦਰ ਕੌਰ ਨੇ ਕਿਹਾ ਕਿ ਸਾਨੂੰ ਪੰਜਾਬੀ ਹੋਣ 'ਤੇ ਮਾਣ ਹੈ ਅਤੇ ਤੀਜ ਦਾ ਤਿਉਹਾਰ ਸਾਡੇ ਸੱਭਿਆਚਾਰ ਦਾ ਅਹਿਮ ਹਿੱਸਾ ਹੈ ਤੇ ਸਾਨੂੰ ਅਜਿਹੇ ਤਿਉਹਾਰ ਮਨਾਉਣੇ ਚਾਹੀਦੇ ਹਨ।ਜਿਸ ਨਾਲ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਆਪਣੇ ਸੱਭਿਆਚਾਰ ਤੋਂ ਜਾਣੂ ਹੋ ਸਕਣ।ਇਸ ਮੌਕੇ ਵਿਦਿਆਰਥੀਆਂ ਵੱਲੋਂ ਮਾਡਲਿੰਗ ਤੇ ਗੀਤ ਗਾਏ ਗਏ।ਇਸ ਮੌਕੇ ਵਿਦਿਆਰਥੀ ਤੇ ਅਧਿਆਪਕ ਪੰਜਾਬੀ ਪਹਿਰਾਵਾ ਪਹਿਨ ਕੇ ਸਕੂਲ ਪਹੁੰਚੇ।ਮਾਡਲਿੰਗ ਕਰਨ ਵਾਲੇ ਬੱਚਿਆਂ ਨੂੰ ਵੱਖ ਵੱਖ ਖਿਤਾਬਾਂ ਨਾਲ ਸਜਾਇਆ ਗਿਆ। ਜਿਸ ਵਿਚ ਅਵਨੂਰ ਨੂੰ ਮਿਸ ਤੀਜ ਦਾ ਖਿਤਾਬ ਮਿਲਿਆ ਤੇ ਆਖਰ ਵਿੱਚ ਚੇਅਰਪਰਸਨ ਮਿਸਜ਼ ਪਰਮਜੀਤ ਕੌਰ ਨੇ ਬੱਚਿਆਂ ਤੇ ਸਾਰੇ ਸਟਾਫ ਨੂੰ ਤੀਜ ਦੀ ਵਧਾਈ ਦਿੱਤੀ।

# ਤੀਆਂ ਦੇ ਤਿਉਹਾਰ 'ਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਦਿਹਾਣਾ ਵਿਖੇ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਤੀਆ ਦੇ ਤਿਉਹਾਰ ਮੌਕੇ ਬੀਬੀਆਂ ਭੈਣਾਂ ਅਤੇ ਨਵਵਿਆਹੀਆ ਲੜਕੀਆਂ ਵੱਲੋਂ ਤੀਆਂ ਦਾ ਤਿਉਹਾਰ ਮੌਕੇ ਸਭਿਆਚਾਰਕ ਰੰਗਾਰੰਗ ਪ੍ਰੋਗਰਾਮ ਧੂਮ ਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਤੀਆਂ ਦੇ ਤਿਉਹਾਰ ਮੌਕੇ ਨਵਵਿਆਹੀਆ ਲੜਕੀਆਂ, ਬੀਬੀਆਂ ਭੈਣਾਂ ਵੱਲੋਂ ਸਾਉਣ ਮਹੀਨੇ ਨਾਲ ਸਬੰਧਿਤ ਤੀਆਂ ਦੇ ਤਿਉਹਾਰ ਮੌਕੇ ਸਭਿਆਚਾਰ ਰੰਗਾਰੰਗ ਪ੍ਰੋਗਰਾਮ ਗਿੱਧਾ, ਭੰਗੜਾ ਪੇਸ਼ ਕੀਤਾ ਗਿਆ।ਇਸ ਮੌਕੇ ਪ੍ਰਬੰਧਕ ਨੇ ਦੱਸਿਆ ਕਿ ਤੀਆਂ ਦੇ ਤਿਉਹਾਰ ਮੌਕੇ ਮੁੱਖ ਮਹਿਮਾਨ ਡਾਕਟਰ ਜਤਿੰਦਰ ਕੁਮਾਰ ਹੁਸ਼ਿਆਰਪੁਰ ਦੀ ਧਰਮ ਪਤਨੀ ਸ਼੍ਰੀਮਤੀ ਸੋਨੀਆ ਹੁਸ਼ਿਆਰਪੁਰ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਸਮਾਗਮ 'ਚ ਸ਼ਿਰਕਤ ਕੀਤੀ। ਇਸ ਮੌਕੇ ਪ੍ਰਬੰਧਕ ਬੀਬੀਆਂ ਵੱਲੋਂ ਮੁੱਖ ਮਹਿਮਾਨ ਸ਼੍ਰੀਮਤੀ ਸੋਨੀਆ ਹੁਸ਼ਿਆਰਪੁਰ ਅਤੇ ਨਾਲ ਆਈਆਂ ਬੀਬੀਆਂ ਨੂੰ ਫੁਲਕਾਰੀ ਦੇ ਕੇ ਸਨਮਾਨਿਤ ਕੀਤਾ ਗਿਆ।ਮੈਡਮ ਰਣਜੀਤ ਕੌਰ, ਗੀਤਕਾ, ਮੈਡਮ ਰੈਕੀ, ਮੈਡਮ ਰਾਜ ਰਾਣੀ ਆਂਗਣਵਾੜੀ ਵਰਕਰ, ਮਨਜੀਤ ਕੌਰ, ਕੁਲਵਿੰਦਰ ਕੌਰ, ਨੀਤੂ, ਗੁਰਬਖਸ਼ ਕੌਰ, ਮੋਨਿਕਾ, ਬਖਸ਼ੋ, ਕਸ਼ਮੀਰ ਕੌਰ, ਬਲਵਿੰਦਰ ਕੌਰ, ਸੁਰਇੰਦਰ ਕੌਰ, ਕੁਲਵਿੰਦਰ ਕੌਰ, ਸਰਬਜੀਤ ਕੌਰ ਨਰੇਸ਼ ਰਾਣੀ, ਸੁਮਨ, ਬਲਵੀਰ ਕੌਰ, ਸਰੋਜ਼ ਰਾਣੀ ਆਸ਼ਾ ਵਰਕਰ, ਸੁਖਮਨ ਤੋਂ ਇਲਾਵਾ ਵੱਡੀ ਗਿਣਤੀ ਵਿਚ ਬੀਬੀਆਂ ਹਾਜ਼ਰ ਸਨ।

# ਸਿੱਖਿਆ ਬੋਰਡ ਦਾ ਚੇਅਰਮੈਨ ਪੰਜਾਬ ਤੋਂ ਹੀ ਸਕੂਲ ਕਾਡਰ ਦਾ ਸਿੱਖਿਆ ਮਾਹਰ ਨਿਯੁਕਤ ਕੀਤਾ ਜਾਵੇ : ਰਾਸਾ ਯੂ ਕੇ

**ਮੋਹਾਲੀ (ਗੁਰਜੀਤ ਬਿੱਲਾ)** ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਮਾਨਤਾ ਪ੍ਰਾਪਤ ਸਕੂਲਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਸਕੂਲ ਸੰਘ ਪੰਜਾਬ, ਈ ਸੀ ਐਸ, ਰਾਸਾ ਯੂ.ਕੇ. ਨੇ ਮੁੱਖ ਮੰਤਰੀ ਨੂੰ ਪੱਤਰ ਲਿਖਕੇ ਮੰਗ ਕੀਤੀ ਗਈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਚੇਅਰਮੈਨ ਪੰਜਾਬ ਦੇ ਸਕੂਲ ਕਾਡਰ ਦਾ ਸਿੱਖਿਆ ਸ਼ਾਸਤਰੀ ਹੀ ਲਗਾਇਆ ਜਾਵੇ।ਰਾਸਾ ਯੂਕੇ ਦੇ ਚੇਅਰਮੈਨ ਹਰਪਾਲ ਸਿੰਘ ਯੂ.ਕੇ ਨੇ ਕਿਹਾ ਕਿ ਪਿਛਲੀ ਚੇਅਰਪਰਸਨ ਦਾ ਆਪਣੇ ਪੂਰੇ ਕੈਰੀਅਰ ਦੌਰਾਨ ਪੰਜਾਬ ਨਾਲ ਕੋਈ ਸੰਬੰਧ ਨਹੀਂ ਰਿਹਾ।ਬੋਰਡ ਦੇ ਚੇਅਰਪਰਸਨ ਵਜੋਂ ਸਿੱਧੇ ਪੰਜਾਬ ਵਿੱਚ ਦਾਖ਼ਲ ਹੋਏ।ਜਿਸ ਕਾਰਨ ਉਸ ਨੇ ਆਪਣੇ ਕਾਰਜਕਾਲ ਦੌਰਾਨ ਨਾ ਸਿਰਫ਼ ਸਕੂਲੀ ਸੰਸਥਾਵਾਂ ਤੋਂ ਦੂਰੀ ਬਣਾਈ ਰੱਖੀ ਸਗੋਂ ਪੰਜਾਬ ਦੀ ਜ਼ਮੀਨੀ ਹਕੀਕਤ ਨਾਲ ਵੀ ਜੁੜਨ ਤੋਂ ਅਸਮਰੱਥ ਰਹੀ, ਜਿਸ ਕਾਰਨ ਸਿੱਖਿਆ ਖੇਤਰ ਨਾਲ ਸਬੰਧਤ ਉਨ੍ਹਾਂ ਦੇ ਬਹੁਤੇ ਫ਼ੈਸਲੇ ਸਕੂਲਾਂ ਵਿਚ ਅਸੰਤੁਸ਼ਟੀ ਦਾ ਕਾਰਨ ਬਣੇ। ਈ ਸੀ ਐਸ ਦੇ ਸੀਨੀਅਰ ਮੀਤ ਪ੍ਰਧਾਨ ਮਦਨ ਲਾਲ ਸੇਠੀ ਨੇ ਕਿਹਾ ਕਿ ਪਿਛਲੀ ਚੇਅਰਪਰਸਨ ਦੇ ਛੋਟੇ ਕਾਰਜਕਾਲ ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਨੇ ਕਈ ਅਵਿਵਹਾਰਕ ਫੈਸਲੇ ਲਏ ਜਿਸ ਕਾਰਨ ਭਵਿੱਖ ਵਿੱਚ ਸ਼ਾਇਦ ਹੀ ਕੋਈ ਨਵਾਂ ਸਕੂਲ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਮਾਨਤਾ ਲੈ ਸਕੇ। ਸਕੂਲ ਸੰਘ ਪੰਜਾਬ ਦੇ ਜਨਰਲ ਸਕੱਤਰ ਭੁਵਨੇਸ਼ ਭੱਟ ਨੇ ਅਤੇ ਰਾਸਾ ਯੂ.ਕੇ. ਮੁੱਖ ਮੰਤਰੀ ਪੰਜਾਬ ਅਤੇ ਸਕੂਲ ਸਿੱਖਿਆ ਮੰਤਰੀ ਤੋਂ ਮੰਗ ਕੀਤੀ ਕਿ ਅਣ-ਏਡਿਡ ਸਕੂਲਾਂ ਵਿੱਚ ਲਗਾਤਾਰ ਹੋ ਰਹੇ ਵਿੱਤੀ ਘਾਟੇ ਅਤੇ ਬੋਰਡ ਪ੍ਰਤੀ ਵੱਧ ਰਹੇ ਗੁੱਸੇ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਪ੍ਰਤੀ ਪੰਜਾਬੀਆਂ ਵਿੱਚ ਵੱਧ ਰਹੇ ਅਵਿਸ਼ਵਾਸ ਦੇ ਮੱਦੇਨਜ਼ਰ ਪੰਜਾਬ ਅਤੇ ਪੰਜਾਬੀਅਤ ਨਾਲ ਡੂੰਘੇ ਸਬੰਧ ਰੱਖਣ ਵਾਲੇ ਕਿਸੇ ਤਜਰਬੇਕਾਰ ਵਿਅਕਤੀ ਦੀ ਨਿਯੁਕਤੀ ਕੀਤੀ ਜਾਵੇ, ਜੋ ਨਾ ਸਿਰਫ਼ ਬੋਰਡ ਦੇ ਕੰਮਕਾਜ ਤੋਂ ਜਾਣੂ ਹੋਵੇ, ਸਗੋਂ ਬੋਰਡ ਨਾਲ ਸਬੰਧਤ ਸਕੂਲਾਂ ਨੂੰ ਸ਼ਾਮਲ ਕਰਕੇ ਸਮਾਜ ਵਿੱਚ ਬੋਰਡ ਦਾ ਵੱਕਾਰ ਮੁੜ ਸਥਾਪਿਤ ਕਰਨ ਦੇ ਸਮਰੱਥ ਹੋਵੇ।



# ਸਾਲਾਨਾ 19ਵੇਂ ਲੰਗਰ ਭੰਡਾਰੇ ਦੀ ਆਰੰਭਤਾ



ਸੀਨੀਅਰ ਕਾਂਗਰਸੀ ਆਗੂ ਕੁਲਵਿੰਦਰ ਸਿੰਘ ਰਸੂਲਪੁਰੀ ਨੇਂ ਵਿਸ਼ੇਸ਼ ਤੌਰ 'ਤੇ ਪੁੱਜ ਕੇ ਚੱਲ ਰਹੇ ਲੰਗਰ ਭੰਡਾਰੇ ਵਿੱਚ ਹਾਜ਼ਰੀ ਭਰੀ।ਇਸ ਮੌਕੇ ਹਰਮੇਸ਼ ਕੁਮਾਰ ਮੇਸ਼ੀ ਅਤੇ ਸਮੂਹ ਅਟਵਾਲ ਪਰਿਵਾਰ ਮਾਤਾ ਚਿੰਤਪੁਰਨੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਡਵਿੱਡਾ ਅਹਿਰਾਣਾ ਵਿਖੇ ਹੁਸ਼ਿਆਰਪੁਰ ਫਗਵਾੜਾ ਜੀ ਟੀ ਰੋਡ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਅਟਵਾਲ ਪਰਿਵਾਰ ਵੱਲੋਂ ਸਾਲਾਨਾ 19ਵਾਂ ਲੰਗਰ ਭੰਡਾਰਾ ਲਗਾਇਆ ਜਾ ਰਿਹਾ ਹੈ।ਇਸ ਮੌਕੇ ਮੁੱਖ ਸੇਵਾਦਾਰ ਹਰਮੇਸ਼ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਾਂ ਚਿੰਤਪੁਰਨੀ ਜੀ ਦੇ ਸਾਲਾਨਾ ਜੋੜ ਮੇਲੇ ਸਮੂਹ ਨਗਰ ਨਿਵਾਸੀ, ਅਟਵਾਲ ਪਰਵਾਰ ਲੰਗਰ ਭੰਡਾਰਾ ਲਗਾਇਆ ਜਾਂਦਾ ਹੈ।ਇਸ ਮੌਕੇ ਮੁੱਖ ਸੇਵਾਦਾਰ ਹਰਮੇਸ਼ ਕੁਮਾਰ ਮੇਸ਼ੀ ਨੇ ਦੱਸਿਆ ਕਿ ਇਸ ਸਾਲਾਨਾ ਲੰਗਰ ਭੰਡਾਰੇ ਵਿੱਚ ਉਘੇ ਸਮਾਜ ਸੇਵਕ, ਜੀ ਦੇ ਸਾਲਾਨਾ ਜੋੜ ਦੀਆਂ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ।ਉਘੇ ਸਮਾਜ ਸੇਵਕ, ਸੀਨੀਅਰ ਕਾਂਗਰਸੀ ਆਗੂ ਕੁਲਵਿੰਦਰ ਸਿੰਘ ਰਸੂਲਪੁਰ, ਚੌਧਰੀ ਗੁਰਪ੍ਰੀਤ ਸਿੰਘ ਯੂਥ ਪ੍ਰਧਾਨ ਚੱਬੇਵਾਲ, ਸੰਤੋਖ ਸਿੰਘ, ਹਰਬੰਸ ਕੌਰ ਪ੍ਰਧਾਨ ਇਸਤਰੀ ਵਿੰਗ ਚੱਬੇਵਾਲ, ਜੈ ਸੁਰੇਸ਼ ਪਚਨੰਗਲਾ, ਪ੍ਰੇਮ ਚੰਦ, ਲੱਕੀ ਹੁੱਕੜਾ,ਹਰਮੇਸ਼ ਕੁਮਾਰ ਮੇਸ਼ੀ, ਤੋਸ਼ੀ ਪੰਚ, ਠੇਕੇਦਾਰ ਅਜੂਬ, ਜਸਵਿੰਦਰ ਪਾਲ, ਸ਼ਾਲੂ, ਲਵਜੋਤ, ਰੋਜ਼ੀ, ਨੰਬਰਦਾਰ ਮਹਿੰਦਰ ਪਾਲ, ਦੇਸ ਰਾਜ, ਨੰਬਰਦਾਰ ਮੋਹਣ ਲਾਲ, ਬਲਵਿੰਦਰ ਬਿੱਟੂ, ਆਸਾ ਭਗਤ, ਦੇਸ ਰਾਮ, ਜਿੰਦਲ ਪਵਨ ਕੁਮਾਰ, ਜਸਵਿੰਦਰ ਪਾਲ, ਜੀਵਨ ਸਿੰਘ, ਧਰਮਪਾਲ ਭਗਤ ਆਦਿ ਹਾਜ਼ਰ ਸਨ।

# ਗੁਰਦੁਆਰਾ ਬੇਬੇ ਨਾਨਕੀ ਵਿਖੇ ਪ੍ਰਧਾਨ ਸੁਰਿੰਦਰਪਾਲ ਸਿੰਘ ਤੇ ਪੱਤਰਕਾਰ ਭਾਈਚਾਰੇ ਦਾ ਸਨਮਾਨ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਪਵਿੱਤਰ ਸ਼ਹਿਰ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਬੇਬੇ ਨਾਨਕੀ ਵਿਖੇ ਦੀ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੇ ਸਰਬ ਸੰਮਤੀ ਨਾਲ ਬਣੇ ਨਵ ਨਿਯੁਕਤ ਪ੍ਰਧਾਨ ਨੰਬਰਦਾਰ ਸੁਰਿੰਦਰਪਾਲ ਸਿੰਘ ਸੋਢੀ ਅਤੇ ਸਮੂਹ ਪੱਤਰਕਾਰ ਭਾਈਚਾਰਾ ਨਤਮਸਤਕ ਹੋਇਆ। ਜਿੱਥੇ ਪ੍ਰਬੰਧਕਾ ਵੱਲੋਂ ਵਿਸ਼ੇਸ਼ ਸਨਮਾਨ ਕਰਨ ਲਈ ਗੁਰਦੁਆਰਾ ਬੇਬੇ ਨਾਨਕੀ ਜੀ ਸੁਲਤਾਨਪੁਰ ਲੋਧੀ ਵਿਖੇ ਵਿਸ਼ਾਲ ਧਾਰਮਿਕ ਸਮਾਗਮ ਬੇਬੇ ਨਾਨਕੀ ਇਸਤਰੀ ਸਤਿਸੰਗ ਚੈਰੀਟੇਬਲ ਟਰੱਸਟ ਸੁਲਤਾਨਪੁਰ ਲੋਧੀ ਤੇ ਯੂ.ਕੇ. ਦੇ ਮੀਤ ਪ੍ਰਧਾਨ ਤੇ ਮੈਨੇਜਰ ਗੁਰਦਿਆਲ ਸਿੰਘ ਯੂ.ਕੇ. ਦੀ ਦੇਖ ਰੇਖ ਤੇ ਪ੍ਰਬੰਧ ਹੇਠਾਂ ਆਯੋਜਿਤ ਕੀਤਾ ਗਿਆ।ਜਿਸ ਵਿਚ ਬਾਬਾ ਜਸਪਾਲ ਸਿੰਘ ਨੀਲਾ ਸੁਲਤਾਨਪੁਰ ਲੋਧੀ, ਜਥੇ ਹਰਜਿੰਦਰ ਸਿੰਘ ਲਾਡੀ, ਗੁਰਦੁਆਰਾ ਬੇਰ ਸਾਹਿਬ ਜੀ ਸੁਲਤਾਨਪੁਰ ਲੋਧੀ ਦੇ ਮੀਤ ਮੈਨੇਜਰ ਭਾਈ ਚੈਚਲ ਸਿੰਘ ਆਹਲੀ ਤੇ ਗੁਰਦੁਆਰਾ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਹਰਜਿੰਦਰ ਸਿੰਘ ਤੇ ਬੇਬੇ ਨਾਨਕੀ ਟਰੱਸਟ ਦੇ ਸਕੱਤਰ ਭਾਈ ਜਤਿੰਦਰਪਾਲ ਸਿੰਘ ਆਦਿ ਹੋਰ ਹਸਤੀਆਂ ਵੀ ਸ਼ਾਮਲ ਹੋਈਆਂ।ਇਸ ਸਮੇ ਸਮਾਗਮ ਦੀ ਆਰੰਭਤਾ ਵਿਚ ਗਿਆਨੀ ਹਰਜਿੰਦਰ ਸਿੰਘ ਹੈੱਡ ਗ੍ਰੰਥੀ ਬੇਰ ਸਾਹਿਬ ਨੇ ਸੰਗਤਾਂ ਨੂੰ ਨਾਮ ਸਿਮਰਨ ਕਰਵਾਇਆ।ਉਪਰੰਤ ਗੁਰਦੁਆਰਾ ਬੇਬੇ ਨਾਨਕੀ ਜੀ ਦੇ ਗਿਆਨੀ ਤਰਸੇਮ ਸਿੰਘ ਖਾਲਸਾ ਨੇ ਸਰਬੱਤ ਦੇ ਭਲੇ ਲਈ ਤੇ ਦੀ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ (ਪ੍ਰੈਸ ਕਲੱਬ) ਦੀ ਚੜ੍ਹਦੀਕਲਾ ਦੀ ਅਰਦਾਸ ਕੀਤੀ ਤੇ ਪਾਵਨ ਹੁਕਮਨਾਮਾ ਸਰਵਣ ਕਰਵਾਇਆ। ਇਸ ਸਮੇਂ ਦੀ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੇ ਨਵੇਂ ਪ੍ਰਧਾਨ ਸੁਰਿੰਦਰਪਾਲ ਸਿੰਘ ਸੋਢੀ ਤੇ ਸਮਾਗਮ 'ਚ ਪਹੁੰਚੇ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੇ ਆਗੂਆਂ ਜਗਜੀਤ ਸਿੰਘ ਧੰਜੂ, ਬਲਵਿੰਦਰ ਸਿੰਘ ਲਾਡੀ, ਬਲਵਿੰਦਰ ਸਿੰਘ ਧਾਲੀਵਾਲ, ਅਸ਼ਵਨੀ ਜੋਸ਼ੀ, ਜਤਿੰਦਰ ਸੇਠੀ, ਕੁਲਬੀਰ ਸਿੰਘ ਮਿੰਟੂ, ਚੰਦਰ ਮੜ੍ਹੀਆ, ਸਿਮਰਨਜੀਤ ਸਿੰਘ ਸੰਧੂ, ਰਾਕੇਸ਼ ਕੁਮਾਰ, ਅਰਵਿੰਦ ਪਾਠਕ, ਸ਼ਰਨਜੀਤ ਸਿੰਘ ਤਖਤਰ, ਗੁਰਮਿੰਦਰਪਾਲ ਸਿੰਘ ਕੰਡਾ, ਅਮਰਜੀਤ ਸਿੰਘ ਢੋਟ, ਅਤੇ ਸਮਾਜ ਸੇਵੀ ਆਗੂ ਮਾਸਟਰ ਸੁੱਚਾ ਸਿੰਘ ਮਿਰਜਾਪੁਰ ਆਦਿ ਦਾ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਬਾਬਾ ਜਸਪਾਲ ਸਿੰਘ ਨੀਲਾ, ਮੈਨੇਜਰ ਗੁਰਦਿਆਲ ਸਿੰਘ ਯੂ.ਕੇ., ਚੈਚਲ ਸਿੰਘ ਆਹਲੀ, ਭਾਈ ਹਰਜਿੰਦਰ ਸਿੰਘ ਚੰਡੀਗੜ੍ਹ ਤੇ ਹੋਰਨਾਂ ਵੱਲੋਂ ਸਨਮਾਨ ਕੀਤਾ ਗਿਆ ।ਇਸ ਸਮੇ ਬੇਬੇ ਨਾਨਕੀ ਇਸਤਰੀ ਸਤਿਸੰਗ ਚੈਰੀਟੇਬਲ ਟਰੱਸਟ ਦੇ ਮੀਤ ਪ੍ਰਧਾਨ ਤੇ ਮੈਨੇਜਰ ਗੁਰਦਿਆਲ ਸਿੰਘ ਨੇ ਦੀ ਵਰਕਿੰਗ ਜਰਨਲਿਸਟ ਐਸੋਸੀਏਸ਼ਨ ਸੁਲਤਾਨਪੁਰ ਲੋਧੀ ਦੇ ਪ੍ਰਧਾਨ ਤੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਤੇ ਸਰਬ ਸੰਮਤੀ ਨਾਲ ਚੋਣ ਕਰਨ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪਾਵਨ ਨਗਰੀ ਸੁਲਤਾਨਪੁਰ ਲੋਧੀ ਦੀ ਤਰੱਕੀ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ । ਇਸ ਉਪਰੰਤ ਬੇਬੇ ਨਾਨਕੀ ਟਰੱਸਟ ਵੱਲੋਂ ਬਾਬਾ ਜਸਪਾਲ ਸਿੰਘ ਨੀਲਾ, ਗੁਰਦੁਆਰਾ ਬੇਰ ਸਾਹਿਬ ਦੇ ਮੀਤ ਮੈਨੇਜਰ ਭਾਈ ਚੈਚਲ ਸਿੰਘ ਆਹਲੀ, ਹੈੱਡ ਗ੍ਰੰਥੀ ਭਾਈ ਹਰਜਿੰਦਰ ਸਿੰਘ ਚੰਡੀਗੜ੍ਹ, ਗੁਰਦੁਆਰਾ ਬੇਬੇ ਨਾਨਕੀ ਦੇ ਹੈੱਡ ਗ੍ਰੰਥੀ ਭਾਈ ਤਰਸੇਮ ਸਿੰਘ ਖਾਲਸਾ, ਜਥੇ ਹਰਜਿੰਦਰ ਸਿੰਘ ਲਾਡੀ ਪ੍ਰਧਾਨ, ਗੁਰੂ ਘਰ ਦੇ ਨਿਸ਼ਕਾਮ ਸੇਵਕ ਪਰਮਜੀਤ ਸਿੰਘ ਮੋਠਾਂਵਾਲ, ਬੀਬੀ ਕੁਲਵਿੰਦਰ ਕੌਰ ਮੋਠਾਂਵਾਲ, ਨਿਰਮਲ ਸਿੰਘ ਡੌਲਾ, ਬਾਬਾ ਮਹਿੰਦਰ ਸਿੰਘ ਡੌਲਾ, ਹਰਭਜਨ ਸਿੰਘ ਕੁੱਲੀਆਂ, ਗੁਰਦੁਆਰਾ ਬੇਬੇ ਨਾਨਕੀ ਦੇ ਖਜਾਨਚੀ ਮਹਿੰਦਰ ਸਿੰਘ, ਭਾਈ ਰਣਧੀਰ ਸਿੰਘ, ਦਿਲਦਾਰ ਸਿੰਘ, ਸਰਵਣ ਸਿੰਘ , ਗੈਰੀ ਸੰਧੂ ਆਦਿ ਹੋਰਨਾਂ ਦਾ ਵੀ ਸਨਮਾਨ ਮੀਤ ਪ੍ਰਧਾਨ ਗੁਰਦਿਆਲ ਸਿੰਘ ਯੂ.ਕੇ. ਵੱਲੋਂ ਕੀਤਾ ਗਿਆ ।



# ਭਗਵਤੀ ਮਾਂ ਦਾ ਜਾਗਰਣ ਕਰਵਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਪਿੰਡ ਪ੍ਰਤਾਬਪੁਰਾ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਵਿਖੇ ਵਿਸ਼ਾਲ ਭਗਵਤੀ ਮਾਂ ਜਾਗਰਣ ਕਰਵਾਇਆ ਗਿਆ ਜਿਸ ਵਿੱਚ ਪ੍ਰਸਿੱਧ ਕਲਾਕਾਰ, ਸਤਵਿੰਦਰ ਵਡਾਲੀ, ਆਰ ਜੇ ਮੱਟੂ, ਬਲਜਿੰਦਰ ਬੈਂਸ ਨੇ ਆਪਣੀ ਹਾਜ਼ਰੀ ਲਗਵਾਈ।ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਜਗਜੀਤ ਕੁਮਾਰ ਜੀਤਾ ਪ੍ਰਧਾਨ ਸ਼ਿਵ ਸ਼ਕਤੀ ਜਾਗਰਣ ਕਲੱਬ ਮੰਦਰ ਪ੍ਰਤਾਬਪੁਰਾ ਨੇ ਦੱਸਿਆ ਕਿ ਮਹਾਂਮਾਈ ਦਾ ਜਾਗਰਣ ਹਰ ਸਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ। ਪ੍ਰਧਾਨ ਨੇ ਕਿਹਾ ਕਿ ਇਹ ਜਾਗਰਣ ਪੂਰੀ ਪ੍ਰਬੰਧਕ ਕਮੇਟੀ ਸਮੂਹ ਗ੍ਰਾਮ ਪੰਚਾਇਤ, ਇਲਾਕਾ ਨਿਵਾਸੀ ਤੇ ਐਨ ਆਰ ਆਈ ਦੇ ਸਹਿਯੋਗ ਨਾਲ ਕਰਵਾਇਆ ਜਾਂਦਾ ਹੈ ਸੰਗਤਾਂ ਵੱਲੋਂ ਅਲੱਗ ਅਲੱਗ ਤਰ੍ਹਾਂ ਦੇ ਲੰਗਰ ਲਗਾਏ ਜਾਂਦੇ ਹਨ ਪ੍ਰਧਾਨ ਨੇ ਦੂਰੋਂ ਨੇੜਿਓਂ ਆਇਆ ਸੰਗਤਾਂ ਤੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ।

# ਸਿਹਤ ਵਿਭਾਗ ਦੀ ਟੀਮ ਵੱਲੋਂ ਮਲੇਰੀਆ ਫੀਵਰ ਸਰਵੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਜਗਦੀਪ ਸਿੰਘ ਦੇ ਹੁਕਮਾਂ ਤਹਿਤ ਪੀ ਐਚ ਸੀ ਚੱਕੋਵਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਬਲਦੇਵ ਸਿੰਘ ਦੀ ਅਗਵਾਈ ਵਿੱਚ ਪਿੰਡ ਮਿਰਜ਼ਾਪੁਰ ਧਾਰੀਵਾਲ ਵਿਖੇ ਮਲੇਰੀਆ ਫੀਵਰ ਸਰਵੇ ਕੀਤਾ ਗਿਆ।

ਹੈਲਥ ਇੰਸਪੈਕਟਰ ਗੁਰਦੇਵ ਸਿੰਘ ਦੀ ਅਗਵਾਈ ਹੇਠ ਗਠਿਤ ਕੀਤੀ ਗਈ ਟੀਮ ਵੱਲੋਂ 135 ਘਰਾਂ ਦਾ ਫੀਵਰ ਸਰਵੇ ਕੀਤਾ ਗਿਆ।ਇਸ ਮੌਕੇ ਟੀਮ ਵੱਲੋਂ 29 ਬਲੱਡ ਸਲਾਈਡਾਂ ਬਣਾਈਆਂ ਗਈਆਂ।ਇਸਦੇ ਨਾਲ ਹੀ ਮੌਕੇ ਤੇ ਆਰ ਡੀ ਟੀ ਕਿੱਟਾਂ ਨਾਲ 26 ਵਿਅਕਤੀਆਂ ਦੇ ਟੈਸਟ ਕੀਤੇ ਗਏ।ਇੱਕ ਆਰ ਡੀ ਟੀ ਕਿੱਟ ਪਾਜ਼ੀਟਿਵ ਪਾਈ ਗਈ ਅਤੇ ਜ਼ਿਲ੍ਹਾ ਐਪੀਡਿਮੋਲੋਜਿਸਟ ਵੱਲੋਂ ਮਲੇਰੀਆ ਪਾਜ਼ਿਟਿਵ ਕੇਸ ਨੂੰ ਆਰ ਟੀ ਟਰੀਮੈਂਟ ਸ਼ੁਰੂ ਕੀਤਾ ਗਿਆ।ਇਸ ਸਰਵੇ ਮੌਕੇ ਹੈਲਥ ਇੰਸਪੈਕਟਰ ਵਲੋਂ ਪਿੰਡ ਵਾਸੀਆਂ ਨੂੰ ਮਲੇਰੀਆ ਰੋਗ ਦੇ ਕਾਰਣਾ, ਲੱਛਣਾਂ, ਬਚਾਅ ਅਤੇ ਇਲਾਜ ਸੰਬੰਧੀ ਜਾਗਰੂਕ ਕੀਤਾ ਗਿਆ।ਉਹਨਾਂ ਵਿਅਕਤੀਆਂ ਨੂੰ ਸੁਚੇਤ ਕਰਦਿਆਂ ਦੱਸਿਆ ਕਿ ਮਲੇਰੀਆ ਬੁਖਾਰ ਐਨਾਫਲੀਸ ਮੱਛਰ ਦੇ ਕੱਟਣ ਨਾਲ ਹੁੰਦਾ ਹੈ, ਇਹ ਮੱਛਰ ਖੜੇ ਪਾਣੀ ਵਿੱਚ ਹੁੰਦਾ ਹੈ ਅਤੇ ਸਵੇਰੇ-ਸ਼ਾਮ ਕੱਟਦਾ ਹੈ।ਇਸ ਰੋਗ ਤੋਂ ਬਚਾਅ ਲਈ ਆਪਣੇ ਆਸ-ਪਾਸ ਦੀ ਸਫਾਈ ਰੱਖਣੀ ਬਹੁਤ ਜਰੂਰੀ ਹੈ।ਟੀਮ ਵਿੱਚ ਹੈਲਥ ਵਰਕਰ ਬਲਜੀਤ ਸਿੰਘ, ਦਿਲਬਾਗ ਸਿੰਘ, ਸਤਵੀਰ ਸਿੰਘ, ਫੀਮੇਲ ਵਰਕਰ ਰਾਜਵਿੰਦਰ ਕੌਰ ਤੋਂ ਇਲਾਵਾ ਰਣਜੀਤ ਕੌਰ, ਮਿਨਾਕਸ਼ੀ, ਮਨਪ੍ਰੀਤ ਕੌਰ ਆਸ਼ਾ ਵਰਕਰ ਵੀ ਹਾਜ਼ਰ ਸਨ।



# ਸ਼੍ਰੇਅਸ ਨੇ ਤਾਇਕਵਾਂਡੋ 'ਚ ਜਿੱਤਿਆ ਗੋਲਡ ਮੈਡਲ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਆਈ ਸੀ ਐਸ ਈ ਬੋਰਡ ਦੀਆਂ ਸਕੂਲ ਗੇਮਸ ਕਊਂਸਲਿੰਗ ਫਾਰ ਦਾ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨ ਦੇ ਜ਼ੋਨ ਪੱਧਰੀ ਤਾਈਕਵਾਂਡੋ ਮੁਕਾਬਲੇ ਦੇ ਜੇਤੂ ਹੁਸ਼ਿਆਰਪੁਰ ਜ਼ੋਨ ਦੇ ਖਿਡਾਰੀਆਂ ਨੇ ਨਾਰਥ ਇੰਡੀਆ ਆਈ ਸੀ ਐਸ ਈ ਰੀਜਨਲ ਗੇਮਸ 2024 'ਚ ਸੇਂਟ ਜੋਸਫ ਤਾਇਕਵਾਂਡੋ ਕੋਚ ਅਭਿਸ਼ੇਕ ਠਾਕੁਰ ਅਤੇ ਡੀ ਪੀ ਈ ਮੈਡਮ ਸੰਦੀਪ ਅਤੇ ਮਨਪ੍ਰੀਤ ਸਿੰਘ ਦੀ ਅਗਵਾਈ ਵਿੱਚ ਅੰਮ੍ਰਿਤਸਰ ਵਿਖੇ ਭਾਗ ਲਿਆ।ਜਿਸ ਵਿੱਚ ਸੇਂਟ ਜੋਸਫ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਜਮਾਤ 9ਵੀਂ ਦੇ ਖਿਡਾਰੀ ਸ਼੍ਰੇਅਸ ਕੁਮਾਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਪਣੇ ਭਾਰ ਵਰਗ 78 ਕਿਲੋ ਗਰਾਮ 'ਚ ਗੋਲਡ ਮੈਡਲ ਹਾਸਲ ਕਰਕੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ।ਸ਼੍ਰੇਅਸ ਕੁਮਾਰ ਹੁਣ ਸਤੰਬਰ ਵਿੱਚ ਹੋਣ ਜਾ ਰਹੀਆਂ ਆਈ ਸੀ ਐਸ ਈ ਨੈਸ਼ਨਲ ਸਕੂਲ ਗੇਮਸ 'ਚ ਜੋ ਕਿ ਤਾਮਿਲਨਾਡੂ ਹੋਣ ਜਾ ਰਹੀਆਂ ਹਨ ਵਿੱਚ ਭਾਗ ਲੈਣਗੇ।ਜ਼ਿਲ੍ਹਾ ਤਾਈਕੋਂਡੋ ਸਪੋਰਟਸ ਐਸੋਸੀਏਸ਼ਨ ਪ੍ਰਧਾਨ ਸੰਦੀਪ ਸੁਲੇਰਿਆ ਅਤੇ ਸਕੂਲ ਪ੍ਰਿੰਸੀਪਲ ਸਿਸਟਰ ਸੁਧਾ ਦੁਆਰਾ ਇਸ ਖਿਡਾਰੀ ਨੂੰ ਸਨਮਾਨਿਤ ਕੀਤਾ ਗਿਆ।

# ਚੱਬੇਵਾਲ ਨੇ ਇਲਾਕੇ ਦੇ ਸਰਬਪੱਖੀ ਵਿਕਾਸ ਲਈ ਆਪਣੇ ਸੰਕਲਪ ਨੂੰ ਦੁਹਰਾਇਆ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਆਪਣੇ ਹਲਕੇ ਵਿੱਚ ਸਰਵਪੱਖੀ ਅਤੇ ਸੰਮਲਿਤ ਵਿਕਾਸ ਲਿਆਉਣ ਲਈ ਆਪਣੀ ਵਚਨਬੱਧਤਾ ਦੁਹਰਾਈ ਹੈ।ਪਿੰਡ ਚੱਕਾ ਮੱਲਾਂ ਵਿਖੇ ਜਨ ਸਭਾ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਇਲਾਕੇ ਦੇ ਵਿਕਾਸ ਅਤੇ ਤਰੱਕੀ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੇ ਯਤਨ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਤੇਜ਼ ਕਰਨ, ਰੁਜ਼ਗਾਰ ਦੇ ਮੌਕੇ ਵਧਾਉਣ, ਨਾਗਰਿਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਅਤੇ ਸੰਪਰਕ ਵਿੱਚ ਸੁਧਾਰ ਕਰਨ 'ਤੇ ਕੇਂਦ੍ਰਿਤ ਹਨ।ਇਸ ਦੌਰਾਨ ਸੰਸਦ ਮੈਂਬਰ ਚੱਬੇਵਾਲ ਨੇ ਪਿੰਡ ਚੱਕਾ ਮੱਲਾਂ ਦੇ 24 ਲਾਭਪਾਤਰੀਆਂ ਨੂੰ ਉਨ੍ਹਾਂ ਦੇ ਘਰਾਂ ਦੀਆਂ ਕੱਚੀਆਂ ਛੱਤਾਂ ਦੀ ਮੁਰੰਮਤ ਲਈ 2.75 ਲੱਖ ਰੁਪਏ ਦੇ ਚੈੱਕ ਵੰਡੇ।ਉਨ੍ਹਾਂ ਦੱਸਿਆ ਕਿ ਇਸ ਉਪਰਾਲੇ ਦਾ ਉਦੇਸ਼ ਲੋੜਵੰਦ ਪਰਿਵਾਰਾਂ ਨੂੰ ਪਨਾਹ ਅਤੇ ਸੁਰੱਖਿਆ ਪ੍ਰਦਾਨ ਕਰਨਾ ਹੈ ਜਿਨ੍ਹਾਂ ਨੂੰ ਸੁਰੱਖਿਅਤ ਰਿਹਾਇਸ਼ ਦੀ ਸਖ਼ਤ ਲੋੜ ਹੈ।ਇਸ ਪ੍ਰੋਗਰਾਮ ਨੇ ਬਹੁਤ ਸਾਰੇ ਪਰਵਾਰਾਂ ਦੇ ਜੀਵਨ ਵਿੱਚ ਉਮੀਦ ਅਤੇ ਰਾਹਤ ਦੀ ਇੱਕ ਕਿਰਨ ਲਿਆਂਦੀ ਹੈ।ਇਸ ਮੌਕੇ ਸਥਾਨਕ ਅਧਿਕਾਰੀਆਂ, ਸਰਪੰਚਾਂ ਅਤੇ ਪਿੰਡ ਵਾਸੀਆਂ ਨੇ ਵੀ ਸ਼ਮੂਲੀਅਤ ਕੀਤੀ।ਇਸ ਮੌਕੇ ਡਾ. ਰਾਜ ਨੇ ਸੁਰੱਖਿਅਤ ਅਤੇ ਸੁਰੱਖਿਅਤ ਰਿਹਾਇਸ਼ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਖਾਸ ਕਰਕੇ ਖਰਾਬ ਮੌਸਮ ਦੌਰਾਨ।ਛੱਤ ਦੀ ਮੁਰੰਮਤ ਦੀ ਇਹ ਪਹਿਲਕਦਮੀ ਐਮ ਪੀ ਚੱਬੇਵਾਲ ਦੀ ਸਮੁੱਚੀ ਵਿਕਾਸ ਯੋਜਨਾ ਦਾ ਇੱਕ ਮਹੱਤਵਪੂਰਨ ਹਿੱਸਾ ਹੈ, ਜਿਸ ਦਾ ਉਦੇਸ਼ ਇਲਾਕਾ ਨਿਵਾਸੀਆਂ ਨੂੰ ਬਿਹਤਰ ਜੀਵਨ ਪ੍ਰਦਾਨ ਕਰਨਾ ਹੈ।ਇਸ ਮੌਕੇ ਇਸ ਮੌਕੇ ਬਲਵਿੰਦਰ ਸਿੰਘ ਬਿੱਟੂ, ਲੰਬੜਦਾਰ ਸੁਖਦੇਵ ਸਿੰਘ, ਜਸਵਿੰਦਰ ਸਿੰਘ, ਗੁਰਮੁੱਖ ਸਿੰਘ, ਸਾਬਕਾ ਸਰਪੰਚ ਤਰਸੇਮ ਲਾਲ, ਸੁਰੇਸ਼ ਕੁਮਾਰ, ਬ੍ਰਹਮ ਦੱਤ, ਸਾਬਕਾ ਪੰਚ ਭਗਤ ਰਾਮ ਆਦਿ ਹਾਜ਼ਰ ਸਨ।



# ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਨੂੰ ਦਾਨ ਕੀਤੇ 4 ਸਟੀਲ ਬੈਂਚ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਰੋਟਰੀ ਕਲੱਬ ਆਫ ਹੁਸ਼ਿਆਰਪੁਰ ਵੱਲੋਂ ਪ੍ਰਧਾਨ ਸਨੇਹ ਜੈਨ ਦੀ ਅਗਵਾਈ ਵਿੱਚ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵਿਖੇ, ਰੈਡ ਕ੍ਰਾਸ ਸੁਸਾਇਟੀ ਹੁਸ਼ਿਆਰਪੁਰ ਦੇ ਸਕੱਤਰ ਮੁਨੀਸ਼ ਸੂਦ ਅਤੇ ਪ੍ਰਬੰਧਕਾਂ ਦੀ ਮੰਗ 'ਤੇ ਰੋਟਰੀ ਕਲੱਬ ਵੱਲੋਂ 4 ਲੋਹੇ ਦੇ ਬੈਂਚ ਲਾਇਬ੍ਰੇਰੀ ਵਿੱਚ ਆਉਣ ਵਾਲੇ ਪਾਠਕਾਂ ਲਈ ਦਾਨ ਕੀਤੇ ਗਏ।ਇਸ ਮੌਕੇ ਰੋਟਰੀ ਕਲੱਬ ਦੇ ਪ੍ਰਧਾਨ ਸਨੇਹ ਜੈਨ, ਜੀ ਐਸ ਬਾਵਾ, ਸਕੱਤਰ ਟਿਮਾਟਨੀ ਆਹਲੂਵਾਲੀਆ, ਅਸ਼ੋਕ ਜੈਨ, ਡਾ. ਰਣਜੀਤ, ਯੋਗੇਸ਼ ਚੰਦਰ, ਚੰਦਨ ਸਰੀਨ, ਸੁਰਿੰਦਰ ਕੁਮਾਰ, ਰਾਜਿੰਦਰ ਮੌਦਗਿਲ, ਲੈਪੀ ਆਹਲੂਵਾਲੀਆ, ਰਵੀ ਜੈਨ ਦੀ ਹਾਜ਼ਰੀ ਵਿੱਚ ਇਹ ਚਾਰ ਸਟੀਲ ਬੈਂਚ ਜਿਨ੍ਹਾਂ ਦੀ ਕੀਮਤ 25 ਹਜ਼ਾਰ ਰੁਪਏ ਹੈ ਉਨ੍ਹਾਂ ਨੂੰ ਲਾਇਬ੍ਰੇਰੀ ਵਿੱਚ ਪਾਠਕਾਂ ਦੇ ਬੈਠਣ ਲਈ ਦਾਨ ਕੀਤਾ।ਇਸ ਮੌਕੇ ਪੂਰਵ ਜ਼ਿਲ੍ਹਾ ਗਵਰਨਰ ਜੀ ਐਸ ਬਾਵਾ ਨੇ ਦੱਸਿਆ ਕਿ ਰੋਟਰੀ ਕਲੱਬ ਮੈਂਬਰਾਂ ਵੱਲੋਂ ਪਹਿਲੀ ਵਾਰ ਡਿਜੀਟਲ ਲਾਇਬ੍ਰੇਰੀ ਦਾ ਦੌਰਾ ਕੀਤਾ ਗਿਆ। ਇਸ 'ਚ ਪੂਰੇ ਕੰਪਿਊਟਰਾਈਜ਼ਡ ਸਿਸਟਮ ਅਤੇ ਏ ਸੀ ਦੀ ਵਿਵਸਥਾ ਅਤੇ ਸਫ਼ਾਈ ਵਿਵਸਥਾ ਦਾ ਉਚਿਤ ਪ੍ਰਬੰਧ ਹੈ।ਅੰਤ 'ਚ ਰੈਡ ਕ੍ਰਾਸ ਦੇ ਸਕੱਤਰ ਮੁਨੀਸ਼ ਸੂਦ ਨੇ ਰੋਟਰੀ ਕਲੱਬ ਆਫ ਹੁਸ਼ਿਆਰਪੁਰ ਦੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਸਾਈਕਲ ਵੰਡ ਕੈਂਪ ਖਰਾਬ ਮੌਸਮ ਕਾਰਨ ਮੁਲਤਵੀ



**ਭਲਾਣ (ਹਰਭਜਨ ਢਿੱਲੋਂ)** ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ 'ਇਨਸਾਨੀਅਤ ਪਹਿਲਾਂ' ਦੇ ਸੰਸਥਾਪਕ ਅਜੈਵੀਰ ਸਿੰਘ ਲਾਲਪੁਰਾ ਵੱਲੋਂ ਲਗਾਇਆ ਜਾ ਰਿਹਾ ਸਾਈਕਲ ਵੰਡ ਕੈਂਪ ਖਰਾਬ ਮੌਸਮ ਕਾਰਨ ਮੁਲਤਵੀ ਕਰ ਦਿੱਤਾ ਗਿਆ ਹੈ।ਕੈਂਪ ਵਿੱਚ 15 ਲੜਕੀਆਂ ਨੂੰ ਸਾਈਕਲ ਦੇਣ ਦਾ ਫੈਸਲਾ ਕੀਤਾ ਗਿਆ, ਜਿਨ੍ਹਾਂ ਨੂੰ ਲਾਲਪੁਰਾ ਦੀ ਸੰਸਥਾ ਵੱਲੋਂ ਪਹਿਲਾਂ ਹੀ ਸ਼ਾਰਟਲਿਸਟ ਕੀਤਾ ਜਾ ਚੁੱਕਾ ਹੈ।ਅਜੈਵੀਰ ਸਿੰਘ ਲਾਲਪੁਰਾ ਨੇ ਦੱਸਿਆ ਕਿ ਖਰਾਬ ਮੌਸਮ ਕਾਰਨ ਪ੍ਰੋਗਰਾਮ ਮੁਲਤਵੀ ਕਰਨ ਦਾ ਫੈਸਲਾ ਕੀਤਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਜਿਵੇਂ ਹੀ ਮੌਸਮ ਵਿੱਚ ਸੁਧਾਰ ਹੋਵੇਗਾ, ਕੈਂਪ ਲਈ ਨਵੀਂ ਤਰੀਕ ਤੈਅ ਕੀਤੀ ਜਾਵੇਗੀ ਅਤੇ ਕੈਂਪ ਲਗਾਇਆ ਜਾਵੇਗਾ।ਉਹਨਾਂ ਕਿ ਉਹਨਾਂ ਵਲੋਂ ਸੇਵਾ ਦਾ ਕੰਮ ਕਦੇ ਨਹੀਂ ਰੁਕ ਸਕਦਾ।ਲਾਲਪੁਰਾ ਪਰਿਵਾਰ ਹਮੇਸ਼ਾ ਸੇਵਾ ਲਈ ਸਮਰਪਿਤ ਰਿਹਾ ਹੈ ਅਤੇ ਰਹੇਗਾ।ਇਹ ਕੈਂਪ ਸਾਡੇ ਸਮਾਜ ਦੀਆਂ ਧੀਆਂ ਦੇ ਸਸ਼ਕਤੀਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ ਅਤੇ ਅਸੀਂ ਇਸ ਨੂੰ ਜਲਦੀ ਤੋਂ ਜਲਦੀ ਸਫਲਤਾਪੂਰਵਕ ਪੂਰਾ ਕਰਾਂਗੇ।

# ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਰਜਿ. 100 ਦੀ ਸੂਬਾ ਕਮੇਟੀ ਦੀ ਮੀਟਿੰਗ ਪਿੰਡ ਲੰਗੜੋਆ ਮੱਲ ਹੈਲਥ ਕੇਅਰ ਸੈਂਟਰ ਸੂਟਬਾ ਪ੍ਰਧਾਨ ਤੇਜਿੰਦਰ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਜਮਹੂਰੀਅਤ ਅਧਿਕਾਰ ਸਭਾ ਨਾਲ ਲੋਕ ਮਾਰੂ ਨੀਤੀਆਂ।ਸੂਬਾ ਜਰਨਲ ਸਕੱਤਰ ਡਾ. ਅਵਤਾਰ ਬਾਲੀ ਨਵਾਂ ਸ਼ਹਿਰ, ਸੂਬਾ ਖਜਾਨਚੀ ਡਾ. ਮਾਘ ਸਿੰਘ ਮਾਣਕੀ, ਚੇਅਰਮੈਨ ਡਾ. ਮਹਿੰਦਰ ਸਿੰਘ ਮੋਗਾ, ਸੂਬਾ ਵਾਇਸ ਪ੍ਰਧਾਨ ਮਹਿੰਦਰ ਸਿੰਘ ਸੋਹਲ ਅਜਨਾਲਾ, ਡਾ. ਵਾਈਸ ਜਨਰਲ ਸਕੱਤਰ ਡਾ. ਅਮਰਜੀਤ ਸਿੰਘ, ਜਿਲ੍ਹਾ ਪ੍ਰਧਾਨ ਹਰਭਜਨ ਸਿੰਘ ਮੱਲ ਨਵਾਂਸ਼ਹਿਰ, ਡਾ. ਪਲਵਿੰਦਰ ਸਿੰਘ ਮੈਂਬਰ, ਡਾ. ਸ਼ਾਮ ਲਾਲ ਅੰਮ੍ਰਿਤਸਰ, ਡਾ. ਰੋਹਿਤ ਬਾਲੀ ਜਾਡਲਾ ਬਲਾਕ ਹਾਜ਼ਰ ਸਨ।



# ਡਾ. ਨਵਜੋਤ ਜੀ ਐੱਨ ਡੀ ਯੂ ਸਪੋਰਟਸ ਕਮੇਟੀ ਦੇ ਪ੍ਰਧਾਨ ਨਿਯੁਕਤ

**ਜਲੰਧਰ (ਇਕਬਾਲ ਸਿੰਘ ਉੱਭੀ)**-ਲਾਇਲਪੁਰ ਖਾਲਸਾ ਕਾਲਜ ਲੜਕੀਆਂ ਦੇ ਪ੍ਰਿੰਸੀਪਲ ਡਾ. ਨਵਜੋਤ ਨੂੰ ਜੀ ਐਨ ਡੀ ਯੂ ਅੰਮ੍ਰਿਤਸਰ ਦੇ ਵਾਈਸ-ਚਾਂਸਲਰ ਦੁਆਰਾ ਸਾਲ 2024-2025 ਲਈ ਜੀ ਐਨ ਡੀ ਯੂ ਸਪੋਰਟਸ ਕਮੇਟੀ ਕਾਰਜਕਾਰੀ ਬੋਰਡ (ਮਹਿਲਾ) ਦੇ ਪ੍ਰਧਾਨ ਵਜੋਂ ਨਾਮਜ਼ਦ ਕੀਤਾ ਗਿਆ ਹੈ।ਉਹਨਾਂ ਗਵਰਨਿੰਗ ਕੌਂਸਲ ਦੇ ਪ੍ਰਧਾਨ ਬਲਬੀਰ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਹਨਾਂ ਨੇ ਕਿਹਾ ਕਿ ਹੁਣ ਉਹ ਹੋਰ ਸਖਤ ਮਿਹਨਤ ਨਾਲ ਖਿਡਾਰੀਆਂ ਨੂੰ ਹੋਰ ਉਤਸ਼ਾਹਿਤ ਕਰਕੇ ਵਧੀਆ ਸਹੂਲਤਾਂ ਪ੍ਰਦਾਨ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕਰਨਗੇ।ਡਾ. ਨਵਜੋਤ ਦੀ ਅਗਵਾਈ ਹੇਠ ਕਾਲਜ ਖੇਡਾਂ ਅਤੇ ਵਿੱਦਿਅਕ ਖੇਤਰ ਵਿੱਚ ਬੇਮਿਸਾਲ ਉਚਾਈਆਂ 'ਤੇ ਪਹੁੰਚ ਗਿਆ ਹੈ।ਉਨ੍ਹਾਂ ਨੇ ਨਾ ਸਿਰਫ਼ ਅਕਾਦਮਿਕਤਾ ਨੂੰ ਮਜ਼ਬੂਤ ਕੀਤਾ ਸਗੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ 'ਤੇ ਵੀ ਖੇਡਾਂ ਰਾਹੀਂ ਜ਼ੋਰ ਦਿੱਤਾ ਹੈ।ਕਾਲਜ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ, ਰਾਜ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਨਮਾਨ ਤੇ ਪ੍ਰਸ਼ੰਸਾ ਜਿੱਤੀ ਹੈ।ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਵੱਲੋਂ ਕਾਲਜ ਦੀਆਂ ਖੇਡਾਂ ਦੇ ਖੇਤਰ ਵਿੱਚ ਪ੍ਰਾਪਤੀਆਂ ਦਾ ਜ਼ਿਕਰ ਕੀਤਾ ਅਤੇ ਓਲੰਪੀਅਨ ਗੁਰਜੀਤ ਕੌਰ (ਗੋਲ ਮਸ਼ੀਨ), ਰਾਜਬੀਰ ਕੌਰ ਅਤੇ ਹੋਰ ਕਈ ਖਿਡਾਰੀਆਂ ਦੀਆਂ ਪ੍ਰਾਪਤੀਆਂ ਗਿਣਾਈਆਂ ਜਿਨ੍ਹਾਂ ਨੇ ਕਾਲਜ ਦਾ ਨਾਂਅ ਰੌਸ਼ਨ ਕੀਤਾ।ਉਨ੍ਹਾਂ ਕਿਹਾ ਕਿ ਸਾਡਾ ਕਾਲਜ ਪਿਛਲੇ ਅੱਠ ਸਾਲਾਂ ਤੋਂ ਮਹਿਲਾ ਹਾਕੀ ਪੰਜਾਬ ਚੈਂਪੀਅਨਸ਼ਿਪ ਦਾ ਸਟੇਟ ਚੈਂਪੀਅਨ ਰਿਹਾ ਹੈ। ਖੇਡਾਂ ਪੰਜਾਬ ਦੀਆਂ ਦੀ ਸ਼ੁਰੂਆਤ ਤੋਂ ਹੀ ਅਸੀਂ ਅੰਡਰ-21 ਹਾਕੀ ਦੇ ਚੈਂਪੀਅਨ ਰਹੇ ਹਾਂ। ਇਹ ਹਾਕੀ ਪੰਜਾਬ ਦਾ ਮੁੱਖ ਕੇਂਦਰ ਹੈ ਅਤੇ ਵੱਖ-ਵੱਖ ਹਾਕੀ ਕੈਂਪਾਂ ਦਾ ਸਥਾਨ ਵੀ ਰਿਹਾ ਹੈ। ਅਸੀਂ ਜੀ ਐਨ ਡੀ ਯੂ ਦੁਆਰਾ ਆਯੋਜਿਤ ਅੰਤਰ-ਕਾਲਜ ਮੁਕਾਬਲੇ ਵਿੱਚ ਵੀ ਚੈਂਪੀਅਨ ਰਹੇ ਹਾਂ।ਸਾਡੇ ਕਾਲਜ ਦੇ ਖਿਡਾਰੀਆਂ ਨੇ ਵੀ ਖੇਲੋ ਇੰਡੀਆ ਯੂਥ ਖੇਡਾਂ ਵਿੱਚ ਭਾਗ ਲਿਆ। ਜੀ ਐਨ ਡੀ ਯੂ ਹਾਕੀ ਟੀਮ ਵਿੱਚ 10 ਤੋਂ ਵੱਧ ਖਿਡਾਰੀ ਸਾਡੇ ਕਾਲਜ ਦੇ ਹਨ ਅਤੇ ਕਾਲਜ ਦੀਆਂ ਤਿੰਨ ਖਿਡਾਰਨਾਂ (ਨੇਹਾ ਕੁਮਾਰੀ, ਨਵਨੀਤ ਕੌਰ, ਸ਼ਰਨਜੀਤ ਕੌਰ, ਗੁਰਜੀਤ ਕੌਰ ਤੋਂ ਬਾਅਦ) ਇੰਡੀਆ ਕੈਂਪ ਲਈ ਵੀ ਚੁਣੀਆਂ ਗਈਆਂ ਹਨ।

ਵਿਦਿਆਰਥੀਆਂ ਨੂੰ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਬਾਰੇ ਜਾਣੂ ਕਰਵਾਉਣ ਲਈ ਉਨ੍ਹਾਂ ਦੀ ਦੂਰਅੰਦੇਸ਼ੀ ਅਗਵਾਈ ਹੇਠ ਕੈਂਪਸ ਵਿੱਚ ਇੱਕ ਹੈਰੀਟੇਜ ਹੋਮ ਵੀ ਬਣਾਇਆ ਗਿਆ।ਸਮਾਜ ਦੇ ਕਮਜ਼ੋਰ ਤਬਕਿਆਂ ਲਈ ਉਹਨਾਂ ਦੇ ਦਿਲ ਵਿੱਚ ਇੱਕ ਵਿਸ਼ੇਸ਼ ਸਥਾਨ ਹੈ ਅਤੇ ਉਹ ਹੋਣਹਾਰ ਵਿਦਿਆਰਥੀਆਂ ਦੀ ਸਹਾਇਤਾ ਲਈ ਹਰ ਸੰਭਵ ਕੋਸ਼ਿਸ਼ ਕਰਦੇ ਹਨ, ਜੋ ਸਿੱਖਿਆ ਪ੍ਰਾਪਤ ਨਹੀਂ ਕਰ ਸਕਦੇ ਸਨ।ਉਹਨਾਂ ਦੀ ਯੋਗ ਅਗਵਾਈ ਹੇਠ, ਕਾਲਜ ਹੋਣਹਾਰ ਵਿਦਿਆਰਥੀਆਂ ਨੂੰ ਵੱਖ-ਵੱਖ ਵਜ਼ੀਫ਼ੇ ਪ੍ਰਦਾਨ ਕਰਦਾ ਹੈ।ਉਨ੍ਹਾਂ ਨੇ ਔਰਤਾਂ ਦੇ ਸਸ਼ਕਤੀਕਰਨ ਵਿੱਚ ਵੀ ਵੱਡਾ ਯੋਗਦਾਨ ਪਾਇਆ ਹੈ।ਭਾਵਨਾਤਮਕ ਤੌਰ 'ਤੇ ਯਾਦ ਕੀਤਾ ਕਿ ਕੁਝ ਵਿਦਿਆਰਥੀ ਅਜਿਹੇ ਸਨ ਜੋ ਖੇਡ ਲਈ ਖੁਰਾਕ ਦੀਆਂ ਜ਼ਰੂਰਤਾਂ ਨੂੰ ਪੂਰਾ ਨਹੀਂ ਕਰ ਸਕਦੇ ਸਨ, ਪਰ ਕਾਲਜ ਵਿੱਚ ਦਾਖਲਾ ਲੈਣ ਤੋਂ ਬਾਅਦ, ਉਨ੍ਹਾਂ ਨੂੰ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਵਿੱਤ ਦੀ ਚਿੰਤਾ ਨਹੀਂ ਕਰਨੀ ਪਈ।ਕਾਲਜ ਖਿਡਾਰੀਆਂ ਨੂੰ ਖੁਰਾਕ, ਕਿੱਟਾਂ ਅਤੇ ਮੁਫਤ ਰਿਹਾਇਸ਼ ਪ੍ਰਦਾਨ ਕਰਦਾ ਹੈ।ਕੇ ਸੀ ਐਲ ਗਰੁੱਪ ਆਫ਼ ਇੰਸਟੀਚਿਊਟਸ ਦੀ ਗਵਰਨਿੰਗ ਕੌਂਸਲ ਦੇ ਪ੍ਰਧਾਨ ਬਲਬੀਰ ਕੌਰ ਨੇ ਪ੍ਰਿੰਸੀਪਲ ਡਾ. ਨਵਜੋਤ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਉਨ੍ਹਾਂ ਦੇ ਹਰ ਨੇਕ ਯਤਨਾਂ ਵਿੱਚ ਉਨ੍ਹਾਂ ਦਾ ਸਾਥ ਦੇਣਗੇ।

# ਬਹਿਰਾਮ ਵਿਖੇ ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਦਰਬਾਰ ਦਾਤਾ ਅਬਦੁਲ ਰਹਿਮਾਨ (ਸੱਯਦ) ਰੌਜ਼ਾ ਬਾਗ ਸ਼ਰੀਫ਼ ਬਹਿਰਾਮ ਵਿਖੇ ਸਾਲਾਨਾ ਮੇਲਾ ਸ਼ੀਲਾ ਮਹੰਤ ਸਾਬਰੀ, ਬਾਬਾ ਅਸ਼ੋਕ ਕਾਦਰੀ ਦੀ ਯਾਦ 'ਚ ਗੱਦੀ ਨਸ਼ੀਨ ਬਾਬਾ ਜੋਨੀ ਸ਼ਾਹ ਅਤੇ ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੌਜ਼ਾ ਸ਼ਰੀਫ਼ ਮੰਢਾਲੀ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ।ਪੰਜਾਬ ਦੇ ਮਸ਼ਹੂਰ ਕਵਾਲ ਅਤੇ ਨਕਾਲ ਪਾਰਟੀਆਂ ਵਨੀਤ ਖਾਨ, ਨੌਸ਼ਾਦ ਅਲੀ ਖਾਨ, ਮੁਨੱਵਰ ਅਲੀ, ਸ਼ਫੀ ਮੁਹੰਮਦ, ਸੰਜਨਾ ਨਕਾਲ ਪਾਰਟੀ, ਰਸ਼ੀਦ ਤਨਵੀਰ ਕਵਾਲ, ਸਰਬਜੀਤ ਕਵਾਲ ਆਦਿ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਬਾਬਾ ਜੋਨੀ ਸ਼ਾਹ, ਸੇਵਾਦਾਰ ਰੋਸ਼ਨ ਫਗਵਾੜਾ, ਸਾਧੂ ਰਾਮ ਫਗਵਾੜਾ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਸੇਵਾਦਾਰਾਂ ਅਤੇ ਕਲਾਕਾਰਾਂ ਨੂੰ ਸਨਮਾਨਿਤ ਕੀਤਾ।

12-AUG-PAGE-9.qxd 8/11/2024 9:13 PM Page 1



# ਗੰਦੇ ਪਾਣੀ ਦੇ ਨਿਕਾਸ ਲਈ ਪਾਈਪ ਲਾਈਨ ਵਿਛਾਉਣ ਦਾ ਕੀਤਾ ਉਦਘਾਟਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪਿੰਡ ਸੋਇਤਾ ਜਿਲ੍ਹਾ ਸ਼ਹੀਦ ਭਗਤ ਨਗਰ ਵਿਖੇ ਆਮ ਆਦਮੀ ਪਾਰਟੀ ਨਵਾਂਸ਼ਹਿਰ ਦੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਨੇ ਪਿੰਡ ਦੇ ਗੰਦੇ ਪਾਣੀ ਦੇ ਨਿਕਾਸ ਲਈ 6 ਲੱਖ ਦੀ ਲਾਗਤ ਨਾਲ ਪਾਇਪ ਲਾਈਨ ਵਿਛਾਉਣ ਦੇ ਕੰਮ ਸੁਰਿੰਦਰ ਸਿੰਘ ਪ੍ਰਧਾਨ ਅਤੇ ਮੈਡਮ ਜਸਵਿੰਦਰ ਕੌਰ ਪਿੰਕੀ ਦੀ ਅਗਵਾਈ ਹੇਠ ਉਦਘਾਟਨ ਕਰਨ ਸਮੇਂ ਆਖੇਂ। ਉਹਨਾਂ ਕਿਹਾ ਕਿ ਹਲਕੇ ਦੇ ਵਿਕਾਸ ਕੰਮਾਂ 'ਚ ਗਰਾਂਟ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਉਹਨਾਂ ਲੋਕ ਸਭਾ ਚੋਣਾਂ 'ਚ ਆਨੰਦਪੁਰ ਸਾਹਿਬ ਤੋਂ ਆਪ ਉਮੀਦਵਾਰ ਮਲਵਿੰਦਰ ਸਿੰਘ ਕੰਗ ਮੈਂਬਰ ਪਾਰਲੀਮੈਂਟ ਬਣਾਉਣ ਲਈ ਪਿੰਡ 'ਚ ਚੋਣਾਂ ਲਈ ਰਾਮ ਸਿੰਘ ਸੈਣੀ, ਬਲਵੀਰ ਸਿੰਘ ਬੰਟੀ, ਨਰਿੰਦਰ ਸਿੰਘ ਸੈਣੀ, ਗੁਰਪ੍ਰੀਤ ਸਿੰਘ ਨੰਬਰਦਾਰ, ਸਰਗਰਮ ਸਾਬਕਾ ਮੈਂਬਰ ਪੰਚਾਇਤ ਮੈਡਮ ਜਸਵਿੰਦਰ ਕੌਰ ਪਿੰਕੀ ਦੇ ਪਾਰਟੀ ਸਰਗਮੀਆਂ ਦੀ ਸ਼ਲਾਘਾ ਕੀਤੀ।ਆਪ ਨੇਤਾ ਪਾਠਕ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਂਵਾਂ ਅਤੇ ਹਲਕੇ ਦੇ ਵਿਕਾਸ ਕੰਮਾਂ ਲਈ ਮੈਂ ਹਮੇਸ਼ਾਂ ਯਤਨਸ਼ੀਲ ਰਹਿੰਦਾ ਹਾਂ।

ਜਸਵਿੰਦਰ ਪਿੰਕੀ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਦਿਆਂ ਕਿਹਾ ਲੋਕਾਂ ਦੀ ਪੁਰਾਣੀ ਮੰਗ ਗੰਦੇ ਪਾਣੀ ਦੇ ਨਿਕਾਸ ਦੀ ਸਮਸਿਆ ਹੱਲ ਕਰਨ ਲਈ ਬੀ ਡੀ ਪੀ ਓ ਮੈਡਮ ਰਾਜਵਿੰਦਰ ਕੌਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਘੱਟ ਨੂੰ ਮੁੱਖ ਰੱਖਦਿਆਂ ਹੋਇਆਂ ਪਿੰਡ ਵਿੱਚ ਪਾਣੀ ਵਾਲੀ ਟੈਂਕੀ ਬਣਾਉਣ ਦੀ ਜ਼ੋਰਦਾਰ ਮੰਗ ਕੀਤੀ।ਇਸ ਮੌਕੇ ਇਸ ਮੌਕੇ ਗਗਨ ਅਹੋਲਤਰੀ ਚੇਅਰਮੈਨ ਮਾਰਕੀਟ ਕਮੇਟੀ ਨਵਾਂਸ਼ਹਿਰ, ਵਨੀਤ ਰਾਣਾ ਜ਼ਿਲ੍ਹਾ ਯੂਥ ਪ੍ਰਧਾਨ,, ਕਰਨ ਦੱਤਾ ਪੀ ਏ ਹਲਕਾ ਇੰਚਾਰਜ, ਆਪ ਦੇ ਪ੍ਰਧਾਨ ਸੁਰਿੰਦਰ ਸਿੰਘ ਸੈਣੀ, ਬਲਵੀਰ ਸਿੰਘ ਬੰਟੀ ਸਾਬਕਾ ਪੰਚ, ਸੰਜੀਵ ਕੁਮਾਰ ਸੁਰੀ ਪੰਚਾਇਤ ਸੈਕਟਰੀ, ਮਦਨ ਲਾਲ ਪ੍ਰਬੰਧਕ, ਦਵਿੰਦਰ ਸਿੰਘ ਸਵਾਜਪੁਰ ਬਲਾਕ ਪ੍ਰਧਾਨ, ਲੱਡੂ ਮਹਾਲੋਂ ਬਲਾਕ ਪ੍ਰਧਾਨ ਨਵਾਂਸ਼ਹਿਰ, ਚੇਤ ਰਾਮ ਰਤਨ ਸੀਨੀਅਰ ਕੌਂਸਲਰ ਆਦਿ ਹਾਜ਼ਰ ਸਨ।

# ਸੰਤੋਸ਼ ਕਟਾਰੀਆ ਦੀ ਹਾਜ਼ਰੀ 'ਚ ਸੰਤੋਖ ਸਿੰਘ ਸ਼ਿਵਾਲਿਕ ਨੇ ਫੜਿਆ ਆਪ ਦਾ ਪੱਲਾ



**ਬਲਾਚੌਰ (ਜਸਵਿੰਦਰ ਬੈਂਸ)** ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੀਆਂ ਲੋਕ ਹਿਤੈਸ਼ੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਰਵਾਇਤੀ ਪਾਰਟੀਆਂ ਦੇ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਸੰਤੋਖ ਸਿੰਘ ਸ਼ਿਵਾਲਿਕ ਬੀ ਸੀ ਵਿੰਗ ਦੇ ਕੌਮੀ ਉਪ ਪ੍ਰਧਾਨ ਅਤੇ ਸਾਬਕਾ ਪਲੈਨਿੰਗ ਬੋਰਡ ਮੈਂਬਰ ਤੇ ਸਾਥੀਆਂ ਸਮੇਤ ਸ਼ਾਮਲ ਕਰਵਾਉਣ ਵੇਲੇ ਕੀਤਾ। ਬੀਬੀ ਸੰਤੋਸ਼ ਕਟਾਰੀਆ ਨੇਂ ਅਕਾਲੀ ਦਲ ਨੂੰ ਛੱਡ ਕੇ ਆਪ 'ਚ ਸ਼ਾਮਲ ਹੋਏ ਸੰਤੋਖ ਸਿੰਘ ਸੈਣੀ ਦੇ ਸਾਥੀ ਸਤਪਾਲ, ਆਤਮਾ ਰਾਮ, ਗਿਆਨ ਸਿੰਘ ਸੈਣੀ, ਜਰਨੈਲ ਸਿੰਘ ਸੈਣੀ, ਗੁਰਬਚਨ ਸਿੰਘ ਸੈਣੀ, ਮਹਿੰਦਰ ਸਿੰਘ ਸੈਣੀ, ਨਸੀਬ ਕੌਰ ਸਾਬਕਾ ਪ੍ਰਧਾਨ ਕੋ-ਕੋਪਰੇਟਿਵ ਸੋਸਾਇਟੀ, ਬਿੱਟੂ, ਰਾਮ ਦਾਸ ਸਾਬਕਾ ਸਰਪੰਚ, ਨਰਿੰਦਰ ਸਿੰਘ ਆਦਿ ਦੇ ਆਪ ਦਾ ਮਫਲਰ ਪਾ ਕੇ ਸੁਆਗਤ ਕੀਤਾ।ਉਹਨਾਂ ਕਿਹਾ ਕਿ ਸਾਰੇ ਸਾਥੀਆਂ ਦਾ ਆਮ ਆਦਮੀ ਪਾਰਟੀ 'ਚ ਬਣਦਾ ਮਾਣ ਸਤਿਕਾਰ ਕੀਤਾ ਜਾਵੇਗਾ।ਇਸ ਮੌਕੇ ਅਸ਼ੋਕ ਕਟਾਰੀਆ ਸੀਨੀਅਰ ਨੇਤਾ ਆਮ ਆਦਮੀ ਪਾਰਟੀ ਨੇ ਕਿਹਾ ਕਿ ਬਲਾਚੌਰ ਹਲਕੇ ਦੇ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਰਵਾਇਤੀ ਪਾਰਟੀਆਂ ਦੇ ਜ਼ਿਆਦਾਤਰ ਆਗੂ ਸਾਡੇ ਸੰਪਰਕ ਵਿੱਚ ਹਨ ਜੋ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਲਈ ਉਤਾਵਲੇ ਹਨ।ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਕਿ ਅਕਾਲੀ ਦਲ ਪਾਰਟੀ ਆਖ਼ਰੀ ਸਾਹਾਂ 'ਤੇ ਹੈ। ਇਸ ਮੌਕੇ ਬਲਾਕ ਪ੍ਰਧਾਨ ਰਣਵੀਰ ਸਿੰਘ ਧਾਲੀਵਾਲ, ਹਰਦੇਵ ਸੈਣੀ ਸਾਬਕਾ ਬਲਾਕ ਸੰਮਤੀ ਮੈਂਬਰ, ਅਵਤਾਰ ਸਿੰਘ ਲਾਡੀ, ਹਰਜਿੰਦਰ ਸਿੰਘ ਲਾਡੀ, ਹੈਪੀ ਸੈਣੀ ਆਦਿ ਹਾਜ਼ਰ ਸਨ।

# ਭਾਰਤ 'ਚ ਵਿਅਕਤੀ ਵਿਸ਼ੇਸ਼ ਨਹੀਂ, ਨਿਆਂ ਪ੍ਰਣਾਲੀ ਹੈ ਸਰਵਉੱਚ : ਬਰਸਟ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਮਨੀਸ਼ ਸਿਸੋਦੀਆ ਨੂੰ ਜਮਾਨਤ ਮਿਲਣ 'ਤੇ ਖੁਸ਼ੀ ਜਾਹਰ ਕਰਦਿਆਂ ਸੁਪਰੀਮ ਕੋਰਟ ਦਾ ਧੰਨਵਾਦ ਕੀਤਾ।ਇਸ ਨੂੰ ਸੱਚ ਦੀ ਜਿੱਤ ਕਰਾਰ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਸਾਨੂੰ ਮਾਨਯੋਗ ਸੁਪਰੀਮ ਕੋਰਟ ਤੇ ਪੂਰਾ ਯਕੀਨ ਸੀ, ਕਿਉਂਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਦਲੇ ਦੀ ਭਾਵਨਾ ਅਤੇ ਵਿਰੋਧੀਆਂ ਨੂੰ ਦਬਾਉਣ ਦੇ ਉਦੇਸ਼ ਨੂੰ ਮੁੱਖ ਰੱਖਦਿਆਂ ਹੋਇਆ ਹੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਨੂੰ ਝੂਠੇ ਕੇਸਾਂ ਵਿੱਚ ਜੇਲ ਭੇਜਿਆ ਜਾ ਰਿਹਾ ਹੈ ਅਤੇ ਸੁਪਰੀਮ ਕੋਰਟ ਦੇ ਫੈਸਲੇ ਨੇ ਕੇਂਦਰ ਸਰਕਾਰ ਦੇ ਇਸ ਤਾਨਾਸ਼ਾਹੀ ਰਵੱਈਆ ਨੂੰ ਕਰਾਰਾ ਜਵਾਬ ਦਿੱਤਾ ਹੈ। ਇਹ ਫੈਸਲਾ ਨਿਆਂ ਪ੍ਰਣਾਲੀ ਅਤੇ ਦੇਸ਼ ਵਾਸੀਆਂ ਦੀਆਂ ਭਾਵਨਾਵਾਂ ਤੇ ਵਿਸ਼ਵਾਸ ਦੀ ਜਿੱਤ ਹੈ।ਉਨ੍ਹਾਂ ਕਿਹਾ ਕਿ ਸੱਚ ਨੂੰ ਸਾਹਮਣੇ ਆਉਣ ਵਿੱਚ ਸਮਾਂ ਤਾਂ ਲੱਗ ਸਕਦਾ ਹੈ, ਪਰ ਇਸ ਨੂੰ ਕਦੇ ਦਬਾਇਆ ਨਹੀਂ ਜਾ ਸਕਦਾ। ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਸਰਕਾਰੀ ਏਜੰਸੀਆਂ ਦਾ ਗਲਤ ਇਸਤੇਮਾਲ ਕਰਦੇ ਹੋਏ 17 ਮਹੀਨਿਆਂ ਤੱਕ ਮਨੀਸ਼ ਸਿਸੋਦਿਆ ਨੂੰ ਜੇਲ੍ਹ ਵਿੱਚ ਬੰਦ ਕਰ ਕੇ ਰੱਖਿਆ ਗਿਆ।ਜੇਕਰ ਉਨ੍ਹਾਂ ਵੱਲੋਂ ਕੋਈ ਘੁਟਾਲਾ ਕੀਤਾ ਹੁੰਦਾ, ਤਾਂ ਇਨ੍ਹੇਂ ਸਮੇਂ ਵਿੱਚ ਕੋਈ ਨਾ ਕੋਈ ਸਬੂਤ ਤਾ ਮਿਲਦਾ।ਪਰ ਇਨ੍ਹਾਂ ਸਮਾਂ ਬੀਤ ਜਾਣ ਮਗਰੋਂ ਵੀ ਕੇਂਦਰੀ ਜਾਂਚ ਏਜੰਸੀਆਂ ਨੂੰ ਉਨ੍ਹਾਂ ਖਿਲਾਫ਼ ਕੋਈ ਸਬੂਤ ਨਹੀਂ ਮਿਲਿਆ। ਇਹ ਸਭ ਕਾਰਵਾਈ ਕੇਂਦਰ ਸਰਕਾਰ ਦੀ ਧੱਕੇਸ਼ਾਹੀ ਨੂੰ ਜਾਹਰ ਕਰਦੀ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਵੱਲੋਂ ਲਗਾਤਾਰ ਵਿਰੋਧੀਆਂ ਪਾਰਟੀਆਂ ਖਿਲਾਫ਼ ਝੂਠੇ ਕੇਸ ਦਰਜ਼ ਕਰਕੇ ਜਾਂਚ ਨੂੰ ਲੰਮਾ ਖਿੱਚਿਆ ਜਾਂਦਾ ਹੈ, ਤਾਂ ਜੋ ਲੋਕਾਂ ਨੂੰ ਵਰਗਲਾਇਆ ਜਾ ਸਕੇ।ਸ੍ਰੀ ਬਰਸਟ ਨੇ ਆਸ ਪ੍ਰਗਟਾਈ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਵੀ ਜਲਦ ਹੀ ਇਨਸਾਫ ਮਿਲੇਗਾ ਅਤੇ ਭਾਜਪਾ ਦਾ ਲੋਕ ਵਿਰੋਧੀ ਅਸਲੀ ਚਹਿਰਾ ਲੋਕਾਂ ਸਾਹਮਣੇ ਆਵੇਗਾ।

# ਸੰਤ ਬਾਬਾ ਗੁਰਦਿਆਲ ਸਿੰਘ ਦੇ ਟਾਂਡਾ ਪਹੁੰਚਣ 'ਤੇ ਭਰਵਾਂ ਸਵਾਗਤ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ )**-ਦੇਸ਼ ਵਿਦੇਸ਼ ਅੰਦਰ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਕਨੇਡਾ ਤੇ ਹੋਰ ਮੁਲਕਾਂ ਚ ਸੰਗਤਾਂ ਨੂੰ ਗੁਰਸ਼ਬਦ ਨਾਲ ਜੋੜ ਕੇ ਸੈਂਕੜੇ ਪੁਰਾਣੀਆਂ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਬਣਾਉਣ ਉਪਰੰਤ ਸਿੱਖ ਕੌਮ ਦੇ ਮਹਾਨ ਪ੍ਰਚਾਰਕ ਸੰਤ ਬਾਬਾ ਗੁਰਦਿਆਲ ਸਿੰਘ ਦਾ ਟਾਂਡਾ ਪੁੱਜਣ 'ਤੇ ਵੱਖ ਵੱਖ ਸੰਤਾਂ ਮਹਾਂਪੁਰਸ਼ਾਂ ਕੀਰਤਨੀਆਂ ਤੇ ਹੋਰ ਕਈਆਂ ਨੇ ਭਰਵਾ ਸਵਾਗਤ ਕੀਤਾ ਸੰਤ ਬਾਬਾ ਗੁਰਦਿਆਲ ਸਿੰਘ ਕਨੇਡਾ ਤੋਂ ਵਿਦੇਸ਼ਾਂ ਦੀ ਧਰਤੀ 'ਤੇ ਵੱਖ ਵੱਖ ਗੁਰੂਧਾਮਾਂ ਅੰਦਰ ਇਲਾਹੀ ਕੀਰਤਨ ਦੁਆਰਾ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਉਪਰੰਤ ਦੋ ਮਹੀਨੇ ਬਾਅਦ ਟਾਂਡਾ ਪੁੱਜੇ ਉੱਥੇ ਸੰਤ ਬਾਬਾ ਗੁਰਦਿਆਲ ਸਿੰਘ ਹੁਰਾਂ ਨੇ ਦੱਸਿਆ ਕਿ ਉਹ ਟੋਰਾਂਟੋ, ਵਿਨੀਪੈਗ, ਅਨਟਾਰੀਓ, ਬਰੈਂਪਟਨ, ਐਬਟਸਫੋਰਡ, ਸਰੀ, ਰਿਜਾਇਨਾ ਤੋ ਇਲਾਵਾ ਬ੍ਰਿਟਿਸ਼ ਕੋਲੰਬੀਆ ਦੇ ਵੱਖ ਵੱਖ ਗੁਰੂਧਾਮਾਂ ਅੰਦਰ ਕਰਵਾਏ ਗਏ ਕੀਰਤਨ ਸਮਾਗਮਾਂ ਚ ਹਿੱਸਾ ਲਿਆ ਜਿੱਥੇ ਹਜ਼ਾਰਾਂ ਦੀ ਤਾਦਾਦ ਚ ਸਿੱਖ ਸੰਗਤਾਂ ਨੇ ਗੁਰਬਾਣੀ ਦਾ ਲਾਹਾ ਖਟਿਆ।ਇਹਨਾਂ ਵੱਖ ਵੱਖ ਥਾਵਾਂ 'ਚ ਹੋਏ ਸਮਾਗਮਾਂ ਮੌਕੇ ਸੰਤ ਬਾਬਾ ਗੁਰਦਿਆਲ ਸਿੰਘ ਹੁਰਾਂ ਨੇ ਹਜ਼ਾਰਾਂ ਦੀ ਤਾਦਾਦ 'ਚ ਜੁੜੀਆਂ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੋੜਿਆ। ਸੰਤ ਬਾਬਾ ਗੁਰਦਿਆਲ ਸਿੰਘ ਹੋਰਾਂ ਦੇ ਟਾਂਡਾ ਪੁੱਜਣ 'ਤੇ ਜਥੇਦਾਰ ਹਰਮੇਲ ਪ੍ਰਕਾਸ਼ ਸਿੰਘ, ਭਾਈ ਬਲਜੀਤ ਸਿੰਘ, ਸੰਤ ਜੋਗਾ ਸਿੰਘ ਰਾਮਖਿਆੜੇ ਵਾਲੇ, ਭਾਈ ਜੋਰਾਵਰ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਅਰਜੁਨ ਸਿੰਘ ,ਭਾਈ ਬਲਵੀਰ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਅਮਨਪ੍ਰੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਅੰਮ੍ਰਿਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸਵਾਗਤ ਕੀਤਾ।

# ਭਾਈ ਲਾਲੋ ਲੋਕ ਮੰਚ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ



**ਬਲਾਚੌਰ (ਜਸਵਿੰਦਰ ਬੈਂਸ)** ਬਲਾਚੌਰ ਵਿਖੇ ਭਾਈ ਲਾਲੋ ਲੋਕ ਮੰਚ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਸਾਥੀ ਕੇਵਲ ਸਿੰਘ ਹਜ਼ਾਰਾਂ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਤਰਸੇਮ ਯੋਧਾ ਸੂਬਾ ਕਨਵੀਨਰ ਨੇ ਕਿਹਾ ਕਿ ਪੰਜਾਬ ਵਿੱਚ ਰਾਜਨੀਤਿਕ ਪਾਰਟੀਆਂ ਨੇ ਮਾਹੌਲ ਨੂੰ ਗੰਧਲਾ ਕਰ ਦਿੱਤਾ ਹੈ ਕੋਈ ਵੀ ਸਿਆਸੀ ਪਾਰਟੀ ਮਹਿੰਗਾਈ ਬੇਰੁਜ਼ਗਾਰੀ ਅਤੇ ਸਮਾਜਿਕ ਜਬਰ ਨੂੰ ਰੋਕਣ ਲਈ ਸੰਘਰਸ਼ਾਂ ਦੀ ਗੱਲ ਨਹੀਂ ਕਰ ਰਹੀ ਸਭ ਰਾਜਨੀਤਿਕ ਪਾਰਟੀਆਂ ਗੈਰ ਜ਼ਰੂਰੀ ਮੁੱਦਿਆਂ ਨੂੰ ਚੁੱਕ ਰਹੀਆਂ ਹਨ। ਸਿੱਟੇ ਵਜੋਂ ਸਿਹਤ ਸੇਵਾਵਾਂ ਅਤੇ ਵਿੱਦਿਆ ਦਾ ਕਾਰਜ ਕਾਰਪਰੇਟਾਂ ਦੇ ਸਪੁਰਦ ਕੀਤਾ ਜਾ ਰਿਹਾ ਲੋਕਾਂ ਨੂੰ ਮੰਗਤੇ ਬਣਾਇਆ ਜਾ ਰਿਹਾ ਹੈ। ਪੰਜਾਬ ਵਿੱਚ ਰਾਜਨੀਤਿਕ ਖਿਲਾਅ ਪੈਦਾ ਹੋ ਗਿਆ ਹੈ। ਇਸ ਲਈ ਪੰਜਾਬ ਵਿੱਚ ਲੋਕ ਮੰਚ ਦੀ ਸਥਾਪਨਾ ਕੀਤੀ ਜਾ ਰਹੀ ਹੈ। ਮੀਟਿੰਗ ਨੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਕਿ ਜਥੇਬੰਦੀ ਦੀ ਸੂਬਾਈ ਜਥੇਬੰਦਕ ਕਨਵੈਂਸ਼ਨ 16 ਅਕਤੂਬਰ ਨੂੰ ਜਲੰਧਰ ਵਿਖੇ ਕੀਤੀ ਜਾਵੇਗੀ।ਉਸ ਤੋਂ ਪਹਿਲਾਂ ਵੱਖ-ਵੱਖ ਜਿਲ੍ਹਿਆਂ ਦੀਆਂ ਜਥੇਬੰਦਕ ਇਨਵੈਂਸ਼ਨਾਂ ਮੁਕੰਮਲ ਕੀਤੀਆਂ ਜਾਣਗੀਆਂ। ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਮਾਰੂ ਨਸ਼ੇ ਦੇ ਕਹਿਰ ਨੂੰ ਰੋਕਣ ਲਈ ਠੋਸ ਅਪਰਾਲੇ ਕਰੇ। ਮੀਟਿੰਗ ਤੋਂ ਬਾਅਦ ਸੁਨੀਤਾ ਸ਼ਰਮਾ ਤਹਿਸੀਲ ਪ੍ਰਧਾਨ ਬਲਾਚੌਰ ਨੇ ਆਏ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਸੁਰਿੰਦਰ ਖੀਵਾ, ਕਰਨ ਸਿੰਘ ਰਾਣਾ, ਚਰਨਜੀਤ ਕੌਰ, ਡਾਕਟਰ ਸਨੀਤਾ ਸ਼ਰਮਾ, ਸ਼੍ਰੀਮਤੀ ਸ਼ਸ਼ੀ ਰਾਣਾ, ਤਲਵਿੰਦਰ ਰਾਣੀ, ਐਡਵੋਕੇਟ ਹਰਪਾਲ ਸਿੰਘ, ਨਿਰਮਲ ਸਿੰਘ, ਸਰਜੀਤ ਨਵਾਂਸ਼ਹਿਰ, ਪ੍ਰਕਾਸ਼ ਸਿੰਘ, ਚਰਨਜੀਤ ਸਿੰਘ, ਹੁਕਮ ਰਾਜ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਐੱਮ ਐੱਸ ਕੇ ਸਕੂਲ ਕੋਟਲੀ ਜੰਡ ਵਿਖੇ ਤੀਆਂ ਦਾ ਤਿਉਹਾਰ ਮਨਾਇਆ



**ਟਾਂਡਾ ਉੜਮੁੜ, (ਓਂਕਾਰ ਸਿੰਘ, ਜਸਵਿੰਦਰ ਸੰਧੂ)** ਐਮ ਐਸ ਕੇ ਡੇ ਬੋਰਡਿੰਗ ਸੀ ਬੀ ਐਸ ਈ ਸਕੈਂਡਰੀ ਸਕੂਲ, ਕੋਟਲੀ ਜੰਡ ਵਿਖੇ ਸਾਉਣ ਮਹੀਨੇ ਦਾ ਪ੍ਰਮੁੱਖ ਤੀਆਂ ਦਾ ਤਿਉਹਾਰ ਤੀਆਂ ਤੀਜ ਦੀਆਂ ਵਜੋਂ ਖੁਸ਼ੀਆਂ ਖੇੜਿਆਂ ਨਾਲ ਮਨਾਇਆ ਗਿਆ।ਸਕੂਲ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਿੰਸੀਪਲ ਪਰਵਿੰਦਰ ਕੌਰ ਦੀ ਅਗਵਾਈ ਵਿੱਚ ਮਨਾਏ ਗਏ ਇਸ ਤਿਉਹਾਰ ਮੌਕੇ ਇੰਪਰੂਵਮੈਂਟ ਟਰੱਸਟ, ਹੁਸ਼ਿਆਰਪੁਰ ਦੇ ਚੇਅਰਮੈਨ ਹਰਮੀਤ ਸਿੰਘ ਔਲਖ ਅਤੇ ਵਿਧਾਇਕ ਜਸਵੀਰ ਸਿੰਘ ਰਾਜਾ ਦੀ ਧਰਮ ਪਤਨੀ ਰਮਨਦੀਪ ਕੌਰ ਗਿੱਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਦੁਆਰਾ ਪੰਜਾਬ ਦੇ ਅਮੀਰ ਵਿਰਸੇ ਨੂੰ ਪੇਸ਼ ਕਰਦੇ ਹੋਏ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਮਿਸ ਤੀਜ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਵਿੱਚ ਪਲਵੀਰ ਕੌਰ ਮਿਸ ਤੀਜ ਚੁਣੀ ਗਈ। ਮੁੱਖ ਮਹਿਮਾਨ ਚੇਅਰਮੈਨ ਹਰਮੀਤ ਸਿੰਘ ਔਲਖ, ਮੈਡਮ ਰਮਨਦੀਪ ਕੌਰ ਗਿੱਲ ਤੇ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਨੇ ਮਿਸ ਤੀਜ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।ਇਸ ਮੌਕੇ ਚੇਅਰਮੈਨ ਹਰਮੀਤ ਸਿੰਘ ਔਲਖ ਤੇ ਰਮਨਦੀਪ ਕੌਰ ਗਿੱਲ ਨੇ ਵਿਦਿਆਰਥੀਆਂ ਨੂੰ ਤੀਜ ਦੇ ਤਿਉਹਾਰ ਦੀ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਪਰਵਿੰਦਰ ਕੌਰ ਨੇ ਆਏ ਮਹਿਮਾਨਾਂ ਦਾ ਸਕੂਲ ਵਿਖੇ ਆਉਣ 'ਤੇ ਧੰਨਵਾਦ ਕੀਤਾ। ਸਕੂਲ ਪ੍ਰਧਾਨ ਸੁਖਵਿੰਦਰ ਸਿੰਘ ਅਰੋੜਾ ਨੇ ਆਪਣੇ ਸੰਬੋਧਨ ਵਿੱਚ ਜਿੱਥੇ ਬੱਚਿਆਂ ਨੂੰ ਵਧਾਈ ਦਿੱਤੀ ਉਥੇ ਉਹਨਾਂ ਸਕੂਲ ਸਟਾਫ ਵੱਲੋਂ ਕਰਵਾਈ ਗਈ ਮਿਹਨਤ ਦੀ ਵੀ ਭਰਪੂਰ ਪ੍ਰਸੰਸਾ ਕੀਤੀ।ਇਸ ਮੌਕੇ ਸਕੂਲ ਸਟਾਫ ਵਿੱਚ ਮਨਮੋਹਨ ਸਿੰਘ, ਲਖਵੀਰ ਸਿੰਘ, ਕਸ਼ਿਸ਼ ਗਿੱਲ, ਆਗਿਆ ਕੌਰ, ਰਜਿੰਦਰ ਕੌਰ, ਰਜਨੀ ਬਾਲਾ, ਪ੍ਰਭਜੋਤ ਕੌਰ, ਗੁਰਸ਼ਰਨ ਕੌਰ, ਪ੍ਰੀਤੀ, ਮਨਪ੍ਰੀਤ ਕੌਰ, ਅਮਨਦੀਪ ਸੰਧੂ, ਹਰਮਨਜੋਤ ਕੌਰ, ਨਰਿੰਦਰ ਕੌਰ, ਮੀਨਾ ਅਤੇ ਬਬੀਤਾ ਹਾਜ਼ਰ ਸਨ।

# ਬਲਕਾਰ ਸਿੰਘ ਨੂੰ ਮਜ਼ਦੂਰਾਂ ਨੇ ਦਿੱਤਾ ਮੰਗ ਪੱਤਰ



**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਦੀ ਅਗਵਾਈ ਹੇਠ ਜ਼ਿਲ੍ਹਾ ਜਲੰਧਰ ਦੇ ਮਜ਼ਦੂਰ ਆਗੂਆਂ ਨੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੂੰ ਮੰਗ ਪੱਤਰ ਦੇ ਕੇ ਚੋਣ ਵਾਅਦਿਆਂ ਅਨੁਸਾਰ ਦਿੱਤੀਆਂ ਗਰੰਟੀਆਂ ਸਮੇਤ ਮਜ਼ਦੂਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਨੂੰ ਫੌਰੀ ਲਾਗੂ ਕਰਨ ਦੀ ਮੰਗ ਕੀਤੀ।ਜਥੇਬੰਦੀ ਦੇ ਇਲਾਕਾ ਨਕੋਦਰ ਸ਼ਾਹਕੋਟ ਦੇ ਪ੍ਰਧਾਨ ਹਰਪਾਲ ਬਿੱਟੂ ਨੇ ਇਸ ਮੌਕੇ ਦੱਸਿਆ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ ਇਸ ਨੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਸਗੋਂ ਪਹਿਲੀਆਂ ਸਰਕਾਰਾਂ ਤੋਂ ਅੱਗੇ ਜਾਂਦਿਆਂ ਮਜ਼ਦੂਰਾਂ ਨਾਲ ਘੋਰ ਵਿਤਕਰੇਬਾਜ਼ੀ ਦੀ ਨੀਤੀ ਅਪਣਾ ਰੱਖੀ ਹੈ।ਉਹਨਾਂ ਕਿਹਾ ਕਿ ਮਜ਼ਦੂਰ ਜਥੇਬੰਦੀਆਂ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਸੰਘਰਸ਼ ਸਦਕਾ, ਮੁੱਖ ਮੰਤਰੀ ਪੰਜਾਬ ਮੀਟਿੰਗਾਂ ਤਾਂ ਤਹਿ ਕਰਦੇ ਰਹੇ ਪਰ ਮਜ਼ਦੂਰਾਂ ਲਈ ਉਹਨਾਂ ਸਮਾਂ ਨਹੀਂ ਕੱਢਿਆ ਜੋ ਕਿ ਸਮੁੱਚੇ ਮਜ਼ਦੂਰ ਭਾਈਚਾਰੇ ਦਾ ਨਿਰਾਦਰ ਹੈ। ਮੰਗਾਂ 'ਤੇ 21 ਅਗਸਤ ਨੂੰ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਦੀ ਜਲੰਧਰ ਸਥਿਤ ਰਿਹਾਇਸ਼ ਅੱਗੇ ਇੱਕ ਦਿਨਾਂ ਧਰਨਾ ਦਿੱਤਾ ਜਾਵੇਗਾ।ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਆਗੂ ਸਤਨਾਮ ਉੱਗੀ, ਪਾਲ ਰਸੂਲਪੁਰ, ਪਾਲੀ ਜਹਾਂਗੀਰ ਅਤੇ ਹੋਰ ਸਾਥੀ ਮੌਜੂਦ ਸਨ।

# ਪੰਜਾਬ ਪੈਨਸ਼ਨਰਜ਼ ਮਹਾਂ ਸੰਘ ਦੇ ਮੈਂਬਰਾਂ ਦੀ ਮੀਟਿੰਗ

**ਸ੍ਰੀ ਚਮਕੌਰ ਸਾਹਿਬ,(ਗੁਰਵਿੰਦਰਪਾਲ ਸਿੰਘ ਬੌਬੀ)** ਪੰਜਾਬ ਪੈਨਸ਼ਨਰਜ਼ ਮਹਾਂ ਸੰਘ ਦੇ ਮੈਂਬਰਾਂ ਦੀ ਮੀਟਿੰਗ ਸੰਘ ਦੇ ਪ੍ਰਧਾਨ ਲੈਕਚਰਾਰ ਧਰਮ ਪਾਲ ਸੋਖਲ ਦੀ ਪ੍ਰਧਾਨਗੀ ਹੇਠ ਹੋਈ। ਸੰਘ ਦੇ ਸੀਨੀਅਰ ਮੈਂਬਰ ਲੈਕਚਰਾਰ ਲਛਮਣ ਸਿੰਘ ਅਤੇ ਪਵਨ ਕੁਮਾਰ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਪੈਨਸ਼ਨਰਜ਼ਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ 'ਤੇ ਵਿਚਾਰ ਚਰਚਾ ਕੀਤੀ ਅਤੇ ਪੰਜਾਬ ਸਰਕਾਰ ਵਿਰੁੱਧ ਮੰਗਾਂ ਨਾ ਮੰਨਣ 'ਤੇ ਨਾਅਰੇਬਾਜ਼ੀ ਕੀਤੀ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਬੁਲਾਰਿਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਸੰਬੰਧੀ ਮੀਟਿੰਗ ਲਈ ਵਾਰ-ਵਾਰ ਸਮਾਂ ਦੇ ਕੇ ਮੀਟਿੰਗ ਨੂੰ ਅੱਗੇ ਪਾ ਦੇਣ ਦੀ ਵੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਜੋ ਵੀ ਉਨ੍ਹਾਂ ਦੀਆਂ ਮੰਗਾਂ ਹਨ, ਉਹ ਬਿਲਕੁਲ ਜਾਇਜ਼ ਹਨ ਅਤੇ ਉਨ੍ਹਾਂ ਦਾ ਹੱਕ ਵੀ ਹਨ ਪਰ ਪੰਜਾਬ ਸਰਕਾਰ ਉਕਤ ਮੰਗਾਂ ਨੂੰ ਅਣਗੌਲਿਆਂ ਕਰਕੇ ਪੈਨਸ਼ਨਰਜ਼ਾਂ ਨਾਲ ਧੋਖਾ ਕਰ ਰਹੀ ਹੈ। ਪੈਨਸ਼ਨਰਜ਼ਾਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਤੁਰੰਤ ਲਾਗੂ ਨਾ ਕੀਤੀਆਂ ਗਈਆਂ ਤਾਂ ਉਹ ਪੰਜਾਬ ਸਰਕਾਰ ਪ੍ਰਤੀ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਇਸ ਤੋਂ ਬਾਅਦ ਪੈਨਸ਼ਨਰਜ਼ ਭਵਨ ਵਿਖੇ ਕਈ ਪੌਦੇ ਲਗਾਏ ਗਏ ਅਤੇ ਜਿਨ੍ਹਾਂ ਮੈਂਬਰਾਂ ਦਾ ਅਗਸਤ ਮਹੀਨੇ ਵਿਚ ਜਨਮ ਦਿਨ ਹੈ, ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਸੁਰਿੰਦਰਜੀਤ ਵਰਮਾ, ਹਰਚੰਦ ਸਿੰਘ, ਕੈਪਟਨ ਗੁਰਦੇਵ ਸਿੰਘ, ਨਿਰਮਲ ਸਿੰਘ, ਭਾਗ ਸਿੰਘ ਮਕੜੌਨਾ, ਕੁਲਵੰਤ ਸਿੰਘ, ਬਲਦੇਵ ਸਿੰਘ, ਸੁਰਜੀਤ ਸਿੰਘ, ਬੁੱਧ ਸਿੰਘ, ਬਾਰਾ ਸਿੰਘ ਕੰਗ, ਰਘਬੀਰ ਸਿੰਘ ਅਤੇ ਨੌਹਰੀਆ ਸਿੰਘ ਆਦਿ ਹਾਜ਼ਰ ਸਨ।

# 3 ਭਗੌੜੇ ਕਾਬੂ



**ਜਲੰਧਰ, (ਸ਼ੈਲੀ ਐਲਬਰਟ)** ਜਲੰਧਰ ਦਿਹਾਤੀ ਪੁਲਸ ਨੇ ਹਿਮਾਚਲ ਪ੍ਰਦੇਸ਼ ਵਿੱਚ ਲੁਕੇ ਇੱਕ ਮੁਲਜ਼ਮ ਸਮੇਤ ਤਿੰਨ ਭਗੌੜੇ ਨੂੰ ਸਫਲਤਾਪੂਰਵਕ ਫੜਿਆ ਹੈ।ਸੀਨੀਅਰ ਕਪਤਾਨ ਪੁਲਸ ਹਰਕਮਲਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਆਦਮਪੁਰ ਸਬ-ਡਵੀਜ਼ਨ ਦੇ ਉਪ ਪੁਲਸ ਕਪਤਾਨ ਸੁਮਿਤ ਸੂਦ ਦੀ ਦੇਖ-ਰੇਖ ਹੇਠ ਇਸ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ ਹੈ।ਐਸ ਐਸ ਪੀ ਖੱਖ ਨੇ ਕਿਹਾ ਕਿ ਪੁਲਸ ਦੀ ਪਹੁੰਚ ਰਾਜ ਦੀਆਂ ਸੀਮਾਵਾਂ ਤੋਂ ਪਰੇ ਹੈ ਜਦੋਂ ਭਗੌੜੇ ਅਪਰਾਧੀਆਂ ਨੂੰ ਨਿਆਂ ਦੇ ਕਟਹਿਰੇ 'ਚ ਲਿਆਉਣ ਦੀ ਗੱਲ ਆਉਂਦੀ ਹੈ।ਮੁੱਖ ਗ੍ਰਿਫਤਾਰੀਆਂ 'ਚੋਂ ਇੱਕ ਦੀਪਕ, ਉਰਫ ਸ਼ਮੀ ਵਾਸੀ ਭੋਗਪੁਰ ਹੈ, ਜੋ ਖੁਦਕੁਸ਼ੀ ਲਈ ਉਕਸਾਉਣ ਦੇ ਮਾਮਲੇ ਵਿੱਚ 2022 ਤੋਂ ਪੁਲਸ ਨੂੰ ਲੋੜੀਂਦਾ ਸੀ। ਪੁਲਸ ਨੇ ਪੁਸ਼ਟੀ ਕੀਤੀ ਕਿ ਦੀਪਕ ਦਾ ਹਿਮਾਚਲ ਪ੍ਰਦੇਸ਼ 'ਚ ਲੁਕੇ ਹੋਣ ਦਾ ਖੁਫੀਆ ਜਾਣਕਾਰੀ ਇਕੱਠੀ ਕਰਕੇ ਪਤਾ ਲਗਾਇਆ ਗਿਆ ਸੀ।ਇੱਕ ਹੋਰ ਗ੍ਰਿਫਤਾਰੀ ਉਂਕਾਰ ਸਿੰਘ ਉਰਫ਼ ਕਾਰਾ ਦੀ ਸੀ, ਜੋ ਕਤਲ ਅਤੇ ਅਸਲਾ ਐਕਟ ਦੀ ਉਲੰਘਣਾ ਦੇ 2016 ਦੇ ਇੱਕ ਕੇਸ 'ਚ ਲੋੜੀਂਦਾ ਸੀ।ਇਸ ਕਾਰਵਾਈ ਦੀ ਅਗਵਾਈ ਕਰ ਰਹੇ ਇੰਸਪੈਕਟਰ ਸਿਕੰਦਰ ਸਿੰਘ ਨੇ ਦੱਸਿਆ ਕਿ ਅਦਾਲਤ ਵੱਲੋਂ ਭਗੌੜਾ ਐਲਾਨੇ ਗਏ ਉਕਾਰ ਸਿੰਘ ਨੂੰ 8 ਅਗਸਤ ਨੂੰ ਪਿੰਡ ਰਹੀਮਪੁਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।ਤੀਜੀ ਗ੍ਰਿਫ਼ਤਾਰੀ 'ਚ ਸਾਹਿਲ ਨੂੰ ਐਨ ਡੀ ਪੀ ਐਸ ਅਤੇ ਆਬਕਾਰੀ ਐਕਟ ਤਹਿਤ ਲੋੜੀਂਦਾ ਸੀ।ਇਸ ਗ੍ਰਿਫਤਾਰੀ ਦੀ ਅਗਵਾਈ ਕਰਨ ਵਾਲੇ ਇੰਸਪੈਕਟਰ ਰਵਿੰਦਰ ਪਾਲ ਸਿੰਘ ਨੇ ਪੁਸ਼ਟੀ ਕੀਤੀ ਕਿ ਸਾਹਿਲ ਨੂੰ ਸਿਕੰਦਰਪੁਰ ਤੋਂ ਫੜਿਆ ਗਿਆ ਹੈ।ਐਸ ਐਸ ਪੀ ਖੱਖ ਨੇ ਦੁਹਰਾਇਆ ਕਿ ਲੋੜੀਂਦੇ ਅਪਰਾਧੀਆਂ ਵਿਰੁੱਧ ਇਹ ਮੁਹਿੰਮ ਨਿਰਵਿਘਨ ਜਾਰੀ ਰਹੇਗੀ। ਫੜੇ ਗਏ ਮੁਲਜ਼ਮਾਂ ਨੂੰ ਸਥਾਨਕ ਅਦਾਲਤ ਵਿੱਚ ਪੇਸ਼ ਕਰਕੇ ਉਨ੍ਹਾਂ ਦਾ ਰਿਮਾਂਡ ਲੈ ਕੇ ਉਨ੍ਹਾਂ ਦੇ ਅੱਗੇ ਅਤੇ ਪਿੱਛੇ ਸਬੰਧਾਂ ਦੀ ਜਾਂਚ ਕੀਤੀ ਜਾਵੇਗੀ।

# ਲਾਇਨਜ਼ ਕਲੱਬ ਨੇ ਚਾਹਲ ਨਗਰ ਪਾਰਕ 'ਚ ਲਗਾਏ ਬੂਟੇ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਸਪੈਸ਼ਲ ਸਟੇਟਸ ਇਲੈਵਨ ਸਟਾਰ ਹੰਡਰੇਡ ਪਰਸੈਂਟ ਐਕਟਿਵ ਲਾਇਨਜ਼ ਕਲੱਬ ਫਗਵਾੜਾ ਸਰਵਿਸ ਵੱਲੋਂ ਕਲੱਬ ਪ੍ਰਧਾਨ ਲਾਇਨ ਰਾਜੀਵ ਮਹਿਰਾ ਦੀ ਅਗਵਾਈ ਹੇਠ ਦੋ ਪ੍ਰੋਜੈਕਟ ਕੀਤੇ ਗਏ।ਪਹਿਲੇ ਪ੍ਰੋਜੈਕਟ ਤਹਿਤ ਚਾਹਲ ਨਗਰ ਸਥਿਤ ਸੁਆਮੀ ਵਿਵੇਕਾਨੰਦ ਪਾਰਕ 'ਚ ਬੂਟੇ ਲਗਾਏ ਗਏ।ਇਸ ਮੌਕੇ ਏ ਡੀ ਸੀ ਕਮ ਨਗਰ ਨਿਗਮ ਕਮਿਸ਼ਨਰ ਅਨੁਪਮ ਕਲੇਰ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਅਤੇ ਬੂਟੇ ਲਗਾਉਣ ਦੀ ਮੁਹਿਮ ਦੀ ਆਰੰਭਤਾ ਕਰਵਾਈ।

ਉਹਨਾਂ ਕਲੱਬ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਣ ਸੁਰੱਖਿਆ ਦੀ ਜਰੂਰਤ ਨੂੰ ਦੇਖਦੇ ਹੋਏ ਸਮਾਜ ਸੇਵੀ ਜੱਥੇਬੰਦੀਆਂ ਵੱਲੋਂ ਕੀਤਾ ਜਾ ਰਿਹਾ ਬੂਟੇ ਲਗਾਉਣ ਦਾ ਉਪਰਾਲਾ ਹੋਰਨਾਂ ਨੂੰ ਵੀ ਪ੍ਰੇਰਨਾ ਦੇਣ ਵਾਲਾ ਹੈ।ਇਸ ਪ੍ਰੋਜੈਕਟਰ ਦੇ ਡਾਇਰੈਕਟਰ ਅਤੇ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਲਾਇਨ ਵਿਪਨ ਹਾਂਡਾ ਨੇ ਮੁੱਖ ਮਹਿਮਾਨ ਏ ਡੀ ਸੀ ਅਨੁਪਮ ਕਲੇਰ ਅਤੇ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਕਲੱਬ ਦੇ ਦੂਸਰੇ ਪ੍ਰੋਜੈਕਟ ਤਹਿਤ ਜੇ ਸੀ ਟੀ ਮਿਲ ਸਾਹਮਣੇ ਬਣੇ ਮੰਦਰ ਦੇ ਅੱਗੇ ਪੰਦਰਵਾੜਾ ਪ੍ਰੋਜੈਕਟ ਅਧੀਨ ਖੀਰ ਅਤੇ ਕੜਾਹ ਪ੍ਰਸਾਦ ਦਾ ਲੰਗਰ ਲਗਾਇਆ ਗਿਆ। ਕਲੱਬ ਪ੍ਰਧਾਨ ਲਾਇਨ ਰਾਜੀਵ ਮਹਿਰਾ ਨੇ ਇਸ ਪ੍ਰੋਜੈਕਟ ਵਿਚ ਸਹਿਯੋਗ ਲਈ ਐਨ ਆਰ ਆਈ ਸੁਖਵਿੰਦਰ ਸਿੰਘ ਯੂ ਐਸ ਏ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਪ੍ਰੋਜੈਕਟ ਦੇ ਚੇਅਰਮੈਨ ਲਾਇਨ ਅਵਤਾਰ ਬਾਂਸਲ ਸਨ।ਲੰਗਰ ਦੀ ਸੇਵਾ ਵਰਤਾਉਣ ਵਾਲਿਆਂ 'ਚ ਲਾਇਨ ਰਾਜਨ ਧਵਨ ਸਮੇਤ ਹੋਰ ਕਲੱਬ ਮੈਂਬਰ ਵੀ ਸ਼ਾਮਲ ਸਨ।

# 'ਇੱਕ ਰੁੱਖ ਸੌ ਸੁੱਖ' ਤਹਿਤ ਸੁਸਾਇਟੀ ਵੱਲੋਂ 11000 ਪੌਦੇ ਲਗਾਏ ਜਾਣਗੇ : ਕਾਹਲੋਂ



**ਅੱਡਾ ਸਰਾਂ (ਜਸਵੀਰ ਕਾਜਲ)** ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਜੋ ਕਿ ਕਾਫੀ ਲੰਬੇ ਸਮੇਂ ਤੋਂ ਲੋਕ ਸੇਵਾ ਦੇ ਵੱਖ ਵੱਖ ਖੇਤਰਾ ਵਿੱਚ ਆਪਣਾ ਅਹਿਮ ਯੋਗਦਾਨ ਦੇ ਰਹੇ ਹਨ, ਹਰ ਸਾਲ ਆਪਣੇ ਜਨਮ ਦਿਨ ਮੌਕੇ ਸੈਂਕੜੇ ਰੁੱਖ ਲਗਾਉਂਦੇ ਹਨ। ਇਸ ਵਾਰ ਵੀ ਉਨ੍ਹਾਂ ਵੱਲੋਂ ਬਲਾਕ ਭੂੰਗਾਂ ਦੇ ਵੱਖ ਵੱਖ ਪਿੰਡਾਂ ਵਿੱਚ ਰੁੱਖ ਲਗਵਾਉਣ ਦੀ ਮੁਹਿੰਮ ਸ਼ੁਰੂ ਕਰਕੇ ਆਪਣਾ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਪਹੁੰਚੇ ਗੁਰਪ੍ਰੀਤ ਸਿੰਘ ਮੁੱਖ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਬ੍ਰਾਂਚ ਭੂੰਗਾਂ ਨੇ ਕਿਹਾ ਕਿ ਰੁੱਖ ਅਤੇ ਮਨੁੱਖ ਦਾ ਰਿਸ਼ਤਾ ਬਹੁਤ ਗਹਿਰਾ ਹੈਹੈ ਰੁੱਖਾਂ ਤੋਂ ਬਿਨ੍ਹਾਂ ਮਨੁੱਖੀ ਜੀਵਨ ਦੀ ਕਲਪਨਾ ਨਹੀ ਕੀਤੀ ਜਾ ਸਕਦੀ। ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਨੇ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਅਧਾਰ ਹਨ ਰੁੱਖਾਂ ਤੋਂ ਸਾਨੂੰ ਨਾ ਸਿਰਫ ਆਕਸੀਜਨ ਸਗੋਂ ਫੁੱਲ, ਫੱਲ, ਛਾਂ, ਵਾਤਾਵਰਣ ਦੀ ਸ਼ੁੱਧਤਾ, ਫਰਨੀਚਰ, ਬਾਲਣ, ਖੇਡਾ ਦਾ ਸਮਾਨ ਅਤੇ ਅਨੇਕ ਪ੍ਰਕਾਰ ਦੀਆ ਜੜੀਆ ਬੁਟੀਆ ਮਿਲਦੀਆ ਹਨ ਇਸ ਲਈ ਸਾਨੂੰ ਵੱਧ ਤੋ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਮੌਕੇ ਸੁਮਨਾ ਦੇਵੀ ਸੀ ਈ ਓ ਹਿਮਾਲਿਆ ਐਫ ਪੀ ਓ ਟਾਡਾ ਨੇ ਕਿਹਾ ਕਿ ਸੁਸਾਇਟੀ ਵੱਲੋਂ ਵੱਖ ਵੱਖ ਪਿੰਡਾਂ ਦੀਆ ਸਾਝੀਆ ਥਾਵਾ 'ਤੇ 11000 ਤੋ ਵੱਧ ਬੂਟੇ ਲਗਾਏ ਜਾਣਗੇ। ਇਸ ਮੌਕੇ ਕੁਲਵਿੰਦਰ ਕੌਰ ਸੀ ਈ ਓ ਕੰਡੀ ਐਫ.ਪੀ.ਓ. ਦਸੂਹਾ, ਕੁਲਵਿੰਦਰ ਕੌਰ ਸੀ.ਈ.ਓ. ਹਰਿਆਲੀ ਐਫ.ਪੀ.ਓ. ਹੁਸ਼ਿਆਰਪੁਰ, ਬਲਜੀਤ ਸਿੰਘ ਢੱਡਾਂ ਬੋਰਡ ਆਫ ਡਾਇਰੈਕਟਰ ਸ਼ਿਵਾਲਿਕ ਐਫ.ਪੀ.ਓ., ਰਾਜਨ ਡੋਗਰਾ, ਪੰਕਜ ਸ਼ਰਮਾਂ, ਮਨਪ੍ਰੀਤ ਮਨੀ, ਵਿਕਾਸ ਸ਼ਰਮਾਂ ਬੀ.ਓ.ਡੀ., ਹਰਿੰਦਰ ਸਿੰਘ ਨੂਰ ਸਟੂਡਿਓ ਆਦਿ ਹਾਜ਼ਰ ਸਨ।

# ਭਾਰਤੀ ਹਾਕੀ ਟੀਮ ਵੱਲੋਂ ਕਾਂਸੇ ਦਾ ਤਮਗਾ ਜਿੱਤਣ 'ਤੇ ਤੇਹਿੰਗ 'ਚ ਖੁਸ਼ੀ ਮਨਾਈ



**ਫਿਲੌਰ ( ਨਿਰਮਲ )** ਉਲੰਪਿਕ ਚ ਭਾਰਤੀ ਹਾਕੀ ਟੀਮ ਵੱਲੋਂ ਵਧੀਆ ਪ੍ਰਦਰਸ਼ਨ ਕਾਰਨ ਕਾਸੇ ਦਾ ਮੈਡਲ ਜਿੱਤਿਆ। ਭਾਰਤ ਹਾਕੀ ਟੀਮ ਵੱਲੋਂ ਕਾਸੇ ਦਾ ਮੈਡਲ ਜਿੱਤਣ 'ਤੇ ਪਿੰਡ ਤੇਹਿੰਗ ਵਿਖੇ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਏਕਨੂਰ ਹਾਕੀ ਅਕੈਡਮੀ ਚਲਾ ਰਹੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਡੇ ਪਿੰਡ ਦੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ਼ ਏਕ ਨੂਰ ਅਕੈਡਮੀ ਚਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਹਾਕੀ ਨੂੰ ਪ੍ਰਫੁੱਲਿਤ ਕਰਨ ਲਈ ਖਿਡਾਰੀਆਂ ਦਾ ਹਰ ਤਰ੍ਹਾਂ ਨਾਲ ਸਹਿਯੋਗ ਕਰ ਰਹੇ ਹਨ ਖਿਡਾਰੀਆਂ ਨੂੰ ਸਵੇਰੇ ਤੋਂ ਸ਼ਾਮ ਤੱਕ ਦਾ ਸਾਰਾ ਖਾਣ ਪੀਣ ਦਾ ਸਮਾਨ ਅਤੇ ਵਰਦੀਆਂ ਤੱਕ ਮੁਹੱਈਆ ਕਰਵਾਈਆਂ ਜਾਂਦੀਆਂ ਹਨ।ਐਨ ਆਰ ਆਈ ਵੀਰਾਂ ਵੱਲੋਂ ਕੁਝ ਸਾਲ ਪਹਿਲਾਂ ਪਿੰਡ ਤੇਹਿੰਗ ਵਿਖੇ ਏਕ ਨੂਰ ਅਕੈਡਮੀ ਆਰੰਭ ਕੀਤੀ ਗਈ ਸੀ।ਏਕ ਨੂਰ ਅਕੈਡਮੀ ਵੱਲੋਂ ਖਿਡਾਰੀਆਂ ਲਈ ਵਧੀਆ ਕੋਚ ਅਤੇ ਟੂਰਨਾਮੈਂਟ ਖੇਡਣ ਜਾਣ ਲਈ ਬੱਸਾਂ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਰਹੀ ਹੈ।ਜਿਸ ਕਾਰਨ ਇਸ ਅਕੈਡਮੀ ਵਿੱਚੋਂ ਕਈ ਵਧੀਆ ਖਿਡਾਰੀ ਪੰਜਾਬ ਵਿੱਚ ਵਧੀਆ ਪ੍ਰਦਰਸ਼ਨ ਕਰ ਰਹੇ ਹਨ। ਜਿਸ 'ਤੇ ਪਿੰਡ ਵਾਸੀਆਂ ਵੱਲੋਂ ਸਮੂਹ ਐਨ ਆਰ ਆਈ ਵੀਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਭਾਰਤ ਦੀ ਹਾਕੀ ਟੀਮ ਵੱਲੋਂ ਕਾਂਸ਼ੀ ਦਾ ਮੈਡਲ ਜਿੱਤਣ ਤੇ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਹਾਜ਼ਰ ਤੀਰਥ ਸਿੰਘ, ਸੁਖਦੇਵ ਸਿੰਘ, ਕੁਲਵਿੰਦਰ ਸਿੰਘ, ਸੁਰਜੀਤ ਸਿੰਘ, ਲਸਕਰੀ ਰਾਮ, ਪਾਲਾ ਸਿੰਘ, ਜੀਤ ਸਿੰਘ, ਜਸਵੀਰ ਸਿੰਘ, ਅਮਰਜੀਤ ਸਿੰਘ, ਤਰਸੇਮ ਸਿੰਘ, ਪ੍ਰੇਮ ਸਿੰਘ, ਪਰਮਜੀਤ ਸਿੰਘ, ਸੁਖਵੰਤ ਸਿੰਘ, ਲਖਵਿੰਦਰ ਸਿੰਘ ਅਤੇ ਹੋਰ ਹਾਜ਼ਰ ਸਨ।

# ਹਰਿਆਣਾ ਸਰਕਾਰ ਨੇ 60 ਸਾਲ ਤੋਂ ਵੱਧ ਉਮਰ ਦੇ ਮਾਨਤਾ ਪ੍ਰਾਪਤ ਪੱਤਰਕਾਰਾਂ ਲਈ ਪੈਨਸ਼ਨ ਨਿਯਮਾਂ ਨੂੰ ਬਣਾਇਆ ਆਸਾਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਵਿਚ ਮਾਨਤਾ ਪ੍ਰਾਪਤ ਮੀਡੀਆ ਪਰਸਨਸ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਇਕ ਮਹਤੱਵਪੂਰਨ ਕਦਮ ਚੁੱਕੇ ਹੋਏ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਦੀ ਅਗਵਾਈ ਹੇਠ ਇੱਥੇ ਹੋਈ ਹਰਿਆਣਾ ਕੈਬਨਿਟ ਦੀ ਮੀਟਿੰਗ ਵਿਚ 60 ਸਾਲ ਤੋਂ ਵੱਧ ਉਮਰ ਦੇ ਮਾਨਤਾ ਪ੍ਰਾਪਤ ਪੱਤਰਕਾਰਾਂ ਲਈ ਪੈਨਸ਼ਨ ਯੋਜਨਾ ਵਿੱਚ ਮਹਤੱਵਪੂਰਨ ਸੋਧਾਂ ਨੂੰ ਮਨਜੂਰੀ ਦਿੱਤੀ ਗਈ।ਇਨ੍ਹਾਂ ਸੋਧਾਂ 'ਚ ਲਾਭਕਾਰ ਮੀਡੀਆ ਪਰਸਨਸ ਖਿਲਾਫ ਕਦੀ ਵੀ ਕੋਈ ਅਪਰਾਧਿਕ ਮਾਮਲੇ ਦਰਜ ਹੋਣ ਦੀ ਸਥਿਤੀ 'ਚ ਪੈਨਸ਼ਨ ਬੰਦ ਕਰਨ ਦੇ ਨਿਯਮ ਨੂੰ ਹਟਾ ਦਿੱਤਾ ਗਿਆ ਹੈ।ਇਸੀ ਤਰ੍ਹਾਂ ਮੀਡੀਆ ਪਰਸਨਸ ਦਾ ਆਚਰਣ ਪੱਤਰਕਾਰਿਤਾ ਦੇ ਨਿਰਧਾਰਿਤ ਸਿਧਾਂਤਾਂ ਨੈਤਿਕਤਾ ਦੇ ਵਿਰੁੱਧ ਪਾਏ ਜਾਣ 'ਤੇ ਉਨ੍ਹਾਂ ਦੀ ਪੈਨਸ਼ਨ ਬੰਦ ਕਰਨ ਦੇ ਨਿਯਮ ਨੂੰ ਵੀ ਖਤਮ ਕਰ ਦਿੱਤਾ ਗਿਆ ਹੈ।ਇਸ ਤੋਂ ਇਲਾਵਾ, ਪਰਵਾਰ ਪਹਿਚਾਣ ਪੱਤਰ ਅਨੁਸਾਰ ਪ੍ਰਤੀ ਪਰਵਾਰ ਦਾ ਸਿਰਫ ਇਕ ਮੈਂਬਰ ਹੀ ਮਹੀਨਾ ਪੈਨਸ਼ਨ ਲਈ ਯੋਗ ਹੋਵੇਗਾ, ਹੁਣ ਇਸ ਨਿਯਮ ਨੂੰ ਵੀ ਹਟਾ ਦਿੱਤਾ ਗਿਆ ਹੈ।ਮੌਜੂਦਾ ਵਿੱਚ ਸੂਬਾ ਸਰਕਾਰ ਵੱਲੋਂ ਰੋਜਾਨਾ, ਸ਼ਾਮ, ਹਫਤੇਵਾਰ, 15 ਦਿਨਾਂ, ਮਹੀਨਾਵਾਰ ਅਖਬਾਰਾਂ, ਸਮਾਚਾਰ ਏਜੰਸੀਆਂ, ਰੇਡਿਓ ਸਟੇਸ਼ਨਾਂ, ਨਿਊਜ਼ ਚੈਨਲਾਂ ਦੇ ਮਾਨਤਾ ਪ੍ਰਾਪਤ ਪੱਤਰਕਾਰਾਂ ਨੂੰ 15,000 ਰੁਪਏ ਦੀ ਮਹੀਨਾਂ ਪੈਨਸ਼ਨ ਪ੍ਰਦਾਨ ਕੀਤੀ ਜਾ ਰਹੀ ਹੈ।

# ਐੱਸ ਡੀ ਕਾਲਜ 'ਚ ਟਰੈਫਿਕ ਨਿਯਮਾਂ ਦੀ ਪਾਲਣਾ ਸੰਬੰਧੀ ਲੈਕਚਰ




**ਸੁਲਤਾਨਪੁਰ ਲੋਧੀ (ਹਨੀ)** ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ ਐਸ ਵਿਭਾਗ ਤੇ ਰੈਡ ਰਿਬਨ ਕਲੱਬ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਹੇਠ ਟਰੈਫਿਕ ਨਿਯਮਾਂ ਦੀ ਪਾਲਣਾ ਹੈਤੂ ਲੈਕਚਰ ਕਰਵਾਇਆ ਗਿਆ।ਇਸ ਮੌਕੇ ਟਰੈਫਿਕ ਨਿਯਮਾਂ ਦੀ ਪਾਲਣਾ ਹੇਤੂ ਵਿਦਿਆਰਥਣਾਂ ਨੂੰ ਜਾਗਰੂਕ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਹਰ ਨਾਗਰਿਕ ਲਈ ਜ਼ਰੂਰੀ ਹੈ, ਇਹਨਾਂ ਨਿਯਮਾਂ ਦੀ ਉਲੰਘਣਾ ਕਰਨ ਨਾਲ ਸੜਕਾਂ 'ਤੇ ਦੁਰਘਟਨਾਵਾਂ ਦਾ ਵਾਧਾ ਹੁੰਦਾ ਹੈ।ਜੇ ਅਸੀਂ ਨਿਯਮਾਂ ਦੀ ਪਾਲਣਾ ਕਰਦੇ ਹਾਂ ਤਾਂ ਕਾਫੀ ਹੱਦ ਤੱਕ ਦੁਰਘਟਨਾ ਹੋਣ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਬੀ ਏ ਭਾਗ।ਤੀਜਾ ਦੀਆਂ ਵਿਦਿਆਰਥਣਾਂ ਪਰਨੀਤ ਕੌਰ ਤੇ ਨਵਜੋਤ ਕੌਰ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਦੱਸਿਆ ਕਿ ਨਾਬਾਲਗ ਬੱਚਿਆਂ ਨੂੰ ਵਾਹਨ ਨਹੀਂ ਚਲਾਉਣਾ ਚਾਹੀਦਾ ਤੇ ਮਾਪਿਆਂ ਨੂੰ ਵੀ ਇਸ ਸਬੰਧੀ ਸਾਵਧਾਨੀ ਵਰਤਣੀ ਚਾਹੀਦੀ ਹੈ।ਜਿਵੇਂ ਕੁਦਰਤ ਨਿਯਮਾਂ ਵਿੱਚ ਬੱਝੀ ਹੈ, ਉਵੇਂ ਹੀ ਸਾਨੂੰ ਆਪਣੀ ਜ਼ਿੰਦਗੀ 'ਚ ਨਿਯਮਾਂ ਦੀ ਪਾਲਣਾ ਕਰਦੇ ਹੋਏ ਵਧੀਆ ਢੰਗ ਨਾਲ ਜੀਵਨ ਬਤੀਤ ਕਰਨਾ ਚਾਹੀਦਾ ਹੈ।ਇਸ ਮੌਕੇ ਕਾਲਜ ਦੇ ਸਟਾਫ਼ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਆਜ਼ਾਦੀ ਦਿਵਸ ਦੀਆਂ ਤਿਆਰੀਆਂ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ

**ਮੋਹਾਲੀ (ਗੁਰਜੀਤ ਬਿੱਲਾ)** ਜ਼ਿਲੇ ਵਿੱਚ 77ਵੇਂ ਸੁਤੰਤਰਤਾ ਦਿਵਸ ਨੂੰ ਮਨਾਉਣ ਦੀਆਂ ਤਿਆਰੀਆਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ੋਰਾਂ 'ਤੇ ਕੀਤੀਆਂ ਜਾ ਰਹੀਆਂ ਹਨ। 15 ਅਗਸਤ ਨੂੰ ਮਨਾਏ ਜਾਣ ਵਾਲੇ ਆਜ਼ਾਦੀ ਦਿਵਸ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਵੱਲੋਂ ਸਮਾਗਮ ਵਾਲੇ ਸਥਾਨ ਸ਼ਹੀਦ ਮੇਜਰ (ਸ਼ੌਰਿਆ ਚੱਕਰ) ਹਰਮਿੰਦਰਪਾਲ ਸਿੰਘ ਸਰਕਾਰੀ ਕਾਲਜ, ਫੇਜ਼ 6 ਵਿਖੇ ਜ਼ਿਲ੍ਹਾ ਅਧਿਕਾਰੀਆਂ ਦੀ ਵਿਸ਼ੇਸ ਮੀਟਿੰਗ ਬੁਲਾ ਕੇ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਵੱਲੋ ਜ਼ਿਲ੍ਹਾ ਅਧਿਕਾਰੀਆਂ ਨੂੰ ਸੁਤੰਤਰਤਾ ਦਿਵਸ ਦੀਆਂ ਤਿਆਰੀਆਂ ਸਬੰਧੀ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ।ਉਨ੍ਹਾਂ ਕਿਹਾ ਕਿ 15 ਅਸਗਤ ਨੂੰ ਸਰਕਾਰੀ ਕਾਲਜ, ਫੇਜ਼- 6 ਵਿਖੇ ਆਮ ਲੋਕਾਂ ਨੂੰ ਸਮਾਗਮ ਚ ਭਾਗ ਲੈਣ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਸੁਤੰਤਰਤਾ ਦਿਵਸ ਦੇ ਸਮਾਗਮ ਦੌਰਾਨ ਪੇਸ਼ ਕੀਤੀਆਂ ਜਾਣ ਵਾਲੀਆਂ ਸਾਰੀਆਂ ਝਾਕੀਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਦੀ ਦੇਖ ਰੇਖ ਹੇਠ ਤਿਆਰ ਕਰਵਾਈਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਉਪ ਮੰਡਲ ਮੈਜਿਸਟਰੇਟ, ਮੋਹਾਲੀ ਇਸ ਸਮਾਗਮ ਲਈ ਕੀਤੇ ਜਾਣ ਵਾਲੇ ਸਾਰੇ ਪ੍ਰਬੰਧਾਂ ਦੇ ਓਵਰਆਲ ਜ਼ਿੰਮੇਵਾਰ ਹੋਣਗੇ।ਉਨ੍ਹਾਂ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਦੇ ਵਾਰਸਾਂ ਦੇ ਬੈਠਣ ਲਈ ਵੱਖਰੇ ਬਲਾਕ ਦਾ ਪ੍ਰਬੰਧ ਕੀਤਾ ਜਾਵੇਗਾ, ਇਸ ਦੌਰਾਨ ਸ਼ਹੀਦ ਸੈਨਿਕਾਂ ਦੇ ਵਾਰਿਸ ਵੀ ਸ਼ਾਮਲ ਹੋਣਗੇ।ਉਨ੍ਹਾਂ ਦੱਸਿਆ ਕਿ ਸਮਾਗਮ ਵਾਲੇ ਸਥਾਨ ਤੇ ਫੁੱਲ ਡਰੈਸ ਰਿਹਸਲ 13 ਅਗਸਤ ਨੂੰ ਹੋਵੇਗੀ।

# ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਅਧਿਆਪਕਾਂ ਦੇ ਸ਼ਾਨਦਾਰ ਨਤੀਜੇ ਨਾਲ ਬੁਲੰਦੀਆਂ 'ਤੇ



**ਜਲੰਧਰ ( ਸ਼ੈਲੀ ਐਲਬਰਟ)** - ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ, ਜਲੰਧਰ ਨੇ ਜੀ ਐਨ ਡੀ ਯੂ ਬੀ.ਐੱਡ ਪ੍ਰੀਖਿਆ (2022-2024) ਦੇ ਸਮੁੱਚੇ ਨਤੀਜੇ ਵਿੱਚ ਯੂਨੀਵਰਸਿਟੀ ਪੱਧਰ 'ਤੇ 2 ਮੈਰਿਟ ਪੁਜ਼ੀਸ਼ਨਾਂ ਅਤੇ 25% ਡਿਸਟਿੰਕਸ਼ਨ ਦੇ ਨਾਲ-ਨਾਲ 100% ਫਸਟ ਡਵੀਜ਼ਨ ਪ੍ਰਾਪਤ ਕੀਤਾ ਹੈ।ਯਸ਼ਿਕਾ ਜੈਨ ਨੇ 79.47% ਕੁੱਲ ਅੰਕਾਂ ਨਾਲ 7©4" ਯੂਨੀਵਰਸਿਟੀ ਵਿੱਚ ਮੈਰਿਟ ਪੁਜ਼ੀਸ਼ਨ ਅਤੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ, ਇਨ੍ਹਾ ਨੇ 78.47% ਕੁੱਲ ਅੰਕਾਂ ਨਾਲ ਯੂਨੀਵਰਸਿਟੀ ਵਿੱਚ ਮੈਰਿਟ ਪੁਜ਼ੀਸ਼ਨ ਅਤੇ ਕਾਲਜ ਵਿੱਚ ਦੂਸਰਾ ਸਥਾਨ, ਦੀਕਸ਼ਾ ਮਹਿਤਾ ਨੇ ਕੁੱਲ ਮਿਲਾ ਕੇ 77.76% ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਤੀਜਾ ਸਥਾਨ ਹਾਸਲ ਕੀਤਾ ਅਤੇ ਸੋਨਮਦੀਪ ਕੌਰ ਨੇ ਚਾਰੋਂ ਸਮੈਸਟਰਾਂ ਵਿੱਚ ਕੁੱਲ 77.59% ਅੰਕ ਲੈ ਕੇ ਕਾਲਜ ਵਿੱਚੋਂ ਚੌਥਾ ਸਥਾਨ ਹਾਸਲ ਕੀਤਾ। ਯਸ਼ਿਕਾ ਜੈਨ ਨੇ ਆਪਣੀ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ, ਪ੍ਰਿੰਸੀਪਲ ਸਰ ਦੁਆਰਾ ਪ੍ਰਦਾਨ ਕੀਤੇ ਗਏ ਅਣਮੁੱਲੇ ਮਾਰਗਦਰਸ਼ਨ ਅਤੇ ਮੇਰੇ ਵਿੱਚ ਵਿਸ਼ਵਾਸ ਕਰਨ ਅਤੇ ਮੈਨੂੰ ਮੇਰੇ ਲਕਸ਼ ਤੱਕ ਪਹੁੰਚਣ ਲਈ ਪ੍ਰੇਰਿਤ ਕਰਨ ਲਈ ਮੇਰੇ ਯੋਗ ਅਧਿਆਪਕਾਂ ਦੁਆਰਾ ਦਿੱਤੀ ਗਈ ਮਦਦ ਲਈ ਧੰਨਵਾਦੀ ਹਾਂ।ਐਗਜ਼ੀਕਿਊਟ ਡਾਇਰੈਕਟਰ ਕਾਲਜ ਸ੍ਰੀਮਤੀ ਅਰਾਧਨਾ ਬੌਰੀ ਨੇ ਵਿਦਿਆਰਥੀ ਅਧਿਆਪਕਾਂ ਵੱਲੋਂ ਕੀਤੀ ਤਰੱਕੀ ਦੀ ਸ਼ਲਾਘਾ ਕੀਤੀ।ਪ੍ਰਿੰਸੀਪਲ ਡਾ: ਅਰਜਿੰਦਰ ਸਿੰਘ ਨੇ ਭਾਵੀ ਅਧਿਆਪਕਾਂ ਨੂੰ ਕਿਹਾ ਕਿ ਉਹ ਆਉਣ ਵਾਲੇ ਸਮੇਂ ਵਿਚ ਜਿਨ੍ਹਾਂ ਸਕੂਲਾਂ ਵਿਚ ਪੜ੍ਹਾਉਣਗੇ, ਉੱਥੇ ਵੀ ਆਪਣੇ ਅਧਿਆਪਨ ਹੁਨਰ ਨੂੰ ਨਿਖਾਰ ਕੇ ਪੂਰੇ ਮਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਮੈਨੇਜਮੈਂਟ ਦੇ ਮੈਂਬਰਾਂ, ਪ੍ਰਿੰਸੀਪਲ ਅਤੇ ਸਮੂਹ ਫੈਕਲਟੀ ਮੈਂਬਰਾਂ ਨੇ ਸਾਰੇ ਵਿਦਿਆਰਥੀ-ਅਧਿਆਪਕਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ।

# ਪੰਜਾਬ ਸਰਕਾਰ ਦੇ ਕੋਚਿੰਗ ਸੈਂਟਰਾਂ ਦੀ ਭੂਮਿਕਾ ਅਹਿਮ : ਹਰਪਿੰਦਰ ਸਿੰਘ

**ਮੋਹਾਲੀ (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ, ਜਿਸ ਤਹਿਤ ਜਿੱਥੇ 'ਖੇਡਾਂ ਵਤਨ ਪੰਜਾਬ ਦੀਆਂ' ਵਰਗਾ ਅਹਿਮ ਉਪਰਾਲਾ ਕੀਤਾ ਗਿਆ ਹੈ, ਉੱਥੇ ਜ਼ਿਲ੍ਹਿਆਂ 'ਚ ਚਲਦੇ ਖੇਡ ਕੋਚਿੰਗ ਸੈਂਟਰ ਵੀ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।ਇਸੇ ਲੜੀ ਤਹਿਤ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ 20 ਕੋਚਿੰਗ ਸੈਂਟਰ ਕਾਰਜਸ਼ੀਲ ਹਨ, ਜਿਨ੍ਹਾਂ ਵਿੱਚ ਰੋਜ਼ਾਨਾ ਹਜ਼ਾਰ ਤੋਂ ਵੱਧ ਨੌਜਵਾਨ ਖੇਡ ਪ੍ਰੈਕਟਿਸ ਕਰਦੇ ਹਨ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਕਿ ਜ਼ਿਲ੍ਹੇ ਵਿੱਚ ਚੱਲ ਰਹੇ 20 ਕੋਚਿੰਗ ਸੈਂਟਰਾਂ ਵਿੱਚ ਖੇਡ ਸਟੇਡੀਅਮ ਸੈਕਟਰ 78 ਵਿਖੇ ਐਥਲੈਟਿਕਸ, ਫੁੱਟਬਾਲ, ਰੋਲਰ ਸਕੇਟਿੰਗ, ਬੈਡਮਿੰਟਨ, ਬਾਸਕਟਬਾਲ, ਜਿਮਨਾਸਟਿਕਸ, ਤੈਰਾਕੀ, ਜੂਡੋ, ਕੁਸ਼ਤੀ ਅਤੇ ਖੇਡ ਭਵਨ ਸੈਕਟਰ 63 ਮੋਹਾਲੀ ਵਿਖੇ ਬੈਡਮਿੰਟਨ, ਵੇਟ ਲਿਫਟਿੰਗ, ਬਾਕਸਿੰਗ ਅਤੇ ਖੇਡ ਸਟੇਡੀਅਮ ਚੰਦੋ ਗੋਬਿੰਦਗੜ੍ਹ ਵਿਖੇ ਫੁਟਬਾਲ, ਬਾਸਕਟਬਾਲ, ਅੰਤਰਰਾਸ਼ਟਰੀ ਹਾਕੀ ਸਟੇਡੀਅਮ ਵਿਖੇ ਹਾਕੀ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 3ਬੀ1 ਮੋਹਾਲੀ ਵਿਖੇ ਹੈਂਡਬਾਲ ਦੇ ਸੈਂਟਰ ਚੱਲਦੇ ਹਨ।ਜ਼ਿਲ੍ਹਾ ਖੇਡ ਅਫਸਰ ਵੱਲੋਂ ਅੱਗੇ ਦੱਸਿਆ ਗਿਆ ਕਿ ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਸੈਂਟਰਾਂ ਵਿੱਚ ਇੱਕ ਹਜ਼ਾਰ ਤੋਂ ਵੱਧ ਖਿਡਾਰੀ ਪ੍ਰੈਕਟਿਸ ਕਰਦੇ ਹਨ। ਸੈਂਟਰਾਂ ਵਿੱਚ ਆਉਣ ਵਾਲੇ ਖਿਡਾਰੀਆਂ ਨੂੰ ਟ੍ਰੇਨਿੰਗ, ਖੇਡਾਂ ਦਾ ਸਾਜੋ ਸਮਾਨ ਅਤੇ ਖੁਰਾਕ ਮੁਫ਼ਤ ਮੁਹੱਈਆ ਕਰਵਾਈ ਜਾਂਦੀ ਹੈ।ਇਸ ਦੇ ਨਾਲ-ਨਾਲ ਇਨ੍ਹਾਂ ਸੈਂਟਰਾਂ ਵਿੱਚ ਸੀ ਐਮ ਦੀ ਯੋਗਸ਼ਾਲਾ ਤਹਿਤ ਯੋਗਾ ਕਲਾਸਾਂ ਵੀ ਲਾਈਆ ਜਾਂਦੀਆਂ ਹਨ, ਜਿਨ੍ਹਾਂ ਵਿੱਚ ਖਿਡਾਰੀ ਅਤੇ ਉਨ੍ਹਾਂ ਦੇ ਮਾਪੇ ਵੀ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ।ਇਨ੍ਹਾਂ ਸੈਂਟਰਾਂ ਸਦਕਾ ਜ਼ਿਲ੍ਹਾ ਐਸ ਏ ਐਸ ਨਗਰ ਦੇ ਖਿਡਾਰੀਆਂ ਨੇ ਕੌਮੀ ਅਤੇ ਕੌਮਾਂਤਰੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਹਨ।

# ਹੈਰੋਇਨ, ਨਸ਼ੀਲੀਆਂ ਗੋਲੀਆਂ ਤੇ ਮੋਟਰਸਾਈਕਲ ਬਰਾਮਦ



**ਜਲੰਧਰ (ਸੁਰਿੰਦਰ ਕੁਮਾਰ)** ਜਲੰਧਰ ਦਿਹਾਤੀ ਪੁਲਸ ਨੇ ਨਸ਼ਾ ਤਸਕਰਾਂ ਵਿਰੁੱਧ ਆਪਣੀਆਂ ਕੋਸ਼ਿਸ਼ਾਂ ਨੂੰ ਤੇਜ਼ ਕਰਦੇ ਹੋਏ ਪਿਛਲੇ 48 ਘੰਟਿਆਂ 'ਚ ਦੋ ਸਮਗਲਰਾਂ ਨੂੰ ਕਾਬੂ ਕੀਤਾ ਹੈ।ਫੜੇ ਗਏ ਮੁਲਜ਼ਮਾਂ ਦੀ ਪਛਾਣ ਕੁਲਦੀਪ ਉਰਫ਼ ਰਿੱਕੀ ਕਾਲਾ ਬੱਕਰਾ ਭੋਗਪੁਰ ਅਤੇ ਜਤਿੰਦਰ ਵਾਸੀ ਮੁਹੱਲਾ ਬਾਗਵਾਲਾ ਸ਼ਾਹਕੋਟ, ਜਲੰਧਰ ਵਜੋਂ ਹੋਈ ਹੈ।ਜਾਣਕਾਰੀ ਦਿੰਦੇ ਹੋਏ ਸੀਨੀਅਰ ਪੁਲਸ ਕਪਤਾਨ ਹਰਕਮਲ ਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਇਹ ਆਪ੍ਰੇਸ਼ਨ ਖੇਤਰ 'ਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਸੰਗਠਿਤ ਅਪਰਾਧ ਨਾਲ ਨਜਿੱਠਣ ਲਈ ਇੱਕ ਵੱਡੀ ਪਹਿਲਕਦਮੀ ਦਾ ਹਿੱਸਾ ਹਨ।7 ਅਗਸਤ ਨੂੰ ਥਾਣਾ ਭੋਗਪੁਰ ਦੇ ਐਸ ਐਚ ਓ ਇੰਸਪੈਕਟਰ ਸਿਕੰਦਰ ਸਿੰਘ ਵਿਰਕ ਦੀ ਅਗਵਾਈ ਹੇਠਲੀ ਪੁਲਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕਰਨ ਵਾਲੇ ਕੁਲਦੀਪ ਉਰਫ਼ ਰਿੱਕੀ ਨੂੰ ਕਾਬੂ ਕੀਤਾ ਹੈ।

ਜਿਸ ਦੀ ਤਲਾਸ਼ੀ ਲੈਣ 'ਤੇ 4.28 ਗ੍ਰਾਮ ਹੈਰੋਇਨ ਅਤੇ 100 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ।ਰਿੱਕੀ ਖਿਲਾਫ ਥਾਣਾ ਭੋਗਪੁਰ ਜਲੰਧਰ ਵਿਖੇ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟਾਂਸਿਜ਼ (ਐੱਨ ਡੀ ਪੀ ਐੱਸ) ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

ਇਸੇ ਦਿਨ ਇੱਕ ਵੱਖਰੀ ਕਾਰਵਾਈ ਕਰਦਿਆਂ ਥਾਣਾ ਸ਼ਾਹਕੋਟ ਦੇ ਐਸ ਐਚ ਓ ਅਮਨ ਸੈਣੀ ਦੀ ਅਗਵਾਈ ਹੇਠ ਪੁਲਸ ਟੀਮ ਨੇ ਏ ਜਸਰੂਪ ਕੌਰ ਬਾਠ, ਆਈ ਪੀ ਐਸ, ਐਸ ਪੀ (ਇਨਵੈਸਟੀਗੇਸ਼ਨ) ਅਤੇ ਕੁੰਵਰ ਵਿਜੇ ਪਾਲ, ਪੀ ਪੀ ਐਸ, ਉਪ ਪੁਲਸ ਕਪਤਾਨ, ਸਬ ਡਵੀਜ਼ਨ ਸ਼ਾਹਕੋਟ ਦੀ ਅਗਵਾਈ ਹੇਠ ਜਤਿੰਦਰ ਨੂੰ ਮੁਹੱਲਾ ਬਾਗਵਾਲਾ ਵਿਖੇ ਰੁਟੀਨ ਚੈਕਿੰਗ ਦੌਰਾਨ ਗ੍ਰਿਫਤਾਰ ਕੀਤਾ ਹੈ।ਜਿਸ ਕੋਲੋਂ 105 ਨਸ਼ੀਲੀਆਂ ਗੋਲੀਆਂ, 140 ਕੈਪਸੂਲ ਪ੍ਰੀਗਾਬਲੀਨ ਅਤੇ ਇਕ ਬਲੈਕ ਹੀਰੋ ਸਪਲੈਂਡਰ ਮੋਟਰਸਾਈਕਲ (ਰਜਿਸਟ੍ਰੇਸ਼ਨ: ਪੀ ਬੀ-67-4-8877) ਬਰਾਮਦ ਹੋਇਆ ਹੈ।ਇਸ ਸੰਬੰਧੀ ਥਾਣਾ ਸ਼ਾਹਕੋਟ ਵਿਖੇ ਐੱਨ ਡੀ ਪੀ ਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

## ਗਾਰਡਨ ਵੈਲੀ ਸਕੂਲ ਦੇ ਬੱਚਿਆਂ ਜਿੱਤਿਆ ਪਹਿਲਾ ਇਨਾਮ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਹੋਦਿਆ ਸਕੂਲ ਵੱਲੋਂ ਕਰਵਾਏ ਗਏ 'ਥ੍ਰੀ-ਡੀ ਮਾਡਲ ਮੁਕਾਬਲੇ' ਵਿੱਚੋਂ ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਮੁਕਾਬਲੇ ਦਾ ਆਯੋਜਨ ਭਾਰਤਨ ਵਰਲਡ ਸਕੂਲ ਖੰਨਾ ਵੱਲੋਂ ਕੀਤਾ ਗਿਆ, ਜਿਸ ਵਿੱਚ 29 ਸਕੂਲਾਂ ਨੇ ਭਾਗ ਲਿਆ। ਇਸ ਮੁਕਾਬਲੇ 'ਚ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦਿਵਜੋਤ ਸਿੰਘ ਤੇ ਰਿਸ਼ਿਤਾ ਸ਼ਰਮਾ ਨੇ ਸਰਟੀਫਿਕੇਟ ਪ੍ਰਾਪਤ ਕੀਤੇ। ਇੱਕ ਹੋਰ ਮੁਕਾਬਲਾ 'ਕਲੇਅ-ਮਾਡਲਿੰਗ' ਜੋ ਸੁਆਮੀ ਸ਼ਗਨ ਲਾਲ ਸਕੂਲ ਖੰਨਾ ਨੇ ਕਰਵਾਇਆ, ਜਿਸ 'ਚ ਲੱਗਭਗ 20 ਸਕੂਲਾਂ ਨੇ ਭਾਗ ਲਿਆ। ਅੱਠਵੀਂ ਜਮਾਤ ਦੀ ਹਰਲੀਨ ਕੌਰ ਨੇ ਕੌਂਸਲੇਸ਼ਨ ਇਨਾਮ ਤੇ ਸਰਟੀਫਿਕੇਟ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ, ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਹਰਦੇਵ ਸਿੰਘ ਨਾਮਧਾਰੀ, ਬਲਦੇਵ ਸਿੰਘ ਨਾਮਧਾਰੀ, ਹੈੱਡ ਮਿਸਟ੍ਰੈੱਸ ਹਰਜੀਤ ਕੌਰ ਨੇ ਬੱਚਿਆਂ ਨੂੰ ਸਾਬਾਸ਼ੀ ਦੇ ਕੇ ਉਤਸ਼ਾਹਤ ਕੀਤਾ ਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ।



## ਫੁੱਟਬਾਲ ਦੇ ਜ਼ੋਨ ਮੁਕਾਬਲਿਆਂ 'ਚ ਸਰਕਾਰੀ ਸਕੂਲ ਮੁਬਾਰਕਪਰ ਦੀ ਬੱਲੇ-ਬੱਲੇ!



**ਮਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਬੀਤੇ ਕੱਲ੍ਹ ਸਰਕਾਰੀ ਹਾਈ ਸਕੂਲ ਮੁਬਾਰਕਪਰ ਦੇ ਗਰਾਊਂਡ ਵਿਖੇ ਹੈੱਡਮਿਸਟਰੈੱਸ ਸ੍ਰੀਮਤੀ ਸ਼ਮਸ਼ਾਦ ਦੀ ਦੇਖ-ਰੇਖ ਹੇਠ ਫੁੱਟਬਾਲ ਦੇ ਅੰਡਰ-14, ਅੰਡਰ-17 ਤੇ ਅੰਡਰ-19 ਦੀਆਂ ਟੀਮਾਂ ਦੇ ਜ਼ੋਨ ਪੱਧਰੀ ਮੁਕਾਬਲੇ ਕਰਵਾਏ ਗਏ। ਇਸ ਮੌਕੇ ਅੰਡਰ-14 'ਚ ਪਹਿਲੀ ਪੁਜ਼ੀਸ਼ਨ ਸਰਕਾਰੀ ਹਾਈ ਸਕੂਲ ਮੁਬਾਰਕਪਰ ਦੀ ਟੀਮ ਨੇ ਹਾਸਲ ਕੀਤੀ, ਜਦੋਂਕਿ ਦੂਜੀ ਪੁਜ਼ੀਸ਼ਨ ਸਸਸਸ (ਸਮਾਰਟ) ਹਥਨ ਨੇ ਪ੍ਰਾਪਤ ਕੀਤੀ।ਅੰਡਰ-17 ਦੀਆਂ ਟੀਮਾਂ ਵਿਚਾਲੇ ਹੋਏ ਮੁਕਾਬਲਿਆਂ ਵਿੱਚ ਵੀ ਸਰਕਾਰੀ ਹਾਈ ਸਕੂਲ ਮੁਬਾਰਕਪਰ ਦੀ ਟੀਮ ਨੇ ਪਹਿਲੀ ਪੁਜ਼ੀਸ਼ਨ ਹਾਸਲ ਕਰਦਿਆਂ ਬਾਜ਼ੀ ਮਾਰੀ। ਇਸ ਮੁਕਾਬਲੇ ਵਿੱਚ ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਦੀ ਟੀਮ ਨੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ।ਇਸ ਦੇ ਨਾਲ ਹੀ ਅੰਡਰ-19 ਦੀਆਂ ਟੀਮਾਂ ਦੇ ਮੁਕਾਬਲਿਆਂ ਵਿੱਚ ਸਸਸਸ (ਸਮਾਰਟ) ਹਥਨ ਨੇ ਪਹਿਲੀ ਤੇ ਕੈਂਬ੍ਰਿਜ ਸਕੂਲ ਨੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ। ਇਸ ਮੌਕੇ ਉਕਤ ਮੈਚਾਂ ਦੇ ਕਨਵੀਨਰ ਹਰਪ੍ਰੀਤ ਸਿੰਘ ਹੰਸ ਨੇ ਮੈਚਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਣੇ ਸਾਥੀ ਸਟਾਫ ਮੈਂਬਰਾਂ ਅਮਰੀਕ ਸਿੰਘ, ਜਸਵਿੰਦਰ ਸਿੰਘ ਤੇ ਖਾਲਿਦ ਪ੍ਰਵੇਜ਼ ਆਦਿ ਦੇ ਸਹਿਯੋਗ ਨਾਲ ਉਕਤ ਮੈਚਾਂ ਦਾ ਪੂਰਾ ਪੂਰਾ ਪ੍ਰਬੰਧਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਬੰਧਕ ਸਕੱਤਰ ਜ਼ੋਨ ਸਆਦਤਪੁਰ ਅਮਰੀਕ ਸਿੰਘ ਤੇ ਨਵਜੀਤ ਡੀ ਪੀ ਹਥਨ ਨੇ ਵੀ ਆਪਣੀ ਪੂਰੀ ਪੂਰੀ ਡਿਊਟੀ ਨਿਭਾਈ।

## ਬਾਬਾ ਫ਼ਰੀਦ ਪਬਲਿਕ ਸਕੂਲ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਮਾਰੀਆਂ ਮੱਲਾਂ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਭਾਸ਼ਾ ਵਿਭਾਗ ਪੰਜਾਬ ਦੀ ਅਗਵਾਈ ਹੇਠ ਜ਼ਿਲ੍ਹਾ ਭਾਸ਼ਾ-ਵਿਭਾਗ ਫ਼ਰੀਦਕੋਟ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲਿਆਂ ਵਿੱਚ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਪਹਿਲੀਆਂ ਪੁਜ਼ੀਸ਼ਨਾਂ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਅਧਿਕਾਰੀਆਂ ਨੇ ਦੱਸਿਆ ਕਿ ਜ਼ਿਲ੍ਹਾ ਭਾਸ਼ਾ ਵਿਭਾਗ ਵੱਲੋਂ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਦੌਰਾਨ ਲੇਖ ਲਿਖਣ ਦੇ ਮੁਕਾਬਲੇ ਵਿੱਚੋਂ ਬਾਬਾ ਫ਼ਰੀਦ ਪਬਲਿਕ ਸਕੂਲ ਦੀ ਵਿਦਿਆਰਥਣ ਹਰਮਨਦੀਪ ਕੌਰ ਨੇ ਸਮੁੱਚੇ ਫ਼ਰੀਦਕੋਟ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਤੇ ਰਾਜ ਪੱਧਰੀ ਮੁਕਾਬਲਿਆਂ ਲਈ ਚੁਣੀ ਗਈ।ਇਸੇ ਤਰ੍ਹਾਂ ਕਵਿਤਾ ਲੇਖਨ ਮੁਕਾਬਲੇ ਵਿੱਚੋਂ ਪ੍ਰਭਜੋਤ ਕੌਰ ਨੇ ਦੂਜਾ ਸਥਾਨ, ਕਹਾਣੀ-ਸਿਰਜਣ ਮੁਕਾਬਲੇ ਵਿੱਚੋਂ ਪੂਰਨਿਮਾ ਤੇ ਕਵਿਤਾ ਗਾਇਨ ਮੁਕਾਬਲਿਆਂ ਵਿੱਚੋਂ ਜੀਆ ਨੇ ਤੀਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਸਮੁੱਚੀ ਮੈਨੇਜਮੈਂਟ ਕਮੇਟੀ ਨੇ ਵੀ ਜਿੱਤੇ ਹੋਏ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਮੁਬਾਰਕਾਂ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਅੰਦਰ ਸਾਹਿਤਕ, ਸੱਭਿਆਚਾਰਕ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਪ੍ਰਫੁੱਲਤ ਕਰਨਾ, ਇਸ ਸੰਸਥਾ ਦਾ ਹਮੇਸ਼ਾ ਹੀ ਮੁੱਢਲਾ ਉਦੇਸ਼ ਰਿਹਾ ਹੈ।

## ਕੈਬਨਿਟ ਮੰਤਰੀ ਨੇ ਲੋੜਵੰਦਾਂ ਨੂੰ 18 ਲੱਖ ਦੇ ਟ੍ਰਾਈਸਾਈਕਲ ਵੰਡੇ



**ਮਲੋਟ (ਗੁਰਮੀਤ ਸਿੰਘ ਮੱਕੜ)**-ਅਲਿਮਕੋ ਕੰਪਨੀ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਸਮਾਜਿਕ ਸੁਰੱਖਿਆ ਵਿਭਾਗ ਦੇ ਸਹਿਯੋਗ ਨਾਲ ਮਲੋਟ ਵਿੱਚ ਇੱਕ ਕੈਂਪ ਲਗਾ ਕੇ 86 ਦੇ ਕਰੀਬ ਅਪਾਹਜ ਲੋੜਵੰਦ ਲੋਕਾਂ 18 ਲੱਖ ਦੇ ਕਰੀਬ ਉਨ੍ਹਾਂ ਦੀ ਜ਼ਰੂਰਤ ਲਈ ਬੈਟਰੀ ਨਾਲ ਚੱਲਣ ਵਾਲੇ ਟ੍ਰਾਈ ਸਾਈਕਲ ਤੇ ਬਿਨਾਂ ਬੈਟਰੀ ਟ੍ਰਾਈਸਾਈਕਲ ਦੇਣ ਤੋਂ ਇਲਾਵਾ ਬਣਾਵਟੀ ਅੰਗ ਲਗਾਏ ਗਏ, ਜਿਸ ਵਿੱਚ ਇਸ ਕੈਂਪ ਵਿੱਚ ਪੁੱਜੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਇਸ ਕੈਂਪ ਵਿੱਚ ਆਪਣੇ ਹੱਥਾਂ ਨਾਲ ਅਪਾਹਜ ਲੋੜਵੰਦ ਲੋਕਾਂ ਨੂੰ ਸਾਮਾਨ ਵੰਡਿਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਅਲਿਮਕੋ ਵੱਲੋਂ ਅਜਿਹੇ ਕੈਂਪ ਲਗਾ ਕੇ ਲੋੜਵੰਦ ਲੋਕਾਂ ਨੂੰ ਉਹ ਸਾਮਾਨ ਦਿੱਤਾ ਜਾਂਦਾ ਹੈ, ਜਿਨ੍ਹਾਂ ਨੂੰ ਆਪਣੇ ਜੀਵਨ ਵਿੱਚ ਕੋਈ ਕਮੀ ਮਹਿਸੂਸ ਨਾ ਹੋਵੇ। ਇਸ ਦੇ ਚੱਲਦੇ ਅੱਜ ਮਲੋਟ ਵਿਚ ਕੈਂਪ ਦੌਰਾਨ ਕਰੀਬ 86 ਲੋਕਾਂ ਨੂੰ ਕਰੀਬ 18 ਲੱਖ ਦੇ ਬੈਟਰੀ ਵਾਲੇ ਟ੍ਰਾਈ ਸਾਈਕਲ ਅਤੇ ਬਿਨ੍ਹਾਂ ਬੈਟਰੀ ਵਾਲੇ ਸਾਈਕਲ ਤੋਂ ਇਲਾਵਾ ਲੋੜਵੰਦ ਨੂੰ ਬਣਾਵਟੀ ਅੰਗ ਵੀ ਲਗਾਏ ਹਨ। ਉਨ੍ਹਾ ਕਿਹਾ ਕਿ ਉਨ੍ਹਾਂ ਦੀ ਸੋਚ ਹੈ ਕਿ ਇਨ੍ਹਾਂ ਨੂੰ ਇਨ੍ਹਾਂ ਦੀ ਇਹ ਕਮਜ਼ੋਰੀ ਤੋਂ ਦੂਰ ਕੀਤਾ ਜਾਵੇ।

## ਲਾਰੈਂਸ ਸਕੂਲ 'ਚ ਮਾਪੇ-ਅਧਿਆਪਕ ਮੀਟਿੰਗ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਆਗਾਮੀ ਪ੍ਰੀਖਿਆਵਾਂ ਦੇ ਮੱਦੇਨਜ਼ਰ ਸਥਾਨਕ ਸਕੂਲ ਵਿੱਚ ਪ੍ਰੀ ਇਮਿਤਿਹਾਨ ਸਬੰਧੀ ਮਾਪੇ-ਅਧਿਆਪਕ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਮੀਟਿੰਗ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ ਬਾਰੇ ਵਿਚਾਰ ਵਟਾਂਦਰਾ ਕਰਨਾ ਤੇ ਪ੍ਰੀਖਿਆ ਦੀ ਤਿਆਰੀ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦੇਣਾ ਸੀ।ਪ੍ਰਿੰਸੀਪਲ ਜੀਨਮ ਗਰਗ ਤੇ ਚੇਅਰਮੈਨ ਤਰਸੇਮ ਲਾਲ ਗਰਗ ਨੇ ਆਉਣ ਵਾਲੀਆਂ ਪ੍ਰੀਖਿਆਵਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਪੜ੍ਹਾਈ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ।ਇਸ ਤੋਂ ਬਾਅਦ ਕਲਾਸਾਂ ਦੇ ਅਧਿਆਪਕਾਂ ਨੇ ਹਰੇਕ ਵਿਦਿਆਰਥੀ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ ਤੇ ਉਨ੍ਹਾਂ ਦੀ ਤਿਆਰੀ ਦੇ ਪੱਧਰ ਬਾਰੇ ਚਰਚਾ ਕੀਤੀ।ਮੀਟਿੰਗ ਦੇ ਅੰਤ ਵਿੱਚ ਸਕੂਲ ਨੇ ਵਿਸ਼ੇਸ਼ ਪ੍ਰੀ-ਪ੍ਰੀਖਿਆ ਕਲਾਸਾਂ ਤੇ ਅਭਿਆਸ ਸੈਸ਼ਨਾਂ ਦਾ ਐਲਾਨ ਕੀਤਾ ਤਾਂ ਜੋ ਵਿਦਿਆਰਥੀਆਂ ਨੂੰ ਆਖਰੀ ਸਮੇਂ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।

## ਭਾਰਤੀ ਹਾਕੀ ਟੀਮ ਦੇ ਤਮਗਾ ਜਿੱਤਣ ਦੀ ਖਸ਼ੀ 'ਚ ਲੱਡੂ ਵੰਡੇ



**ਦੋਰਾਹਾ (ਹਰਮਿੰਦਰ ਸੇਠ)**-ਭਾਰਤ ਦੀ ਹਾਕੀ ਟੀਮ ਵੱਲੋਂ ਉਲੰਪਿਕ ਖੇਡਾਂ ਵਿੱਚ ਕਾਂਸੀ ਦਾ ਤਮਗਾ ਜਿੱਤਣ 'ਤੇ ਦੋਰਾਹਾ ਵਿਖੇ ਯੂਥ ਆਗੂ ਮਨਜੋਤ ਸਿੰਘ ਮਾਨ ਦੀ ਅਗਵਾਈ ਹੇਠ ਲੱਡੂ ਵੰਡੇ ਗਏ।ਇਸ ਮੌਕੇ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬੀਆਂ ਲਈ ਇਹ ਮਾਣ ਵਾਲੀ ਗੱਲ ਹੈ ਕਿ ਭਾਰਤੀ ਹਾਕੀ ਟੀਮ ਵਿੱਚ 10 ਪਲੇਅਰ ਪੰਜਾਬ ਦੇ ਹਨ।ਉਨ੍ਹਾਂ ਕਿਹਾ ਕਿ ਕੈਪਟਨ ਹਰਮਨਪ੍ਰੀਤ ਸਿੰਘ ਨੇ ਬਹੁਤ ਵਧੀਆ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਟੂਰਨਾਮੈਂਟ ਵਿੱਚ 10 ਗੋਲ ਕਰਕੇ ਟੌਪ ਸਕੋਰਰ ਰਿਹਾ।

ਕੌਂਸਲਰ ਨਵਜੀਤ ਸਿੰਘ ਨੈਬ ਸਾਬਕਾ ਹਾਕੀ ਪਲੇਅਰ, ਮਨਜੀਤ ਸਿੰਘ ਏ.ਐੱਸ.ਆਈ., ਕਿਸਾਨ ਆਗੂ ਰੁਕਵਿੰਦਰ ਸਿੰਘ ਰੰਮੀ ਬਾਜਵਾ, ਮਨਜੀਤ ਸਿੰਘ ਰੋਲ, ਰਾਮ ਸਿੰਘ ਜਟਾਣਾ, ਵਿੱਕੀ ਦੋਰਾਹਾ ਪਿੰਡ, ਨਿਰਮਲ ਨਿਮਾਣਾ ਆਦਿ ਹਾਜ਼ਰ ਸਨ।

## ਹਰਗੋਬਿੰਦ ਪਬਲਿਕ ਸਕੂਲ ਦੇ ਬੱਚਿਆਂ ਨੇ ਵਿੱਦਿਅਕ ਟੂਰ ਲਾਇਆ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਪਿੰਡ ਕਾਂਗੜ੍ਹ ਵਿਖੇ ਸਥਾਪਤ ਹਰਗੋਬਿੰਦ ਪਬਲਿਕ ਸਕੂਲ ਦੇ ਬੱਚਿਆਂ ਨੇ ਵਿੱਦਿਅਕ ਟੂਰ ਲਾਇਆ।

ਸਕੂਲ ਪ੍ਰਿੰਸੀਪਲ ਸੋਨੂੰ ਕੁਮਾਰ ਨੇ ਦੱਸਿਆ ਕਿ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਵਿੱਚ ਹੋਰ ਜਾਣਕਾਰੀ ਦਾ ਵਾਧਾ ਕਰਨ ਦੇ ਮਕਸਦ ਨਾਲ ਬੱਚਿਆਂ ਦੇ ਇੱਕ ਵਿੱਦਿਅਕ ਟੂਰ ਦਾ ਆਗਾਜ਼ ਕੀਤਾ ਗਿਆ, ਜਿਸ ਤਹਿਤ ਬੱਚਿਆਂ ਵੱਲੋਂ ਗੁਰਦੁਆਰਾ ਮੁੱਦਕੀ ਸਾਹਿਬ ਵਿਖੇ ਦਰਸ਼ਨ ਕੀਤੇ ਗਏ ਤੇ ਉਸਤੋਂ ਬਾਅਦ ਬੱਚਿਆ ਨੇ ਨੇੜੇ ਦੇ ਪਾਰਕ ਫਨ ਇਜ ਲੈਂਡ ਤਲਵੰਡੀ ਭਾਈ ਵਿਖੇ ਬੋਟਿੰਗ ਤੇ ਝੂਲਿਆਂ ਦਾ ਆਨੰਦ ਮਾਣਿਆ।

ਟੂਰ ਨੂੰ ਸਕੂਲ ਦੇ ਚੇਅਰਮੈਨ ਭੂਮੀ ਪਾਲ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਅਧਿਆਪਕ ਨੀਤੂ ਸ਼ਰਮਾ, ਕਰਿਤਕਾ ਸ਼ਰਮਾ, ਰਾਜਪਾਲ, ਆਰਤੀ ਸ਼ਰਮਾ, ਸੋਮਾ ਰਾਣੀ, ਦਵਿੰਦਰ ਕੁਮਾਰ, ਰਿਸ਼ਵ ਦਾਸ, ਪ੍ਰਸ਼ੋਤਮ ਦਾਸ ਸਮੇਤ ਟੂਰ 'ਤੇ ਜਾਣ ਵਾਲੇ ਬੱਚੇ ਸ਼ਾਮਲ ਸਨ।

## ਪੰਜਾਬ ਪੈਨਸ਼ਨਰ ਕਲਿਆਣ ਸੰਗਠਨ ਵੱਲੋਂ ਸਰਕਾਰ ਵਿਰੁੱਧ ਮੋਰਚਾ ਖੋਲ੍ਹਣ ਦੀ ਚਿਤਾਵਨੀ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬ ਪੈਨਸ਼ਨਰ ਕਲਿਆਣ ਸੰਗਠਨ ਸਮਰਾਲਾ ਦੀ ਮਾਸਿਕ ਮੀਟਿੰਗ ਪੈਨਸ਼ਨਰ ਭਵਨ ਸਮਰਾਲਾ ਵਿਖੇ ਸੰਗਠਨ ਦੇ ਪ੍ਰਧਾਨ ਮੇਘ ਸਿੰਘ ਜਵੰਦਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸਭ ਤੋਂ ਪਹਿਲਾਂ ਸੰਗਠਨ ਦੇ ਜਨਰਲ ਸਕੱਤਰ ਰਿਟਾ: ਲੈਕ: ਵਿਜੇ ਕੁਮਾਰ ਸ਼ਰਮਾ ਦੀ ਵੱਡੀ ਭੈਣ ਸੁਸ਼ਮਾ ਰਾਣੀ ਦੇ ਅਕਾਲ ਚਲਾਣੇ 'ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ। ਉਪਰੰਤ ਸੰਗਠਨ ਦੇ ਪ੍ਰਧਾਨ ਮੇਘ ਸਿੰਘ ਜਵੰਦਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਨੇ ਜੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਪੈਨਸ਼ਨਰ ਬਹੁਤ ਤਿੱਖਾ ਸੰਘਰਸ਼ ਕਰਨਗੇ। ਪੈਨਸ਼ਨਰਾਂ ਦੇ ਸਬਰ ਦਾ ਪਿਆਲਾ ਭਰ ਗਿਆ ਹੈ, ਕੇਵਲ ਤੇ ਕੇਵਲ ਸਰਕਾਰ ਵਿਰੁੱਧ ਸੰਘਰਸ਼ ਕਰਨ ਤੋਂ ਬਿਨਾਂ ਹੋਰ ਕੋਈ ਚਾਰਾ ਨਹੀਂ ਹੈ।ਸੀਨੀਅਰ ਵਾਈਸ ਪ੍ਰਧਾਨ ਚਰਨਜੀਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਮੁਲਾਜ਼ਮਾਂ ਤੇ ਪੈਨਸ਼ਨਾਂ ਦੇ ਸਾਂਝੇ ਫਰੰਟ ਨੂੰ ਵਾਰ-ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਭੱਜ ਰਿਹਾ, ਪਰ ਅਸੀਂ ਆਪਣੇ ਹੱਕ ਲੈ ਕੇ ਰਹਾਂਗੇ।ਸੰਗਠਨ ਦੇ ਸਰਪ੍ਰਸਤ ਬਿਹਾਰੀ ਲਾਲ ਸੱਦੀ ਨੇ ਕਿਹਾ ਕਿ ਲਗਭਗ 4000 ਪੈਨਸ਼ਨਰ ਪੇ ਕਮਿਸ਼ਨ ਦੇ ਬਕਾਏ ਉਡੀਕਦਿਆਂ ਰੱਬ ਨੂੰ ਪਿਆਰੇ ਹੋ ਚੁੱਕੇ ਹਨ, ਪਰ ਹਾਲੇ ਤੱਕ ਮਾਨ ਸਰਕਾਰ ਟਸ ਤੋਂ ਮਸ ਨਹੀਂ ਹੋਈ।ਪੈਨਸ਼ਨਰ ਭਵਨ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮੇਲਾ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਪੁਰਾਣੀ ਪੈਨਸ਼ਨ ਬਹਾਲ ਕਰਨਾ, ਪੇਅ ਕਮਿਸ਼ਨ ਦੇ ਬਕਾਏ ਦੇਣਾ, ਡੀ ਏ ਦੀਆਂ ਕਿਸ਼ਤਾਂ ਦੇਣਾ ਤੇ ਪੈਨਸ਼ਨਰਾਂ ਦੀ ਪੈਨਸ਼ਨ 1 ਜਨਵਰੀ 2016 ਨੂੰ 2.59 ਦੇ ਗੁਣਾਂਕ ਨਾਲ ਫਿਕਸ ਕਰਨ ਦੇ ਵਾਅਦੇ ਕੀਤੇ ਸਨ, ਪ੍ਰੰਤੂ ਢਾਈ ਸਾਲ ਦਾ ਸਮਾਂ ਲੰਘਣ ਤੋਂ ਬਾਅਦ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ। ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਦੇ ਮੰਡਲ ਪ੍ਰਧਾਨ ਸਿਕੰਦਰ ਸਿੰਘ ਨੇ ਕਿਹਾ ਕਿ ਪੈਨਸ਼ਨਰ ਤੇ ਮੁਲਾਜ਼ਮ 22 ਤਰੀਕ ਤੋਂ ਬਾਅਦ ਸਰਕਾਰ ਵਿਰੁੱਧ ਜ਼ੋਰਦਾਰ ਸੰਘਰਸ਼ ਛੇੜਨਗੇ ਉਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਵਾਈਸ ਪ੍ਰਧਾਨ ਦਲੀਪ ਸਿੰਘ, ਸਇੰਸ ਮਾਸਟਰ ਰਜੇਸ਼ ਕੁਮਾਰ ਤੇ ਪਾਵਰਕਾਮ ਪੈਨਸ਼ਨ ਐਸੋਸੀਏਸ਼ਨ ਦੇ ਜਨਰਲ ਸਕੱਤਰ ਇੰਜੀਨੀਅਰ ਜੁਗਲ ਕਿਸ਼ੋਰ ਨੇ ਵੀ ਮੀਟਿੰਗ ਨੂੰ ਸੰਬੋਧਨ ਕੀਤਾ।

ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸਕੱਤਰ ਸੁਨੀਲ ਕੁਮਾਰ ਨੇ ਬਾਖੂਬੀ ਨਿਭਾਈ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੈਸ਼ੀਅਰ ਕੁਲਵੰਤ ਰਾਏ, ਪ੍ਰਿੰਸੀਪਲ ਰਘਬੀਰ ਸਿੰਘ, ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ, ਕਮਲਜੀਤ ਸ਼ਰਮਾ, ਯਸ਼ਪਾਲ ਗੋਪਾਲ, ਨੇਤਰ ਸਿੰਘ ਮੁਤਿਓ, ਬਲਵਿੰਦਰ ਸਿੰਘ, ਜੈ ਰਾਮ, ਗੁਰਚਰਨ ਸਿੰਘ, ਰਤਨ ਲਾਲ, ਪਾਵਰਕਾਮ ਤੋਂ ਮਲਕੀਤ ਸਿੰਘ, ਅਸ਼ੋਕ ਕੁਮਾਰ, ਬਲਵਿੰਦਰ ਕੁਮਾਰ ਪਟਵਾਰੀ, ਲੈਕਚਰਾਰ ਚਮਨ ਲਾਲ, ਮਾਸਟਰ ਨਿਰਮਲ ਚੰਦ, ਹਿੰਮਤ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਪੈਨਸ਼ਨਰਜ਼ ਹਾਜ਼ਰ ਸਨ।

## ਬੀ ਕੇ ਯੂ ਕ੍ਰਾਂਤੀਕਾਰੀ ਵੱਲੋਂ ਟਰੈਕਟਰ ਮਾਰਚ 15 ਨੂੰ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਕਿਰਪਾਲ ਸਿੰਘ ਵਿਰਕ ਨੇ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਬਲਾਕ ਪ੍ਰਧਾਨ ਗੁਰਜੀਤ ਸਿੰਘ ਜਲਾਲਾਬਾਦੀ ਦੀ ਪ੍ਰਧਾਨਗੀ ਵਿੱਚ ਧਰਮਕੋਟ ਬਲਾਕ ਦੀ ਮੀਟਿੰਗ ਗੁਰਦੁਆਰਾ ਸਾਦਿਕ ਕਬੀਰ ਜਲਾਲਾਬਾਦ ਵਿਖੇ ਕੀਤੀ ਗਈ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਹਾਜ਼ਰ ਹੋਏ। ਬਲਦੇਵ ਸਿੰਘ ਜ਼ੀਰਾ ਨੇ ਕਿਹਾ ਕਿ ਆਪਣਾ ਸ਼ੰਭੂ ਤੇ ਖਨੌਰੀ ਬਾਰਡਰਾਂ ਤੇ 13 ਫਰਵਰੀ ਤੋਂ ਲਗਾਤਾਰ ਧਰਨਾ ਚੱਲ ਰਿਹਾ ਹੈ। ਹਰਿਆਣਾ ਸਰਕਾਰ ਨੇ ਜਬਰ ਜ਼ੁਲਮ ਦੇ ਜ਼ੋਰ, ਸਾਨੂੰ ਦਿੱਲੀ ਜਾਣ ਤੋਂ ਰੋਕਿਆ। ਸਾਡੇ ਧਰਨੇ ਨੂੰ ਉਠਾਉਣ ਦੇ ਲਈ ਬੀਜੇਪੀ ਤੇ ਆਪ ਨੇ ਇਹ ਕੋਸ਼ਿਸ਼ਾਂ ਕੀਤੀਆਂ, ਪਰ ਉਹ ਕਾਮਯਾਬ ਨਹੀਂ ਹੋਏ। ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ) ਤੇ ਮਜ਼ਦੂਰ ਕਿਸਾਨ ਮੋਰਚਾ ਦੀ ਲੀਡਰਸ਼ਿਪ ਮੰਗਾਂ ਮਨਾਉਣ ਤੱਕ ਸੰਘਰਸ਼ ਜਾਰੀ ਰੱਖਣ ਲਈ ਦ੍ਰਿੜ੍ਹ ਹੈ। ਬਲਾਕ ਸਕੱਤਰ ਜਗਜੀਤ ਸਮਰਾ ਨੇ ਦੱਸਿਆ ਕਿ ਭਾਰਤ ਦੇ ਹਾਕਮ 15 ਅਗਸਤ ਨੂੰ ਆਜ਼ਾਦੀ ਦੇ ਜਸ਼ਨ ਮਨਾ ਰਹੇ ਹੋਣਗੇ। ਸਾਡੇ ਦੋਨੋਂ ਮੋਰਚਿਆਂ ਨੇ ਫੈਸਲਾ ਕੀਤਾ ਹੈ ਕਿ ਅਸੀਂ 15 ਅਗਸਤ ਨੂੰ ਪੂਰੇ ਭਾਰਤ ਵਿੱਚ ਟਰੈਕਟਰ ਮਾਰਚ ਕਰਾਂਗੇ। ਇਸ ਸਬੰਧੀ ਅੱਡ ਅੱਡ ਪਿੰਡਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਕਿ 15 ਅਗਸਤ ਨੂੰ ਟਰੈਕਟਰ ਲੈ ਕੇ, ਗੁਰਦੁਆਰਾ ਸਾਦਿਕ ਕਬੀਰ ਵਿਖੇ ਇਕੱਠੇ ਹੋ ਕੇ, ਇਲਾਕੇ ਵਿੱਚ ਮਾਰਚ ਕੀਤਾ ਜਾਵੇਗਾ। ਜਿਲਾ ਮੀਤ ਪ੍ਰਧਾਨ ਕਿਰਪਾਲ ਸਿੰਘ ਵਿਰਕ ਨੇ ਕਿਹਾ ਕਿ ਸਾਡਾ ਸੰਘਰਸ਼ ਉਦੋਂ ਤੱਕ ਚੱਲਦਾ ਰਹੇਗਾ, ਜਦੋਂ ਤੱਕ ਸਡੀਆਂ ਮੰਗਾਂ ਪੂਰੀਆਂ ਨਹੀਂ ਹੋ ਜਾਂਦੀਆਂ।

## ਜ਼ੋਨਲ ਟੂਰਨਾਮੈਂਟ 'ਚ ਆਕਸਫੋਰਡ ਸਕੂਲ ਦੇ ਹਿੱਸੇ ਆਏ 31 ਮੈਡਲ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਦਿ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਦੇ ਖਿਡਾਰੀ ਗਰਮ ਰੁੱਤ ਦੀਆਂ 68ਵੀਂ ਜ਼ੋਨ-ਖੇਡਾਂ ਵਿੱਚ ਸਿਤਾਰੇ ਬਣ ਕੇ ਚਮਕੇ ਹਨ। ਇਸ ਸੰਸਥਾ ਦੇ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਜਿਵੇਂ-ਕਬੱਡੀ, ਬਾਸਕਟਬਾਲ, ਵਾਲੀਬਾਲ, ਖੋ-ਖੋ, ਬੈਡਮਿੰਟਨ, ਫੁੱਟਬਾਲ, ਹੈਂਡਬਾਲ, ਚੈੱਸ, ਯੋਗਾ, ਕਰਾਟੇ, ਕ੍ਰਿਕਟ ਵਿੱਚ ਹਿੱਸਾ ਲਿਆ ਤੇ ਸ਼ਾਨਦਾਰ ਪ੍ਰਾਪਤੀਆਂ ਕਰਦੇ ਹੋਏ 31 ਟੀਮ ਮੈਡਲ ਪ੍ਰਾਪਤ ਕੀਤੇ। ਇੰਨਾ ਹੀ ਨਹੀਂ ਇਨ੍ਹਾਂ ਟੀਮਾਂ ਵਿੱਚੋਂ 176 ਖਿਡਾਰੀ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਲਈ ਵੀ ਚੁਣੇ ਗਏ। ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਦੇ ਇਸ ਪ੍ਰਦਰਸ਼ਨ ਦੀ ਸ਼ਲਾਘਾ ਕਰਦੇ ਹੋਏ ਸਕੂਲ ਦੇ ਸਮੁੱਚੇ ਖੇਡ ਵਿਭਾਗ ਦੇ ਮੁਖੀ ਪ੍ਰਦਮਨ ਸਿੰਘ ਬਰਾੜ ਫੁੱਟਬਾਲ ਕੋਚ, ਤੇਜਿੰਦਰ ਸਿੰਘ ਹੈਂਡਬਾਲ ਕੋਚ, ਸੁਖਵਿੰਦਰ ਸਿੰਘ ਵਾਲੀਬਾਲ ਤੇ ਸਕੇਟਿੰਗ ਕੋਚ, ਗੁਰਜਿੰਦਰ ਸਿੰਘ ਚੈੱਸ ਕੋਚ, ਗੁਰਮਨ ਸਿੰਘ ਕ੍ਰਿਕਟ ਕੋਚ, ਕੁਲਵਿੰਦਰ ਕੌਰ ਬੈਡਮਿੰਟਨ ਤੇ ਯੋਗਾ ਕੋਚ, ਮਨਪ੍ਰੀਤ ਕੌਰ ਖੋ-ਖੋ ਤੇ ਕਬੱਡੀ ਕੋਚ, ਮਮਤਾ ਬਾਸਕਟਬਾਲ ਕੋਚ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਵੱਲੋਂ ਕੀਤੇ ਗਏ ਅਣਥੱਕ ਯਤਨਾਂ ਦੀ ਸਲਾਹੁਤਾ ਕੀਤੀ। ਉਨ੍ਹਾ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਕਿਹਾ ਕਿ ਖੇਡਾਂ ਦੇ ਬਲਬੂਤੇ ਅਸੀਂ ਰਾਸ਼ਟਰੀ ਤੇ ਅੰਤਰ-ਰਾਸ਼ਟਰੀ ਪੱਧਰ 'ਤੇ ਆਪਣਾ ਨਾਮ ਚਮਕਾ ਸਕਦੇ ਹਾਂ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ ਸ਼ੈਰੀ ਢਿੱਲੋਂ (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਖਿਡਾਰੀਆਂ ਤੇ ਕੋਚ ਸਾਹਿਬਾਨਾਂ ਨੂੰ ਵਧਾਈ ਦਿੱਤੀ ਅਤੇ ਬਾਕੀ ਵਿਦਿਆਰਥੀਆਂ ਨੂੰ ਵੀ ਕਿਸੇ ਨਾ ਕਿਸੇ ਖੇਡ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਮਾਤਾ ਗੁਜਰੀ ਕਾਲਜ ਦੇ ਕਾਮਰਸ ਵਿਭਾਗ ਵੱਲੋਂ ਓਰੀਐਂਟੇਸ਼ਨ ਪ੍ਰੋਗਰਾਮ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੋਸਟ ਗ੍ਰੈਜੂਏਟ ਕਾਮਰਸ ਵਿਭਾਗ ਵੱਲੋਂ ਵਿਭਾਗ ਵਿੱਚ ਦਾਖਲ ਹੋਏ ਨਵੇਂ ਵਿਦਿਆਰਥੀਆਂ ਲਈ ਵਿਸ਼ੇਸ਼ ਓਰੀਐਂਟੇਸ਼ਨ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਕਾਲਜ ਦੇ ਵਿਜ਼ਨ, ਉਦੇਸ਼, ਵਿਦਿਆਰਥੀਆਂ ਦੇ ਕੋਡ ਆਫ਼ ਕੰਡਕਟ ਤੇ ਹੋਰ ਅਹਿਮ ਨਿਯਮਾਂ ਬਾਰੇ ਜਾਣੂ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਵਿੱਚ ਵਿਦਿਆਰਥੀਆਂ ਨੂੰ ਕਾਮਰਸ ਵਿਭਾਗ ਵਿਖੇ ਚੱਲ ਰਹੇ ਵੱਖ-ਵੱਖ ਕੋਰਸਾਂ, ਵਿੱਦਿਅਕ ਤੇ ਸਹਿ-ਵਿੱਦਿਅਕ ਗਤੀਵਿਧੀਆਂ, ਪ੍ਰਾਪਤੀਆਂ ਤੇ ਵਜ਼ੀਫਿਆਂ ਸਬੰਧੀ ਜਾਣਕਾਰੀ ਭਰਪੂਰ ਵੀਡੀਓ ਪ੍ਰਦਰਸ਼ਨੀ ਪੇਸ਼ ਕੀਤੀ ਗਈ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਵਿਦਿਆਰਥੀਆਂ ਨੂੰ ਕਾਲਜ ਦੇ ਗੌਰਵਮਈ ਇਤਿਹਾਸ ਬਾਰੇ ਜਾਣੂ ਕਰਵਾਉਂਦੇ ਹੋਏ ਉਨ੍ਹਾਂ ਨੂੰ ਆਗਿਆਕਾਰੀ ਵਿਦਿਆਰਥੀ ਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਅਤੇ ਨਾਲ ਹੀ ਪੜ੍ਹਾਈ ਦੌਰਾਨ ਆਪਣੇ ਸੁਨਹਿਰੀ ਭਵਿੱਖ ਲਈ ਰੁਜ਼ਗਾਰ ਦੇ ਸੰਭਾਵਿਤ ਮੌਕੇ ਤਲਾਸ਼ ਕਰਨ ਲਈ ਉਤਸ਼ਾਹਤ ਕੀਤਾ।ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਾਮਰਸ ਵਿਭਾਗ ਵਿਖੇ ਦਾਖਲ ਹੋਏ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਪੂਰੀ ਮਿਹਨਤ, ਇਕਾਗਰਤਾ ਤੇ ਉਤਸ਼ਾਹ ਨਾਲ ਪੜ੍ਹਾਈ, ਖੇਡਾਂ ਤੇ ਹੋਰ ਉਸਾਰੂ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਕਾਮਰਸ ਵਿਭਾਗ ਦੇ ਮੁਖੀ ਪ੍ਰੋ. ਮੁਹੰਮਦ ਅਨਵਰ ਨੇ ਵਿਦਿਆਰਥੀਆਂ ਨੂੰ ਕਾਲਜ ਦੀ ਪ੍ਰੀਖਿਆ ਪ੍ਰਣਾਲੀ ਦੀਆਂ ਪ੍ਰਕਿਰਿਆਵਾਂ ਤੇ ਨਿਯਮਾਂ ਸਬੰਧੀ ਜਾਣੂ ਕਰਵਾਇਆ।ਸਮਾਗਮ ਦੇ ਅਖੀਰ ਵਿੱਚ ਕਾਮਰਸ ਵਿਭਾਗ ਦੇ ਡਾ. ਹਰਜੀਤ ਕੌਰ ਨੇ ਸਭ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਨਤੀਜੇ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ (ਬਠਿੰਡਾ) ਦੇ ਐਜੂਕੇਸ਼ਨ ਕਾਲਜ ਦੇ ਨਤੀਜੇ ਬੇਹੱਦ ਸ਼ਾਨਦਾਰ ਰਹੇ।ਐਜੂਕੇਸ਼ਨ ਵਿਭਾਗ ਮੁਖੀ ਪ੍ਰੋ. ਸੰਦੀਪ ਕੌਰ ਨੇ ਦੱਸਿਆ ਕਿ ਹਰਪ੍ਰੀਤ ਕੌਰ ਪੁੱਤਰੀ ਬਿਕਰਮਜੀਤ ਸਿੰਘ ਨੇ ਸੈਸ਼ਨ 2022-24 ਦੌਰਾਨ ਡੀ ਐੱਲ ਐੱਡ (ਈਟੀਟੀ) ਸਾਲ ਪਹਿਲਾ ਵਿੱਚੋਂ 85.43 ਅੰਕਾਂ ਨਾਲ ਪਹਿਲਾ, ਰਮਨਪ੍ਰੀਤ ਕੌਰ ਪੁੱਤਰੀ ਸੱਤਪਾਲ ਸਿੰਘ ਨੇ 83.4 ਅੰਕਾਂ ਨਾਲ ਦੂਜਾ ਤੇ ਖੁਸ਼ਪ੍ਰੀਤ ਵਾਲੀਆ ਪੁੱਤਰੀ ਜਗਸੀਰ ਰਾਮ ਨੇ 82.43 ਅੰਕਾਂ ਨਾਲ ਕਾਲਜ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ।ਸੰਸਥਾ ਦੇ ਚੇਅਰਮੈਨ ਐੱਸ ਐੱਸ ਚੱਠਾ ਨੇ ਚੰਗੇ ਨਤੀਜਿਆਂ ਦਾ ਸਿਹਰਾ ਸਟਾਫ ਤੇ ਵਿਦਿਆਰਥੀਆਂ ਦੀ ਮਿਹਨਤ ਨੂੰ ਦਿੰਦਿਆਂ ਕਿਹਾ ਕਿ ਚੰਗੇ ਤੇ ਨੈਤਿਕ ਗੁਣਾਂ ਨਾਲ ਲਬਰੇਜ਼ ਅਧਿਆਪਕ ਹੀ ਸਮਾਜ ਸੁਧਾਰ ਸਕਦੇ ਹਨ।ਪ੍ਰਿੰਸੀਪਲ ਡਾ. ਜਗਵਿੰਦਰ ਸਿੰਘ, ਐੱਮ ਡੀ ਮਨਜੀਤ ਕੌਰ ਚੱਠਾ, ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, ਵਾਈਸ ਪ੍ਰਿੰਸੀਪਲ-ਕਮ-ਰਜਿਸਟਰਾਰ ਡਾ. ਰਜਿੰਦਰ ਕੁਮਾਰ ਤ੍ਰਿਪਾਠੀ, ਸਹਾਇਕ ਡਾਇਰੈਕਟਰ ਐਡਮਿਨ ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਜੋਨੀ ਰਾਣੀ, ਪ੍ਰੋ. ਕ੍ਰਿਸ਼ਨ ਸਿੰਘ, ਡਾ. ਗੁਰਵਿੰਦਰ ਸਿੰਘ, ਪ੍ਰੋ. ਪੂਜਾ ਰਾਣੀ, ਕੰਪਿਊਟਰ ਸਾਇੰਸ ਵਿਭਾਗ ਮੁਖੀ ਚਰਨਜੀਤ ਕੌਰ, ਸਾਇੰਸ ਵਿਭਾਗ ਮੁਖੀ ਕਰਮਜੀਤ ਕੌਰ ਮੰਡੀ ਕਲਾਂ, ਕਾਮਰਸ ਵਿਭਾਗ ਮੁਖੀ ਪ੍ਰੋ. ਅਨੀਤਾ, ਅਕਾਦਮਿਕ ਮੁਖੀ ਪ੍ਰੋ. ਅਨੀਕਾ, ਪ੍ਰੋ. ਰੋਬਿਨ ਮੰਗਲਾ, ਪ੍ਰੋ. ਸੁਖਪ੍ਰੀਤ ਕੌਰ, ਸਾਇਕਾਲੋਜੀ ਵਿਭਾਗ ਮੁਖੀ ਮਨਦੀਪ ਕੌਰ, ਪ੍ਰੋ. ਜਸਪ੍ਰੀਤ ਕੌਰ ਤੋਂ ਇਲਾਵਾ ਸਮੂਹ ਸਟਾਫ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

## ਕਾਲੇ ਪਾਣੀ ਨੂੰ ਸਤਲੁਜ 'ਚ ਪੈਣ ਤੋਂ ਰੋਕਣ ਲਈ 24 ਨੂੰ ਵਿਸ਼ਾਲ ਰੋਸ ਮਾਰਚ : ਅਮਿਤੋਜ, ਲੱਖਾ ਸਿਧਾਣਾ, ਜਸਕੀਰਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਾਲੇ ਪਾਣੀ ਦਾ ਮੋਰਚਾ ਚਲਾ ਰਹੀਆਂ ਸੰਸਥਾਵਾਂ ਨਰੋਆ ਪੰਜਾਬ ਮੰਚ, ਪਬਲਿਕ ਐਕਸ਼ਨ ਕਮੇਟੀ ਮਤੇਵਾੜਾ, ਪੰਜਾਬ ਵਾਤਾਵਰਨ ਚੇਤਨਾ ਲਹਿਰ, ਮਸ਼ਹੂਰ ਫਿਲਮ ਡਾਇਰੈਕਟਰ ਅਮਿਤੋਜ ਮਾਨ ਤੇ ਕਾਰਕੁਨ ਲੱਖਾ ਸਿਧਾਣਾ ਵੱਲੋਂ ਲੁਧਿਆਣਾ ਵਿਖੇ ਵੇਰਕਾ ਮਿਲਕ ਪਲਾਂਟ ਦੇ ਬਾਹਰ ਪੱਤਰਕਾਰਾਂ ਨਾਲ ਮਿਲਣੀ ਵਿੱਚ ਬੁੱਢੇ ਦਰਿਆ ਦੇ ਕਾਲੇ ਪਾਣੀ ਨੂੰ ਸਤਲੁਜ ਵਿੱਚ ਪੈਣ ਤੋਂ ਰੋਕਣ ਲਈ ਹੋ ਰਹੇ 24 ਅਗਸਤ 2024 ਦੇ ਮਾਰਚ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਨਰੋਆ ਪੰਜਾਬ ਮੰਚ ਤੇ ਪੀ.ਏ.ਸੀ. ਮੱਤੇਵਾੜਾ ਦੇ ਜਸਕੀਰਤ ਸਿੰਘ ਨੇ ਕਿਹਾ ਕਿ ਪਿਛਲੇ ਚਾਰ ਦਹਾਕਿਆਂ ਤੋਂ ਬੁੱਢੇ ਦਰਿਆ ਵਿੱਚੋਂ ਜ਼ਹਿਰੀਲਾ ਕਾਲਾ ਪਾਣੀ ਸਤਲੁਜ ਵਿੱਚ ਪੈਣ ਕਰਕੇ ਦੱਖਣੀ ਪੰਜਾਬ ਤੇ ਰਾਜਸਥਾਨ ਤੱਕ ਬਹੁਤ ਵੱਡੇ ਪੱਧਰ 'ਤੇ ਸਿਹਤ ਤੇ ਆਰਥਿਕਤਾ ਦਾ ਘਾਣ ਹੋਇਆ ਹੈ, ਜਿਸ ਨੂੰ ਪੰਜਾਬ ਦੀ ਇੱਕ ਨਸਲਕੁਸ਼ੀ ਵੀ ਕਿਹਾ ਜਾ ਸਕਦਾ ਹੈ ਅਤੇ ਹੁਣ ਇਸ ਨੂੰ ਰੋਕਣ ਦਾ ਸਮਾਂ ਆ ਗਿਆ ਹੈ ਅਤੇ ਵੱਡੇ ਪੱਧਰ 'ਤੇ ਕਿਸਾਨ, ਸਮਾਜਿਕ, ਧਾਰਮਿਕ ਜਥੇਬੰਦੀਆਂ ਅਤੇ ਹੋਰ ਬਹੁਤ ਸਾਰੇ ਸੁਹਿਰਦ ਲੋਕ ਇਸ ਮੁਹਿੰਮ ਦਾ ਸਾਥ ਦੇ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਕਾਲੇ ਪਾਣੀ ਤੋਂ ਆਜ਼ਾਦੀ ਮਾਰਚ ਵੇਰਕਾ ਮਿਲਕ ਪਲਾਂਟ ਤੋਂ ਸ਼ੁਰੂ ਹੋ ਕੇ ਦੇਸ਼ ਦੀ ਆਜ਼ਾਦੀ ਦੇ ਨਾਇਕ ਕਰਤਾਰ ਸਿੰਘ ਸਰਾਭਾ ਦੇ ਬੁੱਤ ਭਾਈ ਬਾਲਾ ਚੌਕ ਤੱਕ ਹੋਵੇਗਾ। ਫਿਲਮ ਡਾਇਰੈਕਟਰ ਅਮਿਤੋਜ ਮਾਨ ਨੇ ਕਿਹਾ ਕਿ ਇਸ ਮੁਹਿੰਮ ਨੂੰ ਪੰਜਾਬ ਦੇ ਲੋਕਾਂ ਵੱਲੋਂ ਵੱਡੇ ਪੱਧਰ 'ਤੇ ਹੁੰਗਾਰਾ ਮਿਲਦਾ ਵੇਖ ਸਰਕਾਰ ਬੌਖਲਾਹਟ ਵਿੱਚ ਲੱਖਾ ਸਿਧਾਣਾ 'ਤੇ ਪਰਚਾ ਦਰਜ ਕਰਨ ਬਾਰੇ ਵਿਚਾਰ ਕਰ ਰਹੀ ਹੈ, ਕਿਉਂਕਿ ਉਹ ਇਸ ਮੁਹਿੰਮ ਨੂੰ ਫੇਲ੍ਹ ਕਰਨਾ ਚਾਹੁੰਦੀ ਹੈ। ਪੀ.ਏ.ਸੀ. ਮੱਤੇਵਾੜਾ ਦੇ ਕਪਿਲ ਅਰੋੜਾ ਨੇ ਦੱਸਿਆ ਕਿ ਨੈਸ਼ਨਲ ਗ੍ਰੀਨ ਟਰਬਿਊਨਲ ਵੱਲੋਂ ਬੁੱਢੇ ਦਰਿਆ ਦੇ ਇਸ ਪ੍ਰਦੂਸ਼ਣ ਦੇ ਮਸਲੇ ਦਾ ਸੂਓ ਮੋਟੋ ਸੰਗਿਆਨ ਲਿਆ ਗਿਆ ਹੈ ਤੇ 54 ਗੈਰ-ਕਾਨੂੰਨੀ ਤਰੀਕੇ ਨਾਲ ਚੱਲ ਰਹੀਆਂ ਡਾਇੰਗ ਦਾ ਮਸਲਾ 14 ਅਗਸਤ ਨੂੰ ਐੱਨ.ਜੀ.ਟੀ. ਦੇ ਪ੍ਰਿੰਸੀਪਲ ਬੈਂਚ ਵੱਲੋਂ ਸੁਣਿਆ ਜਾਵੇਗਾ। ਡਾਕਟਰ ਅਮਨਦੀਪ ਸਿੰਘ ਬੈਂਸ ਨੇ ਕਿਹਾ ਕਿ ਦੱਖਣੀ ਪੰਜਾਬ ਤੇ ਰਾਜਸਥਾਨ ਦੇ ਲੋਕ ਵੱਡੇ ਪੱਧਰ 'ਤੇ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ ਤੇ ਹੁਣ ਉਹ 24 ਅਗਸਤ ਨੂੰ ਇਸ ਰੋਹ ਮਾਰਚ ਵਿੱਚ ਸ਼ਾਮਲ ਹੋਣ ਲਈ ਵੱਡੇ ਪੱਧਰ 'ਤੇ ਪਹੁੰਚ ਰਹੇ ਹਨ। ਲੱਖਾ ਸਿਧਾਣਾ ਨੇ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦੇ ਹਨ ਕਿ ਇਸ ਮਸਲੇ 'ਤੇ ਸਭ ਘਰੋਂ ਨਿਕਲਣ ਤੇ ਇਸ ਮੁਹਿੰਮ ਦਾ ਸਾਥ ਦੇਣ। ਇਨ੍ਹਾਂ ਤੋਂ ਇਲਾਵਾ ਇਸ ਪ੍ਰੈੱਸ ਵਾਰਤਾ ਵਿੱਚ ਪੀ.ਏ.ਸੀ. ਦੇ ਕੁਲਦੀਪ ਸਿੰਘ ਖਹਿਰਾ ਤੇ ਨਰੋਆ ਪੰਜਾਬ ਮੰਚ ਦੇ ਦਲੇਰ ਸਿੰਘ ਡੋਡ ਵੀ ਸ਼ਾਮਲ ਹੋਏ।

## ਆਂਗਨਵਾੜੀ ਵਰਕਰਜ਼/ਹੈਲਪਰਜ਼ ਵੱਲੋਂ ਮੰਗਾਂ ਸੰਬੰਧੀ ਪ੍ਰਦਰਸ਼ਨ



**ਧੂਰੀ (ਸੁਖਦੇਵ ਧੂਰੀ)**-ਆਲ ਇੰਡੀਆ ਫੈਡਰੇਸ਼ਨ ਆਫ ਆਂਗਨਵਾੜੀ ਵਰਕਰਜ਼ ਹੈਲਪਰਜ਼ ਦੇ ਸੱਦੇ 'ਤੇ ਬਲਾਕਾਂ ਤੋਂ ਵੱਡੀ ਗਿਣਤੀ ਵਿੱਚ ਆਪਣੀਆਂ ਮੰਗਾਂ ਸਬੰਧੀ ਪ੍ਰਦਰਸ਼ਨ ਕਰਦੇ ਹੋਏ ਕੇਂਦਰ ਦੇ ਵਿੱਤ ਮੰਤਰੀ ਸੀਤਾ ਰਮਨ ਤੇ ਇਸਤਰੀ ਤੇ ਬਾਲ ਵਿਕਾਸ ਪ੍ਰੋਜੈਕਟ ਅਫਸਰਾ ਨੂੰ ਦੇਸ਼ ਭਰ ਤੋਂ ਮੰਗ ਪੱਤਰ ਭੇਜੇ ਗਏ।ਆਲ ਇੰਡੀਆ ਫੈਡਰੇਸ਼ਨ ਦੇ ਫੈਸਲੇ ਅਨੁਸਾਰ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਵੱਲੋਂ ਇਸ ਸੱਦੇ ਨੂੰ ਬਲਾਕ ਧੂਰੀ ਦੇ ਪ੍ਰਧਾਨ ਸਕੁੰਤਲਾ ਧੂਰੀ ਦੀ ਅਗਵਾਈ ਵਿੱਚ ਪੂਰੇ ਜੋਸ਼ੋ ਖਰੋਸ਼ ਨਾਲ ਮੰਗਾਂ ਦੇ ਨਾਅਰੇ ਲਾਉਂਦੇ ਹੋਏ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਕਿ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਆਂਗਣਵਾੜੀ ਵਰਕਰ ਹੈਲਪਰ ਨੂੰ ਸੰਵਿਧਾਨਕ ਲਾਭ ਦਿੱਤੇ ਜਾਣ ਤੇ ਘੱਟੋ ਘੱਟ ਉਜ਼ਰਤ 26000? ਕੀਤੀ ਜਾਵੇ। ਜਿਲ੍ਹਾ ਵਰਕਿੰਗ ਪ੍ਰਧਾਨ ਮਨਦੀਪ ਕੁਮਾਰੀ ਨੇ ਕਿਹਾ ਕਿ ਪ੍ਰੀ ਪ੍ਰਾਇਮਰੀ ਐਜੂਕੇਸ਼ਨ ਆਂਗਣਵਾੜੀ ਕੇਂਦਰਾਂ ਵਿੱਚ ਦੇਣੀ ਯਕੀਨੀ ਬਣਾਈ ਜਾਵੇ। ਇਸ ਨੂੰ ਆਂਗਣਵਾੜੀਆਂ ਤੋਂ ਖੋਹ ਕੇ 49 ਸਾਲਾਂ ਤੋਂ ਕੰਮ ਕਰਦੀ ਆ ਰਹੀ ਸਕੀਮ ਨੂੰ ਖੋਰਾਂ ਨਾ ਲਾਇਆ ਜਾਵੇ।ਲਗਾਤਾਰ ਡਿਜੀਟਲ ਲਾਈਜ਼ ਦੇ ਨਾਮ ਤੇ ਆਂਗਣਵਾੜੀ ਵਰਕਰਾਂ ਨੂੰ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ ਤੇ ਡਿਜੀਟਲ ਕਰਨ ਲਈ ਸਾਧਨਾਂ ਦਾ ਪ੍ਰਬੰਧ ਕੀਤਾ ਜਾਵੇ ਆਦਿ।ਜੇਕਰ ਸਰਕਾਰ ਨੇ ਉਕਤ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕਰਨਾ ਪਵੇਗਾ।ਇਸ ਮੌਕੇ ਸੈਕਟਰੀ ਹਰਮਿੰਦਰ ਕੌਰ, ਖਜ਼ਾਨਚੀ ਸੁਨੀਤਾ ਗੋਇਲ, ਕੁਲਵਿੰਦਰ ਕੌਰ ਸਹਾਇਕ ਸੈਕਟਰੀ, ਰਾਜ ਕੌਰ ਸਰਕਲ ਪ੍ਰਧਾਨ, ਕੁਲਵੰਤ ਕੌਰ, ਨੇਹਾ ਸਰਕਲ ਪ੍ਰਧਾਨ, ਨਰਿੰਦਰ ਕੌਰ ਸਰਕਲ ਪ੍ਰਧਾਨ, ਸਵਰਨਜੀਤ ਕੌਰ, ਸਰਬਜੀਤ ਕੌਰ, ਮਨਦੀਪ ਕੌਰ ਤੇ ਜਸਵਿੰਦਰ ਕੌਰ ਹਾਜ਼ਰ ਸਨ।

## ਸੂਬੇ ਨੂੰ ਰੰਗਲਾ ਬਣਾਉਣ ਲਈ ਮੁੱਖ ਮੰਤਰੀ ਵੱਲੋਂ ਵੇਖਿਆ ਸੁਪਨਾ ਹੋ ਰਿਹੈ ਪੂਰਾ : ਜੌੜਾਮਾਜਰਾ

### ਲਟੌਰ ਵਿਖੇ ਮਨਾਏ ਤੀਆਂ ਦੇ ਤਿਉਹਾਰ 'ਚ ਕੀਤੀ ਸ਼ਿਰਕਤ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਨੂੰ ਮੁੜ ਤੋਂ ਹੱਸਦਾ, ਵੱਸਦਾ ਤੇ ਰੰਗਲਾ ਬਣਾਉਣ ਲਈ ਵੇਖਿਆ ਗਿਆ ਸੁਪਨਾ ਪੂਰਾ ਹੋਣਾ ਸ਼ੁਰੂ ਹੋ ਚੁੱਕਾ ਹੈ ਤੇ ਅੱਜ ਸਾਡੇ ਪਿੰਡਾਂ ਤੇ ਖੇਡ ਮੈਦਾਨਾਂ ਵਿੱਚ ਮੁੜ ਤੋਂ ਮੇਲੇ ਲੱਗਣੇ ਸ਼ੁਰੂ ਹੋ ਗਏ ਹਨ ਜੋ ਕਿ ਇਹ ਸਾਬਿਤ ਕਰਦਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਚੌਤਰਫਾ ਵਿਕਾਸ ਲਈ ਗੰਭੀਰਤਾ ਨਾਲ ਕੰਮ ਕਰ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ੍ਰ. ਚੇਤਨ ਸਿੰਘ ਜੌੜਾਮਾਜਰਾ ਨੇ ਪਿੰਡ ਲਟੌਰ ਵਿਖੇ ਮਨਾਏ ਗਏ ਤੀਆਂ ਦੇ ਤਿਓਹਾਰ ਵਿੱਚ ਸ਼ਿਰਕਤ ਕਰਨ ਸਮੇਂ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਕਿਹਾ ਕਿ ਪੰਜਾਬ ਨੇ ਉਹ ਸਮਾਂ ਵੀ ਵੇਖਿਆ ਹੈ, ਜਦੋਂ ਸਾਡੇ ਖੇਡ ਮੈਦਾਨ ਤੇ ਪਿੰਡਾਂ ਦੀਆਂ ਸੱਥਾਂ ਖਾਲੀ ਹੋ ਰਹੀਆਂ ਸਨ, ਪ੍ਰੰਤੂ ਜਦੋਂ ਹੀ ਸ੍ਰ. ਭਗਵੰਤ ਸਿੰਘ ਮਾਨ ਨੇ ਬਤੌਰ ਮੁੱਖ ਮੰਤਰੀ ਕਾਰਜ ਭਾਰ ਸੰਭਾਲਿਆ ਤਾਂ ਸੂਬੇ ਨੂੰ ਮੁੜ ਤੋਂ ਖੁਸ਼ਹਾਲ ਵਿਖਾਉਣ ਲਈ ਪੂਰੀ ਗੰਭੀਰਤਾ ਨਾਲ ਕੀਤੇ ਗਏ ਕੰਮਾਂ ਬਦੌਲਤ ਅੱਜ ਮੁੜ ਤੋਂ ਖੇਡ ਮੈਦਾਨਾਂ ਵਿੱਚ ਨੌਜਵਾਨਾਂ ਦੀ ਗਿਣਤੀ ਵੱਧਣ ਲੱਗ ਪਈ ਹੈ ਅਤੇ ਪਿੰਡਾਂ ਦੀਆਂ ਸੱਥਾਂ ਤੇ ਹੋਰ ਥਾਵਾਂ 'ਤੇ ਵੱਖ-ਵੱਖ ਖੇਡ ਮੇਲੇ ਤੇ ਤੀਆਂ ਦੇ ਮੇਲੇ ਲੱਗਣੇ ਸ਼ੁਰੂ ਹੋ ਗਏ ਹਨ।ਇਸ ਮੌਕੇ ਹਲਕਾ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਨੇ ਕਿਹਾ ਕਿ ਅਜਿਹੇ ਸਮਾਗਮ ਵੇਖ ਕੇ ਦਿਲ ਨੂੰ ਬਹੁਤ ਖੁਸ਼ੀ ਹੁੰਦੀ ਹੈ, ਕਿਉਂਕਿ ਪਿਛਲੇ ਕੁਝ ਸਮੇਂ ਤੋਂ ਸਾਡੇ ਤਿਓਹਾਰ ਸਾਡੇ ਤੋਂ ਖੁਸਦੇ ਜਾ ਰਹੇ ਸਨ।ਪ੍ਰੰਤੂ ਹੁਣ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਲਈ ਕੀਤੇ ਜਾ ਰਹੇ ਕੰਮਾਂ ਕਾਰਨ ਮੁੜ ਤੋਂ ਮਨਾਉਣੇ ਸ਼ੁਰੂ ਹੋਏ ਹਨ, ਜੋ ਕਿ ਪੰਜਾਬੀਆਂ ਲਈ ਮਾਣ ਦੀ ਗੱਲ ਹੈ।ਉਨ੍ਹਾਂ ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਸੱਭਿਆਚਾਰਕ ਸਮਾਗਮ ਦੀ ਵੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਪਿੰਡ ਲਟੌਰ ਦੀ ਪੰਚਾਇਤ ਨੇ ਕੈਬਨਿਟ ਮੰਤਰੀ ਸ੍ਰ. ਚੇਤਨ ਸਿੰਘ ਜੌੜਾਮਾਜਰਾ ਤੇ ਹਲਕਾ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਦਾ ਸਨਮਾਨ ਵੀ ਕੀਤਾ।ਇਸ ਮੌਕੇ ਪਿੰਡ ਦੀ ਸਾਬਕਾ ਸਰਪੰਚ ਰਣਜੀਤ ਕੌਰ, ਗੁਰਜੀਤ ਸਿੰਘ, ਗਿਆਨ ਸਿੰਘ, ਗਿਆਨੀ ਸੁਖਦੇਵ ਸਿੰਘ, ਦਿਆਲ ਸਿੰਘ, ਰਣਜੀਤ ਸਿੰਘ, ਵਿਧਾਇਕ ਦੇ ਪੀ. ਏ. ਮਾਨਵ, ਬਹਾਦਰ ਅਲੀ, ਰੋਹਿਤ ਸਿੰਗਲਾ ਨੰਬਰਦਾਰ ਦਰਸ਼ਨ ਸਿੰਘ, ਨੰਬਰਦਾਰ ਸੁਖਦੇਵ ਸਿੰਘ, ਬਾਬਾ ਪਰੇਮ ਸਿੰਘ, ਹਰਨੇਕ ਸਿੰਘ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਸੁਪਰੀਮ ਕਾਨਵੈਂਟ ਸਕੂਲ 'ਚ ਲੱਗੀਆਂ ਤੀਆਂ ਦੀਆਂ ਰੌਣਕਾਂ



**ਹਠੂਰ (ਨਛੱਤਰ ਸੰਧੂ)**

ਸੁਪਰੀਮ ਕੋਨਵੈਂਟ ਸਕੂਲ ਬਿਲਾਸਪੁਰ, ਮੋਗਾ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ। ਸਕੂਲ ਦੇ ਡਾਇਰੈਕਟਰ ਚਰਨ ਸਿੰਘ, ਚੇਅਰਮੈਨ ਸ਼੍ਰੀ ਯੋਗਿੰਦਰ ਪ੍ਰਸਾਦ ਸ਼ਰਮਾ ਤੇ ਸਕੂਲ ਪ੍ਰਿੰਸੀਪਲ ਸ੍ਰੀ ਸਨਦੀਪ ਕੁਮਾਰ ਦੀ ਅਗਵਾਈ ਹੇਠ ਤੀਜ ਸਮਾਗਮ ਸਮੇ ਵਿਦਿਆਰਥਣਾਂ ਤੀਆਂ ਦੇ ਤਿਉਹਾਰ ਨੂੰ ਸਮਰਪਤ ਭਾਵਨਾ ਨਾਲ ਮਨਾਉਣ ਲਈ ਸਵੇਰ ਤੋਂ ਹੀ ਪੁਰਾਤਨ ਪੰਜਾਬੀ ਪਹਿਰਾਵੇ ਸੱਗੀ ਫੁੱਲ, ਪਿੱਪਲ ਪੱਤੀਆਂ, ਟਿੱਕਾ ਹੋਰ ਹਰ ਸ਼ਿੰਗਾਰ ਕਰਕੇ ਪਹੁੰਚੀਆਂ ਲੜਕੀਆਂ ਵੱਲੋਂ ਗਿੱਧੇ ਦੀ ਤਾਲ 'ਤੇ ਚੰਗਾ ਰੰਗ ਬੰਨ੍ਹਿਆ।

ਤੀਆਂ ਦੇ ਤਿਉਹਾਰ ਲਈ ਵਿਸੇਸ ਤੌਰ 'ਤੇ ਪਹੁੰਚੇ ਮੈਡਮ ਮਨਦੀਪ ਕੌਰ ਭਦੌੜ ਨੇ ਲੜਕੀਆਂ ਨੂੰ ਪੰਜਾਬਣ ਮੁਟਿਆਰਾਂ ਅਤੇ ਤੀਆਂ ਦੇ ਤਿਹਾਉਰ ਬਾਰੇ ਜਾਣਕਾਰੀ ਦਿੱਤੀ।ਇਸ ਤਿਓਹਾਰ ਨੂੰ ਹੋਰ ਰੰਗਾਰੰਗ ਬਣਾਉਣ ਲਈ ਅਲੱਗ ਅਲੱਗ ਵੰਨਗੀਆਂ ਮਹਿੰਦੀ ਮੁਕਬਲਾ, ਲੌਂਗ ਹੇਅਰ, ਮਿਸ ਤੀਜ ਮੁਕਾਬਲੇ ਕਰਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚੋਂ ਪਹਿਲੀ, ਦੂਜੀ ਅਤੇ ਤੀਜੀ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਮਿਸ ਤੀਜ ਮੁਕਾਬਲੇ ਵਿੱਚੋਂ ਪ੍ਰਾਇਮਰੀ ਵਿੰਗ ਵਿਚ ਅਵਨੀਤ ਕੌਰ ਤੀਜੀ ਜਮਾਤ ਨੇ ਪਹਿਲੀ ਪੁਜ਼ੀਸ਼ਨ ਪ੍ਰਾਪਤ ਕੀਤੀ ਅਤੇ ਰਨਰਅਪ ਪਵਨਪ੍ਰੀਤ ਅਰੋੜਾ ਰਹੀ।ਮਿਡਲ ਵਿੰਗ ਵਿਚ ਅਨੁਰੀਤ ਕੌਰ ਪਹਿਲੇ 'ਤੇ ਸਥਾਨ ਰਹੀ ਅਤੇ ਦਿਵਨੀਤ ਕੌਰ ਰਨਰਅਪ ਰਹੀ।ਸੈਕੰਡਰੀ ਵਿੰਗ ਵਿੱਚ ਪਹਿਲੀ ਪੁਜੀਸਨ ਤੇ ਮਹਿਕਪ੍ਰੀਤ ਕੌਰ 10ਵੀ ਜਮਾਤ ਦੀ ਵਿਦਿਆਥਣ ਰਹੀ, ਰਨਰਅਪ ਬਲਦੀਪ ਕੌਰ 12ਵੀਂ ਸਾਇੰਸ ਦੀ ਵਿਦਿਆਰਥਣ ਰਹੀ।ਅੰਤ ਵਿੱਚ ਤੀਆਂ ਦੇ ਪ੍ਰੋਗਰਾਮ ਲਈ ਸਕੂਲ ਸਟਾਫ਼ ਤੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਸਕੂਲ ਦੇ ਪ੍ਰੈਜ਼ੀਡੈਂਟ ਚਰਨ ਸਿੰਘ ਅਤੇ ਚੇਅਰਮੈਨ ਸ਼੍ਰੀ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਕਿਹਾ ਕਿ ਪੰਜਾਬ ਦੇ ਅਮੀਰ ਵਿਰਸੇ ਦਾ ਅੰਗ ਤੀਆਂ ਜਿਥੇ ਪੰਜਾਬੀ ਸੱਭਿਆਚਾਰ ਦਾ ਪ੍ਰਤੀਕ ਹੈ, ਉਥੇ ਤੀਆਂ ਦੇ ਪਿੜਾਂ 'ਚ ਭਾਈਚਾਰਕ ਸਾਂਝ ਵੀ ਡੁੱਲ੍ਹ-ਡੁੱਲ੍ਹ ਪੈਂਦੀ ਹੈ।ਸਮਾਪਤੀ ਤੇ ਸਕੂਲ ਪ੍ਰਿੰਸੀਪਲ ਸ੍ਰੀ ਸਨਦੀਪ ਕੁਮਾਰ ਨੇ ਕਿਹਾ ਪੱਛਮੀ ਸੱਭਿਆਚਾਰ ਦੀ ਚਕਾਚੌਂਧ ਵਿੱਚ ਸਾਨੂੰ ਅਪਣਾ ਵਿਰਸਾ ਨਹੀਂ ਭੁੱਲਣਾ ਚਾਹੀਦਾ।

## ਵਾਤਾਵਰਨ, ਸਮਾਜਿਕ ਕੁਰੀਤੀਆਂ ਤੇ ਸਰੋਕਾਰਾਂ 'ਤੇ ਕੇਂਦਰਤ ਹੋਵੇਗਾ ਚੌਥਾ ਫਿਲਮ ਫੈਸਟੀਵਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਫਿਲਮ ਫਾਊਂਡੇਸ਼ਨ ਵੱਲੋਂ ਹਰੇਕ ਸਾਲ ਕਰਵਾਏ ਜਾਂਦੇ ਬਠਿੰਡਾ ਫਿਲਮ ਫੈਸਟੀਵਲ ਦਾ ਚੌਥਾ ਐਡੀਸ਼ਨ ਨਵੰਬਰ 2024 ਵਿੱਚ ਹੋਵੇਗਾ। ਇਸ ਵਾਰ ਇਹ ਫਿਲਮ ਫੈਸਟੀਵਲ ਹਵਾ, ਪਾਣੀ, ਧਰਤੀ ਤੇ ਵਾਤਾਵਰਨ ਨੂੰ ਬਚਾਉਣ ਦੇ ਉਪਰਾਲਿਆਂ ਨਾਲ ਸੰਬੰਧਤ ਫਿਲਮਾਂ ਤੇ ਸਮਾਜ ਵਿੱਚ ਫੈਲੀਆਂ ਵੱਖ-ਵੱਖ ਤਰ੍ਹਾਂ ਦੀਆਂ ਬੁਰਾਈਆਂ ਤੇ ਕੁਰੀਤੀਆਂ ਨੂੰ ਦੂਰ ਕਰਨ ਅਤੇ ਦੂਸਰੇ ਸਮਾਜਿਕ ਸਰੋਕਾਰਾਂ ਨੂੰ ਸਮਰਪਤ ਹੋਵੇਗਾ। ਇਸ ਫੈਸਟੀਵਲ ਵਿੱਚ ਕਿਸੇ ਵੀ ਜੋਨਰ ਦੀਆਂ ਫਿਲਮਾਂ ਭੇਜੀਆਂ ਜਾ ਸਕਦੀਆਂ ਹਨ। ਪ੍ਰੈੱਸ ਕਲੱਬ ਬਠਿੰਡਾ ਵਿਖੇ ਫੈਸਟੀਵਲ ਬਾਰੇ ਜਾਣਕਾਰੀ ਦਿੰਦਿਆਂ ਫੈਸਟੀਵਲ ਡਾਇਰੈਕਟਰ ਰਣਜੀਤ ਸਿੰਘ ਸੰਧੂ ਨੇ ਦੱਸਿਆ ਕਿ ਬਠਿੰਡਾ ਫਿਲਮ ਫੈਸਟੀਵਲ ਦੇ ਤਿੰਨ ਐਡੀਸ਼ਨ ਪਿਛਲੇ ਸਾਲਾਂ ਦੌਰਾਨ ਸਫਲਤਾ ਪੂਰਵਕ ਕਰਵਾਏ ਜਾ ਚੁੱਕੇ ਹਨ। ਇਹ ਫਿਲਮ ਫੈਸਟੀਵਲ ਪੰਜਾਬ ਵਿੱਚ ਹੋਣ ਵਾਲਾ ਆਪਣੀ ਤਰ੍ਹਾਂ ਦਾ ਪਹਿਲਾ ਫਿਲਮ ਫੈਸਟੀਵਲ ਹੈ, ਜਿਸ ਵਿੱਚ ਸ਼ਾਰਟ ਫਿਲਮਾਂ, ਫੀਚਰ ਫਿਲਮਾਂ ਤੇ ਵੈੱਬ ਸੀਰੀਜ਼ ਭੇਜੀਆਂ ਜਾ ਸਕਦੀਆਂ ਹਨ।ਇਸ ਫੈਸਟੀਵਲ ਵਿੱਚ ਫਿਲਮਾਂ ਭੇਜਣ ਲਈ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਐਂਟਰੀ ਫੀਸ ਜਾਂ ਰਜਿਸਟਰੇਸ਼ਨ ਚਾਰਜਸ ਨਹੀਂ ਹਨ। ਸ਼ਾਰਟ ਫ਼ਿਲਮਾਂ ਦੀ ਕੈਟਾਗਰੀ ਵਿੱਚ ਪਹਿਲਾ ਇਨਾਮ ਜਿੱਤਣ ਵਾਲੀ ਸ਼ਾਰਟ ਫਿਲਮ ਨੂੰ 51000 ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਸ਼ਾਰਟ ਫਿਲਮਾਂ ਦੀ ਕੈਟੇਗਰੀ ਵਿੱਚ ਦੋਵੇਂ ਤਰ੍ਹਾਂ ਦੀਆਂ ਪਹਿਲਾਂ ਤੋਂ ਰਿਲੀਜ਼ ਹੋ ਚੁੱਕੀਆਂ ਤੇ ਬਿਲਕੁਲ ਨਵੀਆਂ ਸ਼ਾਰਟ ਫਿਲਮਾਂ, ਜਿਨ੍ਹਾਂ ਦੀ ਲੰਬਾਈ ਇੱਕ ਮਿੰਟ ਤੋਂ 35 ਮਿੰਟ ਤੱਕ ਹੋਵੇ, ਨੂੰ ਭੇਜਿਆ ਜਾ ਸਕਦਾ ਹੈ।

ਫੀਚਰ ਫਿਲਮਾਂ ਦੀ ਕੈਟੇਗਰੀ ਵਿੱਚ ਪਹਿਲਾਂ ਤੋਂ ਰਿਲੀਜ਼ ਹੋ ਚੁੱਕੀਆਂ ਤੇ ਬਿਲਕੁਲ ਨਵੀਆਂ ਫੀਚਰ ਫਿਲਮਾਂ, ਜਿਨ੍ਹਾਂ ਦੀ ਲੰਬਾਈ 36 ਮਿੰਟ ਤੋਂ ਤਿੰਨ ਘੰਟੇ ਦੇ ਵਿੱਚ ਹੋਵੇ, ਭੇਜੀਆਂ ਜਾ ਸਕਦੀਆਂ ਹਨ। ਇਸੇ ਤਰ੍ਹਾਂ ਵੱਖ-ਵੱਖ ਓਟੀਟੀ ਪਲੇਟਫਾਰਮ, ਯੂ ਟਿਊਬ ਜਾਂ ਫੇਸਬੁਕ 'ਤੇ ਰਿਲੀਜ਼ ਹੋ ਚੁੱਕੀਆਂ ਜਾਂ ਬਿਲਕੁਲ ਨਵੀਆਂ ਵੈਬ ਸੀਰੀਜ਼, ਜਿਨ੍ਹਾਂ ਦੀ ਘੱਟੋ ਘੱਟ ਲੰਬਾਈ 100 ਮਿੰਟ ਤੇ ਘੱਟੋ ਘੱਟ ਤਿੰਨ ਐਪੀਸੋਡ ਹੋਣ, ਉਹ ਭੇਜੀਆਂ ਜਾ ਸਕਦੀਆਂ ਹਨ। ਫਿਲਮਾਂ ਤੇ ਵੈੱਬ ਸੀਰੀਜ਼ ਭਾਰਤੀ ਸੰਵਿਧਾਨ ਵਿੱਚ ਦਰਜ 22 ਭਾਸ਼ਾਵਾਂ ਤੇ ਯੂਨਾਈਟਡ ਨੇਸ਼ਨ ਦੀਆਂ ਛੇ ਇੰਟਰਨੈਸ਼ਨਲ ਭਾਸ਼ਾਵਾਂ ਵਿੱਚ ਭੇਜੀਆਂ ਜਾ ਸਕਦੀਆਂ ਹਨ, ਪਰ ਪੰਜਾਬੀ ਤੇ ਹਿੰਦੀ ਤੋਂ ਬਿਨਾਂ ਦੂਸਰੀ ਭਾਸ਼ਾਵਾਂ ਦੀਆਂ ਫਿਲਮਾਂ ਲਈ ਪੰਜਾਬੀ ਵਿੱਚ ਸਬ-ਟਾਈਟਲ ਹੋਣੇ ਜ਼ਰੂਰੀ ਹਨ। ਸਾਰੀਆਂ ਹੀ ਕੈਟੇਗਰੀਆਂ ਵਿੱਚ ਫਿਲਮਾਂ ਭੇਜਣ ਦੀ ਆਖਰੀ ਮਿਤੀ 28 ਅਕਤੂਬਰ 2024 ਹੈ। ਦੁਨੀਆ ਦੇ ਕਿਸੇ ਵੀ ਕੋਨੇ ਤੋਂ ਕੋਈ ਵੀ ਫਿਲਮ ਮੇਕਰ ਬਠਿੰਡਾ ਫਿਲਮ ਫੈਸਟੀਵਲ ਦੀ ਵੈੱਬਸਾਈਟ 'ਤੇ ਜਾ ਕੇ ਮੁਫ਼ਤ ਵਿੱਚ ਆਪਣੀਆਂ ਫਿਲਮਾਂ ਭੇਜ ਸਕਦਾ ਹੈ। ਵਧੇਰੇ ਜਾਣਕਾਰੀ ਲਈ ਫੈਸਟੀਵਲ ਦੀ ਵੈੱਬਸਾਈਟ www.bathindafilmfestival.com 'ਤੇ ਵਿਜ਼ਿਟ ਕੀਤਾ ਜਾ ਸਕਦਾ ਹੈ।

ਇਸ ਸਮੇਂ ਬਠਿੰਡਾ ਫਿਲਮ ਫਾਉਂਡੇਸ਼ਨ ਦੇ ਪ੍ਰੈਜ਼ੀਡੈਂਟ ਦੀਪਕ ਸੈਣੀ, ਖਜ਼ਾਨਚੀ ਮਹਿੰਦਰ ਠਾਕੁਰ, ਫੈਸਟੀਵਲ ਦੇ ਈਵੈਂਟ ਮੈਨੇਜਰ ਮਨੀਸ਼ ਪਾਂਧੀ, ਸਲਾਹਕਾਰ ਬੋਰਡ ਤੋਂ ਹਰਦਰਸ਼ਨ ਸਿੰਘ ਸੋਹਲ ਤੇ ਗੁਰਸੇਵਕ ਸਿੰਘ ਚਹਿਲ ਹਾਜ਼ਰ ਸਨ।

## ਜਥੇਬੰਦੀ ਦੇ ਨੁਮਾਇੰਦਿਆਂ ਦੀ ਕੈਬਨਿਟ ਮੰਤਰੀ ਨਾਲ ਮੀਟਿੰਗ



**ਬਰੇਟਾ (ਰੀਤਵਾਲ)**-ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਜ਼ਿਲ੍ਹਾ ਮਾਨਸਾ ਜਥੇਬੰਦੀ ਦੇ ਨੁਮਾਇੰਦਿਆਂ ਦੀ ਮੀਟਿੰਗ ਚੰਡੀਗੜ੍ਹ ਵਿਖੇ ਕੈਬਨਿਟ ਮੰਤਰੀ ਬਲਕਾਰ ਸਿੰਘ (ਸਥਾਨਕ ਸਰਕਾਰ ਵਿਭਾਗ ਪੰਜਾਬ) ਨਾਲ ਮੁਲਾਜ਼ਮਾਂ ਦੇ ਮੰਗਾਂ ਸਬੰਧੀ ਮਸਲਿਆਂ ਨੂੰ ਲੈ ਕੇ ਹੋਈ, ਜਿਸ ਵਿੱਚ ਪ੍ਰਧਾਨ ਗੁਰਦੇਵ ਸਿੰਘ ਨਿਹੰਗ ਨੇ ਦੱਸਿਆ ਕਿ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਆਊਟਸੋਰਸ ਮੁਲਾਜ਼ਮ ਪਿਛਲੇ ਲਗਭਗ ਦਸ ਦਸ, ਪੰਦਰਾਂ ਪੰਦਰਾਂ ਸਾਲਾਂ ਤੋਂ ਬਹੁਤ ਘੱਟ ਤਨਖਾਹਾਂ 'ਤੇ ਕੱਚੇ ਤੌਰ 'ਤੇ ਸੀਵਰ ਦਾ ਕੰਮ ਕਰਦੇ ਆ ਰਹੇ ਹਨ। ਸਮੇਂ ਸਮੇਂ 'ਤੇ ਵੱਖ ਵੱਖ ਸਰਕਾਰਾਂ ਇਨ੍ਹਾਂ ਮੁਲਾਜ਼ਮਾਂ ਨਾਲ ਰੈਗੂਲਰ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈਆਂ, ਪਰ ਕਿਸੇ ਵੀ ਸਰਕਾਰ ਨੇ ਇਨ੍ਹਾਂ ਸੀਵਰਮੈਨ ਮੁਲਾਜ਼ਮਾਂ ਦੀ ਸਾਰ ਨਹੀਂ ਲਈ। ਜਥੇਬੰਦੀ ਦੇ ਨੁਮਾਇੰਦਿਆਂ ਵੱਲੋਂ ਮੀਟਿੰਗ ਵਿੱਚ ਮੰਤਰੀ ਸਾਹਿਬ ਨੂੰ ਬੇਨਤੀ ਕੀਤੀ ਗਈ ਕਿ ਸੀਵਰੇਜ ਬੋਰਡ ਦੇ ਆਊਟਸੋਰਸ ਮੁਲਾਜ਼ਮਾਂ ਨੂੰ ਸਿੱਧਾ ਮਹਿਕਮੇ ਵਿੱਚ ਡਾਇਰੈਕਟ ਕੰਟਰੈਕਟ ਕੀਤਾ ਜਾਵੇ ਤੇ ਸੀਵਰਮੈਨ ਮੁਲਾਜ਼ਮਾਂ ਨੂੰ ਮਹੀਨਾਵਾਰ ਉਜ਼ਰਤ 50000 ਰੁਪਏ ਦਿੱਤੀ ਜਾਵੇ। ਕੈਬਨਿਟ ਮੰਤਰੀ ਨੇ ਉਪਰੋਕਤ ਮੰਗਾਂ ਸਬੰਧੀ ਜਥੇਬੰਦੀ ਨੂੰ ਭਰੋਸਾ ਦਿਵਾਇਆ ਕਿ ਜਲਦੀ ਹੀ ਇਨ੍ਹਾਂ ਮੰਗਾਂ ਦਾ ਹੱਲ ਕੱਢਿਆ ਜਾਵੇਗਾ। ਦੂਜੇ ਪਾਸੇ ਜਥੇਬੰਦੀ ਵੱਲੋਂ ਵੀ ਇਹ ਵਿਸ਼ਵਾਸ ਦਿਵਾਇਆ ਗਿਆ ਕਿ ਜੇਕਰ ਸਰਕਾਰ ਸਾਡੀਆਂ ਮੰਗਾਂ ਦਾ ਜਲਦ ਤੋਂ ਜਲਦ ਕੋਈ ਹੱਲ ਕਰਦੀ ਹੈ ਤਾਂ ਜਥੇਬੰਦੀ ਵੱਲੋਂ ਕਿਸੇ ਵੀ ਤਰ੍ਹਾਂ ਦਾ ਕੋਈ ਰੋਸ ਪ੍ਰਦਰਸ਼ਨ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਸਾਡੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਗਿਆ ਤਾਂ ਜਥੇਬੰਦੀ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਪੱਧਰ 'ਤੇ ਵੱਡਾ ਸੰਘਰਸ਼ ਵਿੱਢੇਗੀ। ਇਸ ਮੌਕੇ ਮੀਟਿੰਗ ਵਿੱਚ ਸੂਬਾ ਆਗੂ ਸੱਤਪਾਲ ਸਿੰਘ, ਕੁਲਵਿੰਦਰ ਸਿੰਘ ਮੀਤ ਪ੍ਰਧਾਨ, ਗੋਗੀ ਭੀਖੀ ਪ੍ਰੈੱਸ ਸਕੱਤਰ, ਜਗਵੀਰ ਸਿੰਘ ਤੇ ਸੰਜੂ ਕੁਮਾਰ ਹਾਜ਼ਰ ਸਨ।

12-Aug-PAGE-11-Majha-24.qxd 8/11/2024 10:57 PM Page 1



# ਆਜ਼ਾਦੀ ਸਮਾਗਮ ਦੀਆਂ ਤਿਆਰੀਆਂ ਸੰਬੰਧੀ ਪਹਿਲੀ ਰਿਹਰਸਲ

## * ਕੈਬਨਿਟ ਮੰਤਰੀ ਕਟਾਰੂਚੱਕ ਲਹਿਰਾਉਣਗੇ ਕੌਮੀ ਝੰਡਾ



ਗੁਰਦਾਸਪੁਰ (ਜਨਕ ਮਹਾਜਨ)-15 ਅਗਸਤ ਨੂੰ ਮਨਾਏ ਜਾ ਰਹੇ ਕੌਮੀ ਆਜ਼ਾਦੀ ਦਿਹਾੜੇ ਦੀ ਪਹਿਲੀ ਰਿਹਰਸਲ ਸਥਾਨਕ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਟੇਡੀਅਮ, ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਹੋਈ। ਸਹਾਇਕ ਕਮਿਸ਼ਨਰ (ਜ) ਅਸ਼ਵਨੀ ਅਰੋੜਾ ਅਤੇ ਹੋਰ ਅਧਿਕਾਰੀਆਂ ਵੱਲੋਂ ਇਸ ਰਿਹਰਸਲ ਦਾ ਜਾਇਜ਼ਾ ਲਿਆ ਗਿਆ। ਰਿਹਰਸਲ ਦੌਰਾਨ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਵੱਲੋਂ ਪੀ. ਟੀ. ਸ਼ੋਅ, ਦੇਸ਼ ਭਗਤੀ ਅਤੇ ਪੰਜਾਬੀ ਸਭਿਆਚਾਰ ਨੂੰ ਰੂਪਮਾਨ ਕਰਦੇ ਪ੍ਰੋਗਰਾਮ ਦੀ ਰਿਹਰਸਲ ਕੀਤੀ ਗਈ। ਸਹਾਇਕ ਕਮਿਸ਼ਨਰ ਅਸ਼ਵਨੀ ਅਰੋੜਾ ਨੇ ਪ੍ਰਬੰਧਾਂ ਵਿੱਚ ਲੱਗੇ ਅਧਿਕਾਰੀਆਂ ਅਤੇ ਸਭਿਆਚਾਰਕ ਸਮਾਗਮ ਵਿੱਚ ਭਾਗ ਲੈ ਰਹੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਸਹਾਇਕ ਕਮਿਸ਼ਨਰ ਨੇ ਕਿਹਾ ਕਿ ਅਗਲੀ ਰਿਹਰਸਲ 12 ਨੂੰ ਹੋਵੇਗੀ ਜਦਕਿ ਫੁੱਲ ਡਰੈੱਸ ਰਿਹਰਸਲ 13 ਅਗਸਤ ਨੂੰ ਹੋਵੇਗੀ। ਉਨ੍ਹਾਂ ਦੱਸਿਆ ਕਿ 15 ਅਗਸਤ ਨੂੰ ਆਜ਼ਾਦੀ ਦਿਹਾੜੇ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਵਿਖੇ ਹੋਣ ਵਾਲਾ ਜ਼ਿਲ੍ਹਾ ਪੱਧਰੀ ਆਜ਼ਾਦੀ ਸਮਾਗਮ ਸ਼ਾਨਦਾਰ ਅਤੇ ਯਾਦਗਾਰੀ ਹੋਵੇਗਾ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਹੈ ਕਿ ਉਹ ਸਮਾਂ ਕੱਢ ਕੇ ਆਜ਼ਾਦੀ ਜਸ਼ਨਾਂ ਵਿੱਚ ਜ਼ਰੂਰ ਸ਼ਾਮਲ ਹੋਣ।

# ਗੈਰ-ਜ਼ਰੂਰੀ ਕੰਮਾਂ ਨੂੰ ਛੱਡ ਕੇ ਸੂਬਾ ਸਰਕਾਰ ਪਹਿਲਾਂ ਨੈਸ਼ਨਲ ਹਾਈਵੇਅ ਪ੍ਰੋਜੈਕਟਾਂ 'ਤੇ ਧਿਆਨ ਦੇਵੇ: ਔਜਲਾ

## * ਗੁਰੂ ਨਗਰੀ ਨੂੰ ਇਨ੍ਹਾਂ ਪ੍ਰੋਜੈਕਟਾਂ ਦੀ ਸਭ ਤੋਂ ਵੱਧ ਲੋੜ; 20 ਹਜ਼ਾਰ ਕਰੋੜ ਦੇ ਪ੍ਰੋਜੈਕਟ ਬੰਦ ਹੋਣ ਕਿਨਾਰੇ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਨਿਤਿਨ ਗਡਕਰੀ ਵੱਲੋਂ ਪੰਜਾਬ ਵਿੱਚ ਬੰਦ ਹੋਣ ਕਿਨਾਰੇ ਚੱਲ ਰਹੇ ਨੈਸ਼ਨਲ ਹਾਈਵੇਅ ਪ੍ਰਾਜੈਕਟਾਂ ਬਾਰੇ ਮੁੱਖ ਮੰਤਰੀ ਨੂੰ ਲਿਖੇ ਪੱਤਰ ਦਾ ਸਖ਼ਤ ਨੋਟਿਸ ਲੈਂਦਿਆਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਸੂਬਾ ਸਰਕਾਰ ਨੂੰ ਬਾਕੀ ਸਾਰੇ ਗੈਰ-ਜ਼ਰੂਰੀ ਕੰਮ ਛੱਡ ਕੇ ਇਨ੍ਹਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਪ੍ਰੋਜੈਕਟ ਪਹਿਲਾਂ. ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਜੇਕਰ ਸੂਬਾ ਸਰਕਾਰ ਨੇ ਇਸ ਪਾਸੇ ਗੰਭੀਰਤਾ ਨਾਲ ਧਿਆਨ ਨਾ ਦਿੱਤਾ ਤਾਂ ਉਨ੍ਹਾਂ ਦਾ ਘਿਰਾਓ ਕੀਤਾ ਜਾਵੇਗਾ।3200 ਕਰੋੜ ਰੁਪਏ ਦੇ ਪ੍ਰੋਜੈਕਟ ਪਹਿਲਾਂ ਹੀ ਬੰਦ ਹਨ, ਫਿਲਹਾਲ 14200 ਕਰੋੜ ਰੁਪਏ ਦੇ ਹੋਰ ਪ੍ਰੋਜੈਕਟ ਬੰਦ ਹੋਣ ਦੇ ਕੰਢੇ ਹਨ।ਰੋਡ ਟਰਾਂਸਪੋਰਟ ਅਤੇ ਹਾਈਵੇਜ਼ ਮੰਤਰੀ ਨਿਤਿਨ ਗਡਕਰੀ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਲਿਖ ਕੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਪੰਜਾਬ ਵਿੱਚ ਚੱਲ ਰਹੇ ਪ੍ਰਾਜੈਕਟਾਂ ਦਾ ਕੰਮ ਸੁਚਾਰੂ ਢੰਗ ਨਾਲ ਨਾ ਕੀਤਾ ਗਿਆ ਅਤੇ ਜ਼ਮੀਨ ਐਕੁਆਇਰ ਕਰਕੇ ਨਾ ਦਿੱਤੀ ਗਈ ਤਾਂ ਪ੍ਰਾਜੈਕਟਾਂ ਨੂੰ ਖਤਮ ਕਰ ਦਿੱਤਾ ਜਾਵੇਗਾ।ਨੈਸ਼ਨਲ ਹਾਈਵੇਅ ਅਥਾਰਟੀ ਵੱਲੋਂ 104 ਕਿਲੋਮੀਟਰ ਦੇ 3263 ਕਰੋੜ ਰੁਪਏ ਦੇ ਪ੍ਰਾਜੈਕਟ ਪਹਿਲਾਂ ਹੀ ਬੰਦ ਕਰ ਦਿੱਤੇ ਗਏ ਹਨ, ਜਿਸ ਤੋਂ ਬਾਅਦ ਹੁਣ 14200 ਕਰੋੜ ਰੁਪਏ ਦੇ 293 ਕਿਲੋਮੀਟਰ ਦੇ ਹੋਰ ਪ੍ਰਾਜੈਕਟਾਂ ਨੂੰ ਬੰਦ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ।ਇਨ੍ਹਾਂ ਵਿੱਚ ਖਾਸ ਕਰਕੇ ਦਿੱਲੀ-ਅੰਮ੍ਰਿਤਸਰ-ਕਟੜਾ ਹਾਈਵੇਅ ਸ਼ਾਮਲ ਹੈ।ਲਿਖੇ ਪੱਤਰ ਵਿੱਚ ਜਲੰਧਰ ਅਤੇ ਲੁਧਿਆਣਾ ਵਿੱਚ ਪ੍ਰੋਜੈਕਟ ਵਰਕਰਾਂ ਨਾਲ ਵਾਪਰੀਆਂ ਘਟਨਾਵਾਂ ਦਾ ਵੀ ਜ਼ਿਕਰ ਕੀਤਾ ਗਿਆ ਹੈ ਜਿਸ ਦੇ ਸਬੰਧ ਵਿੱਚ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਵੀ ਆਪਣਾ ਵਿਰੋਧ ਦਰਜ ਕਰਵਾਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੋ ਸਾਲਾਂ ਤੋਂ ਇਨ੍ਹਾਂ ਪ੍ਰਾਜੈਕਟਾਂ ਨੂੰ ਪੂਰਾ ਕਰਨ ਲਈ ਪੈਸੇ ਲੈ ਕੇ ਪਈ ਹੈ। ਸਰਕਾਰ ਨੇ ਸਿਰਫ਼ ਜ਼ਮੀਨ ਐਕੁਆਇਰ ਕਰਕੇ ਉਨ੍ਹਾਂ ਨੂੰ ਦੇਣੀ ਹੈ ਜਿਸ ਲਈ ਉਨ੍ਹਾਂ ਨੂੰ ਸਰਵਿਸ ਚਾਰਜ ਲੈਣਾ ਪੈਂਦਾ ਹੈ ਪਰ ਫਿਰ ਵੀ ਸਰਕਾਰ ਚੁੱਪ ਬੈਠੀ ਹੈ।ਇਸ ਪ੍ਰੋਜੈਕਟ ਰਾਹੀਂ ਅੰਮ੍ਰਿਤਸਰ ਵਿੱਚ ਬਹੁਤ ਵਿਕਾਸ ਦੀ ਉਮੀਦ ਹੈ।ਹਰ ਰੋਜ਼ ਲੱਖਾਂ ਦੀ ਗਿਣਤੀ ਵਿਚ ਸ਼ਰਧਾਲੂ ਅੰਮ੍ਰਿਤਸਰ ਮੱਥਾ ਟੇਕਣ ਲਈ ਆਉਂਦੇ ਹਨ, ਇਸ ਨਾਲ ਸੈਲਾਨੀਆਂ ਵਿਚ ਵਾਧਾ ਹੋਵੇਗਾ ਅਤੇ ਕਾਰੋਬਾਰ ਵਧੇਗਾ।

ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਸਮੂਹ ਵਿਧਾਇਕਾਂ ਨੂੰ ਵੀ ਇਸ ਸਬੰਧੀ ਆਵਾਜ਼ ਉਠਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਉਹ ਖੁਦ ਨਿਤਿਨ ਗਡਕਰੀ ਨੂੰ ਮਿਲੇ ਹਨ ਅਤੇ ਜਦੋਂ ਹੋਰ ਪ੍ਰਾਜੈਕਟਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਕਿਹਾ ਜਾਂਦਾ ਹੈ ਕਿ ਪਹਿਲਾਂ ਵਾਲੇ ਪ੍ਰਾਜੈਕਟ ਪੂਰੇ ਕੀਤੇ ਜਾਣ।ਉਨ੍ਹਾਂ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਇਨ੍ਹਾਂ ਪ੍ਰਾਜੈਕਟਾਂ ਵੱਲ ਗੰਭੀਰਤਾ ਨਾਲ ਧਿਆਨ ਦੇਣ ਅਤੇ ਆਉਂਦੇ 10-15 ਦਿਨਾਂ ਵਿੱਚ ਜ਼ਮੀਨ ਐਕੁਆਇਰ ਕਰਕੇ ਨੈਸ਼ਨਲ ਹਾਈਵੇਅ ਅਥਾਰਟੀ ਨੂੰ ਸੌਂਪਣ ਤਾਂ ਜੋ ਇਹ ਪ੍ਰਾਜੈਕਟ ਸੁਚਾਰੂ ਢੰਗ ਨਾਲ ਚੱਲ ਸਕਣ ਅਤੇ ਪੰਜਾਬ ਦਾ ਵਿਕਾਸ ਹੋ ਸਕੇ।

# ਭਾਰਤ ਦੇ ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਭਾਰਤ ਦੇ ਚੀਫ ਜਸਟਿਸ ਸ੍ਰੀ ਧਨੰਜਯ ਵਾਈ. ਚੰਦਰਚੂੜ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ।ਜਸਟਿਸ ਚੰਦਰਚੂੜ ਨੇ ਆਪਣੀਆਂ ਭਾਵਨਾਵਾਂ ਵਿਅਕਤ ਕਰਦਿਆਂ ਯਾਤਰੀ ਕਿਤਾਬ ਵਿੱਚ ਲਿਖਿਆ ਕਿ ਇਲਾਹੀ ਹਰਿਮੰਦਰ ਸਾਹਿਬ ਵਿਖੇ ਅਰਦਾਸ ਕਰਨ ਦੇ ਸੁਪਨਾ ਸਾਕਾਰ ਹੋਇਆ ਹੈ।ਦੇਸ਼ ਅਤੇ ਮਨੁੱਖਤਾ ਦੀ ਸੇਵਾ ਵਿੱਚ ਇੱਥੇ ਅਰਦਾਸ ਕਰਨ ਦੇ ਯੋਗ ਹੋਣ ਦਾ ਇੱਕ ਵਡਭਾਗਾ ਪਲ ਹੈ।ਇਸ ਮੌਕੇ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਸਿਰੋਪਾਓ ਅਤੇ ਇਤਿਹਾਸਕ ਪੁਸਤਕਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ ਅਤੇ ਸੋਸ਼ਲ ਮੀਡੀਆ ਮੰਚਾਂ ਉਤੇ ਸਿੱਖਾਂ ਵਿਰੁੱਧ ਕੀਤਾ ਜਾ ਰਿਹਾ ਨਫ਼ਰਤੀ ਪ੍ਰਾਪੇਗੰਡਾ ਰੋਕਣ ਲਈ ਮੰਗ ਪੱਤਰ ਸੌਂਪਿਆ।ਐਡਵੋਕੇਟ ਧਾਮੀ ਨੇ ਚੀਫ਼ ਜਸਟਿਸ ਤੋਂ ਮੰਗ ਕੀਤੀ ਕੇ ਉਹ ਭਾਰਤੀ ਨਿਆਂ ਪ੍ਰਣਾਲੀ ਦੇ ਸਭ ਤੋਂ ਸਿਖਰਲੇ ਅਹੁਦੇ 'ਤੇ ਹੁੰਦਿਆਂ ਇਸ ਸੰਜੀਦਾ ਮਸਲੇ ਦਾ ਨੋਟਿਸ ਲੈਣ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸੁਰਜੀਤ ਸਿੰਘ ਤੁਗਲਵਾਲਾ, ਸਕੱਤਰ ਪ੍ਰਤਾਪ ਸਿੰਘ, ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਨਸ਼ਾਮ ਥੋਰੀ, ਪੁਲਸ ਕਮਿਸ਼ਨਰ ਰਣਜੀਤ ਸਿੰਘ ਢਿੱਲੋਂ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਸ਼ਾਹਬਾਜ਼ ਸਿੰਘ, ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਮੈਨੇਜਰ ਸ੍ਰੀ ਦਰਬਾਰ ਸਾਹਿਬ ਨਰਿੰਦਰ ਸਿੰਘ, ਸੂਚਨਾ ਅਧਿਕਾਰੀ ਅੰਮ੍ਰਿਤਪਾਲ ਸਿੰਘ, ਜਤਿੰਦਰਪਾਲ ਸਿੰਘ, ਸਰਬਜੀਤ ਸਿੰਘ, ਫੈਡਰੇਸ਼ਨ ਆਗੂ ਭਾਈ ਪਰਮਜੀਤ ਸਿੰਘ ਧਰਮ ਸਿੰਘਵਾਲਾ ਆਦਿ ਹਾਜ਼ਰ ਸਨ।

# ਆਜ਼ਾਦੀ ਦਿਹਾੜੇ 'ਤੇ ਟਰੈਕਟਰ ਮਾਰਚ ਕਰਨ ਦਾ ਐਲਾਨ

## * ਮੰਗਾਂ ਮੰਨੇ ਜਾਣ ਤੱਕ ਸੰਘਰਸ਼ ਜਾਰੀ ਰੱਖਾਂਗੇ : ਕਿਸਾਨ ਆਗੂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਦੀ ਮੀਟਿੰਗ ਮੰਗਲ ਸਿੰਘ ਰਾਮਪੁਰਾ ਦੇ ਗ੍ਰਹਿ ਵਿਖੇ ਕੀਤੀ ਗਈ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਚਾਟੀਵਿੰਡ, ਮਹਿੰਦਰ ਸਿੰਘ ਸੁਲਤਾਨਵਿੰਡ, ਸਤਨਾਮ ਸਿੰਘ ਜੰਡਿਆਲਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਕਿਹਾ ਕਿ 15 ਅਗਸਤ ਨੂੰ ਆਜ਼ਾਦੀ ਦਿਹਾੜੇ ਵਾਲੇ ਦਿਨ ਕਿਸਾਨਾਂ ਦੇ ਹੋਰ ਟਰੈਕਟਰ ਮਾਰਚ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਮੌਕੇ ਜਥੇਬੰਦੀ ਦੇ ਆਗੂਆਂ ਬੋਲਦਿਆਂ ਕਿਹਾ ਕਿ 15 ਅਗਸਤ ਨੂੰ ਜਿੱਥੇ ਮੋਦੀ ਸਰਕਾਰ ਆਪਣੀਆਂ ਪ੍ਰਾਪਤੀਆਂ ਗਿਣਾ ਰਹੀ ਹੋਵੇਗੀ ਉੱਥੇ ਪੂਰੇ ਭਾਰਤ ਵਿੱਚ ਕਿਸਾਨ ਟਰੈਕਟਰ ਮਾਰਚ ਕਰਕੇ ਮੋਦੀ ਸਰਕਾਰ ਦਾ ਵਿਰੋਧ ਕਰਕੇ ਬੀਜੇਪੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੋਂ ਜਾਣੂ ਕਰਵਾਇਆ ਜਾਵੇਗਾ ਜਿਸ ਦੇ ਤਹਿਤ ਹੋਣ ਵਾਲਾ ਟਰੈਕਟਰ ਮਾਰਚ ਅੰਮ੍ਰਿਤਸਰ ਜ਼ਿਲ੍ਹੇ ਵਿੱਚ 10 ਵਜੇ ਗੋਲਡਨ ਗੇਟ ਤੋਂ ਰਵਾਨਾ ਕਰਕੇ ਸ਼ਹਿਰ ਦੇ ਵੱਖ-ਵੱਖ ਸਥਾਨਾਂ ਤੋਂ ਹੁੰਦਾ ਹੋਇਆ ਤਰਨ ਤਰਨ ਰੋਡ ਡੇਰਾ ਸੰਤ ਬਾਬਾ ਭੂਰੀ ਵਾਲਿਆਂ ਵਿਖੇ ਸਮਾਪਤੀ ਕੀਤੀ ਜਾਵੇਗੀ। ਇਸ ਮੌਕੇ ਜਥੇਬੰਦੀ ਦੇ ਆਗੂਆਂ ਬੋਲਦਿਆਂ ਕਿਹਾ ਕਿ ਟਰੈਕਟਰ ਮਾਰਚ ਦੌਰਾਨ ਜਿੱਥੇ ਮੋਦੀ ਸਰਕਾਰ ਦਾ ਵਿਰੋਧ ਕੀਤਾ ਜਾਵੇਗਾ ਉਥੇ ਉਨ੍ਹਾਂ ਕਾਰਪੋਰੇਟ ਘਰਾਣਿਆਂ ਦਾ ਦੱਬ ਕੇ ਵਿਰੋਧ ਕੀਤਾ ਜਾਵੇਗਾ ਜਿਹੜੇ ਦੇਸ਼ ਨੂੰ ਹੜੱਪਣ ਵਿੱਚ ਪੂਰੀ ਵਾਹ ਲਾ ਰਹੇ ਹਨ। ਕਿਸਾਨਾਂ ਬੋਲਦਿਆਂ ਕਿਹਾ ਕਿ ਵੱਖ-ਵੱਖ ਬਾਰਡਰਾਂ ਤੇ ਕਿਸਾਨ ਅੰਦੋਲਨ ਕਰ ਰਹੇ ਹਨ। ਇਹ ਅੰਦੋਲਨ ਉਨਾ ਚਿਰ ਤੱਕ ਜਾਰੀ ਰਹੇਗਾ ਜਿੰਨਾ ਚਿਰ ਐੱਮ. ਐੱਸ. ਪੀ. ਗਰੰਟੀ, ਸੁਆਮੀਨਾਥਨ ਦੀ ਰਿਪੋਰਟ, ਸਮੁੱਚੇ ਕਿਸਾਨਾਂ ਦਾ ਕਰਜ਼ਾ ਮਾਫ ਅਤੇ ਨਾਲ ਰਹਿੰਦੀਆਂ ਦੂਸਰੀਆਂ ਮੰਗਾਂ ਸਰਕਾਰ ਮੰਨ ਨਹੀਂ ਲੈਂਦੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਦੀਪ ਸਿੰਘ ਮਿੱਠਾ ਚਾਟੀਵਿੰਡ, ਮਹਿੰਦਰਪਾਲ ਸਿੰਘ ਬੁੱਤ, ਸਤਨਾਮ ਸਿੰਘ ਜੰਡਿਆਲਾ, ਹਰਪਾਲ ਸਿੰਘ ਪੰਡੋਰੀ, ਹਰਪਾਲ ਸਿੰਘ ਝੀਤੇ, ਗੁਰਜੰਟ ਸਿੰਘ ਪੰਡੋਰੀ, ਕਾਰਜ ਸਿੰਘ ਰਾਮਪੁਰਾ, ਸਰਬਜੀਤ ਸਿੰਘ, ਸਰਪੰਚ ਸੱਜਣ ਸਿੰਘ, ਨੰਬਰਦਾਰ ਮੇਜਰ ਸਿੰਘ, ਕੇਵਲ ਸਿੰਘ, ਰਣਜੀਤ ਸਿੰਘ, ਬਿੱਟੂ ਸ਼ਾਹ, ਲਵਜੀਤ ਸਿੰਘ ਚੀਤੇ, ਸ਼ੇਰਾ ਦਬੁਰਜੀ, ਗੁਰਸ਼ੇਰ ਸਿੰਘ, ਹਰਮਨ ਸਿੰਘ ਰਾਮਪੁਰਾ, ਮਿਲਖਾ ਸਿੰਘ, ਨਿਰਵੈਲ ਸਿੰਘ, ਮਹਿੰਦਰ ਸਿੰਘ ਸੁਲਤਾਨਵਿੰਡ, ਕੁਲਵੰਤ ਸਿੰਘ ਰਾਮਪੁਰਾ ਆਗੂ ਹਾਜ਼ਰ ਸਨ।

# ਦੁਕਾਨ ਅੰਦਰੋਂ ਸਾਮਾਨ ਤੇ ਮੰਦਰ ਦੀ ਗੋਲਕ 'ਚੋਂ ਪੈਸੇ ਲੈ ਕੇ ਚੋਰ ਫ਼ਰਾਰ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮੁਨੀਸ਼ ਸ਼ਰਮਾ ਪੁੱਤਰੀ ਸੋਮ ਨਾਥ ਵਾਸੀ ਮੁਹੱਲਾ ਗੋਬਿੰਦ ਨਗਰ ਬਟਾਲਾ ਰੋਡ ਗੁਰਦਾਸਪੁਰ ਨੇ ਦੱਸਿਆ ਕਿ ਮੈਂ ਬਟਾਲਾ ਰੋਡ ਤੇ ਲੋਹੇ ਦੀਆਂ ਚੁਗਾਠਾਂ ਬਣਾਉਣ ਦਾ ਕੰਮ ਕਰਦਾ। 8.08.2024 ਨੂੰ ਆਪਣੀ ਦੁਕਾਨ ਬੰਦ ਕਰਕੇ ਦੁਕਾਨ ਦੇ ਅੰਦਰ ਹੀ ਸੌਂ ਗਿਆ ਸੀ। ਸਵੇਰੇ ਉਠ ਕੇ ਦੇਖਿਆ ਕਿ ਉਸ ਦਾ ਮੋਬਾਇਲ ਫੋਨ ਓਪੋ ਕੰਪਨੀ, ਹੈੱਡ ਫੋਨ, ਇੱਕ ਚਾਂਦੀ ਦੀ ਮੁੰਦਰੀ ਅਤੇ ਇੱਕ ਚਾਂਦੀ ਦੀ ਚੇਨ ਕੋਈ ਨਾ-ਮਾਲੂਮ ਵਿਅਕਤੀ ਚੋਰੀ ਕਰਕੇ ਲੈ ਗਿਆ ਸੀ। ਦੁਕਾਨ ਵਿੱਚ ਲੱਗੇ ਕੈਮਰੇ ਚੈੱਕ ਕਰਨ 'ਤੇ ਪਤਾ ਲੱਗਾ ਕਿ ਰਾਜਬੀਰ ਸਿੰਘ ਪੁੱਤਰ ਰਾਜੂ ਵਾਸੀ ਵਰਸੋਲਾ ਥਾਣਾ ਸਦਰ ਗੁਰਦਾਸਪੁਰ ਨੇ ਦੁਕਾਨ ਅੰਦਰ ਦਾਖਲ ਹੋ ਕੇ ਇਹ ਚੋਰੀ ਕੀਤੀ ਕੀਤੀ ਹੈ। ਪੁਲਸ ਨੇ ਉਕਤ ਦੋਸ਼ੀ ਖ਼ਿਲਾਫ਼ ਜ਼ੇਰੇ ਧਾਰਾ 331, 305 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ। ਇਸੇ ਤਰ੍ਹਾਂ ਥਾਣਾ ਕਾਹਨੂੰਵਾਨ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਨਾਰਾਇਣ ਨਾਥ ਪੁੱਤਰ ਰਾਣਾ ਨਾਥ ਵਾਸੀ ਝੜੌਲੀ ਨੇ ਦੱਸਿਆ ਕਿ ਮੈਂ ਸ੍ਰੀ ਸਿੱਧ ਬਾਬਾ ਵਣਖੰਡੀ ਨਾਥ ਮੰਦਰ ਝੜੌਲੀ ਵਿਖੇ ਪੁਜਾਰੀ ਹਾਂ। 7 ਅਗਸਤ ਨੂੰ ਮੰਦਰ ਦੇ ਦਰਵਾਜ਼ੇ ਬੰਦ ਕਰਕੇ ਰਾਤ ਕਮਰੇ ਵਿੱਚ ਸੌਂ ਗਿਆ ਸੀ। 8 ਅਗਸਤ ਨੂੰ ਸਵੇਰੇ 4:00 ਵਜੇ ਉਠ ਕੇ ਮੰਦਰ ਵੱਲ ਗਿਆ ਤਾਂ ਦੇਖਿਆ ਕਿ ਮੰਦਰ ਦਾ ਮੇਨ ਦਰਵਾਜ਼ਾ ਖੁੱਲ੍ਹਾ ਪਿਆ ਸੀ।

ਗੋਲਕ ਦਾ ਤਾਲਾ ਟੁੱਟਿਆ ਹੋਇਆ ਸੀ ਅਤੇ 30,000 ਰੁਪਏ, ਮੋਟਰਸਾਈਕਲ ਬਜਾਜ ਡਿਸਕਵਰ ਕੋਈ ਅਣਪਛਾਤਾ ਵਿਅਕਤੀ ਚੋਰੀ ਕਰਕੇ ਲੈ ਗਿਆ ਸੀ। ਮੰਦਰ ਵਿੱਚ ਲੱਗੇ ਕੈਮਰੇ ਚੈੱਕ ਕਰਨ 'ਤੇ ਪਤਾ ਲੱਗਾ ਕਿ 7/8-08-24 ਦੀ ਰਾਤ ਕਰੀਬ 12.10 ਕੂ ਵਜੇ ਮੰਦਰ ਵਿੱਚ ਇਹ ਚੋਰੀ ਮਲਤਾਨ ਸ਼ਾਹ ਪੁੱਤਰ ਮਤਲੂਨ ਸ਼ਾਹ ਵਾਸੀ ਰਸੂਲਪੁਰ ਨੇ ਕੀਤੀ ਹੈ। ਪੁਲਸ ਨੇ ਉਕਤ ਦੋਸ਼ੀ ਖ਼ਿਲਾਫ਼ ਜ਼ੇਰੇ ਧਾਰਾ 331, 305 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਰਿਆੜਕੀ ਸਕੂਲ ਤੁਗਲਵਾਲਾ ਵਿਖੇ ਵਿਦਿਆਰਥੀ ਕੌਂਸਲ ਦੀ ਚੋਣ ਤੇ ਸਹੁੰ-ਚੁੱਕ ਸਮਾਗਮ ਕਰਵਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਇਲਾਕੇ ਵਿੱਚ ਨਿਵੇਕਲਾ ਸਥਾਨ ਰੱਖਣ ਵਾਲੀ ਸੰਸਥਾ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਵਿਦਿਆਰਥੀਆਂ ਵੱਲੋਂ 'ਵਿਦਿਆਰਥੀ ਕੌਂਸਲ' ਦੀ ਚੋਣ ਕੀਤੀ ਗਈ ਜਿਸਦੀ ਸ਼ੁਰੂਆਤ ਪਰਮਾਤਮਾ ਦਾ ਓਟ ਆਸਰਾ ਲੈਂਦੇ ਹੋਏ ਗੁਰਬਾਣੀ ਦਾ ਇਲਾਹੀ ਕੀਰਤਨ ਤੇ ਅਰਦਾਸ ਨਾਲ ਕੀਤੀ। ਇਸ ਮੌਕੇ ਸਕੂਲ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਕਿਹਾ ਕਿ ਵਿਦਿਆਰਥੀ ਕੌਮ ਦਾ ਅਨਮੁੱਲਾ ਸਰਮਾਇਆ ਤੇ ਭਵਿਖ ਦੇ ਨੇਤਾ ਹਨ ਅਤੇ ਇੱਕ ਚੰਗੇ ਕੈਲੀਬਰ, ਕਿਰਦਾਰ ਤੇ ਕਰੈਕਟਰ ਵਾਲਾ ਵਿਦਿਆਰਥੀ ਹੀ ਇੱਕ ਚੰਗੇ ਵਿਅਕਤੀਤਵ ਦਾ ਮਾਲਕ ਬਣ ਸਕਦਾ ਹੈ। ਇਸ ਲਈ ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਲਈ ਵਿਦਿਆਰਥੀਆਂ ਨੂੰ ਸਕੂਲ ਦੇ ਹਰ ਕੰਮ ਵਿੱਚ ਉਨਾਂ ਦੀ ਸਮੂਲੀਅਤ ਕਰਵਾਈ ਜਾਂਦੀ ਹੈ। ਇਸੇ ਮੰਤਵ ਦੀ ਪੂਰਤੀ ਲਈ ਸਕੂਲ ਵਿੱਚ ਇੱਕ ਵਿੱਦਿਆਰਥੀ ਕੌਂਸਲ ਬਣਾਈ ਜਾਂਦੀ ਹੈ, ਜਿਹੜੀ ਸਭ ਤੋਂ ਸੁਪਰੀਮ ਹੁੰਦੀ ਹੈ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜਿੱਥੇ ਵਿਦਿਆਰਥੀਆਂ ਦੀ ਕੌਂਸਲ ਦੀ ਚੋਣ 'ਚ ਸਕੂਲ ਦੇ ਸੀਨੀਅਰ, ਹਰ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਤੇ ਯੋਗ ਵਿਦਿਆਰਥੀਆਂ ਦੀ ਚੋਣ ਕੀਤੀ ਗਈ, ਉਥੇ 16 ਦੇ ਕਰੀਬ ਕਲੱਬਾਂ ਦੇ ਪ੍ਰੈਜ਼ੀਡੈਂਟ, ਵਾਈਸ ਪ੍ਰੈਜ਼ੀਡੈਂਟ ਅਤੇ ਸੈਕਟਰੀਆਂ ਦੀ ਚੋਣ ਵੀ ਕੀਤੀ ਗਈ। ਸਕੂਲ ਦੀ ਸਟੂਡੈਂਟ ਕੌਂਸਲ ਵਿੱਚ ਸੁਸ਼ਾਂਤ ਵਰਮਾ ਨੂੰ ਸੀਨੀਅਰ ਹੈੱਡ ਪਰਫੈਕਟ ਬੁਆਏ , ਨਵਨੀਤ ਸਿੰਘ ਵਾਈਸ ਨੂੰ ਹੈਡ ਪਰਫੈਕਟ ਬੁਆਏ, ਅਮਰੋਜ ਕੌਰ ਨੂੰ ਸੀਨੀਅਰ ਹੈਡ ਪਰਫੈਕਟ ਗਰਲ, ਅਨਹਦ ਕੌਰ ਨੂੰ ਵਾਈਸ ਹੈਡ ਪਰਫੈਕਟ ਗਰਲ ਵਜੋਂ ਚੁਣਿਆ ਗਿਆ। ਇਸ ਮੌਕੇ ਪਰਫੈਕਟ ਲੜਕਿਆਂ ਵਿੱਚ ਏਕਮਜੋਤ ਸਿੰਘ, ਅੰਸਦੀਪ ਸਿੰਘ, ਪਰਮਿੰਦਰ ਸਿੰਘ, ਅਨਾਹਦ ਸਿੰਘ ਵਿਰਕ, ਪਾਰਸ ਮਹਿਰਾ, ਸਾਹਿਲ ਸ਼ਰਮਾ, ਸ਼ਿਵਤਾਜ ਸਿੰਘ, ਸਹਿਜਪ੍ਰੀਤ ਸਿੰਘ, ਜਸਮੀਤ ਸਿੰਘ, ਰਨਜੋਤ ਸਿੰਘ, ਹਰਕੀਰਤ ਸਿੰਘ, ਹਰਕੀਰਤਦੀਪ ਸਿੰਘ ਅਤੇ ਗੁਰਕੀਰਤ ਸਿੰਘ ਦੀ ਚੋਣ ਕੀਤੀ ਗਈ। ਪਰਫੈਕਟ ਲੜਕੀਆਂ ਵਿੱਚ ਮੰਨਤ ਰਿਆੜ, ਗੁਰਅਸੀਸ ਕੌਰ, ਜੈਸਮੀਨ ਕੌਰ, ਵਿਸ਼ਾਲੀ, ਬਲਜਿੰਦਰ ਕੌਰ, ਏਕਮਪ੍ਰੀਤ ਕੌਰ, ਗੁਰਲੀਨ ਕੌਰ, ਇਸਮੀਤ ਕੌਰ, ਸਹਿਜਪ੍ਰੀਤ ਕੌਰ, ਅਨਮੋਲਪ੍ਰੀਤ ਕੌਰ, ਰੂਪਨੀਤ ਕੌਰ, ਸਹਿਜਪ੍ਰੀਤ ਕੌਰ, ਜਸਨਪ੍ਰੀਤ ਕੌਰ, ਅਨਮੋਲਪ੍ਰੀਤ ਕੌਰ ਦੀ ਚੋਣ ਕੀਤੀ ਗਈ। ਲੜਕਿਆਂ ਵਿੱਚੋਂ ਕਮਲਜੀਤ ਸਿੰਘ, ਸਹਿਬੀਰ ਸਿੰਘ, ਸਹਿਨੂਰ ਸਿੰਘ ਅਤੇ ਨਵਨੀਤ ਸਿੰਘ ਨੂੰ ਕ੍ਰਮਵਾਰ ਸਤਲੁਜ, ਬਿਆਸ, ਜੇਹਲਮ ਅਤੇ ਰਾਵੀ ਹਾਊਸ ਦੇ ਕਪਤਾਨ ਵਜੋਂ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਲੜਕੀਆਂ ਵਿੱਚੋਂ ਮਹਿਕਪ੍ਰੀਤ ਕੌਰ, ਸਿਮਰਨਜੀਤ ਕੌਰ, ਸ਼੍ਰਿਆ ਠਾਕੁਰ ਅਤੇ ਰੁਕਮਨਦੀਪ ਕੌਰ ਨੂੰ ਕਪਤਾਨ ਵਜੋਂ ਨਿਯੁਕਤ ਕੀਤਾ ਗਿਆ। ਹਾਊਸਾਂ ਦੇ ਵਾਈਸ ਕਪਤਾਨ ਵਿੱਚ ਗੁਰਨੂਰ ਸਿੰਘ, ਕਰਮਨਪ੍ਰੀਤ ਸਿੰਘ, ਅਨੀਕੇਤ ਸਿੰਘ ਅਤੇ ਨਵਨੀਤ ਸਿੰਘ, ਕਰਨਬੀਰ ਸਿੰਘ, ਹਰਮਨਜੋਤ ਸਿੰਘ, ਅਰਸ਼ਦੀਪ ਕੌਰ, ਗੁਰਸਹਿਜਦੀਪ ਕੌਰ ਅਤੇ ਅਨਹਦ ਕੌਰ ਨੂੰ ਚੁਣਿਆ ਗਿਆ।

ਸੈਲਫ ਐਡਵੋਕੇਸੀ ਕਲੱਬ ਲਈ ਵਿਸ਼ਵਜੀਤ ਸਿੰਘ ਨੂੰ ਪ੍ਰੈਜ਼ੀਡੈਂਟ ਥਾਪਿਆ ਗਿਆ ਅਤੇ ਇਸ ਕਲੱਬ ਦੇ ਵਾਈਸ ਪ੍ਰੈਜ਼ੀਡੈਂਟ ਤੇ ਸੈਕਟਰੀ ਮਨਮੀਤ ਕੌਰ ਅਤੇ ਅਰਮਨ ਕੌਰ ਨੂੰ ਥਾਪਿਆ ਗਿਆ। ਅੰਤ ਵਿੱਚ ਸਟੂਡੈਂਟ ਕੌਂਸਲ ਦੇ ਸਮੂਹ ਚੁਣੇ ਗਏ ਨੁਮਾਇੰਦਿਆਂ ਨੇ ਸਹੁੰ ਚੁੱਕ ਕੇ ਆਪਣੀ ਡਿਊਟੀ ਨੂੰ ਤਨਦੇਹੀ, ਦਿਲੋਂ ਮਨੋਂ, ਇਮਾਨਦਾਰੀ ਤੇ ਦਿਆਨਤਦਾਰੀ ਨਾਲ ਨਿਭਾਉਣ ਦਾ ਪ੍ਰਣ ਲਿਆ। ਇਸ ਮੌਕੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ, ਪ੍ਰਿੰ. ਇੰਦਰਜੀਤ ਕੌਰ, ਸੰਸਥਾ ਦੇ ਸਮੂਹ ਕੋਆਰਡੀਨੇਟਰ ਅਤੇ ਅਧਿਆਪਕ ਸਾਹਿਬਾਨ ਵੀ ਹਾਜ਼ਰ ਸਨ।

# ਨਵੀਂ ਬਣੀ ਸੜਕ ਨੂੰ ਨਿਕਾਸੀ ਨਾਲੇ ਨਾਲ ਨਾ ਜੋੜਨ ਕਾਰਨ ਟੁੱਟਣ ਦਾ ਡਰ !



ਮੱਤੇਵਾਲ (ਦਵਿੰਦਰ ਸਿੰਘ ਤਰਸਿੱਕਾ)-ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੀ ਸੜਕ ਖਜਾਲਾ ਤੋਂ ਟਾਂਗਰਾ ਲਿੰਕ ਰੋਡ ਵਾਇਆ ਕਸਬਾ ਤਰਸਿੱਕਾ ਜਿਸ ਉਤੇ ਹਾਲੇ ਕੁਝ ਸਮਾਂ ਪਹਿਲਾਂ ਹੀ ਵਿਧਾਨ ਸਭਾ ਹਲਕਾ ਜੰਡਿਆਲਾ ਦੇ ਵਿਧਾਇਕ, ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਦੇ ਯਤਨਾਂ ਸਦਕਾ ਇਹ ਸੜਕ ਤੇ ਵਧੀਆ ਕੁਆਲਿਟੀ ਦਾ ਪ੍ਰੀਮਿਕਸ ਪਾਇਆ ਗਿਆ ਸੀ ਜਿਸ ਕਾਰਨ ਇਲਾਕੇ ਦੇ ਲੋਕਾਂ ਵੱਲੋਂ ਮੰਤਰੀ ਸਾਹਿਬ ਦਾ ਧੰਨਵਾਦ ਵੀ ਕੀਤਾ ਗਿਆ ਸੀ ਪਰ ਨਾਲ ਹੀ ਮੰਗ ਵੀ ਕੀਤੀ ਗਈ ਸੀ ਕਿ ਇਸ ਦੇ ਨਾਲ ਨਾਲਾ ਜ਼ਰੂਰ ਬਣਾਇਆ ਜਾਵੇ ਪਰ ਨਾਲਾ ਨਾ ਬਣਨ ਕਾਰਨ ਹੁਣ ਮੁਸ਼ਕਲਾਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਤਰਸਿੱਕਾ ਦੇ ਦਫਤਰ ਮੂਹਰੇ ਸੜਕ ਦੇ ਉੱਪਰ ਤਲਾਬ ਬਣਿਆ ਹੋਇਆ ਹੈ ਜਿਸ ਕਾਰਨ ਸੜਕ ਦੇ ਟੁੱਟਣ ਦਾ ਖਤਰਾ ਬਣਿਆ ਹੋਇਆ ਹੈ ਕਿਉਂਕਿ ਇਨ੍ਹਾਂ ਬਰਸਾਤਾਂ ਦੇ ਦਿਨਾਂ ਵਿੱਚ ਅਕਸਰ ਹੀ ਇਥੇ ਤਲਾਬ ਬਣਿਆ ਰਹਿੰਦਾ ਹੈ ਪਰ ਅਧਿਕਾਰੀਆਂ ਦੀ ਨੀਂਦ ਨਹੀਂ ਖੁੱਲ੍ਹਦੀ।

ਸੜਕ ਬਣਾਉਣ ਲਈ ਆਮ ਲੋਕਾਂ ਵੱਲੋਂ ਹਜ਼ਾਰਾਂ ਅਪੀਲਾਂ ਕਰਵਾ ਕੇ ਹੀ ਤਾਂ ਸੜਕ ਬਣਦੀ ਹੈ ਪਰ ਇਸ ਸੜਕ ਲੰਬਾ ਸਮਾਂ ਚੱਲੇ ਇਸ ਦੀ ਕੋਈ ਗਰੰਟੀ ਨਹੀਂ ਹੁੰਦੀ। ਕਿਸੇ ਦੀ ਵੀ ਕੋਈ ਜਵਾਬਦੇਹੀ ਤੈਅ ਨਹੀਂ ਹੁੰਦੀ, ਇਸੇ ਕਾਰਨ ਇਨ੍ਹਾਂ ਸੜਕਾਂ ਨੂੰ ਰੱਬ ਸਹਾਰੇ ਹੀ ਛੱਡ ਦਿੱਤਾ ਜਾਂਦਾ ਹੈ। ਇਲਾਕਾ ਨਿਵਾਸੀਆਂ ਦੀ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੂੰ ਅਪੀਲ ਹੈ ਕਿ ਇਸ ਸੜਕ ਦੇ ਨਾਲ ਨਿਕਾਸੀ ਨਾਲਾ ਬਣਾਇਆ ਜਾਵੇ ਤਾਂ ਜੋ ਤਲਾਬ ਦਾ ਰੂਪ ਨਾ ਲੈ ਸਕੇ ।

# ਗੁਰਦੁਆਰਾ ਚੋਣ ਕਮਿਸ਼ਨ ਯੋਗ ਸਿੱਖ ਵੋਟਰਾਂ ਦੀ ਹੀ ਰਜਿਸਟ੍ਰੇਸ਼ਨ ਯਕੀਨੀ ਬਣਾਵੇ : ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਲਈ ਬਣ ਰਹੀਆਂ ਵੋਟਾਂ ਨੂੰ ਪਾਰਦਰਸ਼ੀ ਅਤੇ ਯੋਗ ਸਿੱਖ ਵੋਟਰਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ ਸ਼੍ਰੋਮਣੀ ਕਮੇਟੀ ਦੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਜਸਟਿਸ ਐੱਸ. ਐੱਸ. ਸਾਰੋਂ ਨੂੰ ਪੱਤਰ ਲਿਖਿਆ ਹੈ।ਐਡਵੋਕੇਟ ਧਾਮੀ ਨੇ ਇਸ ਗੱਲ ਦਾ ਸਖ਼ਤ ਇਤਰਾਜ਼ ਪ੍ਰਗਟਾਇਆ ਕਿ ਪੰਜਾਬ ਸਰਕਾਰ ਵੱਲੋਂ ਗੁਰਦੁਆਰਾ ਚੋਣਾਂ ਲਈ ਰਜਿਸਟ੍ਰੇਸ਼ਨ ਵਾਸਤੇ ਨਿਰਧਾਰਤ ਨਿਯਮਾਂ ਦੀ ਅਣਦੇਖੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਸੰਗਤ ਵੱਲੋਂ ਸ਼ਿਕਾਇਤਾਂ ਅਤੇ ਜਾਣਕਾਰੀ ਦਿੱਤੀ ਗਈ ਹੈ ਕਿ ਵੋਟਾਂ ਬਣਾਉਣ ਵਾਲੇ ਸਰਕਾਰ ਦੇ ਕਰਮਚਾਰੀ ਲੋਕ ਸਭਾ ਅਤੇ ਵਿਧਾਨ ਸਭਾ ਦੀਆਂ ਵੋਟਰ ਲਿਸਟਾਂ ਵਿੱਚੋਂ ਬਿਨਾਂ ਤਸਦੀਕ ਕੀਤਿਆਂ ਆਪਣੇ ਤੌਰ 'ਤੇ ਹੀ ਨਾਮ ਚੁੱਕ ਕੇ ਨਿਯਮਾਂ ਨੂੰ ਅਣਦੇਖਾ ਕਰਦਿਆਂ ਵੋਟਰ ਬਣਾ ਰਹੇ ਹਨ।ਇਸ ਤਹਿਤ ਅੰਮ੍ਰਿਤਧਾਰੀ ਤੇ ਸਾਬਤ ਸੂਰਤ ਸਿੱਖ ਦੀ ਸ਼ਰਤ ਦੀ ਉਲੰਘਣਾ ਹੋਣ ਦਾ ਖ਼ਦਸ਼ਾ ਹੈ।ਐਡਵੋਕੇਟ ਧਾਮੀ ਨੇ ਜਸਟਿਸ ਸਾਰੋਂ ਨੂੰ ਲਿਖਿਆ ਕਿ ਉਹ ਇਸ ਮਾਮਲੇ ਵਿੱਚ ਸਖ਼ਤ ਆਦੇਸ਼ ਜਾਰੀ ਕਰਨ, ਤਾਂ ਜੋ ਇਹ ਯਕੀਨੀ ਬਣ ਸਕੇ ਕਿ ਕਿਸੇ ਵੀ ਗੈਰ-ਸਿੱਖ ਅਤੇ ਪਤਿਤ ਦੀ ਵੋਟ ਨਾ ਬਣੇ।ਉਨ੍ਹਾਂ ਕਿਹਾ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਲਈ ਮੈਂਬਰ ਚੁਣਨ ਵਾਸਤੇ ਨਿਯਮਾਂ ਅਨੁਸਾਰ ਵੋਟਰ ਰਜਿਸਟ੍ਰੇਸ਼ਨ ਯਕੀਨੀ ਬਣਾਉਣਾ ਗੁਰਦੁਆਰਾ ਚੋਣ ਕਮਿਸ਼ਨ ਦਾ ਮੁੱਢਲਾ ਫ਼ਰਜ਼ ਹੈ ਅਤੇ ਸੰਗਤ ਦੇ ਇਤਰਾਜ਼ਾਂ ਤੇ ਖ਼ਦਸ਼ਿਆਂ ਵੱਲ ਕਮਿਸ਼ਨ ਉਚੇਚੇ ਤੌਰ 'ਤੇ ਧਿਆਨ ਕੇਂਦ੍ਰਿਤ ਕਰੇ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਜਸਟਿਸ ਸਾਰੋਂ ਨੂੰ ਇਹ ਵੀ ਕਿਹਾ ਕਿ ਸਿੱਖ ਤੇ ਸਾਬਤ ਸੂਰਤ ਵੋਟਰਾਂ ਤੱਕ ਪਹੁੰਚ ਨੂੰ ਵਿਧੀਵਤ ਕਰਨ ਲਈ ਆਦੇਸ਼ ਦੇਣ ਅਤੇ ਹਰ ਵੋਟਰ ਦੀ ਪਛਾਣ ਤਸਦੀਕ ਕਰਨ ਦੇ ਨਾਲ-ਨਾਲ ਉਹ ਦੀ ਤਾਜ਼ਾ ਫੋਟੋ ਫ਼ਾਰਮ ਨਾਲ ਲੈ ਕੇ ਹੀ ਵੋਟਾਂ ਬਣਾਈਆਂ ਜਾਣ ।

# ਤਲਬੀਰ ਸਿੰਘ ਗਿੱਲ ਨੇ ਹਲਕਾ ਮਜੀਠਾ ਦੇ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ ਕੀਤੀਆਂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੀਨੀਅਰ 'ਆਪ' ਆਗੂ ਤਲਬੀਰ ਸਿੰਘ ਗਿੱਲ ਵੱਲੋਂ ਵਿਧਾਨ ਸਭਾ ਹਲਕਾ ਮਜੀਠਾ ਦੇ ਵੱਖ-ਵੱਖ ਪਿੰਡਾਂ ਵਿੱਚ ਵੱਖ-ਵੱਖ ਆਗੂਆਂ ਦੇ ਨਾਲ ਮੀਟਿੰਗਾਂ ਕੀਤੀਆਂ ਗਈਆਂ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਤੋਂ ਜਾਣੂ ਕਰਵਾਇਆ ਗਿਆ।

ਵੱਖ-ਵੱਖ ਪਿੰਡਾਂ ਦੇ ਆਗੂਆਂ ਵੱਲੋਂ ਤਲਬੀਰ ਸਿੰਘ ਗਿੱਲ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਿਰਪਾਉ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਚ ਜ਼ਮੀਨੀ ਪੱਧਰ ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਹਰ ਪਿੰਡ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਸਕੀਮਾਂ ਦਾ ਲਾਹਾ ਲੈ ਰਹੇ ਹਨ। ਉਨ੍ਹਾਂ ਮਜੀਠਾ ਹਲਕੇ ਦੇ ਲੋਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਵਾਰ ਹੋਈਆਂ ਪਾਰਲੀਮੈਂਟ ਚੋਣਾਂ ਵਿੱਚ ਹਲਕੇ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਪਹਿਲਾਂ ਨਾਲੋਂ ਵੱਧ ਫਤਵਾ ਦੇ ਕੇ ਇਹ ਗੱਲ ਸਾਬਤ ਕਰ ਦਿੱਤੀ ਹੈ ਕਿ ਆਮ ਆਦਮੀ ਪਾਰਟੀ ਸਰਕਾਰ ਦੀਆਂ ਨੀਤੀਆਂ ਤੋਂ ਲੋਕ ਖੁਸ਼ ਹਨ ਅਤੇ ਉਹ ਚਾਹੁੰਦੇ ਹਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅਗਲੀ ਵਾਰ ਵੀ ਬਣੇ।

ਉਨ੍ਹਾਂ ਕਿਹਾ ਕਿ ਕਿਸੇ ਵੀਰ ਭਰਾ ਨੂੰ ਜੇ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਹ ਬੇਝਿਜਕ ਸਾਡੇ ਧਿਆਨ ਵਿੱਚ ਲਿਆ ਸਕਦਾ ਹੈ, ਅਸੀਂ ਉਸਦੀ ਹਰ ਮੁਸ਼ਕਿਲ ਦਾ ਹੱਲ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ।

# ਗੁ: ਸਿੰਘ ਸਭਾ ਧਰਮਪੁਰਾ ਕਾਦੀਆਂ ਵਿਖੇ ਮਹਾਨ ਅੰਮ੍ਰਿਤ ਸੰਚਾਰ 17 ਨੂੰ : ਜਥੇਦਾਰ ਗੋਰਾ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਸ਼ਤਾਬਦੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਤਾਗੱਦੀ ਦਿਵਸ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰਜਿੰਦਰ ਸਿੰਘ ਰਜਾਦਾ ਪ੍ਰਧਾਨ ਸਰਬ ਕਲਿਆਣ ਟਰੱਸਟ ਰਜਿ ਦੇ ਵਿਸ਼ੇਸ਼ ਉਪਰਾਲੇ ਸਦਕਾ ਅਤੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਦੇ ਵਿਸ਼ੇਸ਼ ਸਹਿਯੋਗ ਨਾਲ ਮਹਾਨ ਅੰਮ੍ਰਿਤ ਸੰਚਾਰ 17 ਅਗਸਤ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਗੁਰਦੁਆਰਾ ਸਿੰਘ ਸਭਾ ਧਰਮਪੁਰਾ ਮੁਹੱਲਾ ਕਾਦੀਆਂ ਵਿਖੇ ਕਰਵਾਇਆ ਜਾ ਰਿਹਾ ਹੈ।

ਉਕਤ ਜਾਣਕਾਰੀ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਤੋਂ ਧਾਰਮਿਕ ਨੁਮਾਇੰਦਗੀ ਕਰ ਰਹੇ ਧਾਰਮਿਕ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹਰਜਿੰਦਰ ਸਿੰਘ ਇੰਚਾਰਜ ਸਰਬ ਕਲਿਆਣ ਟਰੱਸਟ ਨੇ ਸਾਂਝੇ ਤੌਰ ਤੇ ਦਿੰਦਿਆਂ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ ਵਿਸ਼ੇਸ਼ ਤੌਰ ਤੇ ਪਹੁੰਚ ਕੇ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕਰਕੇ ਅੰਮ੍ਰਿਤ ਅਭਿਲਾਖੀਆਂ ਨੂੰ ਅੰਮ੍ਰਿਤ ਛਕਾਉਣਗੇ।ਅੰਮ੍ਰਿਤ ਸੰਚਾਰ ਮੌਕੇ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤ ਛਕਣ ਵਾਲੇ ਅੰਮ੍ਰਿਤ ਅਭਿਲਾਖੀਆਂ ਨੂੰ ਭੇਟਾ ਰਹਿਤ ਮੁਫ਼ਤ ਕਕਾਰ ਦਿੱਤੇ ਜਾਣਗੇ।ਜਥੇਦਾਰ ਗੋਰਾ ਨੇ ਸਮੂਹ ਸੰਗਤਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛੱਕਣ ਦੀ ਬੇਨਤੀ ਕੀਤੀ।

# ਮਰਹਾਣਾ ਵਿਖੇ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਬਾਰੇ ਜਾਣਕਾਰੀ ਦਿੱਤੀ



ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾ. ਭਾਰਤ ਭੂਸ਼ਣ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸਿਮਰਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਸੀਐੱਚਸੀ ਸਰਹਾਲੀ ਦੇ ਯੋਗ ਰਹਿਨੁਮਾਈ ਹੇਠ ਸਿਹਤ ਵਿਭਾਗ ਦੀ ਟੀਮ ਵੱਲੋਂ ਪਿੰਡ ਮਰਹਾਣਾ ਵਿਖੇ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਅਤੇ ਚਿਕਨਗੁਨੀਆ ਦੇ ਲੱਛਣਾਂ ਅਤੇ ਬਚਾਅ ਸਬੰਧੀ ਜਾਣਕਾਰੀ ਦਿੱਤੀ ਗਈ।

ਇਸ ਸਮੇਂ ਰਾਜੀਵ ਕੁਮਾਰ ਹੈਲਥ ਵਰਕਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਆਪਣਾ ਆਲਾ-ਦੁਆਲਾ ਸਾਫ-ਸੁਥਰਾ ਰੱਖਣਾ ਚਾਹੀਦਾ ਹੈ ਅਤੇ ਘਰ ਦੀਆਂ ਛੱਤਾਂ ਤੇ ਪਏ ਟੁੱਟੇ ਟਾਇਰਾਂ ਅਤੇ ਗਮਲਿਆਂ ਵਿੱਚ ਪਾਣੀ ਇੱਕਠਾ ਨਾ ਹੋਣ ਦਿਓ ਅਤੇ ਕੂਲਰਾਂ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕਰੋ। ਇਸ ਸਮੇਂ ਨਵਨੀਤ ਕੌਰ ਨੇ ਲੋਕਾਂ ਨੂੰ ਸਾਫ-ਸਫਾਈ ਸਬੰਧੀ ਜਾਗਰੂਕ ਕਰਦੇ ਹੋਏ ਦੱਸਿਆ ਕਿ ਖਾਸ ਕਰਕੇ ਬਰਸਾਤੀ ਦਿਨਾਂ ਸਾਫ ਸਫਾਈ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ ਕਿਉਂਕਿ ਇਸ ਮੌਸਮ ਵਿੱਚ ਬਿਮਾਰੀਆਂ ਫੈਲਾਉਣ ਵਾਲਾ ਮੱਛਰ ਪੈਦਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਤੁਹਾਨੂੰ ਤੇਜ਼ ਸਿਰ ਦਰਦ, ਤੇਜ਼ ਬੁਖਾਰ ਜਾਂ ਖਾਂਸੀ ਹੈ ਤਾਂ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਵਿੱਚ ਜਾ ਕੇ ਆਪਣਾ ਇਲਾਜ ਕਰਵਾਓ। ਇਸ ਸਮੇਂ ਰਾਜ ਕੌਰ, ਬਲਜੀਤ ਕੌਰ, ਲਖਵਿੰਦਰ ਕੌਰ ਆਦਿ ਹਾਜ਼ਰ ਸਨ।

# ਮਜੀਠਾ ਹਲਕੇ ਦੇ ਬਲਾਕ ਪ੍ਰਧਾਨਾਂ ਨਾਲ ਰਾਜਾ ਵੜਿੰਗ ਨੇ ਕੀਤੀ ਮੀਟਿੰਗ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਪ੍ਰਦੇਸ਼ ਕਾਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਹੋਈਆਂ ਲੋਕ ਸਭਾ ਚੋਣਾਂ ਵਿੱਚ ਵੱਡੀ ਜਿੱਤ ਪ੍ਰਾਪਤ ਕਰਨ ਤੋਂ ਬਾਅਦ ਸੂਬੇ ਦੇ ਸਾਰੇ ਕਾਂਗਰਸ ਦੇ ਬਲਾਕ ਪ੍ਰਧਾਨਾਂ ਨਾਲ ਵਾਰੀ ਵਾਰੀ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਮੀਟਿੰਗਾਂ ਕੀਤੀਆਂ। ਏਸੇ ਲੜੀ ਦੇ ਤਹਿਤ ਹਲਕਾ ਮਜੀਠਾ ਦੇ ਬਲਾਕ ਪ੍ਰਧਾਨ ਨਵਦੀਪ ਸਿੰਘ ਸੋਨਾ ਮਜੀਠਾ, ਨਵਤੇਜ ਪਾਲ ਸਿੰਘ ਸੋਹੀਆਂ ਤੇ ਸਤਨਾਮ ਸਿੰਘ ਕਾਜੀਕੋਟ ਨਾਲ ਵੀ ਮੀਟਿੰਗ ਕੀਤੀ ਤੇ ਮਜੀਠਾ ਹਲਕੇ ਬਾਰੇ ਵਿਚਾਰਾਂ ਸਾਂਝੀਆਂ ਕੀਤੀਆਂ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਇਨ੍ਹਾਂ ਆਗੂਆਂ ਨੇ ਚੰਡੀਗੜ੍ਹ ਤੋਂ ਪਰਤਦਿਆਂ ਕੱਥੂਨੰਗਲ ਵਿਖੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਨ੍ਹਾਂ ਆਗੂਆਂ ਨੇ ਦੱਸਿਆ ਕਿ ਰਾਜਾ ਵੜਿੰਗ ਵੱਲੋਂ ਅਗਾਮੀ ਪੰਚਾਇਤੀ ਚੋਣਾਂ, ਨਗਰ ਕੌਂਸਲ, ਬਲਾਕ ਸੰਮਤੀਆਂ ਤੇ ਜ਼ਿਲ੍ਹਾ ਪ੍ਰੀਸ਼ਦ ਦੀਆਂ ਹੋਣ ਵਾਲੀਆਂ ਚੋਣਾਂ ਲਈ ਹੁਣ ਤੋਂ ਹੀ ਕਮਰਕੱਸੇ ਕਰਨ ਦੇ ਸੁਝਾਅ ਦਿੱਤੇ ਗਏ ਜਿਸ ਵਿੱਚ ਅਸੀਂ ਸਾਰਿਆਂ ਨੇ ਪ੍ਰਧਾਨ ਰਾਜਾ ਵੜਿੰਗ ਨੂੰ ਵਿਸ਼ਵਾਸ ਦਿਵਾਇਆ ਕਿ ਮਜੀਠਾ ਹਲਕੇ ਦੇ ਕਾਂਗਰਸ ਦੇ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਅਸੀਂ ਹਰ ਚੋਣਾਂ ਲੜਨ ਲਈ ਤਿਆਰ ਹਾਂ ਤੇ ਇਸ ਆਮ ਆਦਮੀ ਪਾਰਟੀ ਦੀ ਝੂਠੇ ਲਾਰਿਆਂ ਵਾਲੀ ਸਰਕਾਰ ਨੂੰ ਹਰ ਫਰੰਟ ਤੇ ਵੱਡੀ ਟੱਕਰ ਦੇ ਕੇ ਜਿੱਤ ਪ੍ਰਾਪਤ ਕਰਾਂਗੇ ਕਿਉਂਕਿ ਹੁਣ ਪਿੰਡਾਂ ਤੇ ਸ਼ਹਿਰਾਂ ਵਿੱਚ ਲੋਕਾਂ ਦਾ ਵਿਸ਼ਵਾਸ ਇਨ੍ਹਾਂ ਡਰਾਮੇਬਾਜ਼ਾਂ ਤੋ ਉੱਠ ਚੁੱਕਾ ਹੈ। ਅਕਾਲੀ ਦਲ ਤੇ ਭਾਜਪਾ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਤਾਂ ਵਜੂਦ ਹੀ ਹੁਣ ਖਤਰੇ ਵਿੱਚ ਪੈ ਗਿਆ ਹੈ ਕਿਉਂਕਿ ਘਰ ਦੀ ਆਪਸੀ ਲੜਾਈ ਵੀ ਸਾਰਾ ਕੁਝ ਤਬਾਹ ਕਰ ਦਿੰਦੀ ਹੈ, ਭਾਜਪਾ ਵੱਲੋ ਕੀਤੇ ਗਏ ਲੋਕ ਮਾਰੂ ਬਜਟ ਨੇ ਵੀ ਜ਼ਮੀਨੀ ਪੱਧਰ ਤੇ ਇਨਾਂ ਦਾ ਅਸਲੀ ਚਿਹਰਾ ਬੇਨਕਾਬ ਕਰ ਦਿੱਤਾ ਹੈ। ਅਖੀਰ ਵਿੱਚ ਨਵਦੀਪ ਸਿੰਘ ਸੋਨਾ ਕੌਂਸਲਰ ਤੇ ਸ਼ਹਿਰੀ ਬਲਾਕ ਪ੍ਰਧਾਨ ਮਜੀਠਾ ਨੇ ਕਿਹਾ ਕਿ ਜਲਦ ਹੀ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਤੇ ਮੈਂਬਰ ਲੋਕ ਸਭਾ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਵੀ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਮਜੀਠਾ ਹਲਕੇ ਦੇ ਕਾਂਗਰਸੀ ਵਰਕਰਾਂ ਨਾਲ ਰੁਬਰੂ ਕਰਾਵਾਂਗੇ ।

# '16 ਤੋਂ 18 ਸਾਲ ਦੇ ਬੱਚੇ ਵੀ ਹੁਣ ਆਪਣੇ ਡਰਾਈਵਿੰਗ ਲਾਇਸੈਂਸ ਬਣਵਾ ਸਕਦੇ ਹਨ'



ਗੁਰਦਾਸਪੁਰ (ਜਨਕ ਮਹਾਜਨ)-ਜ਼ਿਲ੍ਹਾ ਟਰੈਫਿਕ ਪੁਲਸ ਐਜੂਕੇਸ਼ਨ ਸੈੱਲ ਵੱਲੋਂ ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਕੰਪਨੀ ਗੁਰਦਾਸਪੁਰ 'ਚ ਬ੍ਰਾਂਚ ਮੈਨੇਜਰ ਭੁਪਿੰਦਰ ਸਿੰਘ ਦੇ ਸਹਿਯੋਗ ਨਾਲ ਕੰਪਨੀ ਦੇ ਸਟਾਫ਼ ਨੂੰ ਟਰੈਫਿਕ ਨਿਯਮਾਂ ਦੀ ਜਾਣਕਾਰੀ ਦਿੱਤੀ ਗਈ। ਸੈਮੀਨਾਰ ਵਿੱਚ ਟਰੈਫਿਕ ਐਜੂਕੇਸ਼ਨ ਸੈੱਲ ਗੁਰਦਾਸਪੁਰ ਏਐੱਸਆਈ ਸੁਭਾਸ਼ ਚੰਦਰ ਸ਼ਾਮਿਲ ਸਨ। ਸੈਮੀਨਾਰ ਵਿੱਚ ਕੰਪਨੀ ਦੇ ਸਟਾਫ਼ ਨੂੰ ਦੱਸਿਆ ਕਿ ਅਪਣੀ ਵਾਹਨ ਦੀ ਰਫ਼ਤਾਰ ਹੌਲੀ ਰੱਖਣੀ ਚਾਹੀਦੀ ਹੈ। ਬਾਈਕ ਚਲਾਉਂਦੇ ਸਮੇਂ ਹੈਲਮਟ ਪਾ ਕੇ ਰੱਖਣਾ ਚਾਹੀਦਾ ਹੈ ਕਿਉਂਕਿ ਹੈਲਮਟ ਸਿਰ ਦਾ 90% ਬਚਾਅ ਕਰਦਾ ਹੈ। ਚਾਰ ਪਹੀਆ ਵਾਹਨ ਚਲਾਉਂਦੇ ਸਮੇਂ ਸੀਟ ਬੈਲਟ ਲਗਾ ਕੇ ਰੱਖਣੀ ਚਾਹੀਦੀ ਹੈ ਅਤੇ ਜੇਕਰ ਕੋਈ ਬੱਚਾ 18 ਸਾਲ ਤੋਂ ਘੱਟ ਉਮਰ ਅਤੇ ਬਿਨਾਂ ਲਾਇਸੈਂਸ ਤੋਂ ਵਾਹਨ ਡਰਾਈਵ ਕਰਦਾ ਹੈ ਅਤੇ ਉਸ ਤੋਂ ਕੋਈ ਐਕਸੀਡੈਂਟ ਹੋ ਜਾਵੇ ਤਾਂ ਇਸ ਦੇ ਜ਼ਿੰਮੇਵਾਰ ਉਸਦੇ ਮਾ ਬਾਪ ਹੋਣਗੇ ਜਾਂ ਜਿਸ ਆਦਮੀ ਦਾ ਇਹ ਵਾਹਨ ਹੈ, ਉਸ 'ਤੇ ਕਾਰਵਾਈ ਕੀਤੀ ਜਾਵੇਗੀ। ਹੁਣ 16 ਤੋਂ 18 ਸਾਲ ਦੇ ਬੱਚੇ ਵੀ ਆਪਣੇ ਡਰਾਈਵਿੰਗ ਲਾਇਸੈਂਸ ਬਣਵਾ ਸਕਦੇ ਹਨ ਅਤੇ ਬਿਨਾਂ ਗੇਅਰ ਵਾਲੇ ਵਾਹਨ ਚਲਾ ਸਕਦੇ ਹਨ। ਜੋ ਵਿਅਕਤੀ ਐਕਸੀਡੈਂਟ ਪੀੜਤ ਦੀ ਮਦਦ ਕਰਦਾ ਹੈ ਉਸ ਨੂੰ ਚੰਗੇ ਨਾਗਰਿਕ ਵਜੋਂ ਸਨਮਾਨਿਤ ਕੀਤਾ ਜਾਵੇਗਾ। ਸੈਮੀਨਾਰ ਵਿੱਚ ਬੈਂਕ ਸਟਾਫ ਅਨੁਰਾਗ ਸ਼ਰਮਾ, ਅੰਕੁਸ਼ ਡੋਗਰਾ, ਮਨਦੀਪ ਸਿੰਘ, ਮਨੁ ਨੇ ਟਰੈਫਿਕ ਦੇ ਨਿਯਮਾਂ ਦੀ ਪਾਲਣਾ ਕਰਨ ਦਾ ਪ੍ਰਣ ਲਿਆ ਅਤੇ ਆਏ ਹੋਏ ਟਰੈਫਿਕ ਕਰਮਚਾਰੀਆਂ ਦਾ ਧੰਨਵਾਦ ਕੀਤਾ।

# ਬਲਬੀਰ ਸਿੰਘ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਬੀਤੇ ਦਿਨੀਂ ਲੰਗਰ ਸ੍ਰੀ ਗੁਰੂ ਰਾਮਦਾਸ ਜੀ, ਸਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਵਿਖੇ ਸੇਵਾ ਕਰਦਿਆਂ ਆਲੂਆਂ ਵਾਲੇ ਉੱਬਲਦੇ ਪਾਣੀ ਦੇ ਕੜਾਹੇ ਵਿੱਚ ਡਿੱਗਣ ਨਾਲ ਝੁਲਸੇ ਬਲਬੀਰ ਸਿੰਘ ਵਾਸੀ ਧਾਰੀਵਾਲ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

ਬਲਬੀਰ ਸਿੰਘ ਪਿਛਲੇ ਲੰਮੇ ਸਮੇਂ ਤੋਂ ਹਫ਼ਤੇ ਵਿੱਚ ਦੋ ਵਾਰ ਸ੍ਰੀ ਹਰਿਮੰਦਰ ਸਾਹਿਬ ਆ ਕੇ ਲੰਗਰ ਵਿੱਚ ਸੇਵਾ ਕਰਦੇ ਸਨ, ਪਰ ਅਚਾਨਕ ਸੇਵਾ ਕਰਦਿਆਂ ਉਨ੍ਹਾਂ ਨਾਲ ਇਹ ਹਾਦਸਾ ਵਾਪਰ ਗਿਆ।

ਇਲਾਜ ਦੌਰਾਨ ਉਹ ਬੀਤੀ ਰਾਤ ਅਕਾਲ ਚਲਾਣਾ ਕਰ ਗਏ।ਐਡਵੋਕੇਟ ਧਾਮੀ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਮੰਨਣ ਵਿਖੇ ਬੀ ਕੇ ਯੂ ਏਕਤਾ ਉਗਰਾਹਾਂ ਦੀ ਨਵੀਂ ਕਮੇਟੀ ਗਠਿਤ



ਝਬਾਲ (ਹਰਜਿੰਦਰ ਸਿੰਘ ਸੋਨੀ)-ਬੀਕੇਯੂ ਏਕਤਾ ਉਗਰਾਹਾਂ ਦੀ ਪਿੰਡ ਮੰਨਣ ਵਿਖੇ ਗੁਰਦੁਆਰਾ ਸਾਹਿਬ ਵਿੱਚ ਇਕੱਤਰਤਾ ਹੋਈ ਜਿਸ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ ਅਤੇ ਦਿਲਬਾਗ ਸਿੰਘ ਐਮਾ ਨੇ ਕੀਤੀ।

ਇਸ ਮੌਕੇ ਮੰਨਣ ਪਿੰਡ 'ਚ ਬੀਕੇਯੂ ਏਕਤਾ ਉਗਰਾਹਾਂ ਦੀ ਨਵੀਂ ਕਮੇਟੀ ਗਠਿਤ ਕੀਤੀ ਗਈ ਜਿਸ ਦੇ ਪ੍ਰਧਾਨ ਮੇਜਰ ਸਿੰਘ, ਸੀਨੀਅਰ ਪ੍ਰਧਾਨ ਜਸਵੰਤ ਸਿੰਘ, ਧਿਆਨ ਸਿੰਘ ਫੌਜੀ ਖਜ਼ਾਨਚੀ, ਗੁਰਜੀਤ ਸਿੰਘ ਪ੍ਰੈੱਸ ਸਕੱਤਰ, ਸ਼ਰਨਜੀਤ ਸਿੰਘ ਪ੍ਰਧਾਨ, ਲਖਵਿੰਦਰ ਸਿੰਘ ਫੌਜੀ ਪ੍ਰਧਾਨ, ਲਖਵਿੰਦਰ ਸਿੰਘ ਸਲਾਹਕਾਰ, ਹਰਬਿੰਦਰ ਸਿੰਘ ਸੋਨੂੰ ਸਲਾਹਕਾਰ, ਸਤਨਾਮ ਸਿੰਘ ਵਲੰਟੀਅਰ, ਹਰਜਿੰਦਰ ਸਿੰਘ ਸਲਾਹਕਾਰ, ਸ਼ਮਸ਼ੇਰ ਸਿੰਘ ਵਲੰਟੀਅਰ, ਸੁਖਦੇਵ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਮੈਂਬਰ, ਸੁਰਿੰਦਰ ਸਿੰਘ ਮੈਂਬਰ, ਸੁਰਿੰਦਰ ਸਿੰਘ ਪਟਵਾਰੀ ਮੈਂਬਰ ਬਣੇ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ, ਪ੍ਰਧਾਨ ਦਿਲਬਾਗ ਸਿੰਘ ਐਮਾ ਕਲਾਂ, ਹਰਦੀਪ ਸਿੰਘ ਜੌੜਾ ਜ਼ਿਲ੍ਹਾ ਖਜ਼ਾਨਚੀ, ਪ੍ਰਧਾਨ ਲਾਡੀ, ਬਾਬਾ ਬਲਜਿੰਦਰ ਸਿੰਘ ਕਾਲਾ ਬਾਬਾ ਲੰਗਾਹ ਝਬਾਲ,ਸੁਖਬੀਰ ਸਿੰਘ ਗੱਗੋਬੂਹਾ, ਸਰਪੰਚ ਮਨਜਿੰਦਰ ਸਿੰਘ ਐਮਾ, ਗੁਰਮੁੱਖ ਸਿੰਘ ਐਮਾ, ਸਰਬਜੀਤ ਸਿੰਘ ਐਮਾ, ਸਵਰਨ ਸਿੰਘ ਐਮਾ, ਪ੍ਰਧਾਨ ਹਰਪ੍ਰੀਤ ਸਿੰਘ ਐਮਾ ਖੁਰਦ, ਸਰਪੰਚ ਲਾਡੀ ਐਮਾ ਖੁਰਦ ਤੋਂ ਇਲਾਵਾ ਸੈਂਕੜੇ ਕਿਸਾਨ ਆਗੂ ਹਾਜ਼ਰ ਸਨ।

# ਬੇਰੁਜ਼ਗਾਰ ਸਾਂਝੇ ਮੋਰਚੇ ਦੀ ਮੀਟਿੰਗ 'ਚ ਨਵੇਂ ਜਥੇਬੰਦਕ ਢਾਂਚੇ ਦਾ ਐਲਾਨ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਬੇਰੁਜ਼ਗਾਰ ਸਾਂਝੇ ਮੋਰਚੇ ਵੱਲੋਂ ਬੇਰੁਜ਼ਗਾਰ ਬੀ.ਐੱਡ./ ਟੈੱਟ ਪਾਸ ਅਧਿਆਪਕ ਯੂਨੀਅਨ ਜ਼ਿਲ੍ਹਾ ਤਰਨ ਤਾਰਨ ਦੀ ਇੱਕ ਅਹਿਮ ਮੀਟਿੰਗ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪੱਟੀ ਰੋਡ ਭਿੱਖੀਵਿੰਡ ਵਿਖੇ ਕੀਤੀ ਗਈ।ਮੀਟਿੰਗ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਨੀਅਨ ਦੇ ਆਗੂ ਕਰਨਬੀਰ ਸਿੰਘ ਨੇ ਦੱਸਿਆ ਕਿ ਸੂਬੇ ਦੇ ਟੈੱਟ ਪਾਸ ਨੌਜਵਾਨ ਮੁੰਡੇ-ਕੁੜੀਆਂ ਨੌਕਰੀ ਦੀ ਉਡੀਕ ਕਰ ਰਹੇ ਹਨ।ਕਰਨਬੀਰ ਸਿੰਘ ਨੇ ਦੱਸਿਆ ਕਿ ਮੀਟਿੰਗ ਵਿੱਚ ਨਵੀਆਂ ਪੋਸਟਾਂ, ਉਮਰ ਹੱਦ ਵਿੱਚ ਛੋਟ, 55 ਫ਼ੀਸਦੀ ਦੀ ਸ਼ਰਤ ਰੱਦ ਕਰਵਾਉਣ ਤੇ ਨਵੀਂ ਬਣੀ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਵਾਉਣ ਸੰਬੰਧੀ ਸਾਂਝੇ ਮੋਰਚੇ ਵੱਲੋਂ ਕੀਤੇ ਜਾ ਰਹੇ ਲਗਾਤਾਰ ਸੰਘਰਸ਼ ਤੋਂ ਨਵੇਂ ਸਾਥੀਆਂ ਨੂੰ ਜਾਣੂ ਕਰਵਾਇਆ ਗਿਆ।ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ 7 ਜੁਲਾਈ ਨੂੰ ਜਲੰਧਰ ਵਿਖੇ ਜ਼ਿਮਨੀ ਚੋਣ ਮੌਕੇ ਹੋਏ ਰੋਸ ਪ੍ਰਦਰਸ਼ਨ ਸਮੇਂ ਮੁੱਖ ਮੰਤਰੀ ਵੱਲੋਂ ਜਲਦੀ ਪੈਨਲ ਮੀਟਿੰਗ ਕਰਕੇ ਮੰਗਾਂ ਮੰਨੇ ਜਾਣ ਦਾ ਭਰੋਸਾ ਦਿੱਤਾ ਗਿਆ ਸੀ, ਪਰੰਤੂ ਅਜੇ ਤੱਕ ਪੈਨਲ ਮੀਟਿੰਗ ਨਹੀਂ ਕੀਤੀ ਗਈ।ਆਗੂਆਂ ਨੇ ਦੱਸਿਆ ਕਿ ਮੰਗਾਂ ਨਾ ਮੰਨੇ ਜਾਣ ਦੇ ਰੋਸ ਵਜੋਂ ਸਾਂਝੇ ਮੋਰਚੇ ਵੱਲੋਂ 15 ਅਗਸਤ ਨੂੰ ਜਲੰਧਰ ਵਿਖੇ ਮੁੱਖ ਮੰਤਰੀ ਦਾ ਘਿਰਾਓ ਕੀਤਾ ਜਾਵੇਗਾ। ਦੱਸਣਯੋਗ ਹੈ ਕਿ ਮੀਟਿੰਗ ਦੇ ਅੰਤ 'ਚ ਜ਼ਿਲ੍ਹੇ ਦੇ ਨਵੇਂ ਜਥੇਬੰਦਕ ਢਾਂਚੇ ਦੀ ਚੋਣ ਵੀ ਕੀਤੀ ਗਈ, ਜਿਸ ਵਿੱਚ ਹਰਨੰਦ ਸਿੰਘ ਬੱਲਿਆਂਵਾਲਾ ਨੂੰ ਜ਼ਿਲ੍ਹਾ ਪ੍ਰਧਾਨ, ਗੁਰਪ੍ਰੀਤ ਸਿੰਘ ਨੂੰ ਮੀਤ ਪ੍ਰਧਾਨ, ਬਲਗੇਰ ਸਿੰਘ ਨੂੰ ਜਨਰਲ ਸਕੱਤਰ ਅਤੇ ਗੁਰਵਿੰਦਰ ਸਿੰਘ ਨੂੰ ਖ਼ਜ਼ਾਨਚੀ ਨਿਯੁਕਤ ਕੀਤਾ ਗਿਆ।ਇਸ ਮੌਕੇ ਨਰਿੰਦਰ ਸ਼ਰਮਾ, ਗੁਰਜਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਲਾਲ ਸਿੰਘ,ਗੁਰਪ੍ਰੀਤ ਸਿੰਘ, ਅਮਨਦੀਪ ਕੌਰ ਅਤੇ ਮਨਦੀਪ ਕੌਰ ਆਦਿ ਮੈਂਬਰ ਹਾਜ਼ਰ ਸਨ।

# ਫਰੀਡਮ ਫਾਈਟਰ ਫੈਮਿਲੀ ਵੈੱਲਫੇਅਰ ਐਸੋਸੀਏਸ਼ਨ ਲਾਧੂਪੁਰ ਦੀ ਮਹੀਨਾਵਾਰ ਮੀਟਿੰਗ



ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)-ਫਰੀਡਮ ਫਾਈਟਰ ਫੈਮਿਲੀ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਬਖਤਾਵਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪਿਛਲੇ ਮੁਦਿਆਂ ਤੇ ਵਿਚਾਰਾਂ ਕੀਤੀਆਂ ਗਈਆਂ ਜਿਸ ਵਿੱਚ ਡਿਪਟੀ ਕਮਿਸ਼ਨਰ ਅਤੇ ਪੰਜਾਬ ਸਰਕਾਰ ਤੋਂ ਇਹ ਮੰਗ ਕੀਤੀ ਗਈ ਕਿ ਫਰੀਡਮ ਫਾਈਟਰ ਪਰਿਵਾਰਾਂ ਨੂੰ ਜੋ ਬਿਜਲੀ ਦਾ ਬਿੱਲ 600 ਯੂਨਿਟ ਤੋਂ ਉਪਰ ਆਉਂਦਾ ਹੈ ਉਹ ਸਾਰੇ ਨਾ ਲੈ ਕੇ ਜੋ ਯੂਨਿਟ 600 ਤੋਂ ਉੱਪਰ ਹੁੰਦੇ ਹਨ ਉਸਦੇ ਹਿਸਾਬ ਨਾਲ ਬਿਜਲੀ ਦਾ ਬਿੱਲ ਲਿਆ ਜਾਵੇ।

ਉਨ੍ਹਾਂ ਇਹ ਵੀ ਮੰਗ ਕੀਤੀ ਕਿ ਜੋ ਵੀ ਪ੍ਰੋਟੋਕਾਲ ਦੇ ਤਹਿਤ ਫਰੀਡਮ ਫਾਈਟਰ ਅਤੇ ਉਸਦੇ ਵਾਰਸ ਪੋਤੇ-ਪੋਤੀਆਂ ਤੇ ਦੋਹਤੇ-ਦੋਹਤੀਆਂ ਤੱਕ ਜੋ ਵੀ ਸਹੂਲਤ ਅਤੇ ਲਾਭ ਉਹ ਦਿੱਤੇ ਜਾਣ। ਇਹ ਵੀ ਮੰਗ ਕੀਤੀ ਗਈ ਕਿ ਜ਼ੋ ਖੇਤਾਂ ਦੀ ਸਿੰਚਾਈ ਵਾਸਤੇ ਟਿਊਬਵੈੱਲ ਦਾ ਕੁਨੈਕਸ਼ਨ ਉਹਨਾਂ ਦੇ ਵਾਰਸਾਂ ਨੂੰ ਪਹਿਲ ਦੇ ਅਧਾਰ ਤੇ ਦਿੱਤਾ ਜਾਵੇ।ਇਸ ਮੌਕੇ ਸਾਰੇ ਹੀ ਆਏ ਹੋਏ ਫਰੀਡਮ ਫਾਈਟਰਾਂ ਦੇ ਪਰਿਵਾਰਾਂ ਨੂੰ 15 ਅਗਸਤ ਦਾ ਦਿਨ ਧੂਮ ਧਾਮ ਨਾਲ ਗੁਰਦਾਸਪੁਰ, ਬਟਾਲਾ, ਫਤਿਹਗੜ੍ਹ ਚੂੜੀਆਂ, ਡੇਰਾ ਬਾਬਾ ਨਾਨਕ ਅਤੇ ਦੀਨਾਨਗਰ ਵਿੱਚ ਪ੍ਰਸ਼ਾਸਨ ਦੇ ਨਾਲ ਮਿਲ ਕੇ ਮਨਾਉਣ ਦੀ ਅਪੀਲ ਕੀਤੀ ਗਈ।

ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਧਾਨ ਬਖਤਾਵਰ ਸਿੰਘ, ਸਕੱਤਰ ਸੁਲੱਖਣ ਸਿੰਘ ਗੁਰਾਇਆ, ਭੁਪਿੰਦਰ ਸਿੰਘ ਧਾਰੀਵਾਲ, ਠਾਕੁਰ ਕਸ਼ਮੀਰ ਸਿੰਘ, ਦੀਪਕ ਕੁਮਾਰ, ਤਰਸੇਮ ਸਿੰਘ ਕੈਪਟਨ ਬਟਾਲਾ, ਕੈਪਟਨ ਦੀਪ ਚੰਦ, ਪ੍ਰਭਾਤ ਸਿੰਘ, ਸਤਨਾਮ ਸਿੰਘ ਭੁੱਲੇ ਚੱਕ, ਯੁੱਧਵੀਰ ਸਿੰਘ, ਅਮਨਜੀਤ ਸਿੰਘ ਚੰਦਰਭਾਨ, ਜਸਵੰਤ ਸਿੰਘ ਅਠਵਾਲ, ਅਮਰੀਕ ਸਿੰਘ, ਦਲਬੀਰ ਸਿੰਘ, ਜਸਬੀਰ ਸਿੰਘ ਨਾਨੋਵਾਲ, ਕਰਮ ਸਿੰਘ, ਕੁਲਵੰਤ ਸਿੰਘ ਸੰਧੂ, ਜਗਜੀਤ ਸਿੰਘ ਤੇ ਸੁਰਿੰਦਰ ਪਾਲ ਸਿੰਘ ਪੱਪੂ ਪਠਾਨਕੋਟ ਸਮੇਤ ਹੋਰ ਵੀ ਪਰਿਵਾਰਾਂ ਨੇ ਸ਼ਿਰਕਤ ਕੀਤੀ।

12-AUG-PAGE-12.qxd 8/11/2024 9:19 PM Page 1



# ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਅੰਡਰ-19 'ਚ ਦੋਆਬਾ ਆਰੀਆ ਸਕੂਲ ਦੀ ਝੰਡੀ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਵਿੱਚ ਅੰਡਰ 19 'ਚ ਦੋਆਬਾ ਆਰੀਆ ਸਕੂਲ ਦੇ ਖਿਡਾਰੀ ਅਤੇ ਖਿਡਾਰਨਾਂ ਨੇ ਜਿੱਤ ਪ੍ਰਾਪਤ ਕਰਕੇ ਸਕੂਲ ਨੂੰ ਚੈਂਪੀਅਨ ਬਣਾਇਆ।ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ ਨੇ ਹੋਣਹਾਰ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਦਿਆਂ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਨਵਾਂਸ਼ਹਿਰ ਦੇ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਜ਼ਿਲ੍ਹਾ ਸਿੱਖਿਆ ਅਫ਼ਸਰ ਸੁਰੇਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਖੇਡ ਟੂਰਨਾਮੈਂਟ ਸਫਲਤਾ ਪੂਰਵਕ ਸੰਪਨ ਹੋਇਆ।ਟੂਰਨਾਮੈਂਟ ਦੇ ਕਨਵੀਨਰ ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿਚ ਅੰਡਰ 14, 17 ਅਤੇ 19 ਸਾਲ ਦੇ ਵਿਦਿਆਰਥੀਆਂ ਨੇ ਭਾਗ ਲਿਆ। ਅੰਡਰ 14 ਵਿੱਚ ਐਸ ਓ ਈ ਨਵਾਂਸ਼ਹਿਰ ਜੇਤੂ ਰਿਹਾ ਅਤੇ ਸਰਕਾਰੀ ਹਾਈ ਸਕੂਲ ਅਲਾਚੌਰ ਉਪ ਜੇਤੂ ਅਤੇ ਜੇ ਐੱਸ ਐਫ ਐੱਚ ਖ਼ਾਲਸਾ ਸਕੂਲ ਉਪ ਜੇਤੂ ਰਿਹਾ।ਅੰਡਰ 17 ਲੜਕਿਆਂ ਵਿੱਚ ਦੋਆਬਾ ਆਰੀਆ ਸਕੂਲ ਜੇਤੂ ਅਤੇ ਸਰਕਾਰੀ ਹਾਈ ਸਕੂਲ ਬਲਾਚੌਰ ਉਪ ਜੇਤੂ ਰਿਹਾ।

ਅੰਡਰ 19 ਵਿਚ ਦੋਆਬਾ ਆਰੀਆ ਸਕੂਲ ਜੇਤੂ ਅਤੇ ਐਸ ਓ ਈ ਨਵਾਂਸ਼ਹਿਰ ਉਪ ਜੇਤੂ ਰਿਹਾ।ਇਸ ਮੌਕੇ ਜੋਨ ਨੰਬਰ 6 ਦੇ ਪ੍ਰਧਾਨ ਪ੍ਰਿੰ. ਦਲਜੀਤ ਸਿੰਘ ਬੋਲਾ ਨੇ ਪ੍ਰਿੰ. ਰਜਿੰਦਰ ਗਿੱਲ, ਹੈਡ ਮਾਸਟਰ ਸੰਜੀਵ ਕੁਮਾਰ, ਲੈਕ. ਕੁਲਵਿੰਦਰ ਕੌਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਡਾ. ਰਾਜ ਕੁਮਾਰ ਚੱਬੇਵਾਲ ਨੇ ਪੱਟੀ 'ਚ ਵੋਟਰਾਂ ਦਾ ਕੀਤਾ ਧੰਨਵਾਦ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਲੋਕ ਸਭਾ ਚੋਣਾਂ ਜਿੱਤਣ ਤੋਂ ਬਾਅਦ ਪਹਿਲੀ ਵਾਰ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਵਿਧਾਨ ਸਭਾ ਹਲਕੇ ਚੱਬੇਵਾਲ ਦੇ ਪਿੰਡ ਪੱਟੀ ਵਿਚ ਵੋਟਰਾਂ ਦਾ ਧੰਨਵਾਦ ਕਰਨ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਹੁੰਚੇ, ਜਿਥੇ ਉਨ੍ਹਾਂ ਦਾ ਪਿੰਡ ਵਾਸੀਆਂ ਵੱਲੋਂ ਬਹੁਤ ਹੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਨੇ ਜੋ ਮੇਰੇ 'ਤੇ ਭਰੋਸਾ ਦਿਖਾ ਕੇ ਮੈਨੂੰ ਭਾਰੀ ਬਹੁਮਤ ਨਾਲ ਲੋਕ ਸਭਾ ਦੀ ਚੋਣ ਜਿਤਾਈ ਹੈ, ਮੈਂ ਉਨ੍ਹਾਂ ਦਾ ਹਮੇਸ਼ਾ ਰਿਣੀ ਰਹਾਂਗਾ।ਸਰਪੰਚ ਸ਼ਿੰਦਰਪਾਲ ਨੇ ਸਭ ਤੋਂ ਪਹਿਲਾਂ ਲੋਕ ਸਭਾ ਮੈਂਬਰ ਦਾ ਪਿੰਡ ਪਹੁੰਚਣ 'ਤੇ ਉਨ੍ਹਾਂ ਨੂੰ ਜੀ ਆਇਆ ਆਖਿਆ ਅਤੇ ਉਨ੍ਹਾਂ ਵੱਲੋਂ ਪਿੰਡ ਵਿੱਚ ਹੁਣ ਤੱਕ 4 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਨਾਲ ਕਰਵਾਏ ਗਏ ਵਿਕਾਸ ਕਾਰਜਾਂ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਇਸ ਤੋਂ ਇਲਾਵਾ ਉਨ੍ਹਾਂ ਪਿੰਡ ਵਿਚ ਹੋਰ ਜੋ ਵਿਕਾਸ ਕਾਰਜ ਰਹਿੰਦੇ ਹਨ, ਉਨ੍ਹਾਂ ਨੂੰ ਜਲਦ ਪੂਰਾ ਕਰਵਾਉਣ ਲਈ ਬੇਨਤੀ ਕੀਤੀ।

ਇਸ ਉਪਰੰਤ ਕੈਪਟਨ (ਰਿਟਾ:) ਸੋਹਣ ਲਾਲ ਨੇ ਵਾਲਮੀਕਿ ਧਰਮਸ਼ਾਲਾ ਲਈ ਪਖਾਨੇ, ਚਾਰਦੀਵਾਰੀ ਤੇ ਲੰਗਰ ਹਾਲ ਲਈ ਗ੍ਰਾਂਟ ਲਈ ਕਮੇਟੀ ਮੈਂਬਰਾਂ ਨਾਲ ਡਾ. ਰਾਜ ਕੁਮਾਰ ਨੂੰ ਮੰਗ ਪੱਤਰ ਵੀ ਦਿੱਤਾ।ਡਾ. ਰਾਜ ਕੁਮਾਰ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਆਉਣ ਵਾਲੇ ਸਮੇਂ ਵਿਚ ਪਿੰਡ ਦੀਆਂ ਜੋ ਵੀ ਸਾਂਝੀਆਂ ਮੰਗਾਂ ਹਨ, ਉਨ੍ਹਾਂ ਨੂੰ ਜਲਦ ਪੂਰਾ ਕਰਵਾਇਆ ਜਾਵੇਗਾ।ਇਸ ਮੌਕੇ ਦੀਪਕ, ਨਿਸ਼ਾਂਤ, ਰਾਜੇਸ਼ ਕੁਮਾਰ, ਦਮਨ ਸਹੋਤਾ, ਨੰਬਰਦਾਰ ਸਤੀਸ਼ , ਪ੍ਰਧਾਨ ਬਲਵੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਗਿੰਡਾ, ਦੇਵ ਰਾਜ, ਬਲਵੀਰ ਰਾਜ, ਪਵਨਵੀਰ, ਉਪਕਾਰ ਪੱਟੀ, ਧਰਮ ਪਾਲ, ਰਣਜੀਤ ਸਿੰਘ, ਅਮਰਜੀਤ ਗਿੱਲ, ਮਨਜਿੰਦਰ ਸਿੰਘ, ਰਵਿੰਦਰਪਾਲ, ਦੀਦਾਰ ਸਿੰਘ, ਜਗਜੀਤ ਸਿੰਘ, ਸੋਢੀ ਰਾਮ, ਅਵਸ਼ਵਨੀ ਕੁਮਾਰ, ਅਸ਼ੋਕ ਕੁਮਾਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਬੱਚੇ, ਬੀਬੀਆਂ ਤੇ ਬਜ਼ੁਰਗ ਮੌਜੂਦ ਸਨ।



# ਸਾਬਕਾ ਸੈਨਿਕਾਂ ਨੇ ਮੰਗਾਂ ਪ੍ਰਤੀ ਕੀਤੀ ਆਵਾਜ਼ ਬੁਲੰਦ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਸਾਬਕਾ ਸੈਨਕਾਂ ਲਈ ਸੰਘਰਸ਼ਸ਼ੀਲ ਜਥੇਬੰਦੀ ਐਕਸ ਸਰਵਿਸਮੈਨ ਵੈਲਫੇਅਰ ਸੁਸਾਇਟੀ ਖੁਣ-ਖਣ ਕਲਾਂ ਦੀ ਮਹੀਨਾਵਾਰ ਮੀਟਿੰਗ ਸੁਸਾਇਟੀ ਦੇ ਦਫਤਰ ਵਿਖੇ ਹੋਈ।ਪ੍ਰਧਾਨ ਸਵਰਨ ਸਿੰਘ ਖੁਣ ਖੁਣ ਦੀ ਅਗਵਾਈ ਵਿੱਚ ਹੋਈ।ਇਸ ਮੀਟਿੰਗ ਦੌਰਾਨ ਸਾਬਕਾ ਸੈਨਿਕਾਂ ਨੇ ਇਕੱਤਰ ਹੋ ਕੇ ਜਿੱਥੇ ਆਪਣੀਆਂ ਮੰਗਾਂ ਪ੍ਰਤੀ ਆਵਾਜ਼ ਬੁਲੰਦ ਕੀਤੀ ਉੱਥੇ ਹੀ ਸਮਾਜ ਦੀ ਬੇਹਤਰੀ ਵਾਸਤੇ ਕੀਤੇ ਜਾਣ ਵਾਲੇ ਕੰਮਾਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ।ਇਸ ਮੌਕੇ ਸੰਬੋਧਨ ਕਰਦੇ ਹੋਏ ਪ੍ਰਧਾਨ ਸਵਰਨ ਸਿੰਘ ਖੁਣ ਖੁਣ ਨੇ ਦੱਸਿਆ ਕਿ ਸਾਬਕਾ ਸੈਨਿਕਾਂ ਦੀ ਪਿਛਲੇ ਲੰਬੇ ਸਮੇਂ ਤੋਂ ਵਨ ਰੈਂਕ ਵਨ ਪੈਨਸ਼ਨ ਦੀ ਮੰਗ ਜਿਉਂ ਦੀ ਤਿਉਂ ਲਟਕ ਰਹੀ ਹੈ ਅਤੇ ਸਾਬਕਾ ਸੈਨਿਕਾਂ ਵੱਲੋਂ ਇਸ ਮੰਗ ਨੂੰ ਪੂਰਾ ਕਰਨ ਲਈ ਕੇਂਦਰ ਸਰਕਾਰ ਤੋਂ ਵਾਰ-ਵਾਰ ਮੰਗ ਕੀਤੀ ਜਾ ਚੁੱਕੀ ਹੈ ਪਰੰਤੂ ਕੇਂਦਰ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕ ਰਹੀ।ਜਿਸ ਕਾਰਨ ਸਾਬਕਾ ਸੈਨਿਕਾਂ ਵਿੱਚ ਸਰਕਾਰ ਖਿਲਾਫ ਭਾਰੀ ਰੋਸ ਹੈ ਉਹਨਾਂ ਕੇਂਦਰ ਸਰਕਾਰ ਤੋਂ ਇਸ ਮੰਗ ਨੂੰ ਲਾਗੂ ਕਰਨ ਦੀ ਮੰਗ ਕੀਤੀ।ਇਸ ਮੌਕੇ ਸੁਸਾਇਟੀ ਦੇ ਸਮੂਹ ਮੈਂਬਰਾਂ ਵੱਲੋਂ ਪੰਜਾਬ ਵਿੱਚ ਹੋਣ ਵਾਲੀਆਂ ਪੰਚਾਇਤੀ ਚੋਣਾਂ ਸੰਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਮਤਾ ਪਾਸ ਕੀਤਾ ਗਿਆ ਕਿ ਇਹਨਾਂ ਚੋਣਾਂ ਵਿੱਚ ਸਾਬਕਾ ਸੈਨਿਕਾਂ ਵੱਲੋਂ ਵੱਧ ਚੜ ਕੇ ਹਿੱਸਾ ਲਿਆ ਜਾਵੇਗਾ। ਮੀਟਿੰਗ ਦੌਰਾਨ ਖੁੱਡਾ ਖੁਣ ਖਣਾ ਸੰਪਰਕ ਸੜਕ ਦੀ ਹਾਲਤ ਸੁਧਾਰਨ ਵਾਸਤੇ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ।ਮੀਟਿੰਗ ਦੌਰਾਨ ਵਾਈਸ ਪ੍ਰਧਾਨ ਸੂਬੇਦਾਰ ਨਰਵਿੰਦਰ ਸਿੰਘ, ਸੂਬੇਦਾਰ ਹਰਭਜਨ ਸਿੰਘ, ਸੂਬੇਦਾਰ ਮੇਜਰ ਸੁਭਾਸ਼ ਚੰਦਰ, ਨਾਇਬ ਸੂਬੇਦਾਰ ਬਲਦੇਵ ਸਿੰਘ, ਹੌਲਦਾਰ ਨਰਿੰਦਰ ਸਿੰਘ, ਹੌਲਦਾਰ ਸੁਰਿੰਦਰ ਸਿੰਘ, ਨਾਇਬ ਜੋਧ ਸਿੰਘ ਆਦਿ ਵੀ ਹਾਜ਼ਰ ਸਨ।

# ਪੰਜਾਬ ਨੂੰ ਹਰਿਆ ਭਰਿਆ ਬਣਾਉਣ ਲਈ ਸੀ ਐੱਚ ਸੀ ਪਾਂਛਟ ਵਿਖੇ ਲਗਾਏ ਬੂਟੇ



**ਫਗਵਾੜਾ (ਡਾ. ਰਮਨ)** ਸਾਡੀ ਜ਼ਿੰਦਗੀ ਵਿੱਚ ਰੁੱਖ ਅਤੇ ਪਾਣੀ ਕੁਦਰਤ ਦੀਆਂ ਦੋ ਅਜਿਹੀਆਂ ਅਨਮੋਲ ਦਾਤਾਂ ਹਨ ਜਿਨ੍ਹਾਂ ਤੋਂ ਬਿਨਾਂ ਮਨੁੱਖ ਤੇ ਹਰ ਇੱਕ ਜੀਆ ਜੰਤ ਦਾ ਜੀਵਨ ਅਸੰਭਵ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਮੈਡੀਕਲ ਅਫ਼ਸਰ ਸੀ ਐੱਚ ਸੀ ਪਾਂਛਟ ਡਾ. ਰੁਪਿੰਦਰਜੀਤ ਕੌਰ ਨੇ ਕੀਤਾ ਉਨ੍ਹਾਂ ਕਿਹਾ ਕਿ ਜਿੱਥੇ ਅਜੋਕੇ ਸਮੇਂ ਪਿੰਡਾਂ ਸ਼ਹਿਰਾਂ ਵਿੱਚ ਲੋਕ ਬੂਟੇ ਲਾਉਣ ਲਈ ਉਪਰਾਲੇ ਕਰ ਰਹੇ ਹਨ, ਉੱਥੇ ਹੀ ਸੀ ਐੱਚ ਸੀ ਪਾਂਛਟ ਵਿਖੇ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਲਈ ਵਿੱਢੀ ਗਈ ਮੁਹਿੰਮ ਤਹਿਤ ਵਣ ਵਿਭਾਗ ਦੀਆ ਹਿਦਾਇਤਾਂ ਤੇ 50 ਤੋਂ ਵਧੇਰੇ ਫਲਦਾਰ ਛਾਂਦਾਰ ਬੂਟੇ ਲਗਾਏ ਗਏ ਉਨ੍ਹਾਂ ਕਿਹਾ ਕਿ ਰੁੱਖ ਅਤੇ ਪਾਣੀ ਸਾਡੀ ਜ਼ਿੰਦਗੀ ਦਾ ਇੱਕ ਅਟੁੱਟ ਹਿੱਸਾ ਹਨ, ਇਸ ਲਈ ਸਾਨੂੰ ਰੁੱਖਾਂ ਦੀ ਸਾਂਭ ਸੰਭਾਲ ਦੇ ਨਾਲ ਨਾਲ ਧਰਤੀ ਹੇਠਲੇ ਪਾਣੀ ਨੂੰ ਵੀ ਸਾਂਭਣ ਦੀ ਲੋੜ ਹੈ ਇਸ ਮੋਕੇ ਡਾ ਸੁਮਨਦੀਪ ਸਿੰਘ , ਰਣਵੀਰ ਕੌਰ ਸਟਾਫ਼ ਨਰਸ , ਰਣਜੀਤ ਸਿੰਘ ਉਪਥਾਲਮਿਕ ਅਫ਼ਸਰ , ਸਰਬਜੀਤ ਕੌਰ ਐਲ ਟੀ, ਸੋਨੀਕਾ ਅਨਜਾਨਾ ਆਦਿ ਮੌਜੂਦ ਸਨ।

# ਮੰਗਾਂ ਨੂੰ ਲੈ ਕੇ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ 21 ਨੂੰ ਧਰਨਾ ਪ੍ਰਦਰਸ਼ਨ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)** ਪਿੰਡ ਸੁੰਨੜਕਲਾ ਵਿਖੇ ਪੇਂਡੂ ਮਜ਼ਦੂਰ ਯੂਨੀਅਨ ਦੀ ਅਗਵਾਈ ਵਿੱਚ ਇੱਕ ਮੀਟਿੰਗ ਕੀਤੀ ਗਈ।ਸਾਥੀ ਜੁਗਿੰਦਰ ਪਾਲ ਸੁੰਨੜਕਲਾ ਨੇ ਦੱਸਿਆ ਕਿ ਲਾਲ ਲਕੀਰ ਵਾਲੇ ਘਰਾਂ ਦੇ ਸਾਲ 2024 ਦੇ ਅਖੀਰ ਤੱਕ ਮਾਲਕੀ ਦੇ ਹੱਕ ਦੇਣੇ ਸਨ, ਪੰਜਾਬ ਸਰਕਾਰ ਦਾ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਹੈ। ਮਜਦੂਰਾਂ ਦੇ ਸਰਕਾਰੀ ਅਤੇ ਗੈਰ ਸਰਕਾਰੀ ਸਭ ਤਰ੍ਹਾਂ ਦੇ ਕਰਜੇ ਮੁਆਫ ਕੀਤੇ ਜਾਣ। ਮਨਰੇਗਾ ਮਜਦੂਰਾਂ ਨੂੰ ਲਗਾਤਾਰ ਕੰਮ ਦਿੱਤਾ ਜਾਵੇ, ਦਿਹਾੜੀ 1000 ਰੁਪਏ ਕੀਤੀ ਜਾਵੇ। ਪਿੰਡ ਸੁੰਨੜਕਲਾ ਦੇ ਛੱਪੜ ਦੇ ਪਾਣੀ ਦਾ ਸੁਚੱਜੇ ਢੰਗ ਨਾਲ ਹੱਲ ਕੀਤਾ ਜਾਵੇ। ਇਨ੍ਹਾਂ ਮੰਗਾਂ ਨੂੰ ਪੂਰੀਆ ਕਰਾਉਣ ਲਈ ਨੂਰਮਹਿਲ ਵਿਖੇ 21 ਅਗਸਤ ਨੂੰ ਬੀ ਡੀ ਪੀ ਓ ਦਫਤਰ ਨੂਰਮਹਿਲ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਮੰਗ ਪੱਤਰ ਦਿੱਤਾ ਜਾਵੇਗਾ।ਇਸ ਤਰ੍ਹਾਂ ਦੀ ਮੀਟਿੰਗ ਪਿੰਡ ਸਰਹਾਲੀ ਵਿੱਚ ਵੀ ਕੀਤੀ ਗਈ ਹੈ।ਜਥੇਬੰਦੀ ਦੇ ਆਗ ਸਾਥੀ ਹੰਸ ਰਾਜ ਪੱਬਵਾ, ਚੰਨਣ ਸਿੰਘ, ਦਰਸ਼ਨ ਪਾਲ, ਸ਼ਿੰਗਾਰਾ ਰਾਮ, ਸੋਮ ਲਾਲ ਲਗਾਹ, ਤਰਲੋਚਨ ਸਿੰਘ, ਜੁਗਿੰਦਰ ਪਾਲ ਆਦਿ ਸਾਥੀਆ ਨੇ ਮੀਟਿੰਗ ਦੀ ਅਗਵਾਈ ਕੀਤੀ।



# ਛਿੰਝ ਮੇਲਾ 27 ਨੂੰ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸ਼ੇਖੂਪੁਰ ਬਾਗ਼ ਦਾ ਇਤਿਹਾਸਿਕ ਛਿੰਝ ਮੇਲਾ 27 ਅਗਸਤ ਨੂੰ ਪਿੰਡ ਦੀ ਗ੍ਰਾਮ ਪੰਚਾਇਤ, ਛਿੰਜ ਮੇਲਾ ਪ੍ਰਬੰਧਕ ਕਮੇਟੀ (ਰਜਿ. 1747), ਸਮੂਹ ਪੰਚ ਪਿੰਡ ਦੇ ਐਨ ਆਰ ਆਈ ਵੀਰ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।ਛਿੰਝ ਮੇਲਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਵਿੰਦਰ ਸਿੰਘ, ਘੁੰਮਣ ਲਾਲ (ਮੀਤ ਪ੍ਰਧਾਨ) ਨਰਿੰਦਰ ਸਿੰਘ (ਜਨਰਲ ਸਕੱਤਰ) ਨੇ ਦੱਸਿਆ ਕਿ 27 ਅਗਸਤ ਨੂੰ ਛਿੰਝ ਮੇਲਾ ਹੋਵੇਗਾ।ਛਿੰਜ ਮੇਲੇ ਵਿਚ ਚੋਟੀ ਦੇ ਪਹਿਲਵਾਨ ਕੇਸਰੀ ਕੁਸ਼ਤੀ ਹੋਵੇਗੀ।ਜੇਤੂ ਇਸ ਮੇਲੇ ਵਿਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਅਤੇ ਨਰੋਆ ਪੰਜਾਬ ਦੇ ਮੁੱਖੀ ਬਰਜਿੰਦਰ ਸਿੰਘ ਹੁਸੈਨਪੁਰ, ਸਤਨਾਮ ਸਿੰਘ ਜਲਵਾਹਾ, ਐਮ ਐਲ ਏ ਜੈ ਕਿਸਨੇ ਰੌੜੀ, ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕਰਨਗੇ। ਇਸ ਮੌਕੇ ਬਿਕਰ ਸਿੰਘ ਅਧਿਕਾਰਤ ਪੰਚ, ਅਮਰਜੀਤ ਸਿੰਘ ਪੰਚ, ਸੰਤੋਖ ਸਿੰਘ (ਕੈਸ਼ੀਅਰ) ਸਤਨਾਮ ਸਿੰਘ ਅਮਰੀਕ ਸਿੰਘ, ਉਜਾਗਰ ਸਿੰਘ ਅਜੀਤ ਸਿੰਘ ਆਪ ਆਗੂ ਮਨਦੀਪ ਸਿੰਘ ਕਰਨੈਲ ਸਿੰਘ, ਹੁਸਨ ਲਾਲ, ਹੈਪੀ ਪੰਡਿਤ ਸੇਵਾਦਾਰ ਹਾਜ਼ਰ ਸਨ।

# ਮਹਾਨ ਨਗਰ ਕੀਰਤਨ ਸਜਾਇਆ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪਿੰਡ ਖੱਖ ਵਿਖੇ ਜੀਵ ਜੰਤੂ, ਮਨੁੱਖਤਾ ਤੇ ਸਰਬੱਤ ਦੇ ਭਲੇ ਲਈ ਸਾਲਾਨਾ ਸਮਾਗਮ ਸ਼ਰਧਾ ਪੂਰਵਕ ਤੇ ਸੇਵਾ ਭਾਵਨਾ ਨਾਲ ਕਰਵਾਇਆ ਗਿਆ।ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੇਸ਼-ਵਿਦੇਸ਼ ਇਲਾਕੇ ਤੇ ਨਗਰ ਦੀ ਸੰਗਤ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ 9 ਅਗਸਤ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਸਜਾਏ ਗਏ ਧਾਰਮਿਕ ਸਮਾਗਮ ਵਿੱਚ ਇੰਟਰਨੈਸ਼ਨਲ ਰਾਗੀ ਢਾਡੀ ਜੱਥਾ ਭਾਈ ਫੌਜਾ ਸਿੰਘ ਫਕੀਰ ਲੁਧਿਆਣਾ ਵਾਲਿਆ, ਹੈਡ ਗ੍ਰੰਥੀ ਭਾਈ ਜੁਝਾਰ ਸਿੰਘ ਅਤੇ ਛੋਟੇ ਬੱਚਿਆਂ ਨੇ ਮਨੋਹਰ ਸ਼ਬਦ ਕੀਰਤਨ ਦੁਆਰਾ ਸਮੂਹ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਵੀ ਸਜਾਇਆ ਗਿਆ ਜੋ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਸਮੁੱਚੇ ਨਗਰ ਅਤੇ ਪਿੰਡ ਘੁੱਲਾ ਦੀ ਪ੍ਰਕਰਮਾ ਕਰਨ ਉਪਰੰਤ ਸੰਪਨ ਹੋਇਆ। ਇਸ ਮੌਕੇ ਮੁੱਖ ਸੇਵਾਦਾਰ ਕੈਪਟਨ ਜਰਨੈਲ ਸਿੰਘ, ਕੁਲਦੀਪ ਸਿੰਘ, ਹਰਵਿੰਦਰ ਸਿੰਘ, ਗੁਰਮੇਲ ਸਿੰਘ, ਹਰਮੇਲ ਸਿੰਘ, ਪਰਮਜੀਤ ਸਿੰਘ, ਅਮਰੀਕ ਸਿੰਘ ਭੁੱਲਾ, ਪਰਮਜੀਤ ਸਿੰਘ ਖੱਖ, ਸੁਖਵਿੰਦਰ ਸਿੰਘ, ਸਤਨਾਮ ਸਿੰਘ, ਰਜਵੰਤ ਕੌਰ, ਗੁਰਜੀਤ ਕੌਰ ,ਗੁਰਦੀਪ ਸਿੰਘ ,ਕਮਲ ਸਿੰਘ, ਹਰਕਮਲ ਸਿੰਘ, ਮਹਿੰਦਰ ਸਿੰਘ, ਨੰਬਰਦਾਰ ਗੁਰਦਿਆਲ ਸਿੰਘ ਸੂਬੇਦਾਰ ਗੁਰਦੇਵ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਮੇਲੇ ਦੌਰਾਨ ਖ਼ੂਨਦਾਨ ਕੈਂਪ 1 ਤੇ 2 ਸਤੰਬਰ ਨੂੰ



**ਬੰਗਾ (ਅਵਤਾਰ ਕਲੇਰ)** ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ (ਰਜਿ) ਪੰਜਾਬ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਾਂ ਮਈਆ ਭਗਵਾਨ ਫਿਲੌਰ ਵਾਲਿਆਂ ਦੀ ਯਾਦ ਨੂੰ ਸਮਰਪਿਤ ਛੇਵਾਂ ਖ਼ੂਨ ਦਾਨ ਕੈਂਪ 1 ਤੇ 2 ਸਤੰਬਰ ਦਿਨ ਐਤਵਾਰ ਤੇ ਸੋਮਵਾਰ ਨੂੰ ਉਹਨਾਂ ਦੇ 51ਵੇ ਸਾਲਾਨਾ ਜੋੜ ਮੇਲੇ ਦੌਰਾਨ ਫਿਲੌਰ ਦਰਬਾਰ ਵਿਖੇ ਲਗਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਪ੍ਰਧਾਨ ਸਾਈਂ ਪੱਪਲ ਸ਼ਾਹ ਭਰੋਮਜਾਰਾ ਤੇ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਸ਼ੰਭੂ ਰਾਮ ਨੇ ਦੱਸਿਆ ਕਿ ਹਰ ਸਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਜਾਂਦਾ ਹੈ ਪਰ ਇਸ ਵਾਰ ਇਹ ਕੈਂਪ ਦੋ ਦਿਨਾਂ ਹੋਵੇਗਾ।ਸਮੂਹ ਨੌਜਵਾਨ ਲੜਕੇ ਲੜਕੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਚੜ੍ਹਕੇ ਆਉਣ ਤੇ ਖ਼ੂਨ ਦਾਨ ਕਰਕੇ ਲੋੜਵੰਦ ਲੋਕਾਂ ਦੀ ਜਾਨ ਬਚਾਉਣ ਲਈ ਸਹਿਯੋਗ ਕਰਨ।ਚੇਅਰਮੈਨ ਬਾਬਾ ਮਨਜੀਤ ਸਾਬਰੀ ਨੇ ਦੱਸਿਆ ਕਿ ਖ਼ੂਨਦਾਨ ਕਰਨ ਵਾਲਿਆਂ ਨੂੰ ਵਿਸ਼ੇਸ਼ ਤੌਰ ਤੇ ਸਰਟੀਫਿਕੇਟ ਤੇ ਮੈਡਲਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਸਾਈਂ ਅਵਿਨਾਸ਼ ਸ਼ਾਹ, ਸਾਈਂ ਕੁਲਰਾਜ ਮੁਹੰਮਦ, ਸਾਈਂ ਸੋਮੇ ਸ਼ਾਹ, ਸਾਈਂ ਰਮੇਸ਼ ਅਲੀ ਸਾਬਰੀ, ਸਾਈਂ ਜਸਵੀਰ ਸਾਬਰੀ,ਸਾਈਂ ਕਾਲੇ ਸ਼ਾਹ, ਡਾ, ਧਲਵਿੰਦਰ ਰਾਜ, ਬਾਬਾ ਲਾਲ ਚੰਦ, ਸਾਈਂ ਬਿੱਲੇ ਸ਼ਾਹ, ਬਾਬਾ ਪਾਨੀ ਸ਼ਾਹ, ਬੀਬੀ ਪਿਆਰੀ, ਬੀਬੀ ਰਣਜੀਤ ਕੌਰ, ਬੀਬੀ ਤਾਰਾ ਰਾਣੀ, ਬੀਬੀ ਮਨਜੀਤ ਕੌਰ , ਬੀਬੀ ਵਿੱਦਿਆ ਤੇ ਬਾਬਾ ਪਾਲੀ ਆਦਿ ਫ਼ਕੀਰ ਹਾਜ਼ਰ ਸਨ।

# ਵਿਦਿਆਰਥੀ ਅੱਜ ਲੈਣਗੇ ਨਸ਼ਾ ਮੁਕਤ ਰਹਿਣ ਦੀ ਸਹੁੰ

**ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ)**: ਜ਼ਿਲ੍ਹਾ ਮੈਜਿਸਟਰੇਟ ਹੁਸ਼ਿਆਰਪੁਰ ਕੋਮਲ ਮਿੱਤਲ ਦੀਆਂ ਹਦਾਇਤਾਂ 'ਤੇ ਨਸ਼ਿਆਂ ਦੀ ਵੱਧ ਰਹੀ ਅਲਾਮਤ ਨਾਲ ਨਜਿੱਠਣ ਲਈ ਅਹਿਮ ਕਦਮ ਚੁੱਕਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਲਲਿਤਾ ਅਰੋੜਾ ਨੇ ਨਸ਼ਾ ਮੁਕਤ ਭਾਰਤ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਸਕੂਲਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ।ਜਿਸ ਵਿੱਚ ਵਿਦਿਆਰਥੀਆਂ ਨੂੰ ਨਸ਼ਾ ਮੁਕਤ ਰਹਿਣ ਦੀ ਸਹੁੰ ਚੁੱਕਣ ਦੀ ਅਪੀਲ ਕੀਤੀ ਗਈ।12 ਅਗਸਤ ਨੂੰ ਜ਼ਿਲ੍ਹੇ ਭਰ ਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀ , ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਵਚਨਬੱਧਤਾ ਦੀ ਸਹੁੰ ਚੁੱਕਣ ਲਈ ਇਕੱਠੇ ਹੋਣਗੇ। ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਦੇ ਨਾਲ-ਨਾਲ ਨਸ਼ਿਆਂ ਦੇ ਖ਼ਤਰਿਆਂ ਬਾਰੇ ਜਾਗਰੂਕਤਾ ਵਧਾਉਣਾ ਹੈ।ਸਹੁੰ ਚੁੱਕ ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਅਤੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਤੋਂ ਦੂਰ ਰਹਿਣ ਦੀ ਸਹੁੰ ਚੁਕਾਈ ਜਾਵੇਗੀ, ਡੀ ਈ ਓ ਨੇ ਆਪਣੇ ਸੰਦੇਸ਼ ਵਿੱਚ ਸਮੂਹਿਕ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵ ਬਾਰੇ ਲੋਕਾਂ ਨੂੰ ਜਾਗਰਕ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਆਓ ਨਸ਼ਾ ਮੁਕਤ ਭਾਰਤ ਬਣਾਉਣ ਲਈ ਆਪਣਾ ਸਹਿਯੋਗ ਜਾਰੀ ਰੱਖੀਏ, ਜਿੱਥੇ ਹਰ ਵਿਅਕਤੀ ਨਸ਼ਿਆਂ ਦੇ ਬੋਝ ਤੋਂ ਬਿਨਾਂ ਅੱਗੇ ਵਧ ਸਕੇ। ਰਲ ਕੇ, ਅਸੀਂ ਇੱਕ ਸਿਹਤਮੰਦ, ਵਧੇਰੇ ਦਿਆਲੂ ਭਲਕੇ ਦਾ ਨਿਰਮਾਣ ਕਰ ਸਕਦੇ ਹਾਂ। ਉਸ ਦੇ ਵਚਨ ਦਾ ਦੇਸ਼ ਦੇ ਭਵਿੱਖ 'ਤੇ ਸਥਾਈ ਪ੍ਰਭਾਵ ਹੋਵੇਗਾ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਹੋਈ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ)** ਗੁਰਦੁਆਰਾ ਸ਼੍ਰੀ ਗਰਨਾ ਸਾਹਿਬ ਵਿਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਮੀਟਿੰਗ ਸੂਬਾਈ ਆਗੂ ਸਵਿੰਦਰ ਸਿੰਘ ਚੁੱਤਾਲਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਜੋਨ ਪ੍ਰਧਾਨ ਜਗਦੀਪ ਸਿੰਘ ਗਿੱਲ ਅਤੇ ਜੋਨ ਦੇ ਸਕੱਤਰ ਸਰਬਜੀਤ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ।ਨਿਰਮਲ ਸਿੰਘ ਬਾਜਵਾ ਅਤੇ ਰਾਜਵੀਰ ਸਿੰਘ ਨੇ ਕਿਹਾ ਸ਼ੰਭੂ ਖਨੌਰੀ ਬਾਰਡਰ ਤੇ ਕਿਸਾਨਾਂ ਤੇ ਗੋਲੀ ਚਲਾਉਣ ਵਾਲੇ 6 ਪੁਲਸ ਅਫਸਰਾਂ ਨੂੰ ਹਰਿਆਣਾ ਤੇ ਕੇਂਦਰ ਦੀ 15 ਅਗਸਤ ਨੂੰ ਸਨਮਾਨਿਤ ਕਰਨ ਜਾ ਰਹੀ ਹੈ ਜੋ ਕਿ ਕਿਸਾਨ ਵਿਰੋਧੀ ਫੈਸਲਾ ਹੈ।ਇਸ ਦੇ ਵਿਰੋਧ ਵਿੱਚ 15 ਅਗਸਤ ਨੂੰ ਟ੍ਰੈਕਟਰ ਮਾਰਚ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਕੱਢਿਆ ਜਾਵੇਗਾ।ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਜਾਵੇਗੀ ਅਤੇ ਸੰਵਿਧਾਨ ਦੀਆਂ ਕਾਪੀਆਂ ਵੀ ਸਾੜੀਆਂ ਜਾਣਗੀਆਂ।ਜਥੇਬੰਦਕ ਢਾਂਚੇ 'ਤੇ ਗੱਲਬਾਤ ਕੀਤੀ ਗਈ ਕਿ ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮੁਆਫ ਕੀਤਾ ਜਾਵੇ। ਮਜ਼ਦੂਰਾਂ ਨੂੰ 700 ਰੁਪਏ ਦਿਹਾੜੀ ਤੇ ਸਾਲਾਨਾ 200 ਦਿਨ ਕੰਮ ਦਿੱਤਾ ਜਾਵੇ। ਇਸ ਮੌਕੇ ਸਤਨਾਮ ਸਿੰਘ ਝਿੰਗੜ, ਸੰਦੀਪ ਸਿੰਘ ਝਿੰਗੜ, ਦਲਜੀਤ ਸਿੰਘ ਝਿੰਗੜਾ, ਸਤਪਾਲ ਸਿੰਘ, ਗੁਰਦੇਵ ਸਿੰਘ, ਮਨਰਾਜ ਸਿੰਘ, ਕੁਲਬੀਰ ਮਨਿਆਦੀਆਂ, ਸੁਰਿੰਦਰ ਘੋੜੇਚੱਕ, ਅਮਨ ਬਲੱਗਣ ,ਬਲਵੀਰ ਸਿੰਘ ਝਿੰਗੜ ਖੁਰਦ, ਬਿੰਦੂ, ਅਮਨ ਨਿਹਾਰਪੁਰ, ਮੋਨੂ ਰਾਵਾਂ, ਗੁਰਪ੍ਰੀਤ ਸਿੰਘ ਝਿੰਗੜ, ਸੁੱਖਾ ਸ਼ਾਹਪੁਰ, ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ, ਜਨਰਲ ਸਕੱਤਰ ਕੁਲਦੀਪ ਸਿੰਘ ਬੇਗੋਵਾਲ ਆਦਿ ਹਾਜ਼ਰ ਸਨ ।

## ਬਾਬਾ ਅਸ਼ੋਕ ਸ਼ਾਹ ਕਾਦਰੀ ਦੀ ਨਿੱਘੀ ਯਾਦ ਨੂੰ ਸਮਰਪਤ ਬਰਸੀ ਸਮਾਗਮ ਕਰਵਾਇਆ



**ਫਗਵਾੜਾ (ਡਾ. ਰਮਨ )** ਦਰਬਾਰ ਸਾਬਰ ਦਾਤਾ ਅਲੀ ਅਹਿਮਦ ਸ਼ਾਹ, ਮੰਮੀ ਸ਼ੀਲਾ ਮੰਹਤ ਸਾਬਰੀ ਦਰਬਾਰ ਭਗਤਪੁਰਾ ਵਿਖੇ ਹਾਜੀ ਜੋਤੀ ਮੰਹਤ ਵਲੋਂ ਬਾਬਾ ਅਸ਼ੋਕ ਸ਼ਾਹ ਕਾਦਰੀ ਦਾ ਬਰਸੀ ਸਮਾਗਮ ਕਰਵਾਇਆ ਗਿਆ ਗੱਦੀ ਨਸ਼ੀਨ ਹਾਜੀ ਜੋਤੀ ਮੰਹਤ ਦੀ ਰਹਿਨੁਮਾਈ ਅਤੇ ਨੀਸ਼ਾ ਮੰਹਤ, ਗੋਰੀ ਮੰਹਤ ਦੀ ਸੁਚੱਜੀ ਦੇਖਰੇਖ ਹੇਠ ਕਰਵਾਏ ਗਏ। ਇਸ ਸਮਾਗਮ ਵਿੱਚ ਦਰਬਾਰ ਬਾਬਾ ਗੁਲਾਮ ਸ਼ਾਹ ਗੱਦੀ ਨਸ਼ੀਨ ਮਾਈ ਮਾਣੋ ਸ਼ਾਹ ਪਿੰਡ ਘੁੰਮਣਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਦੇਰ ਰਾਤ ਤੱਕ ਚੱਲੇ ਇਸ ਸਮਾਗਮ ਵਿੱਚ ਪਰਵੇਜ਼ ਖਾਨ ਮਲੇਰਕੋਟਲਾ, ਸੁਨੈਨਾ ਨਕਾਲ ਪਾਰਟੀ ਅਤੇ ਵਨੀਤ ਖਾਨ ਆਦਿ ਫ਼ਨਕਾਰਾਂ ਨੇ ਅਪਣੇ ਅਪਣੇ ਫ਼ਨ ਦਾ ਮੁਜਾਹਰਾ ਕਰ ਹਾਜਰੀ ਲਗਵਾ ਬਾਬਾ ਅਸੋਕ ਸ਼ਾਹ ਕਾਦਰੀ ਦੀ ਨਿੱਘੀ ਯਾਦ ਨੂੰ ਤਾਜ਼ਾ ਕੀਤਾ। ਇਸ ਮੌਕੇ ਸ਼ੋਕਤ ਅਲੀ, ਸੂਬਾ ਪ੍ਰਧਾਨ ਅਨੂੰ ਸਹੋਤਾ, ਜਰਨਲ ਸਕੱਤਰ ਅਸ਼ਵਨੀ ਸਹੋਤਾ, ਸਰਬਜੀਤ ਕੌਰ ਸਾਬਕਾ ਕੋਸਲਰ, ਸਮਾਜ ਸੇਵੀ ਡਾ. ਰਮਨ ਸ਼ਰਮਾ, ਜਸਵਿੰਦਰ ਸਿੰਘ ਭਗਤਪੁਰਾ, ਜੀਵਨ ਸੰਘਾ, ਜਤਿੰਦਰ ਸਰਮਾ ਮਿੱਠੂ, ਸਰਬਜੀਤ ਸਿੰਘ ਕਾਕਾ, ਵਰਿੰਦਰ ਸਿੰਘ ਕੰਬੋਜ, ਜੋਨੀ, ਰਮੇਸ਼, ਮੰਗਾ ਭਗਤਪੁਰਾ, ਅਮ੍ਰਿਤਪਾਲ, ਅਸ਼ੋਕ ਫਿਲੌਰ, ਅਮਨਦੀਪ ਢੱਡਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

## ਦੇਸ਼ ਵਾਸੀ ਅਜ਼ਾਦੀ ਪਰਵਾਨਿਆਂ ਦੇ ਦੱਸੇ ਮਾਰਗ 'ਤੇ ਚੱਲਣ : ਚਾਹਲ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਨੇ ਫੈਸਲਾ ਕੀਤਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅਜ਼ਾਦੀ ਦਿਵਸ ਪੂਰੇ ਚਾਵਾਂ ਸਧਰਾਂ ਨਾਲ ਨੇੜੇ ਬਿਜਲੀ ਘਰ ਨੂਰਮਹਿਲ ਵਿਖੇ ਸਵੇਰੇ ਮਨਾਇਆ ਜਾਵੇਗਾ। ਸੁਤੰਤਰਤਾ ਦਿਵਸ਼ 'ਤੇ ਅਜ਼ਾਦੀ ਦੇ ਪਰਵਾਨਿਆਂ ਦੇ ਦੱਸੇ ਮਾਰਗ 'ਤੇ ਚੱਲ ਕੇ ਨੌਜਵਾਨ ਪੀੜ੍ਹੀ ਨੂੰ ਸੇਧ ਲੈਣੀ ਚਾਹੀਦੀ ਹੈ।ਇਹ ਵਿਚਾਰ ਸਮਾਜ ਸੇਵਕ, ਆਪ ਆਗੂ ਦਵਿੰਦਰ ਪਾਲ ਚਾਹਲ ਨੂਰਮਹਿਲ ਨੇ ਪ੍ਰਗਟ ਕੀਤੇ।ਚਾਹਲ ਨੇ ਕਿਹਾ ਮੈਂ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਇਹ ਕਹਿਣਾ ਚਾਹੁੰਦਾ ਹਾਂ ਕਿ ਆਪਣੇ ਪੁਰਖਿਆਂ ਦੀਆਂ ਕੀਤੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇ।ਭਾਰਤ ਦੇ ਪੁਰਾਤਨ ਇਤਿਹਾਸ ਤੋਂ ਸੇਧ ਲੈ ਕੇ ਦੇਸ਼ ਭਗਤਾਂ ਦੇ ਸੁਪਨਿਆ ਨੂੰ ਸਾਕਾਰ ਵੀ ਕਰਨਾ ਚਾਹੀਦਾ ਹੈ।ਹਰ ਦੇਸ਼ ਵਾਸੀ ਵਿੱਚ ਦੇਸ਼ ਭਗਤੀ ਪਿਆਰ ਸਦ ਭਾਵਨਾ ਹੋਣੀ ਚਾਹੀਦੀ ਹੈ।ਦੇਸ਼ ਨੂੰ ਹਰ ਪੱਖ ਤੋਂ ਤਰੱਕੀ ਵੱਲੋਂ ਲੈ ਕੇ ਜਾਣ ਲਈ ਦੇਸ਼ ਹਰ ਇੱਕ ਨਾਗਰਿਕ ਨੂੰ ਆਪਣਾ-ਆਪਣਾ ਵਡਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ।

## ਅੱਖਾਂ ਦਾ ਜਾਂਚ ਕੈਂਪ ਲਗਾਇਆ

**ਜਲੰਧਰ (ਇਕਬਾਲ ਸਿੰਘ ਉਭੀ)** ਸਥਾਨਕ ਪੀ ਸੀ ਐਮ ਐਸ ਡੀ ਕਾਲਜੀਏਟ ਸੀਨੀਅਰ ਸੈਕੰਡਰੀ ਗਰਲਸ ਸਕੂਲ ਨੇ ਥਿੰਦ ਆਈ ਹਸਪਤਾਲ ਦੇ ਸਹਿਯੋਗ ਨਾਲ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਲਈ ਅੱਖਾਂ ਦੀ ਜਾਂਚ ਕੈਂਪ ਲਗਾਇਆ।ਹਸਪਤਾਲ ਦੀ ਟੀਮ ਨੇ ਅੱਖਾਂ ਦੀ ਵਿਆਪਕ ਜਾਂਚ ਕੀਤੀ, ਅਤੇ ਕਮਜ਼ੋਰ ਨਜ਼ਰ ਵਾਲੇ ਵਿਦਿਆਰਥੀਆਂ ਨੂੰ ਉਹਨਾਂ ਦੀਆਂ ਖਾਸ ਜ਼ਰੂਰਤਾਂ ਦੇ ਅਨੁਸਾਰ ਤਿਆਰ ਕੀਤੇ ਗਏ ਲੈਂਸਾਂ ਦੇ ਨਾਲ ਐਨਕਾਂ ਵੀ ਦਿੱਤੀਆਂ ਗਈਆਂ।ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਇਸ ਸਮਾਗਮ ਦੇ ਆਯੋਜਨ ਲਈ ਸਕੂਲ ਦੇ ਇੰਚਾਰਜ ਸ਼੍ਰੀਮਤੀ ਸੁਸ਼ਮਾ ਸ਼ਰਮਾ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਭਾਜਪਾ ਪੰਚਾਇਤੀ ਚੋਣਾਂ 'ਚ ਲਵੇਗੀ ਵੱਧ ਚੜ੍ਹ ਕੇ ਹਿੱਸਾ : ਸੁਰਿੰਦਰ ਜਾਜਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- ਭਾਰਤੀਆ ਜਨਤਾ ਪਾਰਟੀ (ਭਾਜਪਾ) ਵੱਲੋਂ 'ਹਰ ਘਰ ਤਿਰੰਗਾ' ਮੁਹਿੰਮ ਤਹਿਤ ਜਸਵਿੰਦਰ ਸਿੰਘ ਬਾਹਲਾ ਮੰਡਲ ਪ੍ਰਧਾਨ ਅੰਬਾਲਾ ਜੱਟਾਂ ਦੀ ਅਗਵਾਈ 'ਚ ਭਾਜਪਾ ਵਰਕਰਾਂ ਦੀ ਇੱਕ ਮੀਟਿੰਗ ਵਿਧਾਨ ਸਭਾ ਹਲਕਾ ਉੜਮੁੜ (ਟਾਂਡਾ) ਦੇ ਪਿੰਡ ਜੌਹਲਾਂ ਵਿਖੇ ਰੱਖੀ ਗਈ।ਇਸ ਮੀਟਿੰਗ 'ਚ ਭਾਜਪਾ ਪ੍ਰਦੇਸ਼ ਕਮੇਟੀ ਮੈਂਬਰ ਸੁਰਿੰਦਰ ਜਾਜਾ ਵਿਸ਼ੇਸ਼ ਰੂਪ ਚ ਹਾਜ਼ਰ ਹੋਏ।ਮੀਟਿੰਗ 'ਚ ਇਕੱਤਰ ਭਾਜਪਾ ਵਰਕਰਾਂ ਨੂੰ ਸੁਰਿੰਦਰ ਜਾਜਾ ਨੇ ਕੇਂਦਰ ਦੀ ਮੋਦੀ ਸਰਕਾਰ ਵਲੋਂ ਚਲਾਈਆਂ ਜਾਣ ਵਾਲੀਆਂ ਸਕੀਮਾਂ ਨੂੰ ਜਨ ਜਨ ਤੱਕ ਪਹੁੰਚਣ ਲਈ ਪ੍ਰੇਰਿਤ ਕੀਤਾ। ਆਉਣ ਵਾਲੀਆਂ ਪੰਚਾਇਤੀ ਚੋਣਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਉਤਸਾਹਿਤ ਕੀਤਾ। ਸੁਰਿੰਦਰ ਜਾਜਾ ਨੇ ਕਿ ਭਾਜਪਾ ਵੱਲੋਂ 'ਹਰ ਘਰ ਤਿਰੰਗਾ' ਮੁਹਿੰਮ ਨੂੰ ਘਰ ਘਰ ਤੱਕ ਪਹੁੰਚਾ ਕੇ ਹਰ ਘਰ ਤਿਰੰਗਾ ਲਹਿਰਾਉਣ ਬਾਰੇ ਵੀ ਵਰਕਰਾਂ ਨੂੰ ਕਿਹਾ।ਮੀਟਿੰਗ ਨੂੰ ਮੰਡਲ ਪ੍ਰਧਾਨ ਜਸਵਿੰਦਰ ਸਿੰਘ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਜਗਦੀਪ ਕੁਮਾਰ ਜਨਰਲ ਸਕੱਤਰ, ਅਮਨਦੀਪ ਸ਼ਰਮਾਂ ਸਕੱਤਰ, ਮਨਜੀਤ ਕੁਮਾਰ ਪ੍ਰਧਾਨ, ਮੰਡਲ ਕਿਸਾਨ ਮੋਰਚਾ ਬਹਾਦਰ ਸਿੰਘ ਰੂਪੋਵਾਲ, ਪ੍ਰਧਾਨ ਮੰਡਲ ਐਸ.ਸੀ ਮੋਰਚਾ ਛੋਟੂ ਰਾਮ, ਸੀਨੀਅਰ ਮੈਂਬਰ ਮਾਸਟਰ ਬਲਰਾਮ ਸ਼ਰਮਾ,ਹਰਜਿੰਦਰ ਕੌਰ ਮਹਿਲਾਂ ਮੋਰਚਾ ਮੰਡਲ ਅੰਬਾਲਾ ਜੱਟਾਂ ਆਦਿ ਹਾਜ਼ਰ ਸਨ ।




ਮਿਡ ਡੇਅ ਮੀਲ ਵਰਕਰ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਕੌਰ ਅਮਾਨਤਪੁਰ ਦੀ ਅਗਵਾਈ ਹੇਠ, ਪੰਜਾਬ ਸਰਕਾਰ ਵੱਲੋਂ ਮਿਡ ਡੇਅ ਮੀਲ ਵਰਕਰਾਂ ਦੀਆਂ ਮੰਗਾਂ ਨੂੰ ਅਣਗੌਲਿਆਂ ਕਰਨ ਦੇ ਵਿਰੋਧ 'ਚ ਵਿਧਾਇਕ ਰਮਨ ਅਰੋੜਾ ਦੇ ਦਫ਼ਤਰ ਸਾਹਮਣੇ ਇਕੱਤਰ ਹੋ ਕੇ ਮੰਗ ਪੱਤਰ ਸੌਂਪਿਆ ਗਿਆ ।1 ਸਤੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਰੈਲੀ ਕਰਨ ਦਾ ਵੀ ਕੀਤਾ ਐਲਾਨ ਕੀਤਾ। (ਫੋਟੋ ਤੇ ਵੇਰਵਾ : ਇਕਬਾਲ ਸਿੰਘ ਉਭੀ, ਜਲੰਧਰ)

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਮਨਾਇਆ ਤੀਆਂ ਦਾ ਤਿਉਹਾਰ



**ਜਲੰਧਰ (ਸ਼ੈਲੀ ਐਲਬਰਟ)** ਉੱਤਰੀ ਭਾਰਤ ਦੀ ਸਿਰਮੌਰ ਵਿਦਿਅਕ ਸੰਸਥਾ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਲੋਂ ਧੀਆਂ ਨੂੰ ਸਮਰਪਿਤ ਤੀਆਂ ਦਾ ਤਿਉਹਾਰ ਬੜੇ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਚ ਵਿਦਿਆਰਥਣਾਂ ਵੱਲੋਂ ਲੋਕ-ਗੀਤ, ਗਿੱਧਾ, ਗਰੁੱਪ ਡਾਂਸ ਅਤੇ ਸੋਲੋ ਡਾਂਸ ਆਦਿ ਦੀ ਪੇਸ਼ਕਾਰੀ ਕੀਤੀ ਗਈ।ਇਸ ਪ੍ਰੋਗਰਾਮ 'ਚ ਪ੍ਰਿੰਸੀਪਲ ਡਾ. ਜਸਪਾਲ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਕਿਹਾ ਕਿ ਇਹ ਸਾਡੇ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਸਾਡੀਆਂ ਵਿਦਿਆਰਥਣਾਂ ਅਕਾਦਮਿਕ, ਸੱਭਿਆਚਾਰਕ, ਸੰਗੀਤਕ ਅਤੇ ਖੇਡਾਂ ਵਿਚ ਵਧੀਆ ਕਾਰਗੁਜ਼ਾਰੀ ਨਾਲ ਸਾਡੀ ਸੰਸਥਾ ਦਾ ਨਾਮ ਰੌਸ਼ਨ ਕਰ ਰਹੀਆਂ ਹਨ। ਉਨ੍ਹਾਂ ਇਸ ਪ੍ਰੋਗਰਾਮ ਨੂੰ ਉਲੀਕਣ ਲਈ ਪ੍ਰੋਗਰਾਮ ਕਨਵੀਨਰ ਡਾ. ਗਗਨਦੀਪ ਕੌਰ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਇਸ ਸਭਿਆਚਾਰਕ ਤਿਉਹਾਰ ਦੀ ਸਮੂਹ ਪੰਜਾਬੀਆਂ ਨੂੰ ਵਧਾਈ ਦਿੱਤੀ।ਕਲਚਰਲ ਪ੍ਰੋਗਰਾਮ ਦੀ ਪੇਸ਼ਕਾਰੀ ਕਰਦਿਆਂ ਸੰਗੀਤ ਵਿਭਾਗ ਦੀਆਂ ਵਿਦਿਆਰਥਣਾਂ ਨੇਹਾ ਲੋਕ ਗੀਤ, ਰਵਲੀਨ ਕੌਰ ਗੀਤਾਂ ਦਾ ਗੁਲਦਸਤਾ ਅਤੇ ਅਨੁਰਾਧਾ ਨੇ ਮਿਰਜ਼ਾ ਦੀ ਪੇਸ਼ਕਾਰੀ ਦਿੱਤੀ।ਇਸੇ ਤਰ੍ਹਾਂ ਕਾਲਜ ਦੀਆਂ ਵਿਦਿਆਰਥਣਾਂ ਦੁਆਰਾ ਗਰੁੱਪ ਡਾਂਸ ਅਤੇ ਪੰਜਾਬ ਦਾ ਲੋਕਨਾਚ ਗਿੱਧਾ ਪੇਸ਼ ਕੀਤਾ ਗਿਆ।ਇਸ ਮੌਕੇ ਪਰੰਪਰਾਗਤ ਪੰਜਾਬੀ ਪਹਿਰਾਵੇ ਵਿਚ ਤਿਆਰ ਹੋ ਕੇ ਆਈਆਂ ਵਿਦਿਆਰਥਣਾਂ 'ਚੋਂ ਮਿਸ ਤੀਜ਼ ਨਤਾਸ਼ਾ, ਪਹਿਲੀ ਰਨਰਅੱਪ ਮਨਜੀਤ ਕੌਰ ਅਤੇ ਦੂਜੀ ਰਨਰਅੱਪ ਭਾਰਤੀ ਰਹੀ। ਇਸ ਮੌਕੇ ਕਾਲਜ ਕੈਂਪਸ ਨੂੰ ਪੰਜਾਬੀ ਫੁਲਕਾਰੀਆਂ ਤੇ ਦੁਪੱਟਿਆਂ ਨਾਲ ਸਜਾਇਆ ਗਿਆ।ਪ੍ਰੋਗਰਾਮ ਦੌਰਾਨ ਸਭਿਆਚਾਰਕ ਰੰਗ ਵਿਚ ਰੰਗੀ ਪੀਂਘ ਆਕਰਸ਼ਣ ਦਾ ਮੁੱਖ ਕੇਂਦਰ ਰਹੀ। ਇਸ ਮੌਕੇ ਪ੍ਰੋਗਰਾਮ ਕੰਨਵੀਨਰ ਪ੍ਰੋ. ਗਗਨਦੀਪ ਕੌਰ, ਮੁਖੀ ਜੁਆਲੋਜੀ ਵਿਭਾਗ ਨੇ ਸਮੂਹ ਮੁਖੀ ਸਾਹਿਬਾਨ, ਆਪਣੇ ਟੀਮ ਅਤੇ ਨਾਨ-ਟੀਚਿੰਗ ਸਟਾਫ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਾਲਜ ਦੀ ਗਵਰਨਿੰਗ ਕੌਂਸਲ, ਪ੍ਰਿੰਸੀਪਲ, ਸਟਾਫ਼ ਅਤੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਅਤੇ ਸ਼ੁੱਭ ਕਾਮਨਾਵਾਂ ਦਿੱਤੀਆਂ।ਪ੍ਰੋਗਰਾਮ ਦੌਰਾਨ ਡਾ. ਹਰਜਿੰਦਰ ਸਿੰਘ ਸੇਖੋਂ, ਪ੍ਰੋ. ਸੰਦੀਪ ਕੌਰ ਪੰਜਾਬੀ ਵਿਭਾਗ ਅਤੇ ਪ੍ਰੋ. ਸੰਦੀਪ ਕੌਰ ਢੱਡਾ ਇਤਿਹਾਸ ਵਿਭਾਗ ਨੇ ਮੰਚ ਸੰਚਾਲਨ ਬਾਖੂਬੀ ਕੀਤਾ।

# ਕੈਬਨਿਟ ਮੰਤਰੀ ਜਿੰਪਾ ਨੇ ਜਨਤਾ ਦਰਬਾਰ 'ਚ ਸੁਣੀਆਂ ਸ਼ਿਕਾਇਤਾਂ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਆਪਣੇ ਦਫ਼ਤਰ ਵਿਖੇ ਇਕ ਜਨਤਾ ਦਰਬਾਰ ਦਾ ਆਯੋਜਨ ਕੀਤਾ, ਜਿਸ ਵਿਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ।ਕੈਬਨਿਟ ਮੰਤਰੀ ਜਿੰਪਾ ਨੇ ਇਸ ਦੌਰਾਨ ਜਨਤਾ ਦੀਆਂ ਵੱਖ-ਵੱਖ ਸਮੱਸਿਆਵਾਂ ਨੂੰ ਸੁਣਿਆ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਆਪਣੇ ਦਫ਼ਤਰਾਂ ਵਿਚ ਜਨਤਾ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦੀ ਕੋਸ਼ਿਸ਼ ਕੀਤੀ।ਇਸ ਦੌਰਾਨ ਉਨ੍ਹਾਂ ਨੇ ਕਰੀਬ 400 ਸ਼ਿਕਾਇਤਾਂ ਦਾ ਨਿਪਟਾਰਾ ਕੀਤਾ।ਪ੍ਰਾਪਤ ਸ਼ਿਕਾਇਤਾਂ ਵਿਚ ਜ਼ਿਆਦਾਤਰ ਸ਼ਿਕਾਇਤਾਂ ਸਥਾਨਕ ਵਿਕਾਸ ਕਾਰਜਾਂ, ਪਾਣੀ ਅਤੇ ਬਿਜਲੀ ਸਪਲਾਈ, ਸੜਕ ਸੁਧਾਰ, ਸਵੱਛਤਾ, ਸਿਹਤ ਸੇਵਾਵਾਂ, ਮਾਲ ਅਤੇ ਹੋਰ ਨਾਗਰਿਕ ਮੁੱਦਿਆਂ ਨਾਲ ਸਬੰਧਤ ਸਨ।ਜਨਤਾ ਦਰਬਾਰ ਵਿਚ ਬ੍ਰਮ ਸ਼ੰਕਰ ਜਿੰਪਾ ਨੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਸਰਕਾਰ ਜਨਤਾ ਦੀਆਂ ਸਮੱਸਿਆਵਾਂ ਪ੍ਰਤੀ ਪੂਰੀ ਤਰ੍ਹਾਂ ਸੰਵੇਦਨਸ਼ੀਲ ਹੈ ਅਤੇ ਸਾਰੀਆਂ ਸ਼ਿਕਾਇਤਾਂ ਦਾ ਜਲਦ ਹੱਲ ਕਰਨ ਲਈ ਪ੍ਰਤੀਬੱਧ ਹੈ। ਕੈਬਨਿਟ ਮੰਤਰੀ ਨੇ ਸਾਰੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਜਨਤਾ ਦੀਆਂ ਸ਼ਿਕਾਇਤਾਂ ਦਾ ਤੁਰੰਤ ਅਤੇ ਯੋਗ ਹੱਲ ਯਕੀਨੀ ਬਣਾਉਣ ਅਤੇ ਹਰੇਕ ਸ਼ਿਕਾਇਤ ਦਾ ਵਿਅਕਤੀਗਤ ਰੂਪ ਨਾਲ ਫੋਲੋਅਪ ਕਰਨ। ਉਨ੍ਹਾਂ ਕਿਹਾ ਕਿ ਜਨਤਾ ਦੀਆਂ ਸਮੱਸਿਆਵਾਂ ਦਾ ਹੱਲ ਸਰਕਾਰ ਦੀ ਮੁੱਖ ਤਰਜ਼ੀਹ ਹੈ ਅਤੇ ਇਸ ਦਿਸ਼ਾ ਵਿਚ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਡੀ.ਐਸ.ਪੀ ਅਮਰਨਾਥ, ਵਰਿੰਦਰ ਸ਼ਰਮਾ ਬਿੰਦੂ, ਸਤਵੰਤ ਸਿੰਘ ਸਿਆਣ ਵੀ ਮੌਜੂਦ ਸਨ।

# ਜੂਨੀਅਰ ਮੈਨ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ 9 ਤੋਂ 19 ਸਤੰਬਰ ਤੱਕ



**ਜਲੰਧਰ (ਸ਼ੈਲੀ ਐਲਬਰਟ)** 14ਵੀਂ ਹਾਕੀ ਇੰਡੀਆ ਜੂਨੀਅਰ ਮੈਨ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ 9 ਸਤੰਬਰ ਤੋਂ 19 ਸਤੰਬਰ ਤੱਕ ਜਲੰਧਰ ਦੇ ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਹਾਕੀ ਪੰਜਾਬ ਵੱਲੋਂ ਕਰਵਾਈ ਜਾ ਰਹੀ ਹੈ।ਇਸ ਸੰਬੰਧੀ ਜਾਣਕਾਰੀ ਹਾਕੀ ਪੰਜਾਬ ਦੀ ਸਾਲਾਨਾ ਜਨਰਲ ਮੀਟਿੰਗ ਦੌਰਾਨ ਹਾਕੀ ਪੰਜਾਬ ਦੇ ਪ੍ਰਧਾਨ ਨਿਤਨ ਕੋਹਲੀ ਅਤੇ ਜਨਰਲ ਸਕੱਤਰ ਅਮਰੀਕ ਸਿੰਘ ਪੁਆਰ ਨੇ ਦਿੰਦੇ ਹੋਏ ਕਿਹਾ ਕਿ ਹਾਕੀ ਇੰਡੀਆ ਵਲੋਂ ਇਸ ਦੀ ਮਨਜ਼ੂਰੀ ਵੀ ਦੇ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹਾਕੀ ਪੰਜਾਬ ਵਲੋਂ ਪਹਿਲੀ ਵਾਰ ਕੋਈ ਰਾਸ਼ਟਰੀ ਚੈਂਪੀਅਨਸ਼ਿਪ ਕਰਵਾਈ ਜਾ ਰਹੀ ਹੈ।ਇਸ ਜੂਨੀਅਰ ਮੈਨ ਰਾਸ਼ਟਰੀ ਹਾਕੀ ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਦੇ ਵੱਖ ਵੱਖ ਰਾਜਾਂ ਦੀਆਂ 30 ਟੀਮਾਂ ਭਾਗ ਲੈਣਗੀਆਂ।ਮੀਟਿੰਗ ਦੌਰਾਨ ਹਾਕੀ ਪੰਜਾਬ ਦੇ ਸਲਾਹਕਾਰ ਬੋਰਡ ਦੇ ਚੇਅਰਮੈਨ ਪਦਮ ਸ੍ਰੀ ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਹਾਕੀ ਦਾ ਬਹੁਤ ਹੁਨਰ ਹੈ ਇਸ ਨੂੰ ਸੰਭਾਲਣ ਲਈ ਜਿਲ੍ਹਾ ਯੂਨਿਟਾਂ ਨੂੰ ਆਪਣੇ ਪੱਧਰ 'ਤੇ ਹੀ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ।

# ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਡੀ ਸੀ ਨੂੰ ਮੰਗ ਪੱਤਰ

**ਬੰਗਾ (ਅਵਤਾਰ ਕਲੇਰ)** ਦਲਿਤ ਤਾਲਮੇਲ ਕਮੇਟੀ ਦੇ ਸੱਦੇ 'ਤੇ ਪੰਜਾਬ ਖੇਤ ਮਜ਼ਦੂਰ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਕਾਮਰੇਡ ਨਰੰਜਣ ਦਾਸ ਮੇਹਲੀ ਅਤੇ ਪਰਮਿੰਦਰ ਮੇਨਕਾ ਦੀ ਅਗਵਾਈ ਵਿੱਚ ਡੀ ਸੀ ਨਵਾਂਸ਼ਹਿਰ ਨੂੰ ਮੰਗ ਪੱਤਰ ਦਿੱਤਾ ਗਿਆ।ਇਹ ਮੰਗ ਪੱਤਰ ਜੋ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬੱਜਟ ਪੇਸ਼ ਕੀਤਾ ਗਿਆ ਉਸਦੇ ਖਿਲਾਫ਼ ਦਿੱਤਾ ਗਿਆ ਕਿਉਂਕਿ ਇਸ ਬੱਜਟ ਵਿਚ ਦਲਿਤਾਂ ਤੇ ਗਰੀਬਾਂ ਨੂੰ ਅੱਖੋ ਪਰੋਖੇ ਕੀਤਾ ਗਿਆ ਹੈ। ਇਹ ਬਜਟ ਕਾਰਪੋਰੇਟ ਘਰਾਣਿਆਂ ਵਾਸਤੇ ਹੀ ਫ਼ਾਇਦੇਮੰਦ ਹੈ। ਇਸ ਵਿਚ ਮਨਰੇਗਾ ਦੇ ਬੱਜਟ ਦੀ ਕਟੌਤੀ ਕੀਤੀ ਗਈ ਹੈ।ਅਨੁਸੂਚਿਤ ਜਾਤੀਆਂ ਦੇ ਵਿਕਾਸ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਦਲਿਤਾਂ ਉੱਪਰ ਹੋ ਰਹੇ ਅੱਤਿਆਚਾਰਾਂ ਨੂੰ ਰੋਕਿਆ ਜਾਵੇ। ਇਸ ਮੌਕੇ ਕਿਸਾਨ ਆਗੂ ਜਸਵਿੰਦਰ ਸਿੰਘ ਭੰਗਲ ਨਰੰਜਣ ਦਾਸ ਮੇਹਲੀ ਜ਼ਿਲ੍ਹਾ ਕਾਰਜਕਾਰੀ ਸਕੱਤਰ ਸੀ ਪੀ ਆਈ ਸ਼ਹੀਦ ਭਗਤ ਸਿੰਘ ਨਗਰ, ਦਸੌਂਧਾ ਸਿੰਘ, ਬਲਵੀਰ ਸਿੰਘ, ਜਸਵਿੰਦਰ ਰਾਹੋਂ, ਗੁਰਿੰਦਰ ਲਾਲ, ਅਮਰਜੀਤ ਮੇਹਲੀ, ਚਰਨਜੀਤ ਸਿੰਘ ਦੌਲਤਪੁਰ, ਪਰਮਿੰਦਰ ਮੇਨਕਾ ਤਹਿਸੀਲ ਸਕੱਤਰ ਬਲਾਚੌਰ, ਗੁਰਮੁੱਖ ਸਿੰਘ ਫਰਾਲਾ,ਜੁਝਾਰ ਸਿੰਘ ਆਦਿ ਸਾਥੀ ਹਾਜ਼ਰ ਸਨ।



# 30 ਸਾਲ ਤੋਂ ਦਾਅਵੇ ਕਰਨ ਵਾਲੇ ਨੇਤਾਵਾਂ ਤੇ ਅਧਿਕਾਰੀਆਂ ਦੀ ਪੋਲ ਖੋਲ੍ਹੀ ਬਾਰਿਸ਼ ਨੇ : ਤਲਵਾੜ



**ਹੁਸ਼ਿਆਰਪੁਰ (ਬਲਬਵੀਰ ਸਿੰਘ ਸੈਣੀ)** ਪਿਛਲੇ 30 ਸਾਲਾਂ ਤੋਂ ਹੁਸ਼ਿਆਰਪੁਰ ਖੇਤਰ ਦੀ ਰਹਿਨੁਮਾਈ ਕਰਨ ਵਾਲੇ ਸਾਰੇ ਨੇਤਾਵਾਂ ਅਤੇ ਅਧਿਕਾਰੀਆਂ ਨੇ ਵਿਕਾਸ ਦੇ ਨਾਂਅ 'ਤੇ ਹੁਸ਼ਿਆਰਪੁਰ ਸ਼ਹਿਰ 'ਚ ਸੈਂਕੜੇ ਵਿਕਾਸ ਦੇ ਕੰਮਾਂ ਲਈ ਪੱਥਰ ਉਨ੍ਹਾਂ ਦੇ ਮਹੂਰਤ ਵੀ ਸ਼ਾਨੋ ਸ਼ੌਕਤ ਅਤੇ ਭਰਮੇ ਲੋਕਾਂ ਦੇ ਇਕੱਠਾਂ ਵਿੱਚ ਕੀਤੇ ਗਏ।ਬਰਸਾਤ ਦੀ ਪਹਿਲੀ ਬਾਰਸ਼ ਨੇ ਪਿਛਲੇ 30 ਸਾਲ ਦੇ ਵਿਕਾਸ ਦੇ ਸਾਰੇ ਮੀਲ ਪੱਥਰਾਂ 'ਤੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਰਾਸ਼ਟਰੀ ਉਪ ਪ੍ਰਧਾਨ ਸੰਜੀਵ ਤਲਵਾਰ ਨੇ ਪ੍ਰੈਸ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਹੇ।ਤਲਵਾਰ ਨੇ ਕਿਹਾ ਕਿ ਬਾਰਿਸ਼ ਕਾਰਨ ਹੁਸ਼ਿਆਰਪੁਰ ਦੀਆਂ ਸਾਰੀਆਂ ਸੜਕਾਂ ਇੱਕ ਝੀਲ ਦਾ ਰੂਪ ਧਾਰਨ ਕਰ ਚੁੱਕੀਆਂ ਹਨ ਉਹਨਾਂ ਨੇ ਕਿਹਾ ਕਿ ਬੀਤੇ ਸੀਵਰੇਜ ਦੇ ਲਈ ਵੱਖ-ਵੱਖ ਵਿਭਾਗਾਂ ਨੇ ਕਰੋੜਾਂ ਰੁਪਏ ਖਰਚ ਕੀਤੇ ਹਨ ਪਰ ਇਸ ਦੇ ਬਾਵਜੂਦ ਹੁਸ਼ਿਆਰਪੁਰ ਸ਼ਹਿਰ ਵਿੱਚ ਪਾਣੀ ਦਾ ਨਿਕਾਸ ਨਾ ਹੋਣਾ ਇਹ ਦਰਸਾਉਂਦਾ ਹੈ ਕਿ ਉਸ ਖਰਚੇ ਦੇ ਪੈਸੇ 'ਚ ਵੀ ਅਧਿਕਾਰੀਆਂ ਦੀ ਮਿਲੀ ਭੁਗਤ ਦੇ ਚਲਦਿਆਂ ਬਹੁਤ ਵੱਡਾ ਹੇਰ ਫੇਰ ਹੋਇਆ ਹੈ ਇਸ ਲਈ ਹੁਸ਼ਿਆਰਪੁਰ ਦੇ ਵਿਕਾਸ ਨੂੰ ਗ੍ਰਹਿਣ ਲੱਗਣ ਵਿੱਚ 30 ਸਾਲ ਪਹਿਲਾਂ ਤੋਂ ਲੈ ਕੇ ਅੱਜ ਤੱਕ ਵਿਕਾਸ ਦੇ ਲਈ ਕੀਤੇ ਸਾਰੇ ਕੰਮਾਂ ਲਈ ਸਾਰੇ ਅਧਿਕਾਰੀ ਵੀ ਜਿੰਮੇਵਾਰ ਹਨ ਤਲਵਾੜ ਨੇ ਕਿਹਾ ਕਿ ਹੁਸ਼ਿਆਰਪੁਰ ਦੀ ਇਸ ਦੁਰਦਸ਼ਾ ਦੇ ਲਈ ਮੇਰੇ ਵਰਗੇ ਸਾਰੇ ਉਹ ਛੋਟੇ ਵਰਕਰ ਵੀ ਕਸੂਰਵਾਰ ਹਨ ਜੋ ਸਮੇਂ ਅਤੇ ਅਧਿਕਾਰੀਆਂ ਦੀਆਂ ਮਨਮਾਨੀਆਂ ਸਹਿਣ ਕਰਦੇ ਰਹੇ ਅਤੇ ਸਮੇਂ ਸਿਰ ਵਿਰੋਧ ਨਹੀਂ ਕੀਤਾ।ਤਲਵਾੜ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਹੁਸ਼ਿਆਰਪੁਰ ਦੇ ਸੰਪੂਰਨ ਵਿਕਾਸ ਦੇ ਲਈ ਇਕਜੁੱਟ ਹੋ ਕੇ ਆਵਾਜ਼ ਬੁਲੰਦ ਕੀਤੀ ਜਾਵੇ ਤਾਂ ਕਿ ਸਹੀ ਢੰਗ ਨਾਲ ਹੁਸ਼ਿਆਰਪੁਰ ਦਾ ਵਿਕਾਸ ਹੋ ਸਕੇ।